ਬੁੱਧਵਾਰ, 8 ਫਰਵਰੀ, 2023
26 ਮਾਘ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 249

ਨਵਾਂ ਜ਼ਮਾਨਾ

DAILY NAWAN ZAMANA • WEDNESDAY, 8 FEBRUARY, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਲੋਕਾਂ ਨੇ ਕਈ ਥਾਈਂ ਪੁੱਛਿਆ, ਅਡਾਨੀ ਦਾ ਮੋਦੀ ਨਾਲ ਕੀ ਰਿਸ਼ਤਾ : ਰਾਹੁਲ

ਅਗਨੀਪਥ ਯੋਜਨਾ ਫੌਜ ਨੇ ਨਹੀਂ ਘੜੀ, ਸੰਘ ਨੇ ਮੜ੍ਹੀ

ਨਵੀਂ ਦਿੱਲੀ : ਰਾਹੁਲ ਗਾਂਧੀ ਨੇ ਮੰਗਲਵਾਰ ਲੋਕ ਸਭਾ 'ਚ ਰਾਸ਼ਟਰਪਤੀ ਦੇ ਭਾਸ਼ਣ 'ਤੇ ਚਰਚਾ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਸਾਬਕਾ ਫੌਜੀ ਅਫਸਰਾਂ ਅਤੇ ਲੋਕਾਂ ਨੇ ਉਨ੍ਹਾ ਨੂੰ ਦੱਸਿਆ ਹੈ ਕਿ ਅਗਨੀਪਥ ਯੋਜਨਾ ਫੌਜ 'ਤੇ ਮੜ੍ਹੀ ਗਈ ਹੈ, ਇਹ ਫੌਜ ਤੋਂ ਨਹੀਂ, ਸਗੋਂ ਆਰ ਐੱਸ ਐੱਸ ਅਤੇ ਗ੍ਰਹਿ ਮੰਤਰਾਲੇ ਤੋਂ ਆਈ ਹੈ। ਉਨ੍ਹਾ ਕਿਹਾ ਕਿ ਰਾਸ਼ਟਰਪਤੀ ਦੇ ਭਾਸ਼ਣ 'ਚ ਬੇਰੁਜ਼ਗਾਰੀ ਅਤੇ ਮਹਿੰਗਾਈ ਦਾ ਇੱਕ ਵਾਰ ਵੀ ਜ਼ਿਕਰ ਨਹੀਂ ਕੀਤਾ ਗਿਆ। ਉਨ੍ਹਾ ਕਿਹਾ—ਮੈਂ ਦੇਸ਼ 'ਚ ਜਿੱਥੇ ਵੀ ਗਿਆ, ਹਰ ਪਾਸੇ ਇੱਕੋ ਨਾਂਅ 'ਅਡਾਨੀ' ਸੁਣਨ ਨੂੰ ਮਿਲਿਆ। ਲੋਕਾਂ ਨੇ ਪੁੱਛਿਆ ਕਿ ਭਾਰਤ ਦੇ ਪ੍ਰਧਾਨ ਮੰਤਰੀ ਨਾਲ ਉਨ੍ਹਾ ਦਾ ਕੀ ਰਿਸ਼ਤਾ ਹੈ।

ਰਾਹੁਲ ਨੇ ਕਿਹਾ ਕਿ ਦੁਨੀਆ ਦੇ ਸਭ ਤੋਂ ਅਮੀਰ ਲੋਕਾਂ ਦੀ ਸੂਚੀ 'ਚ 2014 ਵਿਚ ਅਡਾਨੀ 609 ਨੰਬਰ 'ਤੇ ਸਨ। ਜਾਦੂ ਹੋਇਆ ਤੇ ਦੂਜੇ ਨੰਬਰ 'ਤੇ ਪੁੱਜ ਗਏ। ਉਨ੍ਹਾ ਕਿਹਾ—ਹਿਮਾਚਲ 'ਚ ਸੇਬ ਦੀ ਗੱਲ ਹੁੰਦੀ ਹੈ ਤਾਂ ਅਡਾਨੀ, ਕਸ਼ਮੀਰ ਵਿਚ ਸੇਬ ਤਾਂ

ਅਡਾਨੀ, ਪੋਰਟ ਤੇ ਏਅਰਪੋਰਟ ਸਭ ਥਾਂ ਅਡਾਨੀ ਜੀ, ਸੜਕ 'ਤੇ ਚੱਲ ਰਹੇ ਹੋ ਤਾਂ ਅਡਾਨੀ ਜੀ। ਲੋਕਾਂ ਨੇ ਪੁੱਛਿਆ ਕਿ ਅਡਾਨੀ ਜੀ ਨੂੰ ਸਫਲਤਾ ਕਿਵੇਂ ਮਿਲੀ? ਸਭ ਤੋਂ ਜ਼ਰੂਰੀ ਸਵਾਰ ਕਿ ਇਨ੍ਹਾਂ ਦਾ ਹਿੰਦੁਸਤਾਨ ਦੇ ਪ੍ਰਧਾਨ ਮੰਤਰੀ ਨਾਲ ਕੀ ਰਿਸ਼ਤਾ ਹੈ ਤੇ ਕਿਹੋ ਜਿਹਾ ਰਿਸ਼ਤਾ ਹੈ? ਅਡਾਨੀ ਤੇ ਮੋਦੀ ਦੀ ਤਸਵੀਰ ਦਿਖਾਉਂਦਿਆਂ ਰਾਹੁਲ ਨੇ ਅੱਗੇ ਕਿਹਾ—ਕੁਝ ਸਾਲ ਪਹਿਲਾਂ ਸਰਕਾਰ ਨੇ ਏਅਰਪੋਰਟ ਵਿਕਸਤ ਕਰਨ ਨੂੰ ਦਿੱਤੇ। ਨਿਯਮ ਸੀ ਕਿ ਨਾਤਜਰਬੇਕਾਰ ਇਹ ਕੰਮ ਨਹੀਂ ਕਰ ਸਕਦਾ। ਸਰਕਾਰ ਨੇ ਨਿਯਮ ਬਦਲਿਆ ਤੇ ਅਡਾਨੀ ਜੀ ਨੂੰ 6 ਏਅਰਪੋਰਟ ਦੇ ਦਿੱਤੇ ਗਏ। ਦੁਨੀਆ ਦਾ ਸਭ ਤੋਂ ਵੱਧ ਕਮਾਈ ਮੁਨਾਫੇਬਖਸ਼ ਮੁੰਬਈ ਏਅਰਪੋਰਟ ਜੀ ਵੀ ਕੇ ਨੇ ਹਾਈਜੈੱਕ ਕਰ ਲਿਆ। ਸੀ ਬੀ ਆਈ ਤੇ ਈ ਡੀ ਦੀ ਵਰਤੋਂ ਕਰਕੇ ਉਸ ਏਅਰਪੋਰਟ ਨੂੰ ਅਡਾਨੀ ਜੀ ਦੇ ਹਵਾਲੇ ਕਰ ਦਿੱਤਾ ਗਿਆ। ਰਿਜ਼ਲਟ ਆਇਆ ਕਿ ਅੱਜ ਅਡਾਨੀ ਜੀ ਹਿੰਦੁਸਤਾਨ ਦੇ 24 ਫੀਸਦੀ ਏਅਰਪੋਰਟ ਲੈ ਗਏ। ਹਿੰਦੁਸਤਾਨ ਦੀ ਸਰਕਾਰ ਤੇ ਪ੍ਰਧਾਨ ਮੰਤਰੀ ਨੇ ਇਹ ਸਹੂਲਤ ਦਿੱਤੀ। ਤੁਸੀਂ ਦੇਖਿਆ ਕਿ ਏਅਰਪੋਰਟ ਬਿਜ਼ਨਸ ਵਿਚ 30 ਫੀਸਦੀ ਮਾਰਕਿਟ ਸ਼ੇਅਰ ਅਡਾਨੀ ਜੀ ਦਾ ਹੈ।

ਰਾਹੁਲ ਨੇ ਕਿਹਾ—ਅਸੀਂ ਵਿਦੇਸ਼ ਨੀਤੀ ਦੀ ਗੱਲ ਕਰਦੇ ਹਾਂ। ਡਿਫੈਂਸ ਤੋਂ ਸ਼ੁਰੂ ਕਰਦੇ ਹਾਂ। ਡਿਫੈਂਸ ਵਿਚ ਅਡਾਨੀ ਜੀ ਦਾ ਜ਼ੀਰੋ ਤਜਰਬਾ ਸੀ। ਪ੍ਰਧਾਨ ਮੰਤਰੀ ਇਜ਼ਰਾਈਲ ਜਾਂਦੇ ਹਨ ਤੇ ਫਿਰ ਅਡਾਨੀ ਜੀ ਨੂੰ ਕਾਂਟ੍ਰੈਕਟ ਮਿਲ ਜਾਂਦਾ ਹੈ। ਇਨ੍ਹਾਂ ਕੋਲ ਡਿਫੈਂਸ ਦੀਆਂ ਚਾਰ ਕੰਪਨੀਆਂ ਹਨ। ਅਡਾਨੀ ਨੂੰ ਜਾਦੂ ਨਾਲ ਮੇਂਟੇਨੈਂਸ ਦਾ ਕਾਂਟ੍ਰੈਕਟ, ਇਜ਼ਰਾਈਲੀ ਡਰੋਨ ਤੇ ● ਬਾਕੀ ਸਫ਼ਾ 2 'ਤੇ

ਤੁਰਕੀ-ਸੀਰੀਆ ਤਰਾਸਦੀ : ਭੁਚਾਲ ਪ੍ਰਭਾਵਤ ਸੂਬਿਆਂ 'ਚ 3 ਮਹੀਨਿਆਂ ਲਈ ਐਮਰਜੈਂਸੀ

ਦੋਵਾਂ ਦੇਸ਼ਾਂ 'ਚ ਮੌਤਾਂ ਦੀ ਗਿਣਤੀ ਵਧ ਕੇ 5151

ਅੰਕਾਰਾ : ਤੁਰਕੀ ਅਤੇ ਸੀਰੀਆ 'ਚ ਸੋਮਵਾਰ ਆਏ ਭੁਚਾਲ 'ਚ ਮਰਨ ਵਾਲਿਆਂ ਦੀ ਗਿਣਤੀ 5151 ਹੋ ਗਈ ਹੈ। ਹਜ਼ਾਰਾਂ ਲੋਕ ਹਾਲੇ ਵੀ ਲਾਪਤਾ ਹਨ। ਇਸ ਦੌਰਾਨ ਤੁਰਕੀ ਦੇ ਰਾਸ਼ਟਰਪਤੀ ਰਿਸੇਪ ਤੈਯਪ ਏਦਰੋਆਨ ਨੇ 10 ਸੂਬਿਆਂ 'ਚ ਤਿੰਨ ਮਹੀਨਿਆਂ ਲਈ ਐਮਰਜੈਂਸੀ ਲਾ ਦਿੱਤੀ ਹੈ। ਇਹ ਇਲਾਕੇ ਭੁਚਾਲ ਨਾਲ ਸਭ ਤੋਂ ਜ਼ਿਆਦਾ ਪ੍ਰਭਾਵਤ ਹੋਏ ਹਨ। ਏਦਰੋਆਨ ਨੇ ਕਿਹਾ ਕਿ ਤੁਰਕੀ 'ਚ 70 ਦੇਸ਼ਾਂ ਨੇ ਮਦਦ ਭੇਜਣ ਦਾ ਐਲਾਨ ਕੀਤਾ ਹੈ। ਏਧਰ ਭਾਰਤ ਨੇ ਵੀ ਤੁਰਕੀ ਨੂੰ ਮਦਦ ਭੇਜੀ ਹੈ। ਇੰਡੀਅਨ ਏਅਰ ਫੋਰਸ ਦਾ ਸੀ-17 ਜਹਾਜ਼ ਐੱਨ ਡੀ ਆਰ ਐੱਫ ਦੀਆਂ ਟੀਮਾਂ, ਡਾਕਟਰਾਂ ਤੇ ਰਾਹਤ ਸਮਗਰੀ ਨਾਲ ਉਥੇ ਪਹੁੰਚ ਚੁੱਕਾ ਹੈ।

ਡਬਲਯੂ ਐੱਚ ਓ ਨੇ ਕਿਹਾ ਕਿ ਇਸ ਭੁਚਾਲ ਨਾਲ ਪ੍ਰਭਾਵਤ ਹੋਣ ਵਾਲਿਆਂ ਦੀ ਗਿਣਤੀ 2 ਕਰੋੜ ਤੱਕ ਜਾ ਸਕਦੀ ਹੈ। ਉਥੇ ਹੀ ਮਰਨ ਵਾਲਿਆਂ ਦਾ ਅੰਕੜਾ 20 ਹਜ਼ਾਰ ਤੱਕ ਜਾ ਸਕਦਾ ਹੈ। ਤੁਰਕੀ ਦੀ ਡਿਜ਼ਾਸਟਰ ਮੈਨੇਜਮੈਂਟ ਏਜੰਸੀ ਨੇ ਕਿਹਾ ਕਿ 11 ਹਜ਼ਾਰ ਤੋਂ ਵੱਧ ਇਮਾਰਤਾਂ ਢੇਰੀ ਹੋ ਗਈਆਂ ਹਨ। ਉਨ੍ਹਾ ਕਿਹਾ ਕਿ ਜਿੱਥੇ ਕਦੀ ਚਮਚਮਾਉਂਦੀਆਂ ਇਮਾਰਤਾਂ ਹੁੰਦੀਆਂ ਸਨ, ਉਥੇ ਹੁਣ ਢੇਰਾਂ ਟਨ ਮਲਬਾ ਪਿਆ ਹੈ। ਤੁਰਕੀ ਦੀ ਐਮਰਜੈਂਸੀ ਏਜੰਸੀ ਏ ਏ ਐੱਫ ਏ ਡੀ ਨੇ ਕਿਹਾ ਕਿ 65 ਦੇਸ਼ਾਂ ਨੇ 2600 ਤੋਂ ਜ਼ਿਆਦਾ ਬਚਾਅਕਰਮੀ ਮਦਦ ਲਈ ਅੱਗੇ ਆਏ ਹਨ। ਯੂ ਐੱਨ ਨੇ ਕਿਹਾ ਕਿ ਬਰਫ਼ਬਾਰੀ ਅਤੇ ● ਬਾਕੀ ਸਫ਼ਾ 2 'ਤੇ

ਤਰਾਸਦੀ 'ਚ ਚਮਤਕਾਰ

ਸੀਰੀਆ 'ਚ ਭੁਚਾਲ ਤੋਂ ਬਾਅਦ ਮਲਬੇ ਥੱਲੇ ਇੱਕ ਦਿਨ ਫਸੇ ਰਹਿਣ ਤੋਂ ਬਾਅਦ ਗਰਭਵਤੀ ਨੇ ਬੱਚੀ ਨੂੰ ਜਨਮ ਦਿੱਤਾ, ਜਿਸ ਨੂੰ ਜਿਊਂਦਾ ਕੱਢ ਲਿਆ ਗਿਆ।

ਪੰਜਾਬ ਛੇਤੀ ਹੀ ਦੇਸ਼ ਭਰ 'ਚੋਂ ਮੋਹਰੀ ਸਨਅਤੀ ਸੂਬਾ ਬਣ ਕੇ ਉਭਰੇਗਾ : ਮਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਨਰਿੰਦਰਜੀਤ ਸਿੰਘ)

ਮੁੱਖ ਮੰਤਰੀ ਮੰਤਰੀ ਭਗਵੰਤ ਮਾਨ ਨੇ ਮੰਗਲਵਾਰ ਕਿਹਾ ਕਿ ਮੌਜੂਦਾ ਸਿਆਸੀ ਸਥਿਰਤਾ ਦੇ ਦੌਰ ਅਤੇ ਤੇਜ਼ ਗਤੀ ਨਾਲ ਫੈਸਲੇ ਲੈਣ ਦੇ ਢਾਂਚੇ ਦੇ ਨਾਲ-ਨਾਲ ਲੀਕ ਤੋਂ ਹਟਵੇਂ ਵਿਚਾਰਾਂ ਨਾਲ ਪੰਜਾਬ ਛੇਤੀ ਹੀ ਦੇਸ਼ ਭਰ ਵਿੱਚੋਂ ਮੋਹਰੀ ਸਨਅਤੀ ਸੂਬਾ ਬਣ ਕੇ ਉੱਭਰੇਗਾ।

ਮੁਹਾਲੀ ਵਿਖੇ 23 ਤੇ 24 ਫਰਵਰੀ ਨੂੰ ਹੋਣ ਵਾਲੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੀਆਂ ਤਿਆਰੀਆਂ ਦੌਰਾਨ ਇੱਥੇ ਸਨਅਤਕਾਰਾਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬੀਆਂ ਦਾ ਜਨਮ ਹੀ ਨੰਬਰ ਇਕ ਉਤੇ ਪੁੱਜਣ ਲਈ ਹੋਇਆ ਹੈ, ਕਿਉਂਕਿ ਮਿਹਨਤ ਤੇ ਸਮਰਪਣ ਦੀ ਭਾਵਨਾ ਪੰਜਾਬੀਆਂ ਦੇ ਖ਼ੂਨ ਵਿੱਚ ਹੀ ਸਮਾਈ ਹੋਈ ਹੈ। ਉਨ੍ਹਾ ਕਿਹਾ ਕਿ ਇਸੇ ਜਜ਼ਬੇ ਨਾਲ ਪੰਜਾਬੀਆਂ ਨੇ ਹਮੇਸ਼ਾ

ਉਦਯੋਗਿਕ ਘਰਾਣਿਆਂ ਨੂੰ ਪੰਜਾਬ ਨਿਵੇਸ਼ ਸੰਮੇਲਨ ਦਾ ਹਿੱਸਾ ਬਣਨ ਦਾ ਦਿੱਤਾ ਸੱਦਾ

ਹਰੇਕ ਖੇਤਰ ਵਿੱਚ ਮੱਲਾਂ ਮਾਰੀਆਂ ਅਤੇ ਸੂਬੇ ਦੇ ਉੱਦਮੀਆਂ ਨੇ ਦੁਨੀਆ ਭਰ ਵਿੱਚ ਆਪਣੇ ਲਈ ਵੱਖਰਾ ਮੁਕਾਮ ਹਾਸਲ ਕੀਤਾ ਹੈ। ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਸਨਅਤੀ ਤਰੱਕੀ ਦੀ ਤੇਜ਼ ਰਫ਼ਤਾਰ ਦਾ ਪਾਂਧੀ ਬਣੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਇਸ ਗੱਲੋਂ ਖ਼ੁਸ਼ਕਿਸਮਤ ਹੈ ਕਿ ਇੱਥੇ ਬਹੁਤ ਸਾਰੇ ਕੁਦਰਤੀ ਸਰੋਤ ਹਨ, ਜਿਨ੍ਹਾਂ ਨੂੰ ਕੌਮਾਂਤਰੀ ਸੈਲਾਨੀਆਂ ਲਈ ਸੈਰਗਾਹਾਂ ਵਜੋਂ ਵਿਕਸਤ ਕੀਤਾ ਜਾ ਸਕਦਾ ਹੈ। ਸੂਬਾ ਸਰਕਾਰ ਰਣਜੀਤ ਸਾਗਰ ਡੈਮ, ਚੋਹਾਲ ਡੈਮ, ਨੂਰਪੁਰ ਬੇਦੀ ਤੇ ਹੋਰ ਥਾਵਾਂ ਨੂੰ ਆਧੁਨਿਕ ਸੈਰਗਾਹਾਂ ਵਜੋਂ ਵਿਕਸਤ ਕਰਨ ਲਈ ਪੁਖ਼ਤਾ ਤਜਵੀਜ਼ ਲਿਆ ਰਹੀ ਹੈ। ਇਨ੍ਹਾਂ ਸੈਰ-ਸਪਾਟਾ ਕੇਂਦਰਾਂ ਵਿੱਚ ਅਥਾਹ ਸੰਭਾਵਨਾਵਾਂ ਹਨ, ਜਿਹੜੀਆਂ ਸੂਬੇ ਨੂੰ ਕੌਮਾਂਤਰੀ ਸੈਰ-ਸਪਾਟੇ ਦੇ ਨਕਸ਼ੇ ਉਤੇ ਲਿਆ ਸਕਦੀਆਂ ਹਨ। ਉਹਨਾ ਕਿਹਾ ਕਿ ਪਵਿੱਤਰ ਨਗਰੀ ਅੰਮ੍ਰਿਤਸਰ ਨੂੰ ਸੈਰ-ਸਪਾਟੇ ਪੱਖੋਂ ਇਸ ਤਰ੍ਹਾਂ ਵਿਕਸਤ ਕੀਤਾ ਜਾਵੇਗਾ, ਜਿਸ ਤੋਂ ਧਾਰਮਕ ਤੇ ਦੇਸ਼ ਭਗਤੀ ਦੇ ਜਜ਼ਬੇ ਦਾ ਝਲਕਾਰਾ ਮਿਲੇ।

ਮੁੱਖ ਮੰਤਰੀ ਨੇ ਸਥਾਨਕ ਕਾਰੋਬਾਰੀਆਂ ਨੂੰ ਭਰੋਸਾ ਦਿੱਤਾ ਕਿ ਸੈਰਗਾਹਾਂ ਨੂੰ ਵਿਕਸਤ ਕਰਨ ਲਈ ਦੇਸ਼ ਭਰ ● ਬਾਕੀ ਸਫ਼ਾ 2 'ਤੇ

ਜੇ ਈ ਈ-ਮੇਨ ਦਾ ਨਤੀਜਾ

ਨਵੀਂ ਦਿੱਲੀ : ਕੌਮੀ ਪ੍ਰੀਖਿਆ ਏਜੰਸੀ (ਐੱਨ ਟੀ ਏ) ਨੇ ਇੰਜੀਨੀਅਰਿੰਗ ਦਾਖਲਾ ਪ੍ਰੀਖਿਆ ਜੇ ਈ ਈ-ਮੇਨ ਦੇ ਜਨਵਰੀ ਐਡੀਸ਼ਨ ਦਾ ਨਤੀਜਾ ਐਲਾਨ ਦਿੱਤਾ ਹੈ। ਇਸ 'ਚ 20 ਉਮੀਦਵਾਰਾਂ ਨੇ 100 ਅੰਕ ਪ੍ਰਾਪਤ ਕੀਤੇ ਹਨ। 50 ਪ੍ਰੀਖਿਆਰਥੀਆਂ ਦਾ ਐੱਨ ਟੀ ਏ ਸਕੋਰ ਰੋਕ ਲਿਆ ਗਿਆ ਹੈ, ਕਿਉਂਕਿ ਇਸ ਦੀ ਜਾਂਚ ਚੱਲ ਰਹੀ ਹੈ।

ਰਾਣਾ ਅਯੂਬ ਦੀ ਪਟੀਸ਼ਨ ਖਾਰਜ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਮਨੀ ਲਾਂਡਰਿੰਗ ਮਾਮਲੇ 'ਚ ਗਾਜ਼ੀਆਬਾਦ ਦੀ ਵਿਸ਼ੇਸ਼ ਅਦਾਲਤ ਵੱਲੋਂ ਜਾਰੀ ਸੰਮਨ ਨੂੰ ਚੁਣੌਤੀ ਦੇਣ ਵਾਲੀ ਪੱਤਰਕਾਰ ਰਾਣਾ ਅਯੂਬ ਦੀ ਪਟੀਸ਼ਨ ਮੰਗਲਵਾਰ ਖਾਰਜ ਕਰ ਦਿੱਤੀ। ਕੋਰਟ ਨੇ ਅਯੂਬ ਨੂੰ ਹੇਠਲੀ ਅਦਾਲਤ 'ਚ ਮਾਮਲਾ ਉਠਾਉਣ ਦੀ ਇਜਾਜ਼ਤ ਦਿੰਦੇ ਹੋਏ ਕਿਹਾ ਕਿ ਇਹ ਮਾਮਲਾ ਸਬੂਤਾਂ ਦਾ ਹੈ।

ਮਜੀਠੀਆ ਮਾਮਲੇ ਦੀ ਸੁਣਵਾਈ ਟਲੀ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਮੰਗਲਵਾਰ ਕਿਹਾ ਕਿ ਉਹ ਨਸ਼ਿਆਂ ਦੇ ਮਾਮਲੇ ਵਿਚ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਜ਼ਮਾਨਤ ਦੇਣ ਦੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਵਿਰੁੱਧ ਪੰਜਾਬ ਸਰਕਾਰ ਵੱਲੋਂ ਦਾਇਰ ਅਪੀਲ 'ਤੇ ਚਾਰ ਹਫਤਿਆਂ ਬਾਅਦ ਸੁਣਵਾਈ ਕਰੇਗੀ।

ਧਰਮਸੋਤ ਤਿੰਨ ਦਿਨ ਦੇ ਪੁਲਸ ਰਿਮਾਂਡ 'ਤੇ

ਮੁਹਾਲੀ : ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਕੇਸ 'ਚ ਫੜੇ ਸਾਬਕਾ ਜੰਗਲਾਤ ਮੰਤਰੀ ਸਾਧੂ ਸਿੰਘ ਧਰਮਸੋਤ ਨੂੰ ਮੰਗਲਵਾਰ ਇੱਥੇ ਅਦਾਲਤ 'ਚ ਪੇਸ਼ ਕੀਤਾ, ਜਿਸ ਨੇ ਉਸ ਨੂੰ ਤਿੰਨ ਦਿਨ ਦੇ ਪੁਲਸ ਰਿਮਾਂਡ 'ਤੇ ਭੇਜ ਦਿੱਤਾ। ਧਰਮਸੋਤ ਖਿਲਾਫ ਜੰਗਲਾਤ ਵਿਭਾਗ 'ਚ ਹੋਏ ਵੱਖੋ-ਵੱਖ ਘਪਲਿਆਂ ਬਾਰੇ ਭ੍ਰਿਸ਼ਟਾਚਾਰ ਦਾ ਕੇਸ ਚੱਲ ਰਿਹਾ ਹੈ। ਉਸ 'ਤੇ ਪੈਸੇ ਲੈ ਕੇ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਦੀਆਂ ਨਿਯੁਕਤੀਆਂ ਅਤੇ ਬਦਲੀਆਂ ਕਰਨ ਦਾ ਵੀ ਦੋਸ਼ ਹੈ। ਵਿਜੀਲੈਂਸ ਅਨੁਸਾਰ ਧਰਮਸੋਤ ਵਿਰੁੱਧ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਬਾਰੇ ਜਾਂਚ ਚੱਲ ਰਹੀ ਸੀ। ਮੁੱਢਲੀ ਤਫਤੀਸ਼ ਤੋਂ ਬਾਅਦ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀ ਧਾਰਾ 13 (1) (ਬੀ), 13 (2) ਤਹਿਤ ਮੁਹਾਲੀ ਸਥਿਤ ਵਿਜੀਲੈਂਸ ਥਾਣੇ 'ਚ ਨਵਾਂ ਮੁਕੱਦਮਾ ਦਰਜ ਕਰਕੇ ਉਸ ਨੂੰ ਸੋਮਵਾਰ ਗ੍ਰਿਫਤਾਰ ਕਰ ਲਿਆ ਸੀ। ਵਿਜੀਲੈਂਸ ਅਨੁਸਾਰ ਸਾਬਕਾ ਮੰਤਰੀ ਅਤੇ ਉਸ ਦੇ ਪਰਵਾਰ ਦੀ ਆਮਦਨ 2, 37,12,596.48 ਰੁਪਏ ਸੀ, ਜਦਕਿ ਖਰਚਾ 8,76,30,888.87 ਰੁਪਏ ਸੀ। ਖਰਚਾ ਉਸ ਦੀ ਆਮਦਨ ਦੇ ਜਾਣੇ-ਪਛਾਣੇ ਸਰੋਤਾਂ ਨਾਲੋਂ 269 ਪ੍ਰਤੀਸ਼ਤ ਵੱਧ ਸੀ।

ਸਾਂਝਾ ਮਜ਼ਦੂਰ ਮੋਰਚਾ ਮੰਤਰੀਆਂ ਦੇ ਘਰਾਂ ਵੱਲ ਮਾਰਚ ਦੀ ਥਾਂ ਚੇਤਾਵਨੀ ਰੈਲੀਆਂ ਕਰੇਗਾ

ਚੰਡੀਗੜ੍ਹ : ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਦਿਹਾਤੀ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਸਾਥੀ ਗੁਰਨਾਮ ਸਿੰਘ ਦਾਊਦ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ 9, 10 ਤੇ 11 ਫਰਵਰੀ ਨੂੰ ਪੰਜਾਬ ਭਰ 'ਚ ਮੰਤਰੀਆਂ/ਵਿਧਾਇਕਾਂ ਦੇ ਘਰਾਂ ਵੱਲ ਰੋਸ ਮਾਰਚ ਕਰਕੇ "ਮੁੱਖ ਮੰਤਰੀ ਹਾਜ਼ਰ ਹੋ" ਦੇ ਐਲਾਨੇ ਪ੍ਰੋਗਰਾਮ ਨੂੰ ਬਦਲ ਕੇ ਇਨ੍ਹਾਂ ਹੀ ਤਰੀਕਾਂ ਵਿੱਚ ਉਹਨਾਂ ਹੀ ਸ਼ਹਿਰਾਂ 'ਚ ਚਿਤਾਵਨੀ ਰੈਲੀਆਂ ਕਰਕੇ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪਣ ਦਾ ਐਲਾਨ ਕੀਤਾ ਗਿਆ। ਇਹ ਜਾਣਕਾਰੀ ਮੀਟਿੰਗ ਵਿੱਚ ਹਾਜ਼ਰ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਕੁਲ ਹਿੰਦ ਸਕੱਤਰ ਗੁਲਜ਼ਾਰ ਗੋਰੀਆ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ

ਮਾਰਚ ਦੇ ਪਹਿਲੇ ਹਫਤੇ ਤੋਂ ਪੰਜਾਬ ਪੱਧਰੀ ਪੱਕਾ ਮੋਰਚਾ

ਪੰਜਾਬ ਦੇ ਸੂਬਾ ਪ੍ਰਧਾਨ ਕੁਲਵੰਤ ਸੇਲਬਰ੍ਹਾ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਆਗੂ ਹਰਪਾਲ ਸਿੰਘ, ਮਜ਼ਦੂਰ ਮੁਕਤੀ ਮੋਰਚਾ ਦੇ ਸੂਬਾ ਆਗੂ ਮੱਖਣ ਸਿੰਘ ਰਾਮਗੜ੍ਹ, ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਗੁਰਵਿੰਦਰ ਸਿੰਘ ਵੱਲੋਂ ਜਾਰੀ ਕੀਤੇ ਲਿਖਤੀ ਪ੍ਰੈੱਸ ਬਿਆਨ ਰਾਹੀਂ ਦਿੱਤੀ ਗਈ। ਮੀਟਿੰਗ ਵਿੱਚ ਉਕਤ ਆਗੂਆਂ ਤੋਂ ਇਲਾਵਾ ਸਾਥੀ ਹਰਮੇਸ਼ ਮਾਲੜੀ, ਦੇਵੀ ਕੁਮਾਰੀ, ਕਸ਼ਮੀਰ ਘੁਗਸ਼ੋਰ, ਸੰਦੀਪ ਸਿੰਘ ਤੇ ਬਲਵੀਰ ਸਿੰਘ ਵੀ ਹਾਜ਼ਰ ਸਨ।

ਮਜ਼ਦੂਰ ਆਗੂ ਨੇ ਦੱਸਿਆ ਕਿ ਇਹ ਤਬਦੀਲੀ 15 ਫਰਵਰੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਨਾਲ ਸਾਂਝੇ ਮਜ਼ਦੂਰ ਮੋਰਚੇ ਦੀ ਮੀਟਿੰਗ ਲਿਖਤੀ ਰੂਪ ਵਿੱਚ ਤਹਿ ਹੋਣ ਕਰਕੇ ਕੀਤੀ ਗਈ ਹੈ। ਉਨ੍ਹਾ ਕਿਹਾ ਕਿ ਬੇਸ਼ੱਕ ਮੁੱਖ ਮੰਤਰੀ ਵੱਲੋਂ ਮੀਟਿੰਗ ਦੇ ਦਿੱਤੀ ਗਈ ਹੈ, ਪਰ ਸਰਕਾਰੀ ਅਧਿਕਾਰੀਆਂ ਅਤੇ ਸਰਕਾਰ ਦਾ ਮਜ਼ਦੂਰ ਮੰਗਾਂ ਪ੍ਰਤੀ ਰਵੱਈਆ ਅਣਗੌਲਿਆ ਰਿਹਾ ਹੈ, ਇਸ ਲਈ ਮਜ਼ਦੂਰ ਪੂਰੀ ਤਿਆਰੀ ਨਾਲ ਤਿੰਨ ਦਿਨ ਚੇਤਾਵਨੀ ਰੈਲੀਆਂ ਕਰਕੇ ਸਰਕਾਰ ਨੂੰ ● ਬਾਕੀ ਸਫ਼ਾ 2 'ਤੇ

ਪੱਤਰਕਾਰਾਂ ਦੀ ਲੋੜ

'ਨਵਾਂ ਜ਼ਮਾਨਾ' ਨੂੰ ਲੁਧਿਆਣਾ ਜ਼ਿਲ੍ਹੇ ਲਈ ਹੇਠ ਲਿਖੇ ਸਟੇਸ਼ਨਾਂ ਲਈ ਸੂਝਵਾਨ ਤੇ ਤਜਰਬੇਕਾਰ ਪੱਤਰਕਾਰਾਂ ਦੀ ਲੋੜ ਹੈ।

ਲੁਧਿਆਣਾ, ਸਾਹਨੇਵਾਲ, ਜੋਧਾਂ, ਸਰਾਭਾ, ਮਲੌਦ, ਪਾਇਲ, ਗਿੱਲ। ਚਾਹਵਾਨ ਸੱਜਣ ਕੰਮ ਵਾਲੇ ਦਿਨ 10.30 ਤੋਂ 5 ਵਜੇ ਤੱਕ 0181-5097300 'ਤੇ ਸੰਪਰਕ ਕਰਨ।

-ਮੈਨੇਜਰ

ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ ਲੰਘ ਚੁੱਕੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪੋ-ਆਪਣੇ ਕਾਰਡ ਜਲਦੀ ਤੋਂ ਜਲਦੀ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ ਸ਼ੁੱਕਰਵਾਰ ਅਤੇ ਸੋਮਵਾਰ ਨੂੰ 2 ਵਜੇ ਤੋਂ ਸ਼ਾਮ 5 ਵਜੇ ਤੱਕ ਨਵਿਆਉਣ।

-ਮੈਨੇਜਰ

ਗੌਰੀ ਨੂੰ ਜੱਜ ਬਣਨੋਂ ਰੋਕਦੀ ਪਟੀਸ਼ਨ ਵਿਚਾਰਨ ਤੋਂ ਨਾਂਹ

ਨਵੀਂ ਦਿੱਲੀ : ਐਡਵੋਕੇਟ ਲਕਸ਼ਮਣ ਚੰਦਰ ਵਿਕਟੋਰੀਆ ਗੌਰੀ ਨੇ ਮੰਗਲਵਾਰ ਮਦਰਾਸ ਹਾਈ ਕੋਰਟ ਦੇ ਐਡੀਸ਼ਨਲ ਜੱਜ ਵਜੋਂ ਸਹੁੰ ਚੁੱਕੀ। ਇਸ ਤੋਂ ਪਹਿਲਾਂ ਸੁਪਰੀਮ ਕੋਰਟ ਨੇ ਗੌਰੀ ਨੂੰ ਮਦਰਾਸ ਹਾਈ ਕੋਰਟ ਦੇ ਜੱਜ ਵਜੋਂ ਸਹੁੰ ਚੁੱਕਣ ਤੋਂ ਰੋਕਣ ਦੀ ਮੰਗ ਵਾਲੀ ਪਟੀਸ਼ਨ 'ਤੇ ਵਿਚਾਰ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਮਦਰਾਸ ਹਾਈ ਕੋਰਟ ਦੇ ਕਾਰਜਕਾਰੀ ਚੀਫ ਜਸਟਿਸ ਟੀ ਰਾਜਾ ਨੇ ਗੌਰੀ ਨੂੰ ਰਾਸ਼ਟਰਪਤੀ ਵੱਲੋਂ ਜਾਰੀ ਨਿਯੁਕਤੀ ਆਦੇਸ਼ ਨੂੰ ਪੜ੍ਹਨ ਤੇ ਹੋਰ ਰਸਮਾਂ ਦੀ ਪਾਲਣਾ ਕਰਨ ਬਾਅਦ ਐਡੀਸ਼ਨਲ ਜੱਜ ਵਜੋਂ ਅਹੁਦੇ ਦੀ ਸਹੁੰ ਚੁਕਾਈ। ਗੌਰੀ ਤੋਂ ਇਲਾਵਾ ਚਾਰ ਹੋਰਨਾਂ ਨੇ ਵੀ ਮਦਰਾਸ ਹਾਈ ਕੋਰਟ ਦੇ ਐਡੀਸ਼ਨਲ ਜੱਜ ਵਜੋਂ ਸਹੁੰ ਚੁੱਕੀ। ਵਕੀਲਾਂ ਨੇ ਗੌਰੀ ਨੂੰ ਭਾਜਪਾ ਆਗੂ ਦੱਸਿਆ ਸੀ ਤੇ ਕਿਹਾ ਸੀ ਕਿ ਉਨ੍ਹਾ ਇਸਲਾਮ ਨੂੰ ਹਰੀ ਤੇ ਈਸਾਈਅਤ ਨੂੰ ਚਿੱਟੀ ਦਹਿਸ਼ਤਗਰਦੀ ਗਰਦਾਨਣ ਵਾਲੀ ਨਫਰਤੀ ਤਕਰੀਰ ਕੀਤੀ ਸੀ, ਇਸ ਕਰਕੇ ਸੰਵਿਧਾਨਕ ਤੌਰ 'ਤੇ ਉਨ੍ਹਾ ਦੀ ਨਿਯੁਕਤੀ ਗਲਤ ਹੈ। ਜਸਟਿਸ ਸੰਜੀਵ ਖੰਨਾ ਵਾਲੀ ਬੈਂਚ ਵਿਚ ਸ਼ਾਮਲ ਜਸਟਿਸ ਬੀ ਆਰ ਗਵਈ ਨੇ ਕਿਹਾ ਕਿ ਜੱਜ ਬਣਨ ਤੋਂ ਪਹਿਲਾਂ ਉਨ੍ਹਾ ਦਾ ਵੀ ਸਿਆਸੀ ਪਿਛੋਕੜ ਸੀ, ਪਰ ਇਹ ਉਨ੍ਹਾ ਦਾ 20 ਸਾਲ ਦੇ ਸੇਵਾ ਕਾਲ ਵਿਚ ਕਦੇ ਅੜਿੱਕਾ ਨਹੀਂ ਬਣਿਆ।

ਨਤਾਸ਼ਾ ਦੀ ਲਗਾਤਾਰ ਦੂਜੇ ਸਾਲ ਝੰਡੀ

ਵਾਸ਼ਿੰਗਟਨ : ਅਮਰੀਕਾ ਸਥਿਤ ਜੌਹਨਸ ਹੌਪਕਿੰਸ ਸੈਂਟਰ ਫਾਰ ਟੇਲੈਂਟਡ ਯੂਥ ਨੇ ਭਾਰਤੀ-ਅਮਰੀਕੀ ਸਕੂਲੀ ਵਿਦਿਆਰਥਣ ਨਤਾਸ਼ਾ ਪੇਰੀਯਾਨਯਾਗਮ ਨੂੰ ਉਪਰਲੇ ਗ੍ਰੇਡ ਦੀ ਪ੍ਰੀਖਿਆ ਦੇ ਨਤੀਜਿਆਂ ਦੇ ਆਧਾਰ 'ਤੇ ਲਗਾਤਾਰ ਦੂਜੇ ਸਾਲ 'ਦੁਨੀਆ ਦੀ ਸਭ ਤੋਂ ਹੋਣਹਾਰ' ਵਿਦਿਆਰਥਣ ਐਲਾਨਿਆ ਹੈ। ਦੁਨੀਆ ਭਰ ਦੇ 76 ਦੇਸ਼ਾਂ ਦੇ 15,000 ਵਿਦਿਆਰਥੀਆਂ ਨੇ ਇਸ 'ਚ ਹਿੱਸਾ ਲਿਆ। ਨਤਾਸ਼ਾ (13) ਨਿਊ ਜਰਸੀ ਦੇ ਫਲੋਰੈਂਸ ਐੱਮ ਗੌਡੀਨੀਅਰ ਮਿਡਲ ਸਕੂਲ ਦੀ ਵਿਦਿਆਰਥਣ ਹੈ। ਉਸ ਨੇ 2021 'ਚ ਜੌਹਨਸ ਹੌਪਕਿੰਸ ਸੈਂਟਰ ਫਾਰ ਟੈਲੈਂਟਡ ਯੂਥ (ਸੀ ਟੀ ਵਾਈ) ਦੀ ਪ੍ਰੀਖਿਆ ਦਿੱਤੀ ਸੀ। ਉਸ ਸਮੇਂ ਉਹ ਪੰਜਵੀਂ ਜਮਾਤ ਦੀ ਵਿਦਿਆਰਥਣ ਸੀ।



ਅੱਜ-ਨਾਮਾ

ਰੱਫੜ ਦਿੱਲੀ ਦੇ ਅੰਦਰ ਆ ਪਿਆ ਭਾਰਾ,
ਹੁੰਦੀ ਹਾਲੇ ਨਹੀਂ ਮੇਅਰ ਦੀ ਚੋਣ ਮੀਆਂ।
ਜਦ ਵੀ ਚੋਣ ਲਈ ਕਦੀ ਅਜਲਾਸ ਹੁੰਦਾ,
ਪੈਂਦਾ ਨਿਕਲ ਹੈ ਨਵਾਂ ਕੋਈ ਕੋਣ ਮੀਆਂ।
ਬਹਿਸਾਂ ਵਿੱਚ ਹਨ ਫਸਦੀਆਂ ਧਿਰਾਂ ਦੋਵੇਂ,
ਆਪਣਾ-ਆਪਣਾ ਰੋਣ ਫਿਰ ਰੋਣ ਮੀਆਂ।
ਲੋਕਤੰਤਰ 'ਤੇ ਲੱਗਾ ਪਿਆ ਦਾਗ ਜਿਹੜਾ,
ਕਿਹੜਾ ਧੋਊਗਾ ਉਹਦਾ ਫਿਰ ਧੋਣ ਮੀਆਂ।
ਦੋਵੇਂ ਧਿਰਾਂ 'ਚੋਂ ਘੱਟ ਨਹੀਂ ਕੋਈ ਲੱਗਦੀ,
ਸਮਝਣ ਦੂਜੀ ਨੂੰ ਦੋਵੇਂ ਈ ਟਿੱਚ ਮੀਆਂ।
ਦਿੱਲੀ ਚੋਣਾਂ ਦਾ ਜਿਹੜਾ ਸੀ ਮੂਲ ਫਤਵਾ,
ਰੁਲਿਆ ਜਾਪਦਾ ਬਹਿਸ ਦੇ ਵਿੱਚ ਮੀਆਂ।

-ਤੀਸ ਮਾਰ ਖਾਂ

ਪੰਜਾਬ ਨੂੰ ਦਬਕਾਉਣ ਦੀ ਨੀਤੀ 'ਤੇ ਚੱਲ ਰਹੀ ਕੇਂਦਰ ਸਰਕਾਰ : ਜਗਰੂਪ

ਮੋਗਾ : ਦਮਨਕਾਰੀ ਤੇ ਕਾਰਪੋਰੇਟਾਂ ਪੱਖੀ ਰਾਜ ਵਿਰੁੱਧ ਲੋਕ ਘੋਲਾਂ ਦੇ ਕੇਂਦਰ ਵਜੋਂ ਉਭਰੇ ਪੰਜਾਬ ਨੂੰ ਦਬਕਾਉਣ ਅਤੇ ਮਿਹਨਤਕਸ਼ ਲੋਕਾਂ ਦੇ ਸੰਵਿਧਾਨਕ ਹੱਕ ਖੋਹ ਲੈਣ ਦੀ ਨੀਤੀ ਨਾਲ ਚੱਲ ਰਹੀ ਹੈ ਕੇਂਦਰ ਸਰਕਾਰ। ਇਹ ਸ਼ਬਦ ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਕਾਮਰੇਡ ਜਗਰੂਪ ਨੇ ਕਹੇ। ਉਨ੍ਹਾ ਕਿਹਾ ਕਿ ਇਹ ਪੰਜਾਬ ਹੀ ਸੀ, ਜਿਸ ਨੇ ਕੇਂਦਰ ਸਰਕਾਰ ਵੱਲੋਂ ਐੱਨ ਆਰ ਸੀ ਤੇ ਸੀ ਏ ਏ ਵਰਗੇ ਦਮਨਕਾਰੀ ਕਾਨੂੰਨ ਅਤੇ ਖੇਤੀ ਤੇ ਖੁਰਾਕ ਉੱਤੇ ਕਬਜ਼ਾ ਕਰਨ ਦੀ ਮਨਸ਼ਾ ਨਾਲ ਠੋਸੇ ਜਾ ਰਹੇ ਤਿੰਨ ਕਾਲੇ ਕਨੂੰਨਾਂ ਦਾ ਜ਼ਬਰਦਸਤ ਵਿਰੋਧ ਕੀਤਾ ਸੀ। ਕੇਂਦਰ ਦੀ ਫਾਸ਼ੀ ਰੁਚੀ ਵਾਲੀ ਭਾਜਪਾ ਸਰਕਾਰ ਹੁਣ ਬੀ ਬੀ ਐੱਮ ਬੀ 'ਚੋਂ ਪੰਜਾਬ ਦੀ ਨੁਮਾਇੰਦਗੀ ਖੋਹ ਕੇ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਤੇ ਕਬਜ਼ਾ ਕਰਕੇ, ਬਾਰਡਰ ਤੋਂ 50 ਕਿਲੋਮੀਟਰ ਅੰਦਰ ਤੱਕ ਕੇਂਦਰੀ ਫੋਰਸਾਂ ਚਾੜ੍ਹ ਕੇ, ਟੈਕਸਾਂ 'ਚੋਂ ਪੰਜਾਬ ਦੇ ਹਿੱਸੇ ਦੀਆਂ ਅਦਾਇਗੀਆਂ ਲਮਕਾ/ਲੇਟ ਕਰਕੇ ਅਤੇ ਹੋਰ ਵੱਖ-ਵੱਖ ਤਰੀਕਿਆਂ ਨਾਲ ਪੰਜਾਬ ਨਾਲ

ਗਦਰੀ ਬਾਬਾ ਰੂੜ ਸਿੰਘ ਚੂਹੜ ਚੱਕ ਦੀ ਬਰਸੀ 'ਤੇ ਰੁਜ਼ਗਾਰ ਪ੍ਰਾਪਤੀ ਸੰਘਰਸ਼ ਤੇਜ਼ ਕਰਨ ਦਾ ਅਹਿਦ ਲਿਆ ਜਾਵੇਗਾ

ਕਿੜ ਕੱਢ ਰਹੀ ਹੈ। ਕੇਂਦਰ ਸਰਕਾਰ ਦੀ ਪੰਜਾਬ ਅਤੇ ਦੇਸ਼ ਵਿਰੋਧੀ ਨੀਤੀ ਨੂੰ ਭਾਂਜ ਦੇਣ ਲਈ ਪੰਜਾਬ ਦੀਆਂ ਖੱਬੀਆਂ ਧਿਰਾਂ ਵੱਲੋਂ ਹੋਂਦ 'ਚ ਆਏ ਫਾਸ਼ੀ ਹਮਲੇ ਵਿਰੋਧੀ ਫਰੰਟ ਵੱਲੋਂ 10 ਮਾਰਚ ਨੂੰ ਜਲੰਧਰ ਵਿਖੇ ਲਾਮਿਸਾਲ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਉਨ੍ਹਾ ਦੱਸਿਆ ਕਿ ਪਾਰਟੀ ਨੇ ਇਸ ਦੀ ਤਿਆਰੀ ਅਤੇ ਲੋਕ ਚੇਤਨਾ ਲਈ ਸਾਰੇ ਪੰਜਾਬ ਵਿੱਚ ਜ਼ੋਰਦਾਰ ਮੁਹਿੰਮ ਵਿੱਢਣ ਦਾ ਫੈਸਲਾ ਕੀਤਾ ਹੈ। ਉਹਨਾ ਕਿਹਾ ਕਿ ਖੇਤਰੀ-ਮਾਂ ਬੋਲੀਆਂ, ਪਾਣੀਆਂ, ਫੈਡਰਲ ਢਾਂਚੇ ਅਤੇ ਮਨੁੱਖੀ ਹੱਕਾਂ ਦੀ ਰਾਖੀ ਲਈ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਨੇ ਕਥਿਤ ਦੋਸ਼ਾਂ ਤਹਿਤ ਵੱਡੀ ਗਿਣਤੀ ਸਾਹਿਤਕਾਰਾਂ, ਲੇਖਕਾਂ, ਪੱਤਰਕਾਰਾਂ, ਬੁੱਧੀਜੀਵੀਆਂ ਆਦਿ ਨੂੰ ਜੇਲਾਂ ਵਿੱਚ ਬੰਦ ਕੀਤਾ ਹੋਇਆ ਹੈ। ਇਸੇ ਤਰ੍ਹਾਂ ਬਹੁਤ ਸਾਰੇ ਲੋਕ ਆਪਣੇ ਦੋਸ਼ਾਂ ਦੀ ਕਨੂੰਨ ਦੁਆਰਾ ਮਿਥੀ ਸਜ਼ਾ ਭੁਗਤ ਚੁੱਕੇ ਹਨ, ਜਿਨ੍ਹਾਂ ਨੂੰ ਨਾਜਾਇਜ਼ ਤੌਰ 'ਤੇ ਜੇਲ੍ਹਾਂ ਵਿੱਚ ਬੰਦ ਕੀਤਾ ਹੋਇਆ ਹੈ। ਪਾਰਟੀ ਉਨ੍ਹਾਂ ਸਾਰਿਆਂ ਨੂੰ ਸਾਰੇ ਦੇਸ਼ ਦੀਆਂ ਜੇਲ੍ਹਾਂ 'ਚੋਂ ਫੌਰੀ ਤੌਰ 'ਤੇ ਰਿਹਾਅ ਕਰਨ ਦੀ ਮੰਗ ਕਰਦੀ ਹੈ।

ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਵਾਅਦਿਆਂ, ਦਾਅਵਿਆਂ ਦੇ ਚਲਦਿਆਂ ਪੰਜਾਬ ਆਰਥਕ ਅਤੇ ਸਮਾਜਕ ਤੌਰ 'ਤੇ ਹੀ ਨਹੀਂ ਉਜੜ ਰਿਹਾ, ਬਲਕਿ ਪਾਣੀ ਪੱਖੋਂ ਬੰਜਰ ਹੋ ਰਿਹਾ ਹੈ ਅਤੇ ਕਨੂੰਨ ਵਿਵਸਥਾ ਵੀ ਬੁਰੀ ਤਰ੍ਹਾਂ ਵਿਗੜ ਗਈ ਹੈ। ਲੁੱਟਾਂ-ਖੋਹਾਂ ਤੇ ਨਸ਼ੇ ਆਦਿ ਦਾ ਜਾਲ ਲਗਾਤਾਰ ਫੈਲ ਰਿਹਾ ਹੈ। ਬੇਰੁਜ਼ਗਾਰੀ ਦੀ ਝੰਬੀ ਜਵਾਨੀ ਬਦੇਸ਼ਾਂ ਨੂੰ ਦੌੜਦੀ ਜਾ ਰਹੀ ਹੈ, ਜਿਸ ਕਾਰਨ ਆਰਥਕ ਪੱਖੋਂ ਵੀ ਪੰਜਾਬ ਹੋਰ ਉਜੜ ਰਿਹਾ ਹੈ। ਉਨ੍ਹਾ ਕਿਹਾ ਕਿ ਅਜਿਹੇ ਰਾਜਸੀ ਹਾਲਾਤਾਂ ਦੌਰਾਨ ਪਾਰਟੀ ਵੱਲੋਂ ਗਦਰੀ ਬਾਬਿਆਂ, ਕਮਿਊਨਿਸਟ ਯੋਧਿਆਂ ਦੀਆਂ ਬਰਸੀਆਂ, ਕਾਨਫਰੰਸਾਂ, ਸੈਮੀਨਾਰਾਂ ਆਦਿ ਦੇ ਰੂਪ ਵਿੱਚ ਲੋਕਾਂ ਨਾਲ ਰਾਬਤਾ ਬਣਾਇਆ ਜਾਵੇਗਾ। ਇਸੇ ਸਿਲਸਿਲੇ ਤਹਿਤ ਮਹਾਨ ਦੇਸ਼ ਭਗਤ ਗਦਰੀ ਬਾਬਾ ਰੂੜ ਸਿੰਘ ਦੀ 73ਵੀਂ ਬਰਸ ਉਹਨਾ ਦੇ ਪਿੰਡ ਚੂਹੜ ਚੱਕ ਵਿਖੇ 15 ਫਰਵਰੀ ਨੂੰ ਮਨਾਈ ਜਾ ਰਹੀ ਹੈ। ਇਸ ਬਰਸੀ ਸਮਾਰੋਹ ਨੂੰ ਮਜ਼ਦੂਰਾਂ, ਕਿਸਾਨਾਂ, ਨੌਜਵਾਨਾਂ ਦੇ ਆਗੂ ਸੰਬੋਧਨ ਕਰਨਗੇ।

ਮੀਟਿੰਗ ਨੂੰ ਪਾਰਟੀ ਦੇ ਸੂਬਾ ਕੌਂਸਲ ਮੈਂਬਰ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਸਰਪੰਚ ਸ਼ੇਰ ਸਿੰਘ ਦੌਲਤਪੁਰਾ, ਸਬਰਾਜ ਸਿੰਘ ਢੁੱਡੀਕੇ, ਮਾਸਟਰ ਬਲਵਿੰਦਰ ਸਿੰਘ, ਮਹਿੰਦਰ ਸਿੰਘ ਧੂੜਕੋਟ, ਬਚਿੱਤਰ ਸਿੰਘ ਧੋਥੜ, ਸਿਕੰਦਰ ਸਿੰਘ ਮਧੇਕੇ, ਨੌਜਵਾਨ ਆਗੂ ਸੁਖਜਿੰਦਰ ਸਿੰਘ ਮਹੇਸ਼ਰੀ, ਗੁਰਦਿੱਤ ਸਿੰਘ ਦੀਨਾ ਤੇ ਕਰਮਵੀਰ ਕੌਰ ਬੱਧਨੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਵੱਡੀ ਗਿਣਤੀ 'ਚ ਜ਼ਿਲ੍ਹਾ ਕੌਂਸਲ ਮੈਂਬਰ ਹਾਜ਼ਰ ਸਨ।

ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀ ਮਹੀਨਾਵਾਰ ਮੀਟਿੰਗ

ਹਠੂਰ (ਨਛੱਤਰ ਸੰਧੂ)-ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਬ ਡਵੀਜ਼ਨ ਬੱਸੀਆਂ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਮਨਜਿੰਦਰ ਸਿੰਘ ਚੌਲਣ ਦੀ ਅਗਵਾਈ ਵਿੱਚ ਹੋਈ ਜਿਸ ਵਿਚ ਡਵੀਜ਼ਨ ਪ੍ਰਧਾਨ ਹਰਵਿੰਦਰ ਸਿੰਘ ਲਾਲੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਸ ਵਿੱਚ ਬੋਲਦਿਆਂ ਮੁਲਾਜ਼ਮਾਂ ਦੇ ਭਖਦੇ ਮੁੱਦੇ ਵਿਚਾਰੇ ਗਏ ਜਿਵੇਂ ਕਿ ਪਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, ਪਰਵੀਜ਼ਨ ਪੀਰਡ ਖਤਮ ਕੀਤਾ ਜਾਵੇ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ। ਸਰਕਾਰ ਨੂੰ ਸਕੱਤਰ ਜਗਮੋਹਣ ਸਿੰਘ ਛੱਜਾਵਾਲ ਵੱਲੋਂ ਚਿਤਾਵਨੀ ਦਿੱਤੀ ਗਈ ਕਿ ਅਜਿਹਾ ਨਾ ਕਰਨ 'ਤੇ ਸੰਘਰਸ਼ ਤੇਜ਼ ਕੀਤਾ ਜਾਵੇਗਾ ਜਿਸ ਵਿੱਚ ਸੀਨੀਅਰ ਮੀਤ ਪ੍ਰਧਾਨ ਕਰਮਿੰਦਰ ਸਿੰਘ ਤਲਵੰਡੀ ਰਾਏ, ਅਜੀਤਪਾਲ ਸਿੰਘ ਖੇੜੀ, ਹਰਵਿੰਦਰ ਸਿੰਘ ਸੀ.ਸਹਾਇਕ ਸਕੱਤਰ, ਸੁਖਵਿੰਦਰ ਸਿੰਘ ਜੂ ਡੀ ਸੀ, ਸੁਰਿੰਦਰ ਸਿੰਘ ਪ੍ਰਚਾਰ ਸਕੱਤਰ, ਗੁਰਜੀਤ ਸਿੰਘ ਕੈਸ਼ੀਅਰ, ਜਗਜੀਤ ਸਿੰਘ ਸਹਾਇਕ ਸਕੱਤਰ, ਰਛਪਾਲ ਸਿੰਘ, ਮਨਮੋਹਨ ਸਿੰਘ, ਹਰਪਾਲ ਸਿੰਘ ਪ੍ਰਚਾਰ ਸਕੱਤਰ, ਸਰਿੰਦਰ ਸਿੰਘ ਲੱਮਿਆ ਵੱਲੋਂ ਸਾਥੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

ਦੇਸ਼ ਭਗਤ ਕਾਲਜੀਏਟ ਸਕੂਲ 'ਚ ਭਾਸ਼ਣ ਮੁਕਾਬਲਾ

ਧੂਰੀ (ਸੁਖਦੇਵ ਧੂਰੀ)-ਦੇਸ਼ ਭਗਤ ਕਾਲਜੀਏਟ ਸਕੂਲ ਬਰੜ੍ਹਵਾਲ ਧੂਰੀ ਵੱਲੋਂ ਪ੍ਰਿੰਸੀਪਲ ਡਾ. (ਮੇਜਰ) ਬਲਬੀਰ ਸਿੰਘ ਦੀ ਰਹਿਨੁਮਾਈ ਹੇਠ ਭਾਸ਼ਣ ਮੁਕਾਬਲਾ ਕਰਵਾਇਆ ਗਿਆ, ਜਿਸ ਦਾ ਵਿਸ਼ਾ "ਗੁਰੂ ਨਾਨਕ ਦੇਵ ਜੀ ਦੀਆਂ ਯਾਤਰਾਵਾਂ" ਸੀ । ਸਕੂਲ ਦੇ ਕਾਮਰਸ, ਆਰਟਸ ਅਤੇ ਸਾਇੰਸ ਵਿਭਾਗ ਦੇ 18 ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਭਾਗ ਲਿਆ। ਇਸ ਮੁਕਾਬਲੇ ਵਿੱਚ ਰਮਨਦੀਪ ਕੌਰ, ਰੇਨੂ ਸ਼ਰਮਾ ਅਤੇ ਜਸ਼ਨਦੀਪ ਕੌਰ ਨੇ ਕ੍ਰਮਵਾਰ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਨੇ ਜੇਤੂ ਅਤੇ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਹੋਰ ਮਿਹਨਤ ਕਰਨ ਅਤੇ ਭਵਿੱਖ ਵਿੱਚ ਅਜਿਹੇ ਹੋਰ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਪ੍ਰੋ: ਮਨਪ੍ਰੀਤ ਸਿੰਘ ਨੇ ਪ੍ਰਿੰਸੀਪਲ ਸਾਹਿਬ ਅਤੇ ਸਮੂਹ ਸਟਾਫ਼ ਦਾ ਧੰਨਵਾਦ ਕੀਤਾ। ਇਸ ਮੌਕੇ ਕਾਲਜੀਏਟ ਸਕੂਲ ਦੇ ਇੰਚਾਰਜ ਪ੍ਰੋ: ਤਰੁਣੀ ਬਾਲਾ, ਡਾ. ਗੁਰਪ੍ਰੀਤ ਸਿੰਘ ਅਤੇ ਪ੍ਰੋ: ਰਵੀ ਜਿੰਦਲ ਹਾਜ਼ਰ ਸਨ।

ਸ਼੍ਰੋਮਣੀ ਭਗਤ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ

ਖੰਨਾ (ਸੁਖਵਿੰਦਰ ਸਿੰਘ ਭਾਦਲਾ ਪਰਮਿੰਦਰ ਸਿੰਘ ਮੋਨੂੰ)-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 646 ਵਾਂ ਪ੍ਰਕਾਸ਼ ਦਿਹਾੜਾ ਸ੍ਰੀ ਗੁਰੂ ਰਵਿਦਾਸ ਕਲਿਆਣ ਸੇਵਾ ਦਲ ਵੱਲੋਂ ਬੜੀ ਸ਼ਰਧਾ ਤੇ ਧੂਮਧਾਮ ਨਾਲ ਡਾ.ਅੰਬੇਡਕਰ ਨਗਰ ਵਾਰਡ ਨੰਬਰ 7 ਵਿਖੇ ਗੁਰੂ ਰਵਿਦਾਸ ਧਰਮਸ਼ਾਲਾ ਵਿਖੇ ਪ੍ਰਬੰਧਕੀ ਕਮੇਟੀ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ ਮਨਾਇਆ ਗਿਆ, ਜਿਸ ਵਿੱਚ ਹਲਕਾ ਵਿਧਾਇਕ ਤਰੁਨਪ੍ਰੀਤ ਸਿੰਘ ਸੌਂਦ ਨੇ ਪਰਵਾਰ ਸਮੇਤ ਹਾਜ਼ਰੀ ਲਗਵਾਈ ਅਤੇ ਸਾਬਕਾ ਵਿਧਾਇਕ ਗੁਰਕੀਰਤ ਸਿੰਘ ਕੋਟਲੀ, ਨਗਰ ਕੌਂਸਲ ਪ੍ਰਧਾਨ ਕਮਲਜੀਤ ਸਿੰਘ ਲੱਧੜ, ਨਰਿੰਦਰ ਵਰਮਾ, ਸੰਸਥਾ ਦੇ ਚੇਅਰਮੈਨ ਧਰਮਵੀਰ, ਪ੍ਰਧਾਨ ਸ੍ਰੀ ਪਾਲ, ਉਪ ਪ੍ਰਧਾਨ ਰਾਮਪਾਲ ਠੇਕੇਦਾਰ, ਸਕੱਤਰ ਕੁਲਦੀਪ ਕੁਮਾਰ, ਸੁਰਿੰਦਰ ਕੁਮਾਰ, ਗੋਗੀ, ਦੀਪਕ ਕੁਮਾਰ, ਸੋਨੂੰ, ਟੇਕਚੰਦ, ਕਿਰਨਪਾਲ, ਕਰਮ ਚੰਦ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਜਗਦੀਸ਼ ਕੁਮਾਰ, ਵਿਸ਼ਾਲ ਕੁਮਾਰ ਆਦਿ ਹਾਜ਼ਰ ਸਨ।

ਭਗਤ ਰਵੀਦਾਸ ਜੀ ਦਾ ਜਨਮ ਦਿਹਾੜਾ ਸ਼ਰਧਾ ਨਾਲ ਮਨਾਇਆ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-ਗੁਰਦੁਆਰਾ ਸਿੰਘ ਸਭਾ ਮਮਦੋਟ ਵਿਖੇ ਮਹਾਨ ਸਮਾਜ ਸੁਧਾਰਕ, ਸੰਤ ਸ਼੍ਰੋਮਣੀ ਭਗਤ ਰਵੀਦਾਸ ਜੀ ਦਾ ਜਨਮ ਦਿਹਾੜਾ ਬਹੁਤ ਹੀ ਸ਼ਰਧਾ ਉਤਸ਼ਾਹ ਤੇ ਧਾਰਮਿਕ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਪਹਿਲਾਂ ਤੋਂ ਆਰੰਭ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਤੇ ਆਈ ਹੋਈ ਸੰਗਤ ਨੂੰ ਰਾਗੀ ਢਾਡੀ ਜਥਿਆਂ ਅਤੇ ਕਥਾਵਾਚਕਾਂ ਵੱਲੋਂ ਸੰਤ ਸ਼੍ਰੋਮਣੀ ਭਗਤ ਰਵੀਦਾਸ ਜੀ ਦੇ ਦੱਸੇ ਹੋਏ ਰਸਤੇ 'ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਫ਼ਿਰੋਜ਼ਪੁਰ ਦਿਹਾਤੀ ਰਜਨੀਸ਼ ਕੁਮਾਰ ਦਹੀਆ ਦੇ ਭਰਾ ਵਿਜੇ ਕੁਮਾਰ ਦਹੀਆ, ਨਿਰਵੈਰ ਸਿੰਘ ਸਿੰਧੀ ਸੀਨੀਅਰ ਆਗੂ ਆਮ ਆਦਮੀ ਪਾਰਟੀ ਲੋਕ ਸਭਾ ਹਲਕਾ ਫ਼ਿਰੋਜ਼ਪੁਰ, ਬਲਰਾਜ ਸਿੰਘ ਸੰਧੂ, ਬਲਵਿੰਦਰ ਸਿੰਘ ਰਾਉ ਕੇ, ਦਲਜੀਤ ਸਿੰਘ ਜੋਸਨ, ਹਰਜਿੰਦਰ ਸਿੰਘ ਸਿੰਧੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਵਿਜੇ ਕੁਮਾਰ ਦਹੀਆ ਨੇ ਕਿਹਾ ਕਿ ਸਾਨੂੰ ਗੁਰੂਆਂ ਦੇ ਦੱਸੇ ਹੋਏ ਰਸਤੇ 'ਤੇ ਚੱਲ ਕੇ ਸਮਾਜ ਸੇਵਾ ਅਤੇ ਦੱਬੇ ਕੁਚਲੇ ਲੋਕਾਂ ਦੀ ਸੇਵਾ ਵਿੱਚ ਹਰ ਸਮੇਂ ਲੱਗੇ ਰਹਿਣਾ ਚਾਹੀਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਪ੍ਰੀਤ ਸਿੰਘ ਸੰਧੂ ਪ੍ਰਧਾਨ ਪ੍ਰੈਸ ਕਲੱਬ ਮਮਦੋਟ, ਗੁਰਚਰਨ ਸਿੰਘ, ਹੀਰਾ ਲਾਲ, ਜਗਦੀਸ਼ ਲਾਲ, ਗਗਨ, ਵਿਜੇ ਸੰਧੂ, ਸੁਰਜੀਤ ਸਿੰਘ ਮੰਡ, ਦਰਬਾਰਾ ਸਿੰਘ, ਜਗਮੋਹਨ ਸਿੰਘ, ਸਰਬਜੀਤ ਸਿੰਘ, ਰਣਬੀਰ ਸਿੰਘ, ਸੁਖਵਿੰਦਰ ਸਿੰਘ ਤੇ ਅਜਮੇਰ ਸਿੰਘ ਆਦਿ ਹਾਜ਼ਰ ਸਨ ।

ਜ਼ਰੂਰਤਮੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ



ਜਗਰਾਉਂ (ਅਮਿਤ ਖੰਨਾ)-ਰਾਮਗੜ੍ਹੀਆ ਵੈਲਫੇਅਰ ਕੌਂਸਲ ਵੱਲੋਂ ਗੁਰਦਵਾਰਾ ਵਿਸਕਰਮਾ ਮੰਦਰ ਅੱਡਾ ਰਾਏਕੋਟ ਵਿਖੇ ਹਰੇਕ ਮਹੀਨੇ ਦੀ ਤਰ੍ਹਾਂ ਇਸ ਮਹੀਨੇ 17 ਜ਼ਰੂਰਤਮੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਸਰਪ੍ਰਸਤ ਬਾਬਾ ਮੋਹਨ ਸਿੰਘ ਸੱਗੂ ਨੇ ਕਿਹਾ ਕਿ ਇਹ ਸੰਸਥਾ ਪਿਛਲੇ 12 ਸਾਲਾਂ ਤੋਂ ਲਗਾਤਾਰ ਰਾਸਨ ਵੰਡਦੇ ਆ ਰਹੀ ਹੈ ਸਾਨੂੰ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ ਅਤੇ ਸਮਾਜ ਦੇ ਵਿਚ ਸਮਾਜ ਸੇਵੀ ਕੰਮ ਕਰਨੇ ਚਾਹੀਦੇ ਹਨ। ਇਸ ਮੌਕੇ ਸਰਪ੍ਰਸਤ ਬਾਬਾ ਮੋਹਨ ਸਿੰਘ ਸੱਗੂ, ਸਰਪ੍ਰਸਤ ਬਲਵੰਤ ਸਿੰਘ ਪਨੇਸਰ, ਬਿਲਡਿੰਗ ਸਰਪ੍ਰਸਤ ਜਗਦੇਵ ਸਿੰਘ ਮਠਾੜੂ, ਜਸਵੰਤ ਸਿੰਘ ਸੱਗੂ, ਰਾਜਵੰਤ ਸਿੰਘ ਸੱਗੂ, ਪ੍ਰਿੰਸੀਪਲ ਮਨਮੋਹਨ ਸਿੰਘ, ਡਾਕਟਰ ਗੁਰਪ੍ਰੀਤ ਸਿੰਘ, ਡਾਕਟਰ ਮਨਪ੍ਰੀਤ ਸਿੰਘ ਸੀਰਾ, ਸੁਰਜੀਤ ਸਿੰਘ ਖੁਰਲ ਤੇ ਉਨ੍ਹਾਂ ਦੀ ਪਤਨੀ ਕਨੇਡਾ ਵਾਲੇ, ਭੁਪਿੰਦਰ ਸਿੰਘ ਉੱਭੀ, ਦਰਸ਼ਨ ਸਿੰਘ ਸੱਗੂ, ਤਰਲੋਚਨ ਸਿੰਘ ਪਨੇਸਰ, ਹਰਜਿੰਦਰ ਸਿੰਘ ਮੁਧੜ, ਭਵਨਜੀਤ ਸਿੰਘ ਉੱਭੀ ਆਦਿ ਹਾਜ਼ਰ ਸਨ।

ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਲਗਾਇਆ ਲੰਗਰ

ਮੱਖੂ (ਰਛਪਾਲ ਸਿੰਘ ਸੰਧੂ)-ਮਹਾਨ ਸੰਤ ਭਗਤੀ ਲਹਿਰ ਦੇ ਰਹਿਨੁਮਾ ਅਤੇ ਸਮਾਜ ਸੁਧਾਰਕ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਦਿਨ ਦੀ ਖੁਸ਼ੀ ਮੌਕੇ ਜ਼ੀਰਾ ਮੋੜ ਮਖੂ ਰੇਲਵੇ ਫਾਟਕ ਨਜ਼ਦੀਕ ਸੰਗਤਾਂ ਵੱਲੋਂ ਚਾਹ ਬਰੈਡ ਦੇ ਲੰਗਰ ਲਗਾਏ ਗਏ। ਇਸ ਮੌਕੇ ਵਿਨੋਦ ਕੁਮਾਰ, ਫਿਰੋਜੀ ਰਾਮ, ਬਿੱਟੂ ਹਲਵਾਈ ਚਾਚਾ ਭਤੀਜਾ ਸਵੀਟਸ, ਸੁਰਿੰਦਰ ਬੇਕਰੀ, ਭਾਨ ਸਿੰਘ, ਅੱਛਰ ਸਿੰਘ, ਕਿਰਨ ਪੇਂਟਰ, ਦਵਿੰਦਰ ਸਿੰਘ ਛਾਬੜਾ ਸਰਬੱਤ ਦਾ ਭਲਾ ਚੈਰੀਟੇਬਲ ਇਕਾਈ ਮਖੂ ਪ੍ਰਧਾਨ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ ਅਮਰਜੀਤ ਕੌਰ ਛਾਬੜਾ, ਅਕਾਸ਼ਦੀਪ ਸਿੰਘ, ਡਾ. ਜੁਗਿੰਦਰ ਸਿੰਘ ਹਾਜ਼ਰ ਸਨ।

ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਦੀ ਨੀਂਦ ਖੋਲ੍ਹਣ ਲਈ ਧਰਨਾ ਦੇਣ ਦਾ ਐਲਾਨ

ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਵਿੱਚ ਹਜ਼ਾਰਾਂ ਕਿਸਾਨਾਂ ਮਜ਼ਦੂਰਾਂ, ਬੀਬੀਆਂ ਵੱਲੋਂ ਧਰਤੀ, ਹਵਾ, ਪਾਣੀ ਨੂੰ ਕਾਰਪੋਰੇਟ ਘਰਾਣਿਆਂ ਤੋਂ ਬਚਾਉਣ, ਰਾਣਾ ਸ਼ਰਾਬ ਫੈਕਟਰੀ ਲਹੁਕਾ ਅਤੇ ਹੋਰਨਾਂ ਸਨਅਤਾਂ ਵੱਲੋਂ ਕੈਮੀਕਲ ਯੁਕਤ ਜ਼ਹਿਰੀਲਾ ਪਾਣੀ ਬੋਰ ਕਰਾ ਕੇ ਧਰਤੀ ਹੇਠ ਅਤੇ ਦਰਿਆਵਾਂ, ਨਹਿਰਾਂ, ਰੋਹੀਆਂ, ਨਾਲਿਆਂ ਵਿੱਚ ਪਾ ਕੇ ਵਾਤਾਵਰਣ ਦੂਸ਼ਿਤ ਕਰਕੇ ਭਿਆਨਕ ਬਿਮਾਰੀਆਂ ਫੈਲਾਉਣ ਵਿਰੁੱਧ ਡੀਸੀ ਦਫ਼ਤਰ ਅੱਗੇ ਰੋਹ ਭਰਪੂਰ ਧਰਨਾ ਦਿੱਤਾ। ਹਜ਼ਾਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਪ੍ਰੀਤ ਸਿੰਘ ਸਿੱਧਵਾਂ, ਸਤਨਾਮ ਸਿੰਘ ਮਾਨੋਚਾਹਲ, ਹਰਜਿੰਦਰ ਸਿੰਘ ਸਕਰੀ, ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੱਦੀ ਨੇ ਕਿਹਾ ਕਿ ਸਰਕਾਰਾਂ ਦੀ ਮਿਲੀ ਭੁਗਤ ਨਾਲ ਕਾਰਪੋਰੇਟ ਘਰਾਣੇ ਧਰਤੀ ਹਵਾ ਪਾਣੀ ਬਰਬਾਦ ਰਹੇ ਹਨ। ਉਨ੍ਹਾਂ ਵੱਲੋਂ ਵੱਧ ਤੋਂ ਵੱਧ ਮੁਨਾਫ਼ੇ ਕਮਾਉਣ ਦੀ ਅੰਨ੍ਹੀ ਦੌੜ ਤਹਿਤ ਸਾਰੇ ਨਿਯਮਾਂ ਨੂੰ ਛਿੱਕੇ ਟੰਗ ਕੇ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ, ਕਿਉਂਕਿ ਸਨਅਤਾਂ ਲਾਉਣ ਸਮੇ ਕਨੂੰਨ ਤਹਿਤ ਸਾਰੀਆਂ ਸਰਤਾ ਪੂਰੀਆਂ ਕਰਨ ਦੀ ਥਾਂ ਸਰਕਾਰਾਂ ਅਤੇ ਪ੍ਰਸ਼ਾਸਨ ਨਾਲ ਗੰਢ-ਤੁੱਪ ਕਰਕੇ ਸਾਰੇ ਨਿਯਮ ਛਿੱਕੇ ਟੰਗ ਕੇ ਫੈਕਟਰੀਆਂ ਲਾ ਕੇ ਚਲਾਈਆਂ ਜਾ ਰਹੀਆਂ ਹਨ।

ਉਨ੍ਹਾਂ ਕਿਹਾ ਕਿ ਰਾਣਾ ਸ਼ਰਾਬ ਫੈਕਟਰੀ ਲਹੁਕਾ ਦੇ ਆਸ ਪਾਸ ਦੇ ਪਿੰਡਾਂ ਵਿੱਚ ਖੇਤੀ ਟਿਊਬਵੈਲਾਂ ਤੇ ਘਰੇਲੂ ਬੋਰਾਂ ਵਿੱਚੋਂ ਲਾਹਣ ਵਾਲਾ ਗੰਦਾ ਪਾਣੀ ਨਿਕਲ ਰਿਹਾ ਹੈ, ਜਿਸ ਸਬੰਧੀ ਸੋਸ਼ਲ ਮੀਡੀਆ 'ਤੇ ਵੀ ਕਾਫੀ ਵੀਡੀਓ ਵਾਇਰਲ ਹੋਈਆਂ ਹਨ। ਜਿਸ ਤੋਂ ਸਪੱਸ਼ਟ ਹੈ ਕਿ ਫੈਕਟਰੀ ਵੱਲੋਂ ਡੂੰਘੇ ਬੋਰ ਕਰਾ ਕੇ ਜ਼ਹਿਰੀਲਾ ਪਾਣੀ ਧਰਤੀ ਹੇਠਾਂ ਪਾਇਆ ਜਾ ਰਿਹਾ ਹੈ।

ਇਸ ਮੌਕੇ ਦਿਆਲ ਸਿੰਘ ਮੀਆਂਵਿੰਡ, ਰੇਸਮ ਸਿੰਘ ਘੁਰਕਵਿੰਡ, ਬਲਵਿੰਦਰ ਸਿੰਘ ਚੋਹਲਾ ਸਾਹਿਬ, ਹਰਬਿੰਦਰ ਜੀਤ ਸਿੰਘ ਕੰਗ ਨੇ ਸੰਬੋਧਨ ਕਰਦਿਆਂ ਕਿਹਾ ਕਿ ਰਾਣਾ ਸ਼ਰਾਬ ਫੈਕਟਰੀ ਲਹੁਕਾ ਅਤੇ ਹੋਰਨਾਂ ਸਨਅਤਾਂ ਵੱਲੋਂ ਜ਼ਹਿਰੀਲਾ ਪਾਣੀ ਧਰਤੀ ਹੇਠ ਅਤੇ ਦਰਿਆਵਾਂ, ਰੋਹੀਆਂ, ਨਾਲਿਆਂ ਵਿੱਚ ਪਾ ਕੇ ਵਾਤਾਵਰਣ ਦੂਸ਼ਿਤ ਕੀਤਾ ਜਾ ਰਿਹਾ ਹੈ, ਜਿਸ ਕਾਰਨ ਲੋਕ ਕੈਂਸਰ, ਕਾਲਾ ਪੀਲੀਆ, ਲੀਵਰ ਅਤੇ ਗੁਰਦਿਆਂ ਦੀਆਂ ਬਿਮਾਰੀਆਂ, ਅਲਰਜੀ ਅਤੇ ਚਮੜੀ ਰੋਗ ਆਦਿ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਕੇ ਮੌਤ ਦੇ ਮੂੰਹ ਵਿੱਚ ਜਾ ਰਹੇ ਹਨ। ਆਗੂਆਂ ਨੇ ਮੰਗ ਕੀਤੀ ਕਿ ਰਾਣਾ ਸ਼ਰਾਬ ਫੈਕਟਰੀ ਲਹੁਕਾ ਸਮੇਤ ਹੋਰਨਾਂ ਸਨਅਤੀ ਇਕਾਈਆਂ ਦੀ ਜਾਂਚ ਹਾਈਕੋਰਟ ਦੇ ਮੌਜੂਦਾ ਜੱਜ ਦੀ ਨਿਗਰਾਨੀ ਹੇਠ ਜਾਚ ਟੀਮ ਗਠਿਤ ਕਰਕੇ ਕੀਤੀ ਜਾਵੇ। ਦੋਸ਼ੀ ਸਨਅਤੀ ਇਕਾਈਆਂ ਤੁਰੰਤ ਬੰਦ ਕਰਕੇ ਮਾਲਕਾਂ ਖਿਲਾਫ ਸਖਤ ਅਪਰਾਧਿਕ ਧਾਰਾਵਾਂ ਤਹਿਤ ਪਰਚੇ ਦਰਜ ਕੀਤੇ ਜਾਣ। ਫੈਕਟਰੀਆਂ, ਕਾਰਖਾਨਿਆਂ ਵੱਲੋਂ ਦਰਿਆਵਾਂ ਨਹਿਰਾਂ, ਨਾਲਿਆਂ, ਰੋਹੀਆਂ, ਸੀਵਰੇਜਾਂ ਵਿੱਚ ਪਾਇਆ ਜਾ ਰਿਹਾ ਦੂਸ਼ਿਤ ਪਾਣੀ ਬੰਦ ਕੀਤਾ ਜਾਵੇ। ਪ੍ਰਦੂਸ਼ਣ ਕੰਟਰੋਲ ਬੋਰਡ ਵਿੱਚ ਫੈਲਿਆ ਭ੍ਰਿਸ਼ਟਾਚਾਰ ਬੰਦ ਕੀਤਾ ਜਾਵੇ। ਤਰਨਤਾਰਨ ਜ਼ਿਲ੍ਹੇ ਵਿੱਚ ਪ੍ਰਦੂਸ਼ਣ ਕੰਟਰੋਲ ਬੋਰਡ ਦਾ ਦਫ਼ਤਰ ਖੋਲ੍ਹਿਆ ਜਾਵੇ।

ਇਸ ਮੌਕੇ ਬੀਬੀ ਦਵਿੰਦਰ ਕੌਰ, ਸੁਖਵੰਤ ਕੌਰ ਪਿੱਦੀ, ਸਲਵਿੰਦਰ ਸਿੰਘ ਜੀਓਬਾਲਾ, ਸੁਖਵਿੰਦਰ ਸਿੰਘ ਦੁੱਗਲਵਾਲਾ, ਦਿਲਬਾਗ ਸਿੰਘ ਪਹੂਵਿੰਡ, ਨਿਰੰਜਣ ਸਿੰਘ ਬਗਰਾੜੀ, ਮੇਹਰ ਸਿੰਘ ਤਲਵੰਡੀ, ਅਜੀਤ ਸਿੰਘ ਚੰਬਾ, ਕੁਲਵੰਤ ਸਿੰਘ ਭੈਲ, ਸਲਵਿੰਦਰ ਸਿੰਘ ਡਾਲੇਕੇ, ਕੁਲਵਿੰਦਰ ਸਿੰਘ ਕੈਰੋਵਾਲ, ਪਾਖਰ ਸਿੰਘ ਲਾਲਪੁਰਾ, ਸਤਨਾਮ ਸਿੰਘ ਖੋਜਕੀਪੁਰ, ਮਨਜਿੰਦਰ ਸਿੰਘ ਗੋਹਲਵੜ, ਇਕਬਾਲ ਸਿੰਘ ਵੜਿੰਗ, ਗਿਆਨ ਸਿੰਘ ਚੋਹਲਾ ਸਾਹਿਬ, ਗੁਰਜੰਟ ਸਿੰਘ ਭੱਗੂਪੁਰ, ਪਰਮਜੀਤ ਸਿੰਘ ਛੀਨਾ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

ਪਾਵਰਕਾਮ ਠੇਕਾ ਕਾਮਿਆਂ ਵੱਲੋਂ ਰੋਸ ਪ੍ਰਦਰਸ਼ਨ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਪਾਵਰਕਾਮ ਤੇ ਟਰਾਂਸਕੋ ਵੱਲੋਂ ਕੰਟਰੈਕਚੂਅਲ ਵਰਕਰਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਕੰਮ ਕਰਦੇ ਬਿਜਲੀ ਕਾਮਿਆਂ ਨੇ ਵਿਭਾਗ ਵੱਲੋਂ 31 ਮਾਰਚ ਤੋਂ ਬਾਅਦ ਮੁੜ ਜੁਆਨਿੰਗ ਪੱਤਰ ਹਾਸਲ ਕੀਤੇ ਜਾਣ ਦੇ ਜਾਰੀ ਕੀਤੇ ਗਏ ਨਾਦਰਸ਼ਾਹੀ ਫਰਮਾਨਾਂ ਦੀਆਂ ਕਾਪੀਆਂ ਸਾੜ ਕੇ ਵਿਰੋਧ ਰੋਸ ਪ੍ਰਦਰਸ਼ਨ ਕੀਤਾ। ਪਾਵਰਕਾਮ ਡਵੀਜ਼ਨ ਪਾਤੜਾਂ ਸਾਹਮਣੇ ਕੀਤੇ ਗਏ ਰੋਸ ਪ੍ਰਦਰਸ਼ਨ ਦੌਰਾਨ ਇਕੱਤਰ ਕਰਮੀਆਂ ਨੇ ਪਾਵਰਕਾਮ ਮੈਨੇਜਮੈਂਟ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਮੁੱਖ ਦਫਤਰ ਸਾਹਮਣੇ ਧਰਨਾ ਦੇਣ ਦਾ ਐਲਾਨ ਕੀਤਾ ਹੈ। ਜਥੇਬੰਦੀ ਦੇ ਪ੍ਰਧਾਨ ਸਤਿਗੁਰੂ ਸਿੰਘ, ਮਨੀਸ਼ ਕੁਮਾਰ, ਗੁਰਮੁੱਖ ਸਿੰਘ ਤੇ ਧਰਮਿੰਦਰ ਸਿੰਘ ਨੇ ਦੱਸਿਆ ਕਿ ਬਿਜਲੀ ਬੋਰਡ ਦੇ ਹੈਡ ਆਫਿਸ ਪਟਿਆਲਾ ਵੱਲੋਂ ਪੰਜਾਬ ਸਰਕਾਰ ਦੀ ਸ਼ਹਿ 'ਤੇ ਜਾਰੀ ਕੀਤੇ ਗਏ ਪੱਤਰ ਜਿਸ ਵਿੱਚ ਪੈਸਕੋ ਕਾਮਿਆਂ ਨੂੰ 31 ਮਾਰਚ ਤੋਂ ਬਾਅਦ ਪੈਸਕੋ ਤੋਂ ਹੀ ਦੁਬਾਰਾ ਜੁਆਇੰਨਿੰਗ ਲੈਟਰ ਲੈ ਕੇ ਆਉਣ ਬਾਰੇ ਹੁਕਮ ਜਾਰੀ ਕੀਤੇ ਗਏ ਹਨ ਅਤੇ ਕਿਹਾ ਕਿ ਜੇਕਰ ਕੋਈ ਅਜਿਹਾ ਨਹੀਂ ਕਰਦਾ ਤਾਂ ਉਸ ਦੀਆਂ ਸੇਵਾਵਾ ਸਮਾਪਤ ਮੰਨੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਜਦੋਂਕਿ ਮਹਿਕਮਾ ਪੀ ਐਸ ਪੀ ਸੀ ਐਲ ਅਤੇ ਪੀ ਐਸ ਟੀ ਸੀ ਐਲ ਦਾ ਪੈਸਕੋ ਕੰਪਨੀ ਨਾਲ ਕੰਟਰੈਕਟ ਹੋਇਆ ਹੈ, ਇਹ ਐਗਰੀਮੈਂਟ ਹੈਡ ਆਫਿਸ ਲੈਵਲ 'ਤੇ ਮਹਿਕਮੇ ਵੱਲੋਂ ਕੀਤਾ ਜਾਂਦਾ ਹੈ। ਉਹਨਾਂ ਚਿਤਾਵਨੀ ਦਿੱਤੀ ਹੈ ਜੇਕਰ ਜਾਰੀ ਕੀਤਾ ਗਿਆ ਹੁਕਮਨਾਮਾ ਲਿਆ ਗਿਆ ਤਾਂ 16 ਫਰਵਰੀ ਨੂੰ ਹੈਡ ਆਫਿਸ ਪਟਿਆਲਾ ਵਿਖੇ ਸੂਬਾ ਪੱਧਰੀ ਧਰਨਾ ਦਿੱਤਾ ਜਾਵੇਗਾ।

ਉਚ ਯੋਗਤਾ ਸਰਟੀਫਿਕੇਟਾਂ ਦੇ ਝੋਲੇ ਭਰ ਕੇ ਚਪੜਾਸੀ ਦੀਆਂ 7 ਅਸਾਮੀਆਂ ਲਈ ਤੁਰੇ 5400 ਨੌਜਵਾਨ

ਸਿਰਸਾ (ਸੁਰਿੰਦਰ ਪਾਲ ਸਿੰਘ)

ਦੇਸ਼ ਦੇ ਪ੍ਰਧਾਨ ਮੰਤਰੀ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੇ ਜੁਮਲਿਆਂ ਨੂੰ ਹਰਿਆਣਾ ਸਰਕਾਰ ਵੱਲੋਂ ਪਹਿਲ ਦੇ ਅਧਾਰ 'ਤੇ ਅਪਣਾਉਣ ਦੇ ਸਿਟੇ ਇਹ ਆ ਰਹੇ ਹਨ ਕਿ ਸੂਬੇ ਵਿੱਚ ਉੱਚ ਯੋਗਤਾ ਵਾਲੇ ਐਮ ਫਿਲ, ਐਮ ਏ, ਐਮ ਕਾਮ, ਐਮ ਬੀ ਏ, ਐਮ ਐਡ, ਐਮ ਫਾਰਮਾ ਪਾਸ ਨੌਜਵਾਨ ਆਪਣੀ ਯੋਗਤਾ ਅਨੁਸਾਰ ਨੌਕਰੀਆਂ ਨਾ ਮਿਲਣ ਕਾਰਨ ਚਪੜਾਸੀ ਦੇ ਅਹੁਦੇ ਲਈ ਅਪਲਾਈ ਕਰ ਰਹੇ ਹਨ।ਸਿਰਸਾ ਜ਼ਿਲ੍ਹਾ ਅਦਾਲਤ ਵਿੱਚ ਪ੍ਰੋਸੈਸ ਸਰਵਰ ਦੀਆਂ 3 ਅਸਾਮੀਆਂ ਲਈ 10ਵੀਂ ਜਮਾਤ ਦੀ ਯੋਗਤਾ ਲਈ ਅਰਜ਼ੀਆਂ ਮੰਗੀਆਂ ਗਈਆਂ ਸਨ ਭਾਵ ਹਿੰਦੀ, ਪੰਜਾਬੀ ਦੇ ਗਿਆਨ ਵਾਲੇ ਚਪੜਾਸੀ ਦੀਆਂ 7 ਅਸਾਮੀਆਂ ਲਈ 8ਵੀਂ ਜਮਾਤ ਦੀ ਯੋਗਤਾ ਲਈ ਅਰਜ਼ੀਆਂ ਮੰਗੀਆਂ ਗਈਆਂ ਸਨ।ਵਿਡੰਵਨਾ ਇਹ ਕਿ ਇਨ੍ਹਾਂ ਅਸਾਮੀਆਂ ਲਈ ਉਕਤ ਯੋਗਤਾ ਯੁਕਤ 5400 ਨੌਜਵਾਨਾਂ ਨੇ ਅਪਲਾਈ ਕੀਤਾ। ਸਿਰਸਾ, ਹਿਸਾਰ, ਫਤਿਹਾਬਾਦ, ਹਾਂਸੀ, ਕੈਥਲ, ਭਿਵਾਨੀ ਸਮੇਤ ਪੂਰੇ ਸੂਬੇ ਤੋਂ ਇਲਾਵਾ ਪੰਜਾਬ ਅਤੇ ਰਾਜਸਥਾਨ ਤੋਂ ਵੀ ਬੇਰੁਜ਼ਗਾਰ ਲੜਕੇ-ਲੜਕੀਆਂ ਨੇ ਇਨ੍ਹਾਂ ਅਸਾਮੀਆਂ ਲਈ ਅਪਲਾਈ ਕੀਤਾ।

ਇਨ੍ਹਾਂ ਅਰਜ਼ੀ ਦੇਣ ਵਾਲੇ ਇੱਕ ਬਿਨੈਕਾਰ ਨੇ ਐਮ ਫਿਲ ਅਤੇ ਬੀ.ਐਡ. ਅਤੇ ਡੱਬਵਾਲੀ ਤੋਂ ਬਿਨੈਕਾਰ ਨੇ ਐਮ ਫਾਰਮਾ ਪਾਸ ਕੀਤਾ ਹੈ। ਪਿੰਡ ਭਾਦੜਾ ਦੇ ਇੱਕ ਬਿਨੈਕਾਰ ਨੇ ਐਮ ਬੀ ਏ ਅਤੇ ਬੀ ਐੱਡ। ਇਸੇ ਤਰ੍ਹਾਂ ਕੈਥਲ ਤੋਂ ਬਿਨੈਕਾਰ ਨੇ ਐਮ ਐਸ ਸੀ ਅਤੇ ਐਮ ਸੀ ਏ, ਪਿੰਡ ਵਨਸੁਧਰ ਦੇ ਬਿਨੈਕਾਰ ਨੇ ਐਮ ਐਸ ਸੀ ਬੀ ਐਡ ਅਤੇ ਭੱਟੂ ਕਲਾਂ ਤੋਂ ਬਿਨੈਕਾਰ ਨੇ ਐਮ ਏ ਜੇ ਬੀ ਟੀ ਨੇ ਅਪਲਾਈ ਕੀਤਾ। ਬੇਰੋਜ਼ਗਾਰੀ ਦੇ ਝੰਬੇ ਇਨਾਂ ਨੌਜਵਾਨਾਂ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਵਿੱਦਿਅਕ ਯੋਗਤਾ ਅਨੁਸਾਰ ਨੌਕਰੀਆਂ ਨਾ ਮਿਲਣ ਕਾਰਨ ਉਹ ਸਰਵਰ ਅਤੇ ਚਪੜਾਸੀ ਦੀ ਲਾਈਨ ਵਿੱਚ ਖੜ੍ਹੇ ਹੋਣ ਲਈ ਮਜਬੂਰ ਹਨ।ਨੌਜਵਾਨਾਂ ਦਾ ਕਹਿਣਾ ਹੈ ਕਿ ਜਿੱਥੇ ਵੀ ਮਿਲੇ ਤੇ ਜੋ ਵੀ ਮਿਲੇ ਉਹ ਸਰਕਾਰੀ ਨੌਕਰੀ ਕਰਨ ਲਈ ਤਿਆਰ ਹਨ।ਕਿਉਂਕਿ ਨਿੱਜੀ ਖੇਤਰ ਵਿੱਚ ਸ਼ੋਸ਼ਣ ਬਹੁਤ ਜ਼ਿਆਦਾ ਹੈ ਅਤੇ ਤਨਖਾਹ ਬਹੁਤ ਘੱਟ ਹੈ।

ਭਾਜਪਾ ਨੇ ਪੰਜਾਬ ਨੂੰ ਹਮੇਸ਼ਾ ਹੀ ਅਣਗੌਲਿਆ ਕੀਤਾ : ਉਗੋਕੇ

ਤਪਾ ਮੰਡੀ (ਅਰੁਣ ਗੋਇਲ, ਮੁਨੀਸ਼ ਬਾਂਸਲ)-ਕੇਂਦਰ ਦੀ ਬੀਜੇਪੀ ਸਰਕਾਰ ਵੱਲੋਂ ਪੰਜਾਬ ਨੂੰ ਹਮੇਸ਼ਾ ਹੀ ਅਣਗੌਲਿਆ ਕੀਤਾ ਗਿਆ ਹੈ। ਗਣਤੰਤਰ ਦਿਵਸ ਮੌਕੇ ਪੰਜਾਬ ਦੀ ਝਾਕੀ ਨੂੰ ਪੇਸ਼ ਨਾ ਕਰਨਾ ਬਹੁਤ ਹੀ ਮੰਦਭਾਗਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਆਮ ਆਦਮੀ ਹਲਕਾ ਭਦੌੜ ਤੋਂ ਵਿਧਾਇਕ ਲਾਭ ਸਿੰਘ ਉਗੋਕੇ ਨੇ ਇੱਕ ਧਾਰਮਿਕ ਸਮਾਗਮ 'ਚ ਕੀਤਾ। ਉਨ੍ਹਾਂ ਕਿਹਾ ਕਿ ਦੇਸ਼ ਦੇ ਵਿੱਤ ਮੰਤਰੀ ਵੱਲੋਂ ਜੋ ਬਜਟ ਪੇਸ਼ ਕੀਤਾ ਗਿਆ ਹੈ, ਉਸ ਵਿਚ ਵੀ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੈ। ਉਨ੍ਹਾਂ ਕਿਹਾ ਕਿ ਬੀ ਜੇ ਪੀ ਦੀ ਸੋਚ ਵਿੱਚੋਂ ਪੰਜਾਬ ਹਮੇਸ਼ਾ ਹੀ ਬਾਹਰ ਰਿਹਾ ਹੈ, ਪਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕੇਂਦਰ ਨੂੰ ਇਸ ਤਰ੍ਹਾਂ ਵਿਤਕਰਾ ਨਹੀਂ ਕਰਨ ਦੇਵੇਗੀ। ਇਸ ਮੌਕੇ ਟਰੱਕ ਯੂਨੀਅਨ ਦੇ ਪ੍ਰਧਾਨ ਨਰਾਇਣ ਸਿੰਘ ਪੰਧੇਰ, ਜਸਵਿੰਦਰ ਚੱਠਾ, ਬਲਜੀਤ ਬਾਸੀ, ਕੁਲਵਿੰਦਰ ਚੱਠਾ, ਕਾਲਾ ਚੱਠਾ, ਹੈਰੀ ਧੂਰਕੋਟ, ਜਸਵੀਰ ਸਿੰਘ ਜੱਸੀ, ਰਿੰਕਾ ਮੋਬਾਇਲਾਂ ਵਾਲਾ ਆਦਿ ਹਾਜ਼ਰ ਸਨ।

ਮਹੰਤ ਕਰਮਜੀਤ ਦੀ ਬਾਦਲ ਦਲ ਨਾਲ ਜੋਟੀ ਤੇ ਨੀਅਤ ਖੋਟੀ : ਦਾਦੂਵਾਲ

ਸਿਰਸਾ (ਸੁਰਿੰਦਰ ਪਾਲ ਸਿੰਘ)

ਐਚ ਐਸ ਜੀ ਪੀ ਸੀ ਦੇ ਸਾਬਕਾ ਪ੍ਰਧਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਹਰਿਆਣਾ ਕਮੇਟੀ ਦੇ ਮੌਜੂਦਾ ਪ੍ਰਧਾਨ ਤੇ ਤੱਕੜਾਂ ਤਲਖ ਨਿਹੋਰਾ ਕਸਦਿਆਂ ਕਿਹਾ ਕਿ ਮਹੰਤ ਕਰਮਜੀਤ ਸਿੰਘ ਦੀ ਬਾਦਲ ਦਲ ਨਾਲ ਪੁਰਾਣੀ ਸਾਂਝ ਦੇ ਚੱਲਦਿਆਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਰਾਹੀਂ ਹਰਿਆਣਾ ਅਤੇ ਕੇਂਦਰ ਸਰਕਾਰ ਨਾਲ ਰਾਬਤਾ ਬਣਾ ਕੇ ਪ੍ਰਧਾਨ ਬਣਵਾਇਆ ਗਿਆ ਹੈ। ਇਸੇ ਲਈ ਉਹ ਗੁਰਦੁਆਰਿਆਂ ਦੀ ਸੇਵਾ-ਸੰਭਾਲ ਸ਼੍ਰੋਮਣੀ ਕਮੇਟੀ ਤੋਂ ਲੈਣਾ ਹੀ ਨਹੀਂ ਚਾਹੁੰਦਾ। ਉਨ੍ਹਾਂ ਅੱਗੇ ਕਿਹਾ ਕਿ ਨਵੀਂ ਕਮੇਟੀ ਬਣੀ ਨੂੰ ਦੋ ਮਹੀਨੇ ਹੋ ਗਏ ਹਨ, ਪਰ ਹਾਲੇ ਤੱਕ ਇੱਕ ਵੀ ਨਵੇਂ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਨਹੀਂ ਲਿਆ ਗਿਆ, ਜਿਸ ਤੋਂ ਸਾਫ਼ ਜ਼ਾਹਰ ਹੈ ਕਿ ਬਾਦਲ ਦਲ ਤੇ ਮਹੰਤ ਦੀ ਮਿਲੀਭੁਗਤ ਦੀ ਖਿਚੜੀ ਪੱਕ ਰਹੀ ਹੈ। ਜਥੇਦਾਰ ਦਾਦੂਵਾਲ ਇਥੇ ਹੀ ਨਹੀਂ ਰੁਕੇ, ਉਨ੍ਹਾਂ ਕਿਹਾ ਕਿ ਜੇਕਰ ਮਹੰਤ ਕਰਮਜੀਤ ਸਿੰਘ ਨੂੰ ਬਾਦਲ ਦਲ ਨਾਲ ਬਹੁਤਾ ਹੀ ਹੇਜ਼ ਹੈ ਤਾਂ ਉਹ ਅਸਤੀਫ਼ਾ ਦੇ ਕੇ ਹਰਿਆਣਾ ਕਮੇਟੀ ਤੋਂ ਪਾਸੇ ਹੋ ਜਾਣ, ਹਰਿਆਣਾ ਦੀਆਂ ਸਿੱਖ ਸੰਗਤਾਂ ਆਪਣੇ ਗੁਰਧਾਮਾਂ ਦਾ ਪ੍ਰਬੰਧ ਖੁਦ ਸੰਭਾਲ ਲੈਣਗੀਆਂ। ਦਾਦੂਵਾਲ ਨੇ ਕਿਹਾ ਕਿ ਹਰਿਆਣਾ ਵਿਚ ਸਥਿਤ ਇਤਿਹਾਸਕ ਗੁਰਦੁਆਰਿਆਂ ਗੁਰਧਾਮਾਂ ਦੀ ਸੇਵਾ ਸੰਭਾਲ ਕਰਨ ਵਾਸਤੇ ਹਰਿਆਣਾ ਸਰਕਾਰ ਵਲੋਂ ਗੁਰਦੁਆਰਾ ਐਕਟ 2014 ਬਣਾ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਹੋਂਦ ਵਿੱਚ ਲਿਆਂਦੀ ਗਈ ਸੀ, ਜਿਸ ਦੇ ਖਿਲਾਫ਼ ਸ਼੍ਰੋਮਣੀ ਕਮੇਟੀ ਦੀ ਰੀਵਿਊ ਪਟੀਸ਼ਨ ਖਾਰਜ ਹੋ ਚੁੱਕੀ ਹੈ। ਹੁਣ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਦੁਆਰਿਆਂ ਦੀ ਸੇਵਾ ਸੰਭਾਲ ਕਾਨੂੰਨੀ ਤੌਰ 'ਤੇ ਕਰ ਸਕਦੀ ਹੈ।

...ਸਫ਼ਾ 1 ਦੇ ਬਾਕੀ

ਲੋਕਾਂ ਨੇ ਕਈ ਥਾਈਂ...

ਛੋਟੇ ਹਥਿਆਰਾਂ ਦਾ ਕਾਂਟ੍ਰੈਕਟ ਮਿਲ ਜਾਂਦਾ ਹੈ। ਉਸ ਵਿਚ ਪੈਗਾਸਸ ਵੀ ਹੈ। ਹਿੰਦੁਸਤਾਨ-ਇਜ਼ਰਾਈਲ ਦਾ ਡਿਫੈਂਸ ਬਿਜ਼ਨਸ 90 ਫੀਸਦੀ ਅਡਾਨੀ ਜੀ ਲੈ ਗਏ।

ਰਾਹੁਲ ਨੇ ਗੱਲ ਜਾਰੀ ਰੱਖਦਿਆਂ ਕਿਹਾ—ਆਸਟਰੇਲੀਆ ਚਲਦੇ ਹਾਂ। ਪ੍ਰਧਾਨ ਮੰਤਰੀ ਆਸਟਰੇਲੀਆ ਜਾਂਦੇ ਹਨ ਤੇ ਜਾਦੂ ਨਾਲ ਸਟੇਟ ਬੈਂਕ ਆਫ ਇੰਡੀਆ ਇਕ ਅਰਬ ਡਾਲਰ ਦਾ ਕਰਜ਼ਾ ਅਡਾਨੀ ਜੀ ਨੂੰ ਦੇ ਦਿੰਦੀ ਹੈ। ਉਸ ਦੇ ਬਾਅਦ ਬੰਗਲਾਦੇਸ਼ ਗਏ, ਉਥੇ ਬਿਜਲੀ ਵੇਚਣ ਦਾ ਫੈਸਲਾ ਲਿਆ ਜਾਂਦਾ ਹੈ। ਕੁਝ ਦਿਨ ਬਾਅਦ ਬੰਗਲਾਦੇਸ਼ ਪਾਵਰ ਡਿਵੈੱਲਪਮੈਂਟ ਬੋਰਡ 25 ਸਾਲ ਦਾ ਕਾਂਟ੍ਰੈਕਟ ਅਡਾਨੀ ਜੀ ਨਾਲ ਸਾਈਨ ਕਰਦਾ ਹੈ। ਸ੍ਰੀਲੰਕਾ ਚਲਦੇ ਹਾਂ। ਜੂਨ 2022 ਵਿਚ ਇਲੈਕਟ੍ਰੀਸਿਟੀ ਬੋਰਡ ਨੇ ਸੰਸਦ ਵਿਚ ਦੱਸਿਆ ਕਿ ਰਾਸ਼ਟਰਪਤੀ ਰਾਜਪਕਸ਼ਾ ਨੇ ਉਨ੍ਹਾ ਨੂੰ ਕਿਹਾ ਸੀ ਕਿ ਮੋਦੀ ਜੀ ਨੇ ਉਨ੍ਹਾ 'ਤੇ ਦਬਾਅ ਪਾਇਆ ਸੀ ਕਿ ਅਡਾਨੀ ਨੂੰ ਵਿੰਡ ਪਾਵਰ ਪ੍ਰੋਜੈਕਟ ਦੇ ਦਿੱਤਾ ਜਾਏ।

ਰਾਹੁਲ ਨੇ ਇਹ ਵੀ ਕਿਹਾ—ਅਸੀਂ ਭਾਰਤ ਜੋੜੋ ਯਾਤਰਾ ਦੌਰਾਨ ਲੋਕਾਂ ਦੀ ਆਵਾਜ਼ ਸੁਣੀ। ਯਾਤਰਾ ਬੋਲਣ ਲੱਗੀ। ਕੋਈ ਆਉਂਦਾ ਸੀ, ਕਹਿੰਦਾ ਸੀ ਕਿ ਬੇਰੁਜ਼ਗਾਰ ਹਾਂ। ਹਜ਼ਾਰਾਂ ਕਿਸਾਨ ਆਏ। ਪੀ ਐੱਮ ਬੀਮਾ ਯੋਜਨਾ ਦੀ ਗੱਲ ਕੀਤੀ। ਬੋਲੇ, ਅਸੀਂ ਪੈਸੇ ਭਰਦੇ ਹਾਂ, ਤੂਫਾਨ-ਹਨੇਰੀ ਆਉਂਦੀ ਹੈ ਤੇ ਪੈਸਾ ਗਾਇਬ ਹੋ ਜਾਂਦਾ ਹੈ। ਕਿਸਾਨਾਂ ਨੇ ਇਹ ਵੀ ਕਿਹਾ ਕਿ ਸਾਡੀ ਜ਼ਮੀਨ ਖੋਹ ਲਈ ਜਾਂਦੀ ਹੈ ਤੇ ਸਹੀ ਰੇਟ ਨਹੀਂ ਮਿਲਦਾ। ਜ਼ਮੀਨ ਅਧਿਗ੍ਰਹਿਣ ਬਿੱਲ ਲਾਗੂ ਨਹੀਂ ਹੁੰਦਾ। ਆਦਿਵਾਸੀਆਂ ਨੇ ਕਿਹਾ ਕਿ ਟ੍ਰਾਈਬਲ ਬਿੱਲ ਵਿਚ ਜੋ ਦਿੱਤਾ ਜਾਂਦਾ ਸੀ, ਉਹ ਖੋਹਿਆ ਜਾ ਰਿਹਾ ਹੈ। ਅਗਨੀਵੀਰ ਦੀ ਵੀ ਗੱਲ ਕੀਤੀ ਲੋਕਾਂ ਨੇ। ਹਿੰਦੁਸਤਾਨ ਦਾ ਯੁਵਾ, ਜੋ ਚਾਰ ਵਜੇ ਦੌੜਦਾ ਹੈ ਭਰਤੀ ਹੋਣ ਲਈ, ਉਹ ਤੁਹਾਡੀ ਗੱਲ ਨਾਲ ਸਹਿਮਤ ਨਹੀਂ ਹੈ। ਉਨ੍ਹਾਂ ਸਾਨੂੰ ਕਿਹਾ ਕਿ ਪਹਿਲਾਂ 15 ਸਾਲ ਦੀ ਸਰਵਿਸ 'ਤੇ ਪੈਨਸ਼ਨ ਮਿਲਦੀ ਸੀ, ਹੁਣ ਚਾਰ ਸਾਲ ਬਾਅਦ ਕੱਢ ਦਿੱਤਾ ਜਾਵੇਗਾ। ਪੈਨਸ਼ਨ ਨਹੀਂ ਮਿਲੇਗੀ। ਆਰਮੀ ਦੇ ਸੀਨੀਅਰ ਅਧਿਕਾਰੀਆਂ ਨੇ ਕਿਹਾ ਕਿ ਅਗਨੀਪਥ ਯੋਜਨਾ ਆਰਮੀ ਦੇ ਅੰਦਰੋਂ ਨਹੀਂ, ਸੰਘ ਤੇ ਗ੍ਰਹਿ ਮੰਤਰਾਲੇ ਤੋਂ ਆਈ ਹੈ। ਉਨ੍ਹਾ ਕਿਹਾ ਕਿ ਇਹ ਆਰਮੀ ਦੇ ਉੱਪਰ ਮੜ੍ਹੀ ਗਈ ਯੋਜਨਾ ਹੈ। ਰਿਟਾਇਰਡ ਜਨਰਲ ਨੇ ਕਿਹਾ ਕਿ ਇਹ ਆਰਮੀ ਨੂੰ ਕਮਜ਼ੋਰ ਕਰੇਗੀ। ਬੋਲੇ ਕਿ ਹਜ਼ਾਰਾਂ ਲੋਕਾਂ ਨੂੰ ਹਥਿਆਰ ਦੀ ਟਰੇਨਿੰਗ ਦੇ ਰਹੇ ਹਨ ਤੇ ਫਿਰ ਸਮਾਜ ਵਿਚ ਪਾ ਰਹੇ ਹਨ। ਉਨ੍ਹਾਂ ਦੇ ਮਨ ਵਿਚ ਸੀ ਕਿ ਇਹ ਜੋ ਅਗਨੀਪਥ ਯੋਜਨਾ ਹੈ, ਉਹ ਆਰਮੀ ਦੇ ਅੰਦਰੋਂ ਨਹੀਂ ਆਈ। ਮੈਨੂੰ ਲੱਗਦਾ ਹੈ ਕਿ ਅਜੀਤ ਡੋਭਾਲ ਜੀ ਨੇ ਇਹ ਯੋਜਨਾ ਮੜ੍ਹੀ ਹੈ। ਉਨ੍ਹਾਂ ਕਿਹਾ ਕਿ ਯੁਵਾ ਕਹਿ ਰਿਹਾ ਹੈ ਕਿ ਇਹ ਯੋਜਨਾ ਨਹੀਂ ਚਾਹੀਦੀ, ਆਰਮੀ ਕਹਿ ਰਹੀ ਹੈ ਕਿ ਸਾਨੂੰ ਯੋਜਨਾ ਨਹੀਂ ਚਾਹੀਦੀ।

ਪੰਜਾਬ ਛੇਤੀ ਹੀ ਦੇਸ਼...

ਤੋਂ ਜਾਂ ਵਿਦੇਸ਼ਾਂ ਤੋਂ ਵੱਡੀਆਂ ਕੰਪਨੀਆਂ ਨੂੰ ਸੱਦਣ ਦੀ ਥਾਂ ਸਥਾਨਕ ਸਨਅਤਕਾਰਾਂ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾ ਕਿਹਾ ਕਿ ਦੇਸ਼ ਵਿੱਚ ਪੈਦਾ ਹੋਣ ਵਾਲੀ ਕੁੱਲ ਬਾਸਮਤੀ ਦੀ 80 ਫੀਸਦੀ ਪੈਦਾਵਾਰ ਪੰਜਾਬ ਵਿੱਚ ਹੁੰਦੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਉਤਪਾਦਨ ਵਿੱਚ ਹੋਰ ਵਾਧਾ ਕੀਤਾ ਜਾਵੇਗਾ। ਇਸ ਨਾਲ ਇੱਕ ਪਾਸੇ ਉਦਯੋਗਿਕ ਖੇਤਰ ਵਿੱਚ ਕ੍ਰਾਂਤੀ ਆਵੇਗੀ, ਉੱਥੇ ਕਿਸਾਨਾਂ ਦੀ ਆਮਦਨ ਵਧਣ ਦੇ ਨਾਲ-ਨਾਲ ਪਾਣੀ ਦੇ ਰੂਪ ਵਿੱਚ ਬਹੁਮੁੱਲੇ ਕੁਦਰਤੀ ਸਰੋਤ ਦੀ ਬੱਚਤ ਹੋਵੇਗੀ। ਉਹਨਾ ਉੱਦਮੀਆਂ ਨਾਲ ਭਾਵੁਕ ਸਾਂਝ ਪਾਉਂਦਿਆਂ ਆਖਿਆ ਕਿ ਉਹ ਕਿਧਰੇ ਹੋਰ ਨਾ ਜਾਣ ਅਤੇ ਆਪਣੀ ਮਾਤ ਭੂਮੀ ਦੀ ਸੇਵਾ ਲਈ ਇੱਥੇ ਆਪਣਾ ਕਾਰੋਬਾਰ ਵਧਾਉਣ ਵੱਲ ਧਿਆਨ ਦੇਣ। ਪੰਜਾਬ ਸਰਕਾਰ ਪਹਿਲਾਂ ਹੀ ਸੂਬੇ ਵਿੱਚ ਉਦਯੋਗਾਂ ਲਈ ਸੁਖਾਵਾਂ ਮਾਹੌਲ ਪ੍ਰਦਾਨ ਕਰ ਰਹੀ ਹੈ। ਪੰਜਾਬੀ ਉੱਦਮੀਆਂ ਨੇ ਦੁਨੀਆ ਭਰ ਵਿੱਚ ਆਪਣੀ ਕਾਬਲੀਅਤ ਦਾ ਸਬੂਤ ਦਿੱਤਾ ਹੈ ਅਤੇ ਹੁਣ ਉਨ੍ਹਾਂ ਨੂੰ ਸੂਬੇ ਵਿੱਚ ਆਪਣੇ ਪਸਾਰ ਵੱਲ ਧਿਆਨ ਦੇਣਾ ਚਾਹੀਦਾ ਹੈ। ਮੁੱਖ ਮੰਤਰੀ ਨੇ ਤਨਜ਼ ਕੱਸਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੌਰਾਨ ਉਦਯੋਗਪਤੀਆਂ ਨੂੰ ਆਪਣੇ ਪ੍ਰਾਜੈਕਟਾਂ ਲਈ ਸੱਤਾਧਾਰੀ ਪਰਵਾਰਾਂ ਨਾਲ ਸਮਝੌਤਿਆਂ 'ਤੇ ਦਸਤਖ਼ਤ ਕਰਨੇ ਪੈਂਦੇ ਸਨ, ਪਰ ਜਦੋਂ ਤੋਂ ਉਨ੍ਹਾ ਸੂਬੇ ਦੀ ਵਾਗਡੋਰ ਸੰਭਾਲੀ ਹੈ, ਹੁਣ ਪੰਜਾਬ ਵਾਸੀਆਂ ਦੇ ਹਿੱਤ ਵਿੱਚ ਸਮਝੌਤਿਆਂ 'ਤੇ ਦਸਤਖ਼ਤ ਕੀਤੇ ਜਾਂਦੇ ਹਨ। ਪਹਿਲਾਂ ਰਸੂਖਦਾਰ ਪਰਵਾਰਾਂ ਨੂੰ ਇਨ੍ਹਾਂ ਸਮਝੌਤਿਆਂ ਦਾ ਲਾਹਾ ਮਿਲਦਾ ਸੀ, ਪਰ ਹੁਣ ਪੰਜਾਬੀਆਂ ਨੂੰ ਇਸ ਦਾ ਲਾਭ ਮਿਲੇਗਾ। ਮਾਨ ਨੇ ਕਿਹਾ ਕਿ ਨਵੀਂ ਸਨਅਤੀ ਨੀਤੀ ਦੇ ਸੰਬੰਧ ਵਿੱਚ ਜੇਕਰ ਕੋਈ ਹੋਰ ਸੁਝਾਅ ਹੈ ਤਾਂ ਅਸੀਂ ਉਸ ਦਾ ਸਵਾਗਤ ਕਰਾਂਗੇ। ਉਹਨਾ ਵਿਅੰਗ ਕੱਸਦਿਆਂ ਆਖਿਆ ਕਿ ਰਵਾਇਤੀ ਸਿਆਸੀ ਪਾਰਟੀਆਂ ਉਨ੍ਹਾ ਨਾਲ ਈਰਖਾ ਕਰਦੀਆਂ ਹਨ, ਕਿਉਂਕਿ ਇਨ੍ਹਾਂ ਪਾਰਟੀਆਂ ਨੂੰ ਇਹ ਗੱਲ ਹਜ਼ਮ ਨਹੀਂ ਹੋ ਰਹੀ ਕਿ ਇਕ ਆਮ ਵਿਅਕਤੀ ਦਾ ਪੁੱਤ ਨੇਕ ਨੀਅਤ ਨਾਲ ਸੂਬੇ ਦੀ ਸੇਵਾ ਕਰ ਰਿਹਾ ਹੈ। ਇਸ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਇੰਦਰਬੀਰ ਸਿੰਘ ਨਿੱਝਰ, ਅਨਮੋਲ ਗਗਨ ਮਾਨ, ਹਰਭਜਨ ਸਿੰਘ ਈ ਟੀ ਓ, ਲਾਲਜੀਤ ਸਿੰਘ ਭੁੱਲਰ ਤੇ ਹੋਰ ਵੀ ਹਾਜ਼ਰ ਸਨ।

ਸਾਂਝਾ ਮਜ਼ਦੂਰ ਮੋਰਚਾ...

ਚੇਤਾਵਨੀ ਦੇਣਗੇ ਕਿ ਜੇਕਰ ਹੁਣ ਵੀ ਸਰਕਾਰ ਨੇ ਮਜ਼ਦੂਰਾਂ ਨੂੰ ਅਣਗੌਲੇ ਕੀਤਾ ਤਾਂ ਮਜ਼ਦੂਰ ਤਿੱਖੇ ਸੰਘਰਸ਼ ਲਈ ਮਜਬੂਰ ਹੋਣਗੇ। ਉਨ੍ਹਾਂ ਸਾਂਝੇ ਮਜ਼ਦੂਰ ਮੋਰਚੇ ਦੇ ਫੈਸਲੇ ਦੱਸਦਿਆਂ ਕਿਹਾ ਕਿ ਜੇਕਰ ਮੁੱਖ ਮੰਤਰੀ ਵੱਲੋਂ ਮੀਟਿੰਗ ਦੌਰਾਨ ਮਜ਼ਦੂਰ ਮੰਗਾਂ ਦਾ ਨਿਬੇੜਾ ਨਾ ਕੀਤਾ ਗਿਆ ਤਾਂ ਮਾਰਚ ਦੇ ਪਹਿਲੇ ਹਫਤੇ ਤੋਂ ਮਜ਼ਦੂਰ ਜਥੇਬੰਦੀਆਂ ਪੱਕਾ ਮੋਰਚਾ ਲਾਉਣਗੀਆਂ। ਜ਼ਿਕਰਯੋਗ ਹੈ ਕਿ ਮਜ਼ਦੂਰਾਂ ਦਾ ਸਾਂਝਾ ਮੋਰਚਾ ਪਿਛਲੇ ਲੰਮੇ ਸਮੇਂ ਤੋਂ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰਦਾ ਆ ਰਿਹਾ ਹੈ, ਪਰ ਸਰਕਾਰਾਂ ਵੱਲੋਂ ਮਜ਼ਦੂਰਾਂ ਦੇ ਸੰਘਰਸ਼ ਨੂੰ ਹਮੇਸ਼ਾ ਅਣਗੌਲਿਆ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਵੀ ਮਜ਼ਦੂਰਾਂ ਦੇ ਸੰਘਰਸ਼ ਨੂੰ ਅਣਗੌਲਿਆ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਵਾਰ-ਵਾਰ ਮੀਟਿੰਗ ਦਾ ਸਮਾਂ ਦੇ ਕੇ ਮੁੱਖ ਮੰਤਰੀ ਹਾਜ਼ਰ ਨਹੀਂ ਹੋਏ, ਜਿਸ ਕਾਰਨ ਮਜ਼ਦੂਰਾਂ ਵਿੱਚ ਸਰਕਾਰ ਪ੍ਰਤੀ ਅੰਤਾਂ ਦੀ ਨਰਾਜ਼ਗੀ ਹੈ। ਮਜ਼ਦੂਰ ਆਗੂ ਨੇ ਸਾਂਝੇ ਮੋਰਚੇ ਦੀ ਤਰਫੋਂ ਬੇਜ਼ਮੀਨੇ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ ਉਹ ਉਕਤ ਐਕਸ਼ਨਾਂ ਵਿੱਚ ਵਧ-ਚੜ੍ਹ ਕੇ ਪਰਵਾਰਾਂ ਸਮੇਤ ਹਾਜ਼ਰ ਹੋਣ।

ਤੁਰਕੀ-ਸੀਰੀਆ ਤਰਾਸਦੀ..

ਬਾਰਿਸ਼ ਕਾਰਨ ਭੁਚਾਲ ਪ੍ਰਭਾਵਤ ਦੋਵਾਂ ਦੇਸ਼ਾਂ 'ਚ ਬਚਾਅ ਕੰਮ ਪ੍ਰਭਾਵਤ ਹੋ ਰਹੇ ਹਨ। ਐਮਰਜੈਂਸੀ ਸਰਵਿਸ ਦੀਆਂ ਟੀਮਾਂ ਨੂੰ ਰੈਸਕਿਊ 'ਚ ਕਾਫ਼ੀ ਪ੍ਰੇਸ਼ਾਨੀ ਹੋ ਰਹੀ ਹੈ। ਤੁਰਕੀ ਦੇ ਹਤਾਇਆ ਸੂਬੇ 'ਚ ਇੱਕ ਆਦਮੀ ਨੇ ਰੋਂਦੇ ਹੋਏ ਕਿਹਾ ਕਿ ਇਮਾਰਤਾਂ ਦੇ ਢੇਰ 'ਚ ਦੱਬੇ ਲੋਕ ਜਾਨ ਬਚਾਉਣ ਲਈ ਚੀਕ ਰਹੇ ਹਨ। ਭੁੱਖ ਅਤੇ ਕੜਾਕੇ ਦੀ ਠੰਢ ਨਾਲ ਪ੍ਰੇਸ਼ਾਨ ਹਨ। ਭੁਚਾਲ ਦੀਆਂ ਜੋ ਤਸਵੀਰਾਂ ਸਾਹਮਣੇ ਆ ਰਹੀਆਂ ਹਨ, ਉਸ ਤੋਂ ਬਾਅਦ ਕਈ ਲੋਕ ਜੋ ਬਚ ਗਏ ਹਨ ਆਪਣੇ ਘਰਾਂ 'ਚ ਵਾਪਸ ਜਾਣ ਤੋਂ ਡਰ ਰਹੇ ਹਨ।

ਸੀਰੀਆ ਦੇ ਕਈ ਸ਼ਹਿਰਾਂ 'ਚ ਬਹੁਤ ਤਬਾਹੀ ਹੋਈ ਹੈ। ਲੋਕ ਦਰਦ ਨਾਲ ਚੀਕ ਰਹੇ ਹਨ ਅਤੇ ਮਦਦ ਲਈ ਉਥੇ ਹਾਲੇ ਤੱਕ ਕੋਈ ਨਹੀਂ ਪਹੁੰਚਿਆ। ਇਹ ਇਸ ਤਰ੍ਹਾਂ ਦਾ ਇਲਾਕਾ ਹੈ, ਜਿੱਥੇ ਇੱਕ ਦਹਾਕੇ ਤੋਂ ਜ਼ਿਆਦਾ ਸਮੇਂ ਤੱਕ ਚੱਲੇ ਯੁੱਧ ਕਾਰਨ ਪਹਿਲਾਂ ਹੀ ਕਾਫ਼ੀ ਤਬਾਹੀ ਦਾ ਮਾਹੌਲ ਸੀ। ਜਦ ਭੁਚਾਲ ਆਇਆ ਤਾਂ ਇਹ ਡਰਾ ਦੇਣ ਵਾਲਾ ਦ੍ਰਿਸ਼ ਅਤੇ ਦਰਦ ਲੋਕਾਂ ਨੂੰ ਦੇ ਗਿਆ। ਤੁਰਕੀ ਦੇ ਨੀਲੋਫਰ ਦਾ ਕਹਿਣਾ ਹੈ ਕਿ ਮੈਂ ਆਪਣੇ ਜੀਵਨ 'ਚ ਇਸ ਤਰ੍ਹਾਂ ਦਾ ਭੁਚਾਲ ਨਹੀਂ ਦੇਖਿਆ। ਅਸੀਂ ਲਗਭਗ ਇੱਕ ਮਿੰਟ ਤੱਕ ਏਧਰ-ਓਧਰ ਝੂਲਦੇ ਰਹੇ। ਜਦ ਅਪਾਰਟਮੈਂਟ ਹਿਲਣ ਲੱਗਾ ਤਾਂ ਮੈਨੂੰ ਲੱਗਾ ਕਿ ਮੇਰਾ ਪਰਵਾਰ ਹੁਣ ਨਹੀਂ ਬਚੇਗਾ। ਮੈਨੂੰ ਲੱਗਾ ਕਿ ਭੁਚਾਲ ਨਾਲ ਮਰ ਜਾਵਾਂਗੇ। ਤੁਰਕੀ ਦੇ ਸ਼ਹਿਰ ਮਾਲਾਤਿਆ 'ਚ ਰਹਿਣ ਵਾਲੀ 25 ਸਾਲ ਦੀ ਆਜਗੁਲ ਕੋਨਾਕਚੀ ਨੇ ਕਿਹਾ—ਮਲਬੇ ਅੰਦਰ ਲੋਕਾਂ ਦੀ ਤਲਾਸ਼ ਅਤੇ ਬਚਾਅ ਦੀਆਂ ਕੋਸ਼ਿਸ਼ਾਂ ਜਾਰੀ ਹਨ। ਇੱਥੇ ਬਹੁਤ ਠੰਢ ਹੈ ਅਤੇ ਇਸ ਸਮੇਂ ਬਰਫਬਾਰੀ ਹੋ ਰਹੀ ਹੈ। ਹਰ ਕੋਈ ਸੜਕਾਂ 'ਤੇ ਹੈ, ਲੋਕ ਪ੍ਰੇਸ਼ਾਨ ਹਨ। ਕਰਨ। ਸਾਡੀਆਂ ਅੱਖਾਂ ਦੇ ਸਾਹਮਣੇ ਭੁਚਾਲ ਦੇ ਪ੍ਰਭਾਵ ਨਾਲ ਇੱਕ ਇਮਾਰਤ ਦੀਆਂ ਖਿੜਕੀਆਂ ਟੁੱਟ ਗਈਆਂ ਸਨ।

ਰਾਜਵਿੰਦਰ ਕੌਰ ਥਿਆੜਾ ਚੇਅਰਪਰਸਨ ਨਿਯੁਕਤ

ਜਲੰਧਰ : ਮੁੱਖ ਮੰਤਰੀ ਨੇ ਆਮ ਆਦਮੀ ਪਾਰਟੀ ਪੰਜਾਬ ਦੀ ਬੁਲਾਰਾ ਅਤੇ ਸੂਬਾ ਸਕੱਤਰ ਰਾਜਵਿੰਦਰ ਕੌਰ ਥਿਆੜਾ ਨੂੰ ਪੰਜਾਬ ਸਟੇਟ ਕੰਟੇਨਰ ਅਤੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਲਿਮਟਿਡ ਦੀ ਚੇਅਰਪਰਸਨ ਨਿਯੁਕਤ ਕੀਤਾ ਹੈ। ਰਾਜਵਿੰਦਰ ਕੌਰ ਥਿਆੜਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਮਾਨ ਅਤੇ ਰਾਜ ਸਭਾ ਮੈਂਬਰ ਸੰਦੀਪ ਪਾਠਕ ਅਤੇ ਰਾਜ ਸਭਾ ਮੈਂਬਰ ਰਾਘਵ ਚੱਢਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਹਾਈਕਮਾਂਡ ਨੇ ਉਨ੍ਹਾ ਨੂੰ ਇਹ ਜ਼ਿੰਮੇਵਾਰੀ ਸੌਂਪੀ ਹੈ, ਉਹ ਇਸ ਨੂੰ ਪੂਰੀ ਲਗਨ ਨਾਲ ਪੂਰਾ ਕਰੇਗੀ। ਇਸ ਮੌਕੇ ਸ੍ਰੀਮਤੀ ਥਿਆੜਾ ਨੂੰ ਵਧਾਈ ਦੇਣ ਲਈ ਵੱਡੀ ਗਿਣਤੀ ਵਿੱਚ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਪੁੱਜੇ।

ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ 'ਚ ਹੋਇਆ 26ਵੀਂ ਪੰਜਾਬ ਸਾਇੰਸ ਕਾਂਗਰਸ ਦਾ ਆਗਾਜ਼

ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 26ਵੀਂ ਪੰਜਾਬ ਸਾਇੰਸ ਕਾਂਗਰਸ ਦੇ ਆਗਾਜ਼ ਮੌਕੇ ਉਦਘਾਟਨੀ ਸੈਸ਼ਨ ਵਿੱਚ ਯੂਨੀਵਰਸਿਟੀ ਪ੍ਰੋ ਚਾਂਸਲਰ, ਪ੍ਰੋ. ਅਜਾਇਬ ਸਿੰਘ ਬਰਾੜ ਨੇ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ।

ਪ੍ਰੋਫੈਸਰ ਬਰਾੜ ਨੇ ਉਚੇਰੀ ਸਿੱਖਿਆ ਤੇ ਖੋਜ ਦੇ ਖੇਤਰ ਅਤੇ ਖਾਸਕਰ ਵਿਗਿਆਨਕ ਖੋਜ ਦੇ ਖੇਤਰ ਵਿੱਚ ਵੱਡੇ ਹੰਭਲੇ ਮਾਰਨ ਦੀ ਸਖਤ ਲੋੜ ਉਪਰ ਜ਼ੋਰ ਦਿੱਤਾ। ਉਨ੍ਹਾਂ ਵਿਗਿਆਨ ਅਤੇ ਤਕਨੀਕ ਦੇ ਖੇਤਰ ਵਿੱਚ ਹੋ ਰਹੀ ਤਰੱਕੀ ਉੱਪਰ ਤਸੱਲੀ ਵੀ ਪ੍ਰਗਟਾਈ, ਪਰ ਨਾਲ ਹੀ ਇਸ ਦੀ ਦੁਰਵਰਤੋਂ ਦੇ ਮਾਰੂ ਸਿੱਟਿਆਂ ਦਾ ਵੀ ਜ਼ਿਕਰ ਕੀਤਾ। ਉਨ੍ਹਾਂ ਆਖਿਆ ਕਿ ਸਾਡੀਆਂ ਸਰਕਾਰਾਂ ਦੀ ਵਿਗਿਆਨ ਤੇ ਖੋਜ ਦੇ ਖੇਤਰ ਵਿੱਚ ਬੇਰੁਖੀ ਮੰਦਭਾਗੀ ਹੈ। ਉਨ੍ਹਾਂ ਆਖਿਆ ਕਿ ਕੋਈ ਇੱਕ ਸੰਸਥਾ ਇਸ ਖੱਪੇ ਨੂੰ ਪੂਰਾ ਨਹੀਂ ਕਰ ਸਕਦੀ। ਇਸ ਘਾਟ ਨੂੰ ਪੂਰਾ ਕਰਨ ਲਈ ਵਿਗਿਆਨ ਜਗਤ ਦੀਆਂ ਨਾਮਵਰ ਸੰਸਥਾਵਾਂ ਤੇ ਸ਼ਖ਼ਸੀਅਤਾਂ ਨੂੰ ਅੱਗੇ ਆਉਣਾ ਚਾਹੀਦਾ ਹੈ ਤਾਂ ਜੁ ਅਕਾਦਮਿਕ ਸੰਸਥਾਵਾਂ ਤੇ ਖੋਜੀਆਂ ਲਈ ਕੋਈ ਸਾਂਝਾ ਪ੍ਰੋਗਰਾਮ ਤੇ ਸਟੇਜ ਮੁਹੱਈਆ ਕਰਾਈ ਜਾ ਸਕੇ।

ਕਾਨਫਰੰਸ ਦੇ ਉਦਘਾਟਨੀ ਵਕਤਾ ਪ੍ਰੋ. ਅਰਵਿੰਦ, ਵਾਈਸ ਚਾਂਸਲਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਨੇ ਵਰਲਡ ਯੂਨੀਵਰਸਿਟੀ ਵਿਖੇ ਪੰਜਾਬ ਸਾਇੰਸ ਕਾਂਗਰਸ ਦੇ ਆਯੋਜਨ ਲਈ ਪ੍ਰੋ ਚਾਂਸਲਰ, ਪ੍ਰੋ. ਬਰਾੜ ਤੇ ਵਾਈਸ ਚਾਂਸਲਰ, ਪ੍ਰੋਫੈਸਰ ਪ੍ਰਿਤਪਾਲ ਸਿੰਘ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕਰਦਿਆਂ ਵਧਾਈ ਦਿੱਤੀ।

ਪ੍ਰੋ. ਅਰਵਿੰਦ ਨੇ ਵਾਤਾਵਰਣ ਪ੍ਰਦੂਸ਼ਣ ਦੇ ਮੂਲ ਕਾਰਨ ਨੂੰ ਸਮਝਣ ਦੀ ਲੋੜ ਉੱਪਰ ਜ਼ੋਰ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਆਖਿਆ ਕਿ ਤਜਰਬੇਕਾਰ ਵਿਦਵਾਨਾਂ ਤੇ ਨੌਜਵਾਨ ਬੁੱਧੀਜੀਵੀਆਂ, ਵਿਗਿਆਨੀਆਂ ਤੇ ਕਾਰਕੁੰਨਾਂ ਨੂੰ ਪੰਜਾਬ ਅਕੈਡਮੀ ਆਫ਼ ਸਾਇੰਸਿਜ ਨਾਲ ਜੋੜਨ ਦੀ ਲੋੜ ਹੈ। ਉਨ੍ਹਾਂ ਵਿੱਦਿਅਕ ਸੰਸਥਾਵਾਂ ਵਿੱਚ ਠੇਕੇ ਦੇ ਆਧਾਰ 'ਤੇ ਭਰਤੀ ਕੀਤੇ ਜਾਂਦੇ ਖੋਜੀਆਂ ਤੇ ਫੈਕਲਟੀ ਦੀ ਭਰਤੀ 'ਤੇ ਸਵਾਲ ਉਠਾਏ ਅਤੇ ਗਿਆਨ, ਬੁਨਿਆਦੀ ਢਾਂਚੇ ਅਤੇ ਤਕਨਾਲੋਜੀ ਦੇ ਮਿਆਰੀ ਉਤਪਾਦਨ ਦੀ ਲੋੜ 'ਤੇ ਜ਼ੋਰ ਦਿੱਤਾ।

ਉਦਘਾਟਨੀ ਸੈਸ਼ਨ ਦੇ ਸਵਾਗਤੀ ਸ਼ਬਦਾਂ ਦੌਰਾਨ ਵਾਈਸ ਚਾਂਸਲਰ, ਪ੍ਰੋ. ਪਰਿਤ ਪਾਲ ਸਿੰਘ ਨੇ ਯੂਨੀਵਰਸਿਟੀ ਵਿਹੜੇ ਅੰਦਰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੀਆਂ ਸਥਾਪਤ ਵਿਗਿਆਨਕ ਸ਼ਖ਼ਸੀਅਤਾਂ ਤੇ ਨੌਜਵਾਨ ਖੋਜੀਆਂ ਦੀ ਆਮਦ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਆਖਿਆ ਕਿ ਵਿਗਿਆਨ ਦੀ ਲੱਭਤਾਂ ਨੂੰ ਖੇਤਰੀ ਲੋੜਾਂ ਅਨੁਸਾਰ ਘੱਟੋ ਘੱਟ ਪ੍ਰਦੂਸ਼ਣ ਨਾਲ ਵੱਧੋ ਵੱਧ ਸੁੱਖ ਸਹੂਲਤਾਂ ਵਾਲਾ ਬਣਾਉਣਾ ਸਮੇਂ ਦੀ ਮੰਗ ਹੈ ਤੇ ਇਸ ਕਾਰਜ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਹਮੇਸ਼ਾ ਬਣਦਾ ਫ਼ਰਜ਼ ਨਿਭਾਉਂਦੀ ਰਹੇਗੀ। ਦੇਸ਼ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਪਹੁੰਚੇ ਖੋਜੀਆਂ ਨੂੰ ਵਿਗਿਆਨਕ ਖੇਤਰ ਵਿੱਚ ਖੋਜ ਦੀਆਂ ਅਨੰਤ ਸੰਭਾਵਨਾਵਾਂ ਵੱਲ ਪ੍ਰੇਰਦਿਆਂ ਵਾਈਸ ਚਾਂਸਲਰ ਨੇ ਨੌਜਵਾਨਾਂ ਦੇ ਉਤਸ਼ਾਹ ਤੇ ਉਦਮ ਸੰਬੰਧੀ ਤਸੱਲੀ ਪ੍ਰਗਟਾਈ।

ਪ੍ਰੋ. ਸੁਖਵਿੰਦਰ ਸਿੰਘ ਬਿਲਿੰਗ ਨੇ ਦੱਸਿਆ ਕਿ ਵਿਸ਼ਵ ਦੀਆਂ ਬਿਹਤਰੀਨ ਅਕਾਦਮਿਕ ਸੰਸਥਾਵਾਂ ਇੰਪੀਰੀਅਲ ਕਾਲਜ ਲੰਡਨ ਯੂਨੀਵਰਸਿਟੀ ਆਫ਼ ਹੇਲ, ਸਾਊਦੀ ਅਰਬ ਕੁਈਨਲੈਂਡ ਯੂਨੀਵਰਸਿਟੀ ਆਫ਼ ਟੈਕਨਾਲੋਜੀ, ਆਸਟ੍ਰੇਲੀਆ ਆਈਟਰਮ, ਜਰਮਨ ਤੇ ਭਾਰਤ ਦੀਆਂ ਆਈ.ਆਈ.ਟੀ. ਰੋਪੜ ਤੇ ਆਈ.ਸੀ.ਏ.ਆਰ ਨਵੀਂ ਦਿੱਲੀ ਸਮੇਤ ਨਾਮਵਰ ਸੰਸਥਾਵਾਂ ਤੋਂ ਤਿੰਨ ਸੌ ਤੋਂ ਵੱਧ ਡੈਲੀਗੇਟਸ ਹਿੱਸਾ ਲੈਣ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਸ ਕਾਨਫਰੰਸ ਦੌਰਾਨ ਹਰੇਕ ਦਿਨ ਦੀ ਸ਼ੁਰੂਆਤ ਮੁੱਖ ਵਿਸ਼ੇ 'ਤੇ ਪਲੈਨਰੀ ਟਾਕਸ ਨਾਲ ਹੋਵੇਗੀ ਤੇ ਹਰੇਕ ਤਕਨੀਕੀ ਸੈਸ਼ਨ ਦੀ ਸ਼ੁਰੂਆਤ ਲੀਡ ਲੈਕਚਰ ਨਾਲ ਕੀਤੀ ਜਾਵੇਗੀ, ਜਿਸ ਰਾਹੀਂ ਭਾਗ ਲੈ ਰਹੇ ਵਿਦਵਾਨ ਅਤੇ ਖੋਜਾਰਥੀਆਂ ਨੂੰ ਵਿਚਾਰ-ਵਟਾਂਦਰ ਲਈ ਵਧੀਆ ਮਾਹੌਲ ਪ੍ਰਦਾਨ ਕੀਤਾ ਜਾ ਸਕੇਗਾ।

ਉਦਘਾਟਨੀ ਸੈਸ਼ਨ ਦੇ ਮੁੱਖ ਵਕਤਾ ਪ੍ਰੋ. ਸ.ਸ. ਗਿੱਲ, ਸਾਬਕਾ ਵਾਈਸ ਚਾਂਸਲਰ, ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਨੇ ਜੀਵਨ ਦੀਆਂ ਬੁਨਿਆਦੀ ਲੋੜਾਂ, ਖੇਤੀ ਪ੍ਰਧਾਨ ਆਰਥਿਕਤਾ ਅਤੇ ਵਾਤਾਵਰਣ ਆਦਿ ਮਸਲਿਆਂ ਨੂੰ ਉਭਾਰਿਆ। ਵਰਖਾ ਰੁੱਤ ਤੇ ਮੀਂਹ ਵਿੱਚ ਆਈ ਤਬਦੀਲੀ ਕਾਰਣ ਫ਼ਸਲਾਂ ਦੇ ਘਟ ਰਹੇ ਝਾੜ ਉੱਪਰ ਚਿੰਤਾ ਜਤਾਈ। ਇਸ ਮੌਕੇ ਪੰਜਾਬ ਅਕੈਡਮੀ ਆਫ਼ ਸਾਇੰਸਿਜ ਦੇ ਸਕੱਤਰ ਪ੍ਰੋ. ਤਰਲੋਕ ਸਿੰਘ ਅਤੇ ਸਾਬਕਾ ਸਕੱਤਰ ਪ੍ਰੋ. ਐਨ.ਆਰ. ਧਾਮੀਵਾਲ ਨੇ ਸ਼ਿਰਕਤ ਕੀਤੀ ਅਤੇ ਪੰਜਾਬ ਸਾਇੰਸ ਕਾਂਗਰਸ ਵੱਲੋਂ ਡਾ. ਟੀ.ਐਸ. ਕਲੇਰ ਅਤੇ ਆਈ.ਆਈ.ਟੀ. ਰੋਪੜ ਦੇ ਨਿਰਦੇਸ਼ਕ ਪ੍ਰੋ. ਰਜੀਵ ਅਹੂਜਾ ਨੂੰ ਲਾਈਫ਼ ਟਾਈਮ ਅਚੀਵਮੈਂਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਡਾ. ਅਜਾਤ ਸ਼ਤਰੂ ਅਰੋੜਾ, ਪ੍ਰੋਫੈਸਰ, ਸਲਾਇਟ, ਲੌਂਗੋਵਾਲ ਤੇ ਡਾ. ਏ.ਐਚ. ਜੋਸ਼ੀ, ਤਿਲਕ ਮਹਾਰਾਸ਼ਟਰਾ ਵਿੱਦਿਆਪੀਠ, ਪੂਨੇ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਪ੍ਰੋ. ਕਲੇਰ ਨੇ ਆਖਿਆ ਕਿ ਭਾਰਤ ਬੁੱਧੀਜੀਵੀਆਂ ਨਾਲ ਭਰਿਆ ਹੋਇਆ ਹੈ, ਪਰ ਸਾਡੇ ਸਮਾਜ ਵਿੱਚ ਬੌਧਿਕਤਾ ਦੀ ਮਾਨਤਾ ਬਹੁਤ ਘੱਟ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਲੁੱਟ-ਖੋਹ ਦੇ ਮੋਟਰਸਾਈਕਲ ਸਣੇ ਦੋ ਗ੍ਰਿਫ਼ਤਾਰ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)

ਜ਼ਿਲ੍ਹਾ ਤਰਨਤਾਰਨ ਦੇ ਨਜ਼ਦੀਕੀ ਪੈਂਦੇ ਪਿੰਡ ਸੰਘੋ ਤੋਂ ਬੀਤੀ 2 ਫਰਵਰੀ ਦੀ ਰਾਤ ਨੂੰ 9-10 ਅਣਪਛਾਤੇ ਵਿਅਕਤੀਆਂ ਨੇ ਦੋ ਮੋਟਰਸਾਈਕਲ ਸਵਾਰ ਵਿਅਕਤੀਆਂ ਨੂੰ ਘੇਰ ਕੇ ਤੇਜ਼ਧਾਰ ਹਥਿਆਰਾਂ ਦੀ ਨੋਕ 'ਤੇ ਉਨ੍ਹਾਂ ਕੋਲੋਂ ਮੋਟਰਸਾਈਕਲ ਖੋਹ ਲਿਆ ਸੀ, ਜਿਨ੍ਹਾਂ 'ਚੋਂ ਦੋ ਵਿਅਕਤੀਆਂ ਨੂੰ ਥਾਣਾ ਭਿੱਖੀਵਿੰਡ ਦੀ ਪੁਲਸ ਨੇ ਮੋਟਰਸਾਈਕਲ ਸਮੇਤ ਗ੍ਰਿਫ਼ਤਾਰ ਕਰਨ 'ਚ ਸਫਲਤਾ ਹਾਸਲ ਕੀਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਵੱਲੋਂ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਨੂੰ ਅਦਾਲਤ 'ਚ ਪੇਸ਼ ਕਰਕੇ ਇੱਕ ਦਿਨ ਦਾ ਰਿਮਾਂਡ ਹਾਸਲ ਕੀਤਾ ਗਿਆ ਹੈ। ਇਸ ਮਾਮਲੇ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਥਾਣਾ ਭਿੱਖੀਵਿੰਡ ਦੇ ਐੱਸਐੱਚਓ ਬਲਜਿੰਦਰ ਸਿੰਘ ਨੇ ਦੱਸਿਆ ਕਿ ਚੌਕੀ ਇੰਚਾਰਜ ਸੁਰਸਿੰਘ ਏਐੱਸਆਈ ਮਨਜੀਤ ਸਿੰਘ ਨੇ ਪੁਲਸ ਪਾਰਟੀ ਨਾਲ ਗਸ਼ਤ ਦੌਰਾਨ ਅੱਡਾ ਸੁਰਸਿੰਘ ਵਿਖੇ ਨਾਕਾਬੰਦੀ ਕੀਤੀ ਹੋਈ ਸੀ। ਉਨ੍ਹਾਂ ਦੱਸਿਆ ਕਿ ਇੱਕ ਮੁਖਬਰ ਖਾਸ ਨੇ ਉਨ੍ਹਾਂ ਨੂੰ ਇਤਲਾਹ ਦਿੱਤੀ ਕਿ ਕੁਝ ਵਿਅਕਤੀ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦਾ ਧੰਦਾ ਕਰਦੇ ਹਨ ਅਤੇ ਅੱਜ ਵੀ ਉਹ ਵਿਅਕਤੀ ਚੋਰੀ ਦੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਪਿੰਡ ਬੈਂਕਾਂ ਤੋਂ ਸੁਰਸਿੰਘ ਨੂੰ ਆ ਰਹੇ ਹਨ। ਥਾਣਾ ਮੁਖੀ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵੱਲੋਂ ਨਾਕਾਬੰਦੀ ਦੌਰਾਨ ਉਪਰੋਕਤ ਤਿੰਨਾਂ ਵਿਅਕਤੀਆਂ ਨੂੰ ਚੋਰੀ ਦੇ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ। ਐੱਸਐੱਚਓ ਨੇ ਦੱਸਿਆ ਕਿ ਉਪਰੋਕਤ ਵਿਅਕਤੀ ਜਿਨ੍ਹਾਂ ਨੇ ਬੀਤੀ ਦੋ ਫਰਵਰੀ ਨੂੰ ਗੋਇੰਦਵਾਲ ਸਾਹਿਬ ਰੋਡ 'ਤੇ ਪਿੰਡ ਸੰਘੇ ਦੇ ਨਜ਼ਦੀਕ ਦੋ ਵਿਅਕਤੀਆਂ ਕੋਲੋਂ ਮੋਟਰਸਾਈਕਲ ਖੋਹਿਆ ਸੀ, ਦੀ ਪਹਿਚਾਣ ਭਿੰਦਰਜੀਤ ਸਿੰਘ ਉਰਫ ਟੀਡੀ ਪੁੱਤਰ ਸਤਨਾਮ ਸਿੰਘ, ਪੀਟਰ ਸਿੰਘ ਪੁੱਤਰ ਅਵਤਾਰ ਸਿੰਘ ਅਤੇ ਜਸ਼ਨਦੀਪ ਸਿੰਘ ਉਰਫ ਜਸ਼ਨ ਪੁੱਤਰ ਪ੍ਰਗਟ ਸਿੰਘ ਵਾਸੀਆਨ ਬੈਂਕਾ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀਆਂ ਖਿਲਾਫ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਬਾਰੀਕੀ ਨਾਲ ਪੁੱਛ-ਗਿੱਛ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਉਪਰੋਕਤ ਵਿਅਕਤੀਆਂ ਦੇ ਬਾਕੀ ਸਾਥੀਆਂ ਨੂੰ ਵੀ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

ਮੋਟਰਾਂ ਦੀਆਂ ਕੇਬਲਾਂ ਚੋਰੀ ਕਰਨ ਵਾਲੇ ਪੰਜ ਵਿਅਕਤੀਆਂ ਖਿਲਾਫ ਮਾਮਲਾ ਦਰਜ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)

ਥਾਣਾ ਭਿੱਖੀਵਿੰਡ ਦੀ ਪੁਲਸ ਨੇ ਪਿੰਡ ਚੇਲਾ ਵਿਖੇ ਕਿਸਾਨਾਂ ਦੀਆਂ ਮੋਟਰਾਂ ਦੀਆਂ ਕੇਬਲਾਂ ਚੋਰੀ ਕਰਨ ਵਾਲੇ ਪੰਜ ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਥਾਣਾ ਭਿੱਖੀਵਿੰਡ ਦੀ ਪੁਲਸ ਨੂੰ ਦਰਜ ਕਰਵਾਏ ਬਿਆਨਾਂ ਵਿੱਚ ਚਰਨਜੀਤ ਸਿੰਘ ਪੁੱਤਰ ਮੇਹਰ ਸਿੰਘ ਵਾਸੀ ਚੋਲਾ ਨੇ ਦੱਸਿਆ ਕਿ ਉਸ ਦੀ 5 ਏਕੜ ਦੀ ਜ਼ਮੀਨ ਪਿੰਡ ਦੀ ਦੱਖਣ ਬਾਹੀ 'ਤੇ ਹੈ, ਜਿਸ ਵਿਚ ਮੋਟਰ ਲੱਗੀ ਹੋਈ ਹੈ। ਉਸ ਨਾਲ ਸੁਖਦੇਵ ਸਿੰਘ ਪੁੱਤਰ ਬਘੇਲ ਸਿੰਘ ਵਾਸੀ ਚੇਲਾ ਦੀਆਂ ਵੀ ਮੋਟਰਾਂ ਉਸ ਦੀ ਜ਼ਮੀਨ ਵਿੱਚ ਲੱਗੀਆਂ ਹੋਈਆਂ ਹਨ ਜੋ ਕਿ ਮਿਤੀ 3, 4 ਫਰਵਰੀ ਦੀ ਦਰਮਿਆਨੀ ਰਾਤ ਨੂੰ ਚੋਰ ਸਟਾਟਰ ਤੋਂ ਲੈ ਕੇ ਮੋਟਰ ਡਲਿਵਰੀ ਕੇਬਲ 6 ਐੱਮ. ਐੱਮ. ਦੀ ਤਾਰ ਅਤੇ ਸੁਖਦੇਵ ਸਿੰਘ ਦੀ ਤਿੰਨ ਮੋਟਰਾਂ ਦੀ ਕੇਬਲ ਦੀ ਤਾਰ ਚੋਰੀ ਕਰਕੇ ਲੈ ਗਏ ਹਨ। ਉਨ੍ਹਾਂ ਨੇ ਸ਼ੱਕ ਪ੍ਰਗਟਾਇਆ ਕਿ ਇਹ ਕੇਬਲਾਂ ਗੁਰਸੇਵਕ ਸਿੰਘ ਪੁੱਤਰ ਬਗੀਚਾ ਸਿੰਘ, ਤਰਸੇਮ ਸਿੰਘ ਪੁੱਤਰ ਬਗੀਚਾ ਸਿੰਘ, ਗੁਰਭੇਜ ਸਿੰਘ ਪੁੱਤਰ ਬੀਰਾ ਸਿੰਘ, ਬੱਘੂ ਪੁੱਤਰ ਜਗੀਰ ਸਿੰਘ ਅਤੇ ਗੋਪੀ ਪੁੱਤਰ ਜਗੀਰ ਸਿੰਘ ਵਾਸੀਆਨ ਚੇਲਾ ਨੇ ਚੋਰੀ ਕੀਤੀਆਂ ਹਨ ਜਿਸ ਸੰਬੰਧੀ ਥਾਣਾ ਭਿੱਖੀਵਿੰਡ ਦੇ ਐੱਸ. ਐੱਚ. ਓ. ਬਲਜਿੰਦਰ ਸਿੰਘ ਵੱਲੋਂ ਉਕਤ ਪੰਜਾਂ ਵਿਅਕਤੀਆਂ ਖਿਲਾਫ ਕੇਸ ਦਰਜ ਕਰਕੇ ਉਕਤ ਵਿਅਕਤੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ।

ਪ੍ਰਾਇਮਰੀ ਅਧਿਆਪਕ ਤਨਖਾਹਾਂ ਨਾ ਮਿਲਣ ਕਾਰਨ ਪ੍ਰੇਸ਼ਾਨ

ਧਾਰੀਵਾਲ (ਮਨਦੀਪ ਸਿੰਘ ਵਿੱਕੀ)

ਐਲੀਮੈਂਟਰੀ ਟੀਚਰਜ਼ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਜਨਰਲ ਸਕੱਤਰ ਅਸ਼ਵਨੀ ਫੱਜੂਪੁਰ ਤੇ ਸੂਬਾਈ ਆਗੂ ਹਰਪ੍ਰੀਤ ਪਰਮਾਰ ਨੇ ਦੱਸਿਆ ਪੰਜਾਬ ਸਰਕਾਰ ਦੀ ਗਲਤ ਪਾਲਿਸੀ ਕਾਰਨ ਸਿੱਖਿਆ ਵਿਭਾਗ ਪ੍ਰਾਇਮਰੀ ਦੇ ਅਧਿਆਪਕਾਂ ਨੂੰ ਪਿਛਲੇ ਲਗਭਗ ਇਕ ਸਾਲ ਤੋਂ ਹਰ ਮਹੀਨੇ ਸਮੇਂ ਸਿਰ ਤਨਖਾਹਾਂ ਨਾ ਮਿਲਣ ਕਾਰਨ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਧਿਆਪਕ ਆਗੂਆਂ ਦੱਸਿਆ ਕਿ ਪੰਜਾਬ ਦੇ ਵਿੱਤ ਵਿਭਾਗ ਵਲੋਂ ਪਿਛਲੇ ਸਮਿਆਂ ਦੌਰਾਨ ਸਿੱਖਿਆ ਵਿਭਾਗ ਦੇ ਪ੍ਰਾਇਮਰੀ ਅਤੇ ਸੈਕੰਡਰੀ ਅਧਿਆਪਕਾਂ ਲਈ ਸਾਰੇ ਸਾਲ ਦਾ ਇਕੱਠਾ ਬਜਟ ਜਾਰੀ ਕੀਤਾ ਜਾਂਦਾ ਸੀ ਪਰ ਹੁਣ ਕਰੀਬ ਇਕ ਸਾਲ ਤੋਂ ਪ੍ਰਾਇਮਰੀ ਅਧਿਆਪਕਾਂ ਲਈ ਹਰ ਮਹੀਨੇ ਬਜਟ ਜਾਰੀ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ, ਜਦਕਿ ਸੈਕੰਡਰੀ ਅਧਿਆਪਕਾਂ ਲਈ ਪਹਿਲਾਂ ਵਾਂਗ ਹੀ ਸਾਰੇ ਸਾਲ ਦਾ ਬਜਟ ਇਕੱਠਾ ਜਾਰੀ ਕੀਤਾ ਜਾਂਦਾ ਹੈ। ਸਿੱਖਿਆ ਵਿਭਾਗ ਦੇ ਪ੍ਰਾਇਮਰੀ ਤੇ ਸੈਕੰਡਰੀ ਅਧਿਆਪਕਾਂ ਦੀਆਂ ਤਨਖਾਹਾਂ ਲਈ ਵੱਖ ਵੱਖ ਦੋ ਤਰ੍ਹਾਂ ਦੇ ਨਿਯਮ ਲਾਗੂ ਕਰਕੇ ਸਰਕਾਰ ਵਲੋਂ ਜਾਣਬੁੱਝ ਕੇ ਪ੍ਰਾਇਮਰੀ ਅਧਿਆਪਕਾਂ ਨੂੰ ਹਰ ਮਹੀਨੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਤਨਖਾਹ ਨਾ ਮਿਲਣ ਕਾਰਨ ਪ੍ਰਾਇਮਰੀ ਅਧਿਆਪਕਾਂ ਨੂੰ ਆਪਣੇ ਬੱਚਿਆਂ ਦੀਆਂ ਸਕੂਲਾਂ/ਕਾਲਜਾਂ ਦੀਆਂ ਫੀਸਾਂ ਦੇਣ ਸਮੇਤ ਹੋਰ ਆਰਥਿਕ ਤੰਗੀਆਂ ਦਾ ਸਾਹਮਣਾ ਕਰਨ ਤੋਂ ਇਲਾਵਾ ਇਨਕਮ ਟੈਕਸ ਅਤੇ ਬੈਂਕ ਦੀਆਂ ਕਿਸ਼ਤਾਂ ਜੋ ਕਿ ਤਨਖਾਹ ਵਿੱਚੋਂ ਹੀ ਦੇਣੀਆਂ ਹੁੰਦੀਆਂ ਹਨ,

ਜਿਸ ਸੰਬੰਧੀ ਕਈ ਸਮੱਸਿਆਵਾਂ ਆਉਂਦੀਆਂ ਹਨ। ਈਟੀਯੂ ਦੇ ਆਗੂ ਅਸ਼ਵਨੀ ਫੱਜੂਪੁਰ ਤੇ ਹਰਪ੍ਰੀਤ ਪਰਮਾਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਵਿੱਤ ਵਿਭਾਗ ਪੰਜਾਬ ਕੋਲੋਂ ਮੰਗ ਕੀਤੀ ਹੈ ਜਨਵਰੀ ਤੇ ਫਰਵਰੀ ਦੋਵਾਂ ਮਹੀਨਿਆਂ ਦਾ ਇਕੱਠਾ ਬਜਟ ਜਾਰੀ ਕੀਤਾ ਜਾਵੇ ਅਤੇ ਅਗਲੇ ਬਜਟ ਸੈਸ਼ਨ ਵਿੱਚ 2023-24 ਵਿੱਤੀ ਸਾਲ ਦਾ ਬਜਟ ਸੈਕੰਡਰੀ ਵਾਂਗ ਇਕੱਠਾ ਜਾਰੀ ਕੀਤਾ ਜਾਵੇ।

ਨਗਰ ਸੁਧਾਰ ਟਰੱਸਟ ਦੀਆਂ ਰਿਹਾਇਸ਼ੀ ਤੇ ਵਪਾਰਕ ਜਾਇਦਾਦਾਂ ਦੀ ਰਾਖਵੀਂ ਕੀਮਤ ਫਿਕਸ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੀਆਂ ਰਿਹਾਇਸ਼ੀ ਅਤੇ ਵਪਾਰਕ ਜਾਇਦਾਦਾਂ ਦੀ ਸਾਲ 2023-24 ਲਈ ਰਾਖਵੀਂ ਕੀਮਤ ਤੈਅ ਕਰਨ ਸਬੰਧੀ ਗਠਿਤ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਪ੍ਰਧਾਨਗੀ ਹੇਠ ਸਥਾਨਕ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਹੋਈ। ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਹਰਮੀਤ ਸਿੰਘ ਔਲਖ ਦੀ ਮੌਜੂਦਗੀ ਵਿਚ ਹੋਈ ਇਸ ਮੀਟਿੰਗ ਦੌਰਾਨ ਨਗਰ ਸੁਧਾਰ ਟਰੱਸਟ ਦੀਆਂ ਵੱਖ-ਵੱਖ ਰਿਹਾਇਸ਼ੀ ਅਤੇ ਵਪਾਰਕ ਜਾਇਦਾਦਾਂ ਦੀ ਰਾਖਵੀਂ ਕੀਮਤ ਫਿਕਸ ਕੀਤੀ ਗਈ, ਜਿਨ੍ਹਾਂ ਵਿਚ ਰਾਜੀਵ ਗਾਂਧੀ ਐਵੀਨਿਊ, ਡਾ. ਅੰਬੇਡਕਰ ਨਗਰ, ਸ਼ਹੀਦ ਊਧਮ ਸਿੰਘ ਮਾਰਕਿਟ, ਸੰਤ ਹਰਚੰਦ ਸਿੰਘ ਲੌਂਗੋਵਾਲ ਨਗਰ, ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਕਿਟ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਇਨਕਲੇਵ ਦੀਆਂ ਵੱਖ-ਵੱਖ ਸਕੀਮਾਂ ਸ਼ਾਮਲ ਸਨ। ਇਸ ਮੌਕੇ ਸ਼ਹਿਰ ਦੀ ਬਿਹਤਰੀ ਅਤੇ ਇਸ ਨੂੰ ਸੁੰਦਰ ਬਣਾਉਣ ਲਈ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸਹਾਇਕ ਕਮਿਸ਼ਨਰ ਨਗਰ ਨਿਗਮ ਸੰਦੀਪ ਤਿਵਾੜੀ, ਨਗਰ ਸੁਧਾਰ ਟਰੱਸਟ ਦੀ ਕਾਰਜਕਾਰੀ ਅਫ਼ਸਰ ਸੁਰਿੰਦਰ ਕੁਮਾਰੀ, ਸਚਿਨ ਗੁਪਤਾ, ਐਸ.ਡੀ.ਓ. ਮਨਦੀਪ ਸਿੰਘ, ਮੈਡਮ ਸੋਨੀਆ ਤੋਂ ਇਲਾਵਾ ਹੋਰ ਅਧਿਕਾਰੀ ਹਾਜ਼ਰ ਸਨ।

ਪਾਕਿ 'ਚ ਸਿੱਖ ਭਰਾਵਾਂ ਦੇ ਕੇਸਾਂ ਦੀ ਬੇਅਦਬੀ ਕਰਨ ਦੀ ਧਾਮੀ ਵੱਲੋਂ ਨਿੰਦਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਾਕਿਸਤਾਨ ਦੇ ਜ਼ਿਲ੍ਹਾ ਨਨਕਾਣਾ ਸਾਹਿਬ ਵਿਚ ਦੋ ਸਿੱਖ ਭਰਾਵਾਂ ਦੇ ਕੇਸਾਂ ਦੀ ਬੇਅਦਬੀ ਕਰਨ ਦੀ ਸਖ਼ਤ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਾਕਿਸਤਾਨ ਵਿਚ ਪਿਛਲੇ ਸਮੇਂ ਦੌਰਾਨ ਕਈ ਵਾਰ ਸਿੱਖਾਂ ਤੇ ਹਮਲੇ ਹੋ ਚੁੱਕੇ ਹਨ, ਪਰ ਪੁਲਸ ਵੱਲੋਂ ਦੋਸ਼ੀਆਂ ਖਿਲਾਫ ਬਣਦੀ ਕਾਰਵਾਈ ਨਹੀਂ ਕੀਤੀ ਜਾਂਦੀ। ਉਨ੍ਹਾਂ ਕਿਹਾ ਕਿ ਤਾਜ਼ਾ ਮਾਮਲੇ ਵਿਚ ਵੀ ਪੁਲਸ ਵੱਲੋਂ ਕਿਸੇ ਵੀ ਦੋਸ਼ੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ, ਸਗੋਂ ਸਿੱਖਾਂ ਤੇ ਦਬਾਅ ਬਣਾਇਆ ਜਾ ਰਿਹਾ ਹੈ। ਐਡਵੋਕੇਟ ਧਾਮੀ ਨੇ ਪਾਕਿਸਤਾਨ ਸਰਕਾਰ ਤੋਂ ਮੰਗ ਕੀਤੀ ਕਿ ਮਾਮਲੇ ਦੀ ਗੰਭੀਰਤਾ ਨੂੰ ਵੇਖਦਿਆਂ ਦੋਸ਼ੀਆਂ ਖਿਲਾਫ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਭਾਰਤ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਕੂਟਨੀਤਕ ਪੱਧਰ 'ਤੇ ਪਾਕਿਸਤਾਨ ਸਰਕਾਰ ਨਾਲ ਗਲ ਕਰਕੇ ਸਿੱਖਾਂ ਦੀ ਸੁਰੱਖਿਆ ਯਕੀਨੀ ਬਣਾਵੇ।

ਖੇਤੀ ਅਧਿਕਾਰੀਆਂ ਨੇ ਕਣਕ ਤੇ ਸਰ੍ਹੋਂ ਦੀ ਫਸਲ ਦਾ ਕੀਤਾ ਨਿਰੀਖਣ

ਪੱਟੀ (ਸ਼ਮਸ਼ੇਰ ਸਿੰਘ ਯੋਧਾ, ਬਲਦੇਵ ਸਿੰਘ ਸੰਧੂ)

ਮੁੱਖ ਖੇਤੀਬਾੜੀ ਅਫਸਰ ਤਰਨਤਾਰਨ ਡਾ. ਸੁਰਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਤਹਿਤ ਖੇਤੀਬਾੜੀ ਅਫਸਰ, ਪੱਟੀ ਡਾ. ਭੁਪਿੰਦਰ ਸਿੰਘ, ਖੇਤੀਬਾੜੀ ਵਿਕਾਸ ਅਫਸਰ (ਪੀ ਪੀ) ਡਾ. ਸੰਦੀਪ ਸਿੰਘ, ਖੇਤੀਬਾੜੀ ਵਿਸਥਾਰ ਅਫਸਰ ਘਰਿਆਲਾ ਰਾਜਿੰਦਰ ਕੁਮਾਰ ਨੇ ਬਲਾਕ ਪੱਟੀ ਦੇ ਵੱਖ-ਵੱਖ ਪਿੰਡਾਂ ਕਾਲੇਕੇ ਉਤਾੜ, ਦੁਬਲੀ ਅਤੇ ਬਰਵਾਲੇ ਵਿਖੇ ਕਣਕ ਅਤੇ ਸਰ੍ਹੋਂ ਦੀ ਫਸਲ ਦਾ ਨਿਰੀਖਣ ਕੀਤਾ। ਨਿਰੀਖਣ ਦੌਰਾਨ ਪਹਿਲੀ ਵਾਰ ਪਰਾਲੀ ਪ੍ਰਬੰਧਨ ਕਰਕੇ ਕਣਕ ਦੀ ਕਾਸ਼ਤ ਕਰ ਰਹੇ ਗੁਰਲਾਲ ਸਿੰਘ ਨੇ ਹੁਣ ਤਕ ਮਿਲੇ ਨਤੀਜੇ 'ਤੇ ਸੰਤੁਸ਼ਟੀ ਵਿਖਾਈ। ਉੱਥੇ 5 ਸਾਲ ਤੋਂ ਵੱਖ-ਵੱਖ ਢੰਗਾਂ ਨਾਲ ਪਰਾਲੀ ਪ੍ਰਬੰਧਨ ਕਰਨ ਵਾਲੇ ਜ਼ੋਰਾਵਰ ਸਿੰਘ ਅਤੇ ਗੁਰਚੇਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਤਕਨੀਕਾਂ ਨੂੰ ਅਪਨਾਉਣ ਨਾਲ ਖਾਦਾਂ ਦੀ ਵਰਤੋਂ ਪਹਿਲਾਂ ਦੇ ਮੁਕਾਬਲੇ ਬਹੁਤ ਘੱਟ ਗਈ ਹੈ ਜਦੋਂਕਿ ਫਸਲ ਦੇ ਝਾੜ ਵਿਚ ਨਿਰੰਤਰ ਵਾਧਾ ਹੋਇਆ ਹੈ। ਨਿਰੀਖਣ ਦੌਰਾਨ ਖੇਤੀਬਾੜੀ ਅਧਿਕਾਰੀਆਂ ਨੇ ਤਕਨੀਕੀ ਨੁਕਤੇ ਸਾਂਝੇ ਕਰਨ ਦੌਰਾਨ ਇਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਉਹ ਸਾਥੀ ਕਿਸਾਨਾਂ ਨੂੰ ਵੀ ਪ੍ਰੇਰਿਤ ਕਰਨ ਤਾਂ ਜੋ ਘੱਟ ਖਰਚ ਤੇ ਮਿਆਰੀ ਉਪਜ ਪੈਦਾ ਕੀਤੀ ਜਾ ਸਕੇ। ਇਸ ਮੌਕੇ ਕਿਸਾਨਾਂ ਨੂੰ ਸਲਾਹ ਦਿੱਤੀ ਗਈ ਕਿ ਕਣਕ ਨੂੰ ਦਾਣੇ ਭਰਨ ਸਮੇਂ ਵੱਧ ਤਾਪਮਾਨ ਤੋਂ ਬਚਾਉਣ ਅਤੇ ਵੱਧ ਝਾੜ ਲੈਣ ਲਈ ਚਾਰ ਕਿਲੋ ਪੋਟਾਸ਼ੀਅਮ ਨਾਈਟਰੇਟ ਦੇ ਦੋ ਛਿੜਕਾਅ 200 ਲਿਟਰ ਪਾਣੀ ਵਿਚ ਘੋਲ ਬਣਾ ਕੇ ਪਹਿਲਾ ਛਿੜਕਾਅ ਗੋਭ ਵਾਲਾ ਪੱਤਾ ਨਿਕਲਣ ਅਤੇ ਦੂਜਾ ਛਿੜਕਾਅ ਕਣਕ ਨੂੰ ਬੂਰ ਪੈਣ ਸਮੇਂ ਕਰਨ। ਇਸ ਮੌਕੇ ਸੁਖਵੰਤ ਸਿੰਘ ਕਾਲੇਕੇ ਉਤਾੜ, ਗੁਰਦੇਵ ਸਿੰਘ ਮਾਣਕਪੁਰ ਸਹਾਇਕ ਤਕਨੀਕੀ ਪ੍ਰਬੰਧਕ ਅਤੇ ਮੌਜੂਦ ਕਿਸਾਨਾਂ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

ਪੰਜਾਬ ਸਰਕਾਰ ਵਿਸ਼ਵ ਪੱਧਰੀ ਸਿਹਤ ਸੁਵਿਧਾਵਾਂ ਮੁਫ਼ਤ ਦੇਣ ਲਈ ਵਚਨਬੱਧ : ਬਹਿਲ

ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਰਕਾਰ ਸੂਬਾ ਨਿਵਾਸੀਆਂ ਨੂੰ ਵਿਸ਼ਵ ਪੱਧਰੀ ਸਿਹਤ ਸੁਵਿਧਾਵਾਂ ਮੁਫ਼ਤ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਤਰਜੀਹੀ ਆਧਾਰ 'ਤੇ ਢੁਕਵੇਂ ਕਦਮ ਪੁੱਟੇ ਜਾ ਰਹੇ ਹਨ। ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਇਹ ਪ੍ਰਗਟਾਵਾ ਕਰਦਿਆਂ ਕਿਹਾ ਕਿ ਅਗਲੇ ਛੇ ਮਹੀਨਿਆਂ ਅੰਦਰ ਸੂਬੇ ਦੇ ਸਰਕਾਰੀ ਹਸਪਤਾਲਾਂ ਵਿੱਚ ਸਫ਼ਾਈ ਵਿਵਸਥਾ ਨੂੰ ਸੁਚਾਰੂ ਬਣਾਉਣ ਦੇ ਨਾਲ ਨਾਲ ਸਟਾਫ਼ ਦੀ ਸੁਰੱਖਿਆ ਅਤੇ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਮਾਨ ਵੱਲੋਂ ਟੀਚਾ ਮਿਥਿਆ ਗਿਆ ਹੈ ਕਿ ਅਗਲੇ ਇੱਕ ਦੋ ਵਰ੍ਹਿਆਂ ਅੰਦਰ ਸਾਰੇ ਟੈਸਟ ਤੇ ਸਾਰੀਆਂ ਦਵਾਈਆਂ ਹਸਪਤਾਲਾਂ ਅੰਦਰ ਹੀ ਮੁਫ਼ਤ ਉਪਲਬਧ ਹੋਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲ ਕਾਰਪੋਰੇਟ ਹਸਪਤਾਲਾਂ ਨਾਲੋਂ ਵੀ ਵਧੀਆ ਬਣਾਏ ਜਾਣਗੇ ਅਤੇ ਕਿਸੇ ਵੀ ਹਸਪਤਾਲ ਵਿੱਚ ਨਾ ਤਾਂ ਸਪੈਸ਼ਲਿਸਟ ਡਾਕਟਰਾਂ ਦੀ ਕਮੀ ਰਹੇਗੀ ਅਤੇ ਨਾ ਹੀ ਲੋੜਵੰਦਾਂ ਨੂੰ ਕਿਸੇ ਸਮੱਸਿਆ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਮੁੱਖ ਮੰਤਰੀ ਵੱਲੋਂ 271 ਸਪੈਸ਼ਲਿਸਟ ਡਾਕਟਰਾਂ ਦੀ ਭਰਤੀ ਕੀਤੀ ਗਈ ਹੈ ਅਤੇ ਬਾਕੀ ਦੀਆਂ ਖਾਲੀ ਆਸਾਮੀਆਂ ਭਰਨ ਲਈ ਵੀ ਪ੍ਰਕਿਰਿਆ ਪ੍ਰਗਤੀ ਅਧੀਨ ਹੈ। ਪਿਛਲੀਆਂ ਸਰਕਾਰਾਂ ਵੱਲੋਂ ਸਿਹਤ ਦੇ ਖੇਤਰ ਦੀ ਅਣਦੇਖੀ ਦਾ ਖਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪਿਆ ਹੈ ਪਰ ਅਜਿਹਾ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਮੁੱਖ ਮੰਤਰੀ ਨੇ ਆਉਂਦੇ ਸਾਰ ਹੀ ਬੇਰੋਜ਼ਗਾਰਾਂ ਨੂੰ ਨੌਕਰੀਆਂ ਦੇਣ, ਸਪੈਸ਼ਲਿਸਟ ਡਾਕਟਰਾਂ ਦੀ ਭਰਤੀ ਆਦਿ ਸਮੇਤ ਅਨੇਕਾਂ ਕੰਮ ਕਰਵਾਏ ਹੋਣ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਸਥਾਪਤ ਆਮ ਆਦਮੀ ਕਲੀਨਿਕਾਂ ਵਿੱਚ ਮਿਲ ਰਹੀਆਂ ਸਹੂਲਤਾਂ ਦਾ ਲੋਕ ਕਾਫੀ ਲਾਭ ਉਠਾ ਰਹੇ ਹਨ।

ਜੱਲੋਕੇ ਵਿਖੇ ਰੇਤੇ ਦੀ ਖੱਡ ਸ਼ੁਰੂ ਹੋਣ ਨਾਲ ਹਲਕੇ ਦੇ ਲੋਕਾਂ ਨੂੰ ਮਿਲੀ ਵੱਡੀ ਰਾਹਤ

ਤਰਨ ਤਾਰਨ (ਪ੍ਰਿਤਪਾਲ ਸਿੰਘ)

ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਸਤਾ ਰੇਤਾ ਮੁਹੱਈਆ ਕਰਵਾਉਣ ਦੇ ਉਦੇਸ ਨਾਲ ਜਿਲ੍ਹਾ ਤਰਨਤਾਰਨ ਵਿਖੇ ਪਿੰਡ ਜੱਲੋਕੇ ਵਿੱਚ ਖੱਡ ਤੋਂ ਰੇਤੇ ਦੀ ਨਿਕਾਸੀ ਸ਼ੁਰੂ ਹੋ ਗਈ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਤਰਨਤਾਰਨ ਰਿਸ਼ੀਪਾਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਬ-ਡਵੀਜ਼ਨ ਪੱਟੀ ਦੇ ਪਿੰਡ ਜੱਲੋਕੇ ਵਿਖੇ ਇੱਕ ਖੱਡ ਸ਼ੁਰੂ ਕਰਵਾਈ ਗਈ ਹੈ, ਇਸ ਖੱਡ ਤੋਂ ਲੋਕਾਂ ਨੂੰ ਲੋੜ ਅਨੁਸਾਰ ਰੇਤਾ ਮਿਲ ਸਕੇਗਾ। ਉਨ੍ਹਾਂ ਦੱਸਿਆ ਕਿ ਇਸ ਖੱਡ ਤੋਂ ਲੋਕਾਂ ਨੂੰ 5.50 ਰੁਪਏ ਪ੍ਰਤੀ ਘਣ ਫੁੱਟ ਦੀ ਦਰ 'ਤੇ ਰੇਤਾ ਮਿਲੇਗਾ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੁਣ ਕੋਈ ਵੀ ਵਿਅਕਤੀ ਆਪਣੇ ਟਰੈਕਟਰ ਟਰਾਲੀ ਰਾਹੀਂ ਇੱਥੋਂ ਆਪਣੀ ਲੇਬਰ ਰਾਹੀਂ ਟਰਾਲੀ ਭਰਵਾ ਕੇ ਅਤੇ 5.50 ਰੁਪਏ ਪ੍ਰਤੀ ਘਣ ਫੁੱਟ ਦੀ ਦਰ ਨਾਲ ਅਦਾਇਗੀ ਕਰਕੇ ਰੇਤ ਲਿਜਾ ਸਕਦਾ ਹੈ। ਇਸ ਮੌਕੇ ਮਾਈਨਿੰਗ ਵਿਭਾਗ ਦੇ ਅਧਿਕਾਰੀ ਹਾਜ਼ਰ ਹਨ, ਜੋ ਮੌਕੇ 'ਤੇ ਹੀ ਅਦਾਇਗੀ ਲੈ ਕੇ ਰੇਤੇ ਦੀ ਭਰਾਈ ਕਰਵਾ ਰਹੇ ਹਨ।

ਉਨ੍ਹਾਂ ਨੇ ਦੱਸਿਆ ਕਿ ਇਸ ਖੱਡ ਤੋਂ ਸਿਰਫ ਲੇਬਰ ਦੀ ਮੱਦਦ ਨਾਲ ਹੀ ਰੇਤੇ ਦੀ ਨਿਕਾਸੀ ਦੀ ਆਗਿਆ ਦਿੱਤੀ ਗਈ ਹੈ ਅਤੇ ਮਸ਼ੀਨਾਂ ਨਾਲ ਖੁਦਾਈ ਜਾਂ ਭਰਾਈ ਕਰਨ ਦੀ ਆਗਿਆ ਨਹੀਂ ਹੋਵੇਗੀ। ਪੰਜਾਬ ਸਰਕਾਰ ਦੇ ਲੋਕਾਂ ਨੂੰ ਸਸਤਾ ਰੇਤਾ ਮੁਹੱਈਆ ਕਰਵਾਉਣ ਦੇ ਉਪਰਾਲੇ ਸਦਕਾ ਜ਼ਿਲ੍ਹੇ ਵਿੱਚ ਰੇਤੇ ਦੀ ਖੱਡ ਸ਼ੁਰੂ ਹੋਣ ਨਾਲ ਲੋਕਾਂ ਨੂੰ ਰਾਹਤ ਮਿਲੀ ਹੈ। ਇਸ ਸਬੰਧੀ ਜ਼ਿਲ੍ਹਾ ਤਰਨਤਾਰਨ ਦੇ ਪਿੰਡ ਸੀਤੋ ਦੇ ਨੌਜਵਾਨ ਬਲਰਾਜ ਸਿੰਘ ਨੇ ਦੱਸਿਆ ਕਿ ਤੈਅ ਕੀਮਤ 'ਤੇ ਘਰ ਦੇ ਨੇੜੇ ਹੀ ਰੇਤਾ ਮਿਲਣ ਲੱਗਾ ਹੈ। ਇਸੇ ਤਰ੍ਹਾਂ ਅਮਰਜੀਤ ਸਿੰਘ ਵਾਸੀ ਪਿੰਡ ਨਿਜ਼ਾਮਦੀਨ ਵਾਲਾ ਨੇ ਰੇਤ ਖੱਡਾਂ ਸ਼ੁਰੂ ਕਰਨ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਖੱਡਾਂ ਦੇ ਸ਼ੁਰੂ ਹੋਣ ਨਾਲ ਲੋਕਾਂ ਨੂੰ ਜਿੱਥੇ ਸਸਤਾ ਰੇਤਾ ਮਿਲੇਗਾ, ਉੱਥੇ ਹੀ ਇਸ ਨਾਲ ਲੇਬਰ ਨੂੰ ਵੀ ਕੰਮ ਮਿਲੇਗਾ।

ਜੇ ਕੇ ਟਾਇਰ ਵੱਲੋਂ ਐਕਸਟਰਾ ਫਿਊਲ ਐਫ਼ੀਸ਼ਿਐਂਟ ਟਾਇਰ ਲਾਂਚ

ਬਠਿੰਡਾ : ਭਾਰਤ ਦੀ ਟਾਇਰ ਬਣਾਉਣ ਵਿੱਚ ਮੋਹਰੀ ਕੰਪਨੀ ਜੇਕੇ ਟਾਇਰ ਐਂਡ ਇੰਡਸਟਰੀਜ਼ ਨੇ ਮੱਧਮ ਅਤੇ ਭਾਰੀ ਵਪਾਰਕ ਵਾਹਨ (ਐੱਮ ਐਂਡ ਐੱਚਸੀਵੀ) ਸ਼੍ਰੇਣੀ ਲਈ ਭਾਰਤ ਦਾ ਸਭ ਤੋਂ ਜ਼ਿਆਦਾ ਈਂਧਨ ਕੁਸ਼ਲ ਟਾਇਰ ਲਾਂਚ ਕੀਤਾ ਹੈ। ਨਵੇਂ ਲਾਂਚ ਕੀਤੇ ਗਏ ਜੈੱਟਵੇ, ਜੇਯੂਐੱਚ, ਐਕਸਐੱਫ਼ ਅਤੇ ਜੈੱਟ ਸਟੀਲ, ਜੇਡੀਈ, ਐੱਕਸ ਐੱਫ (ਐਕਸਟਰਾ ਫਿਊਲ ਐਫੀਸ਼ਿਐਂਟ) ਰੇਂਜ ਵਿੱਚ ਹਨ ਅਤੇ ਇਨ੍ਹਾਂ ਨੂੰ ਖਾਸ ਤੌਰ 'ਤੇ ਲਾਂਗ/ਹਾਲੇਟਡ ਲੋਡ ਐਪਲੀਕੇਸ਼ਨ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਡਿਜ਼ਾਈਨ ਕੀਤਾ ਗਿਆ ਹੈ। ਸਾਡੇ ਦੇਸ਼ ਵਿੱਚ ਟਰੱਕ ਆਪਰੇਟਰਾਂ ਨੂੰ ਲਗਾਤਾਰ ਵਧਦੀ ਈਂਧਨ ਲਾਗਤ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਨਾਲ ਵਾਹਨ ਦੀ ਸੰਚਾਲਨ ਲਾਗਤ ਵੱਧ ਜਾਂਦੀ ਹੈ। ਇੱਕ ਗਾਹਕ ਕੇਂਦਰਿਤ ਕੰਪਨੀ ਹੋਣ ਦੇ ਨਾਤੇ, ਜੇ ਕੇ ਟਾਇਰ ਨੇ ਇਸ ਲੋੜ ਨੂੰ ਸਮਝਿਆ ਅਤੇ ਐਨਰਜੀ ਐਫ਼ੀਸ਼ਿਐਂਟ ਐਕਸਐੱਫ ਰੇਂਜ ਵਿਕਸਿਤ ਕੀਤੀ। ਇਹ ਟਾਇਰ ਨਾ ਸਿਰਫ ਸੰਚਾਲਨ ਲਾਗਤ ਨੂੰ ਘੱਟ ਕਰਨ ਵਿੱਚ ਬਹੁਤ ਪ੍ਰਭਾਵਸ਼ਾਲੀ ਹਨ, ਸਗੋਂ ਵਾਤਾਵਰਣ ਦੀ ਸੁਰੱਖਿਆ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਇਸ ਲਾਂਚ ਦੇ ਮੌਕੇ 'ਤੇ ਜੇ ਕੇ ਟਾਇਰ ਐਂਡ ਇੰਡਸਟਰੀਜ਼ ਲਿਮਟਿਡ ਦੇ ਪ੍ਰੈਜ਼ੀਡੈਂਟ (ਇੰਡੀਆ) ਅਨੁਜ ਕਥੂਰੀਆ ਨੇ ਕਿਹਾ ਕਿ ਸੀਵੀ ਸੈਗਮੈਂਟ ਵਿੱਚ ਮੋਹਰੀ ਹੋਣ ਦੇ ਨਾਤੇ, ਅਸੀਂ ਸਮਝਦੇ ਹਾਂ ਕਿ ਟਰੱਕਿੰਗ ਉਦਯੋਗ ਈਂਧਨ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਲੈ ਕੇ ਸਭ ਤੋਂ ਜ਼ਿਆਦਾ ਚਿੰਤਤ ਹੈ ਬੀਐੱਸ-6 ਫੇਜ਼ ਸੈਕੰਡ ਨਿਕਾਸੀ ਮਾਪਦੰਡਾਂ ਅਤੇ ਡੀਜ਼ਲ ਦੀਆਂ ਵਧਦੀਆਂ ਕੀਮਤਾਂ ਨਾਲ ਉਨ੍ਹਾਂ ਦੀ ਸੰਚਾਲਨ ਲਾਗਤ ਵਿੱਚ ਹੋਰ ਵਾਧਾ ਹੁੰਦਾ ਹੈ।

ਪਹੂਵਿੰਡ ਸਾਹਿਬ ਵਿਖੇ 8ਵਾਂ ਦਸਤਾਰ ਸਿਖਲਾਈ ਕੈਂਪ ਲਗਾਇਆ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)

ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਜੀ ਦੇ ਜਨਮ ਅਸਥਾਨ ਪਹੂਵਿੰਡ ਸਾਹਿਬ ਵਿਖੇ 8ਵਾਂ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿਚ 4 ਨੌਜਵਾਨਾਂ ਨੇ ਕੇਸ ਰੱਖਣ ਦਾ ਪ੍ਰਣ ਕੀਤਾ। ਸਾਜਨ ਸਿੰਘ (ਅਲਗੋ ਖੁਰਦ) ਗੁਰਸੇਵਕ ਸਿੰਘ (ਮਾੜੀ ਕੰਬੋਕੇ) ਵਰਿੰਦਰ ਸਿੰਘ (ਦਿਆਲਪੁਰ) ਅਤੇ ਅਬੀਜੋਤ ਸਿੰਘ (ਮਹਿਤਪੁਰ)। ਹਰ ਵਾਰ ਦੀ ਤਰ੍ਹ ਇਸ ਵਾਰ ਵੀ ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਸਿੰਘ ਸ਼ਾਹਪੁਰ, ਇੰਟਰਨੈਸ਼ਨਲ ਦਸਤਾਰ ਕੋਚ ਸਾਹਬ ਸਿੰਘ ,ਪ੍ਰਭਜੀਤ ਸਿੰਘ, ਲਵਪ੍ਰੀਤ ਸਿੰਘ, ਸਹਿਜਬੀਰ ਸਿੰਘ, ਗੁਰਵਿੰਦਰ ਸਿੰਘ, ਪ੍ਰਤਾਪ ਸਿੰਘ ਅਤੇ ਹੋਰ ਦਸਤਾਰ ਕੋਚ ਪਹੁੰਚੇ। ਦਸਤਾਰ ਕੈਂਪ 'ਚ ਤੀਰਥ ਸਿੰਘ ਅਟਵਾਲ, ਰਾਜਾ ਸਿੰਘ, ਸ਼ਰਨਦੀਪ ਸਿੰਘ ਦੇ ਸਹਿਯੋਗ ਨਾਲ ਲਗਾਇਆ ਗਿਆ ਜਿਸ ਵਿਚ ਭਾਈ ਗੁਰਪ੍ਰੀਤ ਸਿੰਘ ਦਾ ਬਹੁਤ ਸਹਿਯੋਗ ਰਿਹਾ। ਇੰਟਰਨੈਸ਼ਨਲ ਦਸਤਾਰ ਕੋਚ ਗੁਰਜੀਤ ਸਿੰਘ ਨੇ ਦੱਸਿਆ ਕਿ 250-300 ਦੇ ਕਰੀਬ ਦਸਤਾਰਾਂ ਸਜਾਈਆਂ ਗਈਆਂ। 80 ਲੋੜਵੰਦਾਂ ਨੂੰ ਫ੍ਰੀ ਦਸਤਾਰਾਂ ਵੀ ਦਿੱਤੀਆਂ ਗਈਆਂ।

ਜ਼ਿਲ੍ਹਾ ਪ੍ਰਸ਼ਾਸਨ ਨੇ ਪਿੰਡ ਸਿੱਧਵਾਂ 'ਚ ਜਨ ਸੁਵਿਧਾ ਕੈਂਪ ਲਗਾਇਆ

ਗੁਰਦਾਸਪੁਰ, (ਜਨਕ ਮਹਾਜਨ)

ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਨ-ਸੁਵਿਧਾ ਕੈਂਪ ਲਗਾਉਣ ਦਾ ਸਿਲਸਲਾ ਜਾਰੀ ਹੈ ਜਿਸ ਤਹਿਤ ਅੱਜ ਤਹਿਸੀਲ ਗੁਰਦਾਸਪੁਰ ਦੇ ਪਿੰਡ ਸਿੱਧਵਾਂ ਵਿਖੇ ਪ੍ਰਸ਼ਾਸਨ ਵੱਲੋਂ ਜਨ-ਸੁਵਿਧਾ ਕੈਂਪ ਲਗਾਇਆ ਗਿਆ। ਐੱਸਡੀਐੱਮ ਗੁਰਦਾਸਪੁਰ ਅਮਨਦੀਪ ਕੌਰ ਘੁੰਮਣ ਦੀ ਅਗਵਾਈ ਹੇਠ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਜਨ ਸੁਵਿਧਾ ਕੈਂਪ ਵਿੱਚ ਹਿੱਸਾ ਲੈ ਕੇ ਪਿੰਡ ਵਾਸੀਆਂ ਨੂੰ ਬੁਢਾਪਾ ਪੈਨਸ਼ਨ ਸਮੇਤ ਹੋਰ ਪੈਨਸ਼ਨਾਂ, ਲੇਬਰ ਵਿਭਾਗ ਨਾਲ ਸਬੰਧਤ ਸੇਵਾਵਾਂ, ਮਾਲ ਵਿਭਾਗ ਨਾਲ ਸਬੰਧਤ ਕੰਮਾਂ ਸਮੇਤ ਹੋਰ ਵਿੱਤੀ ਸਹਾਇਤਾ ਸਕੀਮਾਂ ਦੇ ਨਾਲ-ਨਾਲ ਸਾਰੇ ਵਿਭਾਗਾਂ ਵੱਲੋਂ ਇੱਕੋ ਛੱਤ ਥੱਲੇ ਸਰਕਾਰੀ ਸਹੂਲਤਾਂ ਉਪਲਬਧ ਕਰਵਾਈਆਂ ਗਈਆਂ। ਇਸ ਮੌਕੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਨੂੰ ਵੀ ਸੁਣਿਆ ਗਿਆ। ਕੈਂਪ ਵਿੱਚ ਹਾਜ਼ਰ ਐੱਸਡੀਐੱਮ ਅਮਨਦੀਪ ਕੌਰ ਘੁੰਮਣ ਨੇ ਕਿਹਾ ਕਿ ਜਨ ਸੁਵਿਧਾ ਕੈਂਪਾਂ ਵਿੱਚ ਸਰਕਾਰ ਵੱਲੋਂ ਚਲਾਈਆਂ ਜਾਂਦੀਆਂ ਭਲਾਈ ਸਕੀਮਾਂ ਬਾਰੇ ਪਿੰਡਾਂ ਵਿਚ ਰਹਿ ਰਹੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਨਾਲ ਹੀ ਵੱਖ-ਵੱਖ ਵਿਭਾਗਾਂ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਦੇ ਫਾਰਮ ਭਰਕੇ ਲੋੜਵੰਦ ਲਾਭਪਾਤਰੀਆਂ ਨੂੰ ਲਾਭ ਦਿੱਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਵਾਸੀਆਂ ਦੀ ਮੁਸ਼ਕਲਾਂ ਵੀ ਸੁਣੀਆਂ ਗਈਆਂ ਹਨ ਅਤੇ ਅਧਿਕਾਰੀਆਂ ਵੱਲੋਂ ਸਬੰਧਤ ਵਿਭਾਗਾਂ ਨੂੰ ਉਨ੍ਹਾਂ ਮੁਸ਼ਕਲਾਂ ਦੇ ਹੱਲ ਲਈ ਨਿਰਦੇਸ਼ ਦਿੱਤੇ ਗਏ ਹਨ। ਸ਼੍ਰੀਮਤੀ ਘੁੰਮਣ ਵੱਲੋਂ ਪਿੰਡ ਦੇ ਸਰਕਾਰੀ ਸਕੂਲ ਦਾ ਦੌਰਾ ਕੀਤਾ ਗਿਆ ਅਤੇ ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਗੱਲਬਾਤ ਕੀਤੀ ਗਈ। ਇਸ ਤੋਂ ਬਾਅਦ ਉਨ੍ਹਾਂ ਨੇ ਪਿੰਡ ਦੇ ਵਿਕਾਸ ਕਾਰਜਾਂ ਦਾ ਜਾਇਜ਼ਾ ਵੀ ਲਿਆ।

ਸਕੂਲ ਵਰਦੀਆਂ ਦੀ ਖ੍ਰੀਦ 'ਚ ਹੋਈਆਂ ਬੇਨਿਯਮੀਆਂ ਦੀ ਉੱਚ-ਅਧਿਕਾਰੀਆਂ ਨੇ ਰਿਪੋਰਟ ਮੰਗੀ

ਮਜੀਠਾ (ਮਨਮੋਹਨ ਸਿੰਘ ਢਿੱਲੋਂ)

ਸਾਂਝਾ ਅਧਿਆਪਕ ਮੋਰਚਾ ਵੱਲੋਂ ਪ੍ਰੀ-ਪ੍ਰਾਇਮਰੀ ਬੱਚਿਆਂ ਦੀਆਂ ਵਰਦੀਆਂ ਦੀ ਖਰੀਦ ਵਿਚ ਹੋਈਆਂ ਬੇਨਿਯਮੀਆਂ ਨੂੰ ਲੈ ਕੇ ਉਪਰੋਕਤ ਮਾਮਲੇ ਸਬੰਧੀ ਜ਼ਿਲ੍ਹਾ ਸਿੱਖਿਆ ਅਫਸਰ ਨੂੰ ਮਿਲ ਕੇ ਮੰਗ ਪੱਤਰ ਦਿੱਤਾ ਗਿਆ ਸੀ ਜਿਸ 'ਤੇ ਕਾਰਵਾਈ ਕਰਦੇ ਹੋਏ ਜ਼ਿਲ੍ਹਾ ਸਿੱਖਿਆ ਅਫਸਰ (ਐਲੀ:) ਅੰਮ੍ਰਿਤਸਰ ਵੱਲੋਂ ਉਕਤ ਸਾਰੇ ਮਾਮਲੇ ਸਬੰਧੀ ਡੀਪੀਆਈ ਐਲੀਮੈਂਟਰੀ ਤੇ ਸਿੱਖਿਆ ਮੰਤਰੀ ਪੰਜਾਬ ਜੀ ਨੂੰ ਰਿਪੋਰਟ ਭੇਜੀ ਗਈ ਸੀ। ਇਸ ਦੌਰਾਨ ਪੰਜਾਬ ਸਰਕਾਰ ਅਤੇ ਡੀਪੀਆਈ ਐਲੀਮੈਂਟਰੀ ਨੇ ਜ਼ਿਲ੍ਹਾ ਸਿੱਖਿਆ ਅਫਸਰ (ਐਲੀ:) ਅੰਮ੍ਰਿਤਸਰ ਰਾਜੇਸ਼ ਸ਼ਰਮਾ ਨੂੰ ਇਸ ਦੀ ਇਨਕੁਆਰੀ ਕਰਕੇ ਤੁਰੰਤ ਰਿਪੋਰਟ ਭੇਜਣ ਲਈ ਕਹਿ ਦਿੱਤਾ ਹੈ। ਜ਼ਿਕਰਯੋਗ ਹੈ ਕਿ ਸਿੱਖਿਆ ਵਿਭਾਗ ਦੇ ਨਿਯਮਾਂ ਨੂੰ ਛਿੱਕੇ ਟੰਗ ਕੁੱਝ ਬਲਾਕ ਸਿੱਖਿਆ ਅਫਸਰਾਂ ਵੱਲੋਂ ਆਪਣੇ ਪੱਧਰ 'ਤੇ ਹੀ ਬਿਨਾਂ ਖਰੀਦ ਕਮੇਟੀ, ਬਗੈਰ ਈ-ਟੈਂਡਰਿੰਗ, ਇਸ਼ਤਿਹਾਰ ਦਿੱਤੇ ਖਰੀਦ ਕੀਤੀਆਂ ਅੱਧ-ਅਧੂਰੀਆਂ ਅਤੇ ਇਕ ਹੀ ਰੰਗ ਦੀਆਂ ਵਰਦੀਆਂ ਅਧਿਆਪਕਾਂ ਨੂੰ ਬਲਾਕ ਦਫਤਰਾਂ ਵਿੱਚ ਬੁਲਾਕੇ ਡਰਾਉਣ- ਧਮਕਾਉਣ ਉਪਰੰਤ ਜ਼ਬਰਦਸਤੀ ਵੰਡੀਆਂ ਜਾ ਰਹੀਆਂ ਹਨ।

ਅਧਿਆਪਕ ਆਗੂਆਂ ਵੱਲੋਂ ਜ਼ਿਲੇ ਦੇ ਸਮੂਹ ਸੈਂਟਰ ਹੈਡਟੀਚਰ, ਹੈੱਡਟੀਚਰਾਂ ਅਤੇ ਇੰਚਾਰਜ ਅਧਿਆਪਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਸਰਕਾਰ ਦੇ ਹੁਕਮਾਂ ਦੇ ਉਲਟ ਜਾ ਕੇ ਬਲਾਕ ਸਿੱਖਿਆ ਅਫਸਰਾਂ ਵੱਲੋਂ ਬੇਨਿਯਮੀਆਂ ਕਰਕੇ ਆਪਣੇ ਪੱਧਰ 'ਤੇ ਖ੍ਰੀਦੀਆਂ ਗਈਆਂ ਅਧੂਰੀਆਂ ਇਕੋ ਰੰਗ ਦੀਆਂ ਵਰਦੀਆਂ ਪ੍ਰਾਪਤ ਨਾ ਕਰਨ। ਜਦੋਂ ਤੱਕ ਜਾਂਚ-ਪੜਤਾਲ ਮੁਕੰਮਲ ਨਹੀਂ ਹੋ ਜਾਂਦੀ ਹੈ। ਇਸ ਮਾਮਲੇ ਸੰਬੰਧੀ ਡੀ.ਈ.ਓ ਐਲੀ: ਅੰਮ੍ਰਿਤਸਰ ਰਾਜੇਸ਼ ਸ਼ਰਮਾ ਨੇ ਗੱਲਬਾਤ ਦੌਰਾਨ ਆਖਿਆ ਹੈ ਕਿ ਖ੍ਰੀਦ ਕੀਤੀਆ ਵਰਦੀਆਂ 'ਚ ਸਰਕਾਰ ਦੀਆਂ ਹਦਾਇਤਾਂ/ ਬੇਨਿਯਮੀਆਂ ਸਹਿਣ ਨਹੀਂ ਕੀਤੀਆਂ ਜਾਣਗੀਆਂ। ਭ੍ਰਿਸ਼ਟਾਚਾਰ ਕਰਨ ਵਾਲੇ ਭ੍ਰਿਸ਼ਟ ਅਧਿਕਾਰੀ ਬਖਸ਼ੇ ਨਹੀਂ ਜਾਣਗੇ।

'ਸਵੱਸਥ ਲੋਕ ਸਵੱਸਥ ਭਾਰਤ' ਵਿਸ਼ੇ 'ਤੇ ਸੈਮੀਨਾਰ ਆਯੋਜਿਤ

ਅੰਮ੍ਰਿਤਸਰ (ਅਰੋੜਾ)

ਰੋਟਰੀ ਕਲੱਬ ਅੰਮ੍ਰਿਤਸਰ ਨਾਰਥ ਵੱਲੋਂ ਕਲੱਬ ਦੇ ਪ੍ਰਧਾਨ ਵਿਜੇ ਭਸੀਨ, ਸਕੱਤਰ ਗੁਰਮੀਤ ਸਿੰਘ ਹੀਰਾ ਅਤੇ ਬੈਠਕ ਚੇਅਰਮੈਨ ਰੋਟੇਰੀਅਨ ਐਡਵੋਕੇਟ ਆਰ. ਕੇ . ਉੱਪਲ ਦੀ ਪ੍ਰਧਾਨਗੀ ਹੇਠ ਸਵੱਸਥ ਲੋਕ ਸਵੱਸਥ ਰਾਸ਼ਟਰ ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਵਿੱਚ ਬਲਵਾਨ ਸਿੰਘ ਸ਼ਿਵਯੋਗੀ ਸਪਰਡੈਂਟ ਕਸਟਮ ਅਤੇ ਕੇਂਦਰੀ ਜੀ. ਐੱਸ. ਟੀ. ਮੁੱਖ ਮਹਿਮਾਨ ਦੇ ਰੂਪ ਵਜੋਂ ਸ਼ਾਮਿਲ ਹੋਏ।

ਉਨ੍ਹਾਂ ਨੇ ਮਨ, ਸਰੀਰ ਅਤੇ ਆਤਮਾ ਨੂੰ ਸਵੱਸਥ ਅਤੇ ਨਿਰੋਗ ਰੱਖਣ ਦੇ ਬਾਰੇ ਜਾਣਕਾਰੀ ਦਿੱਤੀ। ਕਲੱਬ ਦੇ ਸੀਨੀਅਰ ਮੈਂਬਰ ਕੁਲਦੀਪ ਸਿੰਘ ਅਰੋੜਾ ਨੇ ਸਮੂਹ ਮੈਂਬਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆਂ ਕਿ ਇਸ ਤਰ੍ਹਾਂ ਦੇ ਸੈਮੀਨਾਰ ਅਗਾਂਹ ਵੀ ਕਰਵਾਏ ਜਾਣਗੇ। ਉਨ੍ਹਾਂ ਨੇ ਇਸ ਸੈਮੀਨਾਰ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਰੋਟਰੀ ਮੈਂਬਰਾਂ ਦਾ ਧੰਨਵਾਦ ਵੀ ਕੀਤਾ। ਜ਼ਿਲਾ ਸਕੱਤਰ ਡਾ. ਜੀ. ਐੱਸ. ਮਦਾਨ ਨੇ ਕਲੱਬ ਵੱਲੋਂ ਚਲਾਏ ਜਾ ਰਹੇ ਸਥਾਈ ਪ੍ਰੋਜੈਕਟਾਂ ਦੇ ਬਾਰੇ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਅਤੇ ਖਾਸ ਮਹਿਮਾਨ ਕਸਟਮ ਅਧਿਕਾਰੀ ਵਨੀਤਾ ਸ਼ਰਮਾ ਨੂੰ ਕਲੱਬ ਦੇ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਰੋਟੇਰੀਅਨ ਆਰ. ਐੱਸ. ਚੱਠਾ ਨੇ ਮਾਸਟਰ ਸ਼੍ਰੋਮਣੀ ਦੀ ਭੂਮਿਕਾ ਨਿਭਾਈ। ਇਸ ਮੌਕੇ ਸਾਬਕਾ ਸਹਾਇਕ ਗਵਰਨਰ ਰੋਟੇਰੀਅਨ ਰਸਜੀਤ ਸਿੰਘ ਖੇੜਾ, ਰੋਟੇਰੀਅਨ ਅਸ਼ੋਕ ਕੁਮਾਰ, ਰਮੇਸ਼ ਕੱਕੜ, ਵਰੁਣ ਕੱਕੜ, ਰਾਜ ਕੁਮਾਰ ਸਚਦੇਵਾ, ਅਵਿੰਦਰ ਚੱਠਾ, ਦਲਜੀਤ ਕੌਰ, ਸੁਨੀਤਾ ਭਸੀਨ, ਦਵਿੰਦਰ ਭੱਟੀ, ਸੁਰਿੰਦਰ ਕੱਕੜ, ਮਹੇਸ਼ ਸਾਗਰ ਸਹਿਤ ਕਲੱਬ ਦੇ ਸਮੂਹ ਮੈਂਬਰ ਮੌਜੂਦ ਸਨ।

ਪੈਟਰੋਲ ਪੰਪ ਤੋਂ ਟਰੱਕ ਦੀਆਂ ਦੋ ਬੈਟਰੀਆਂ ਚੋਰੀ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੇ ਇੰਡੀਅਨ ਆਇਲ ਪੈਟਰੋਲ ਪੰਪ ਤੋਂ ਇਕ ਟਰੱਕ ਦੀਆਂ ਦੋ ਬੈਟਰੀਆਂ ਚੋਰੀ ਹੋਣ ਦੀ ਖਬਰ ਮਿਲੀ ਹੈ। ਜਾਣਕਾਰੀ ਦਿੰਦੇ ਹੋਏ ਟਰੱਕ ਡਰਾਈਵਰ ਸੰਦੀਪ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਨਵਾਂ ਨੌਸ਼ਹਿਰਾ ਨੇ ਦੱਸਿਆ ਕਿ ਇਹ ਖਾਲੀ ਟਰੱਕ ਨੰਬਰ ਪੀਬੀ 13 ਜੀ-3103 ਦਿੱਲੀ ਲੈ ਕੇ ਜਾਣਾ ਸੀ ਅਤੇ ਉਹ ਟਰੱਕ ਦੋ ਦਿਨ ਤੋਂ ਪੈਟਰੋਲ ਪੰਪ 'ਤੇ ਲਗਾ ਕੇ ਪਿੰਡ ਨਵਾਂ ਨੌਸ਼ਹਿਰਾ ਵਿਖੇ ਰੁਕ ਗਿਆ ਸੀ। ਜਦੋਂ ਉਹ ਸਵੇਰੇ ਟਰੱਕ ਲੈਣ ਪੈਟਰੋਲ ਪੰਪ 'ਤੇ ਗਿਆ ਤਾਂ ਉਸ ਦੀਆਂ ਦੋਵੇਂ ਕੀਮਤੀ ਬੈਟਰੀਆਂ ਚੋਰੀਆਂ ਸਨ ਅਤੇ ਜਿਨ੍ਹਾਂ ਦੀ ਕੀਮਤ ਲਗਭਗ 30 ਹਜ਼ਾਰ ਰੁਪਏ ਦੇ ਕਰੀਬ ਸੀ ਜਿਸ ਨਾਲ ਉਸ ਦਾ ਕਾਫੀ ਨੁਕਸਾਨ ਹੋ ਗਿਆ ਹੈ। ਉਨ੍ਹਾਂ ਨੇ ਟਰੱਕ ਦੀਆਂ ਬੈਟਰੀਆਂ ਚੋਰੀ ਹੋਣ ਦੀ ਸੂਚਨਾ ਥਾਣਾ ਪੁਰਾਣਾ ਸ਼ਾਲਾ ਵਿਖੇ ਦਰਜ ਕਰਵਾ ਦਿੱਤੀ ਹੈ। ਜਦੋਂ ਇਸ ਮਾਮਲੇ ਸਬੰਧੀ ਤਫਤੀਸ਼ੀ ਅਫਸਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਦੱਸਿਆ ਕਿ ਪੈਟਰੋਲ ਪੰਪ ਤੇ ਲੱਗੇ ਸੀਸੀਟੀਵੀ ਕੈਮਰਿਆਂ ਦੀਆਂ ਫੁਟੇਜ ਵੇਖੀਆਂ ਜਾ ਰਹੀਆਂ ਹਨ ਅਤੇ ਬੈਟਰੀ ਚੋਰ ਜਲਦੀ ਹੀ ਫੜ ਲਏ ਜਾਣਗੇ।

ਓਟ ਸੈਂਟਰ ਭਿੱਖੀਵਿੰਡ ਦੇ ਅਧਿਕਾਰੀ ਡਿਊਟੀ ਤੋਂ ਫਰਲੋ ਮਾਰ ਕੇ ਗਾਇਬ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਨਸ਼ਾ ਛੱਡਣ ਦੇ ਇਛੁੱਕ ਮਰੀਜ਼ਾਂ ਲਈ ਓਟ ਸੈਂਟਰ ਬਣਾਏ ਗਏ ਹਨ, ਪਰ ਨਸ਼ਾ ਛੱਡਣ ਦੇ ਇੱਛੁਕ ਮਰੀਜ਼ਾਂ ਵੱਲੋਂ ਭਿੱਖੀਵਿੰਡ ਓਟ ਸੈਂਟਰ ਦੇ ਅਧਿਕਾਰੀਆਂ 'ਤੇ ਸੈਂਟਰ ਨੂੰ ਤਾਲਾ ਲਾ ਕੇ ਗਾਇਬ ਹੋਣ ਦੇ ਦੋਸ਼ ਲਾਏ ਗਏ ਹਨ। ਦੱਸ ਦਈਏ ਕਿ ਓਟ ਸੈਂਟਰ ਭਿੱਖੀਵਿੰਡ 'ਚ ਆਉਂਦੇ ਨਸ਼ਾ ਛੱਡਣ ਦੇ ਇਛੁੱਕ ਮਰੀਜ਼ਾਂ ਵੱਲੋਂ ਸਿਵਲ ਪ੍ਰਸ਼ਾਸ਼ਨ ਖਿਲਾਫ ਰੋਸ ਜਾਹਿਰ ਕੀਤਾ ਗਿਆ ਹੈ। ਇਸ ਸੰਬੰਧੀ 'ਓਟ ਸੈਂਟਰ ਭਿੱਖੀਵਿੰਡ ਵਿੱਚ ਗੋਲੀਆਂ ਲੈਣ ਪਹੁੰਚੇ ਸੁਖਜੀਤ ਸਿੰਘ, ਜਗਬੀਰ ਸਿੰਘ ਜੋਗਾ, ਜਗੀਰਾ ਸਿੰਘ ਤੇ ਨਿਸ਼ਾਨ ਨੇ ਕਿਹਾ ਕਿ ਬੀਤੇ ਕਈ ਦਿਨਾਂ ਤੋਂ ਓਟ ਸੈਂਟਰ ਭਿੱਖੀਵਿੰਡ ਦੇ ਅਧਿਕਾਰੀਆਂ ਵੱਲੋਂ ਉਨ੍ਹਾਂ ਨੂੰ ਕਿਹਾ ਜਾ ਰਿਹਾ ਸੀ ਕਿ ਉਨ੍ਹਾਂ ਕੋਲ ਗੋਲੀਆਂ ਦਾ ਸਟਾਕ ਖਤਮ ਹੋ ਗਿਆ ਹੈ। ਉਪਰੋਕਤ ਵਿਅਕਤੀਆਂ ਨੇ ਕਿਹਾ ਕਿ ਹੁਣ ਜਦੋਂ ਗੋਲੀਆਂ ਦਾ ਸਟਾਕ ਆ ਗਿਆ ਹੈ ਤਾਂ ਅੱਜ ਓਟ ਸੈਂਟਰ ਭਿੱਖੀਵਿੰਡ ਦੇ ਅਧਿਕਾਰੀ ਫਰਲੋ ਮਾਰ ਕੇ ਸੈਂਟਰ ਨੂੰ ਜਿੰਦਰੇ ਲਾ ਕੇ ਗਾਇਬ ਹੋ ਗਏ ਹਨ। ਉਪਰੋਕਤ ਵਿਅਕਤੀਆਂ ਨੇ ਕਿਹਾ ਕਿ ਸੈਂਟਰ ਦੇ ਖੁੱਲ੍ਹਣ ਦਾ ਸਮਾਂ ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤੱਕ ਹੈ, ਪ੍ਰੰਤੂ ਉਕਤ ਅਧਿਕਾਰੀ ਸੈਂਟਰ ਨੂੰ ਤਾਲਾ ਲਾ ਕੇ ਚਲੇ ਗਏ ਹਨ। ਉਨ੍ਹਾਂ ਕਿਹਾ ਕਿ ਅਸੀ ਆਪਣੇ ਕੰਮਾਂ ਤੇ ਜਾਣਾ ਸੀ, ਪ੍ਰੰਤੂ ਸੈਂਟਰ ਦੇ ਅਧਿਕਾਰੀਆਂ ਦੀ ਮਨਮਰਜ਼ੀ ਕਾਰਨ ਉਹ ਆਪਣੇ ਕੰਮਾਂ 'ਤੇ ਨਹੀਂ ਜਾ ਸਕੇ, ਜਿਸ ਕਾਰਨ ਉਨ੍ਹਾਂ ਦੀ ਦਿਹਾੜੀ ਅੱਜ ਛੁੱਟ ਗਈ ਹੈ। ਸੈਂਟਰ ਤੋਂ ਨਸ਼ਾ ਛੁਡਾਓ ਗੋਲੀਆਂ ਲੈਣ ਪਹੁੰਚੇ ਵਿਅਕਤੀਆਂ ਨੇ ਪੰਜਾਬ ਸਰਕਾਰ ਅਤੇ ਸਿਵਲ ਪ੍ਰਸ਼ਾਸ਼ਨ ਪਾਸੋਂ ਮੰਗ ਕੀਤੀ ਕਿ ਓਟ ਸੈਂਟਰ ਤੋਂ ਫਰਲੋ ਮਾਰ ਕੇ ਜਾਣ ਵਾਲੇ ਉਕਤ ਅਧਿਕਾਰੀਆਂ ਖਿਲਾਫ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਜ਼ਿਕਰਯੋਗ ਹੈ ਕਿ ਓਟ ਸੈਂਟਰ ਵਿੱਚ ਕੁੱਲ 400 ਵਿਅਕਤੀਆਂ ਦੀ ਰਜਿਸਟਰੇਸ਼ਨ ਹੈ 'ਤੇ 1200 ਦੇ ਕਰੀਬ ਗੋਲੀਆਂ ਰੋਜ਼ਾਨਾ ਨਸ਼ਾ ਛੁਡਾਓ ਮਰੀਜ਼ਾਂ ਨੂੰ ਦੇਣ ਲਈ ਸੈਂਟਰ ਵਿੱਚ ਡਾਟਾ ਆਪਰੇਟਰ ਸਮੇਤ ਦੋ ਸਟਾਫ ਨਰਸਾਂ ਡਿਊਟੀ 'ਤੇ ਤਾਇਨਾਤ ਹਨ। ਉੱਧਰ ਜਦੋਂ ਇਸ ਮਾਮਲੇ ਸੰਬੰਧੀ ਓਟ ਸੈਂਟਰ ਦੇ ਡਾਟਾ ਅਪਰੇਟਰ ਚਮਕੌਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਸੈਂਟਰ ਵਿੱਚ ਗੋਲੀਆਂ ਦਾ ਸਟਾਕ ਖਤਮ ਹੋ ਗਿਆ ਸੀ, ਜਿਸ ਕਾਰਨ ਉਹ ਅਤੇ ਉਨ੍ਹਾਂ ਦੇ ਸੈਂਟਰ ਦੀਆਂ ਦੋਵੇਂ ਸਟਾਫ ਨਰਸਾਂ ਸੁਰਸਿੰਘ ਤੋਂ ਗੋਲੀਆਂ ਲੈਣ ਲਈ ਗਏ ਸਨ। ਇਸੇ ਤਰ੍ਹਾਂ ਜਦੋਂ ਇਸ ਮਾਮਲੇ ਸੰਬੰਧੀ ਸਿਵਲ ਸਰਜਨ ਡਾ. ਦਿਲਬਾਗ ਸਿੰਘ ਗੰਡੀਵਿੰਡ ਨਾਲ ਗੱਲਬਾਤ ਕੀਤੀ ਗਈ ਤਾਂ ਉਹ ਵੀ ਉਪਰੋਕਤ ਕੁਤਾਹੀ ਖਿਲਾਫ ਐਕਸ਼ਨ ਲੈਣ ਦੀ ਬਜਾਏ ਆਪਣੇ ਸਟਾਫ ਦਾ ਪੱਖ ਪੂਰਦੇ ਨਜ਼ਰ ਆਏ। ਇਥੇ ਇਹ ਗੱਲ ਦੱਸਣੀ ਬੇਹੱਦ ਜ਼ਰੂਰੀ ਹੈ ਕਿ ਓਟ ਸੈਂਟਰ ਨੂੰ ਜਿੰਦਰੇ ਮਾਰ ਕੇ ਗਾਇਬ ਹੋਏ ਅਧਿਕਾਰੀਆਂ ਸੰਬੰਧੀ ਜਦੋਂ ਸਿਵਲ ਸਰਜਨ ਤਰਨਤਾਰਨ ਦਾ ਪੱਖ ਜਾਣਿਆ ਗਿਆ ਤਾਂ ਉਕਤ ਮੁਲਾਜ਼ਮ 2 ਘੰਟੇ ਬਾਅਦ ਸੈਂਟਰ 'ਤੇ ਆਪਣੀ ਡਿਊਟੀ 'ਤੇ ਆ ਗਏ। ਹੁਣ ਦੇਖਣ ਇਹ ਹੋਵੇਗਾ ਕਿ ਕੀ ਸਿਵਲ ਪ੍ਰਸ਼ਾਸ਼ਨ ਅਜਿਹੇ ਲਾਪਰਵਾਹ ਅਧਿਕਾਰੀਆਂ ਖਿਲਾਫ ਕੀ ਕੋਈ ਕਾਰਵਾਈ ਅਮਲ ਵਿੱਚ ਲਿਆਉਂਦਾ ਹੈ?

ਨਸ਼ਾ ਛੱਡਣ ਦੇ ਇਛੁੱਕ ਮਰੀਜ਼ਾਂ ਵੱਲੋਂ ਤਿੱਖਾ ਰੋਸ ਪ੍ਰਦਰਸ਼ਨ

ਨਸ਼ਾਗ੍ਰਸਤ ਲੋਕਾਂ ਦੇ ਪੁਨਰਵਾਸ ਤੇ ਇਲਾਜ ਨੂੰ ਯਕੀਨੀ ਬਣਾਇਆ ਜਾਵੇਗਾ : ਬਹਿਲ

ਗੁਰਦਾਸਪੁਰ, (ਜਨਕ ਮਹਾਜਨ)

ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਇੱਕ ਵਾਰ ਫਿਰ ਦੁਹਰਾਇਆ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਵੱਲੋਂ ਨਸ਼ਿਆਂ ਦੀ ਲਾਹਨਤ ਨੂੰ ਜੜ੍ਹ ਤੋਂ ਖਤਮ ਕਰਨ ਅਤੇ ਨਸ਼ਾਗ੍ਰਸਤ ਲੋਕਾਂ ਦੇ ਪੁਨਰਵਾਸ ਅਤੇ ਇਲਾਜ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਹੋਰ ਵਿਭਾਗਾਂ ਅਤੇ ਰਾਜ ਦੇ ਲੋਕਾਂ ਨੂੰ ਨਾਲ ਲੈ ਕੇ ਨਸ਼ਿਆਂ ਦੀ ਰੋਕ-ਥਾਮ ਲਈ ਵਿਸ਼ੇਸ਼ ਜਨ-ਜਾਗ੍ਰਤੀ ਮੁਹਿੰਮ ਵੀ ਆਰੰਭੀ ਗਈ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਸੂਬੇ ਵਿੱਚ ਨਸ਼ਾ ਰੋਕੂ ਅਫਸਰ (ਡੈਪੋ) ਅਤੇ ਬੱਡੀ ਪ੍ਰੋਗਰਾਮ ਨੂੰ ਠੋਸ ਢੰਗ ਨਾਲ ਲਾਗੂ ਕਰਨ ਦੇ ਨਾਲ-ਨਾਲ ਨੁਕਸਾਨ ਨੂੰ ਘੱਟ ਤੋਂ ਘੱਟ ਕਰਨ, ਦਵਾਈਆਂ, ਕੌਂਸਲਿੰਗ ਅਤੇ ਸਾਥੀਆਂ ਦੇ ਸਹਿਯੋਗ 'ਤੇ ਆਧਾਰਿਤ ਬਾਹਰੀ ਮਰੀਜ਼ਾਂ ਦੇ ਇਲਾਜ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ 528 ਓ. ਓ. ਏ. ਟੀ. ਕਲੀਨਿਕ (17 ਕੇਂਦਰੀ ਜੇਲਾਂ ਸਮੇਤ), 36 ਸਰਕਾਰੀ ਨਸ਼ਾ ਛੁਡਾਊ ਕੇਂਦਰ, 19 ਸਰਕਾਰੀ ਮੁੜ ਵਸੇਬਾ ਕੇਂਦਰ, 185 ਨਿੱਜੀ ਨਸ਼ਾ ਛੁਡਾਊ ਕੇਂਦਰ ਅਤੇ 75 ਪ੍ਰਾਈਵੇਟ ਪੁਨਰਵਾਸ ਕੇਂਦਰਾਂ ਦੇ ਰੂਪ ਵਿੱਚ ਮੈਡੀਕਲ ਬੁਨਿਆਦੀ ਢਾਂਚਾ ਹੈ, ਜਿਸ ਨੂੰ ਨਸ਼ਿਆਂ ਦੀ ਦਲ-ਦਲ ਵਿੱਚ ਫਸੇ ਵਿਅਕਤੀਆਂ ਦੇ ਇਲਾਜ ਤੇ ਪੁਨਰਵਾਸ ਲਈ ਵਰਤਿਆ ਜਾਵੇਗਾ। ਉਨ੍ਹਾਂ ਸਮਾਜ ਦੇ ਸਮੂਹ ਵਰਗਾਂ ਨੂੰ ਅਪੀਲ ਕੀਤੀ ਹੈ ਕਿ ਉਹ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਨੂੰ ਆਪਣਾ ਪੂਰਾ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਅਵਾਮ ਦੇ ਸਹਿਯੋਗ ਅਤੇ ਸਰਕਾਰ ਦੇ ਯਤਨਾਂ ਸਦਕਾ ਜ਼ਰੂਰ ਇਸ ਸਮਾਜਿਕ ਬੁਰਾਈ ਉੱਪਰ ਕਾਬੂ ਪਾ ਲਿਆ ਜਾਵੇਗਾ।

ਨਵਾਂ ਜ਼ਮਾਨਾ

ਬੁੱਧਵਾਰ, 8 ਫਰਵਰੀ 2023

ਮੋਹਨ ਭਾਗਵਤ ਦਾ ਡਰ

ਸੰਘ ਮੁਖੀ ਮੋਹਨ ਭਾਗਵਤ ਨੇ ਬੀਤੇ ਐਤਵਾਰ ਨੂੰ ਇੱਕ ਪ੍ਰੋਗਰਾਮ ਵਿੱਚ ਬੋਲਦਿਆਂ ਇੱਕ ਅਣਕਿਆਸਿਆ ਬਿਆਨ ਦੇ ਦਿੱਤਾ। ਉਨ੍ਹਾ ਕਿਹਾ ਕਿ, "ਜਦੋਂ ਹਰ ਕੰਮ ਸਮਾਜ ਲਈ ਹੈ ਤਾਂ ਕੋਈ ਉੱਚਾ, ਕੋਈ ਨੀਚ ਜਾਂ ਵੱਖਰਾ ਕਿਵੇਂ ਹੋ ਸਕਦਾ ਹੈ। ਭਗਵਾਨ ਨੇ ਹਮੇਸ਼ਾ ਕਿਹਾ ਹੈ ਕਿ ਮੇਰੇ ਲਈ ਸਾਰੇ ਇੱਕ ਹਨ, ਉਨ੍ਹਾਂ ਵਿੱਚ ਕੋਈ ਜਾਤ, ਵਰਣ ਨਹੀਂ ਹੈ, ਪਰ ਪੰਡਤਾਂ ਨੇ ਸ਼੍ਰੇਣੀ ਬਣਾਈ ਜੋ ਗਲਤ ਹੈ।" ਭਾਗਵਤ ਦਾ ਇਹ ਬਿਆਨ ਜਿਓਂ ਹੀ ਮੀਡੀਆ ਉੱਤੇ ਪ੍ਰਸਾਰਤ ਹੋਇਆ ਤਾਂ ਪੰਡਤਾਂ ਨੇ ਖੌਰੂ ਪਾਉਣਾ ਸ਼ੁਰੂ ਕਰ ਦਿੱਤਾ। ਸੋਸ਼ਲ ਮੀਡੀਆ 'ਤੇ ਭਾਗਵਤ ਨੂੰ ਮਾਫ਼ੀ ਮੰਗੇ ਬਿਨਾਂ ਮੰਦਰਾਂ ਵਿੱਚ ਵੜਨ ਨਾ ਦੇਣ ਦੇ ਸੱਦੇ ਸ਼ੁਰੂ ਹੋ ਗਏ। ਭਾਗਵਤ ਨੇ ਮਾਫ਼ੀ ਤਾਂ ਨਹੀਂ ਪਰ ਸਫ਼ਾਈ ਜ਼ਰੂਰ ਪੇਸ਼ ਕਰ ਦਿੱਤੀ। ਸੰਘ ਵੱਲੋਂ ਜਾਰੀ ਸਫ਼ਾਈ ਬਾਰੇ ਸਮਾਚਾਰ ਏਜੰਸੀ ਏ ਐੱਨ ਆਈ ਨੇ ਕਿਹਾ ਕਿ ਅਨੁਵਾਦ ਵਿੱਚ ਗਲਤੀ ਹੋ ਗਈ ਤੇ ਸੋਧਿਆ ਬਿਆਨ ਜਾਰੀ ਕਰ ਦਿੱਤਾ। ਇਸ ਮੁਤਾਬਕ ਭਾਗਵਤ ਨੇ ਕਿਹਾ ਸੀ, "ਸੱਚ ਹੀ ਈਸ਼ਵਰ ਹੈ, ਸੱਚ ਕਹਿੰਦਾ ਹੈ ਮੇਰਾ ਹਰ ਥਾਂ ਵਾਸਾ ਹੈ, ਰੂਪ ਕੁਝ ਵੀ ਹੋਵੇ, ਯੋਗਤਾ ਇੱਕ ਹੈ, ਊਚ-ਨੀਚ ਨਹੀਂ, ਸ਼ਾਸਤਰਾਂ ਦੇ ਅਧਾਰ ਉੱਤੇ ਕੁਝ ਪੰਡਤ ਜੋ ਦੱਸਦੇ ਹਨ, ਉਹ ਝੂਠ ਹੈ। ਜਾਤ ਦੀ ਉੱਤਮਤਾ ਦੀ ਕਲਪਨਾ ਵਿੱਚ ਊਚ-ਨੀਚ ਵਿੱਚ ਫਸ ਕੇ ਅਸੀਂ ਗੁੰਮਰਾਹ ਹੋ ਗਏ, ਭਰਮ ਦੂਰ ਕਰਨਾ ਹੈ।" ਪਹਿਲੇ ਤੇ ਸੋਧੇ ਬਿਆਨ ਵਿੱਚ ਬਹੁਤਾ ਅੰਤਰ ਨਹੀਂ ਹੈ। ਸਿਰਫ਼ ਪੰਡਤਾਂ ਦੀ ਥਾਂ ਕੁਝ ਪੰਡਤ ਕਿਹਾ ਗਿਆ ਹੈ। ਇਸ ਦੇ ਨਾਲ ਹੀ ਸੰਘ ਦੇ ਪ੍ਰਚਾਰ ਪ੍ਰਮੁੱਖ ਸੁਨੀਲ ਅੰਬੇਕਰ ਨੇ ਇਹ ਕਹਿ ਕੇ ਪੰਡਤਾਂ ਦਾ ਗੁੱਸਾ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ ਹੈ ਕਿ ਭਾਗਵਤ ਦਾ ਪੰਡਤ ਤੋਂ ਮਤਲਬ ਵਿਦਵਾਨ ਸੀ।

ਸਵਾਲ ਪੈਦਾ ਹੁੰਦਾ ਹੈ ਕਿ ਅਚਾਨਕ ਮੋਹਨ ਭਾਗਵਤ ਨੂੰ ਮਨੂੰ ਸਮ੍ਰਿਤੀ ਵਿਰੁੱਧ ਖੜ੍ਹਾ ਹੋਣ ਦੀ ਲੋੜ ਕਿਉਂ ਪੈ ਗਈ। ਅਸਲ ਗੱਲ ਇਹ ਹੈ ਕਿ ਜਿਉਂ-ਜਿਉਂ 2024 ਦੀਆਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਹਨ, ਸੰਘ ਤੇ ਭਾਜਪਾ ਆਗੂਆਂ ਨੂੰ ਹਾਰ ਜਾਣ ਦਾ ਡਰ ਸਤਾਉਣ ਲੱਗ ਪਿਆ ਹੈ। ਸੰਘ ਦੀ ਫਿਰਕੂ ਕਤਾਰਬੰਦੀ ਦੀ ਧਾਰ ਪਹਿਲਾਂ ਕਿਸਾਨ ਅੰਦੋਲਨ ਨੇ ਖੁੰਢੀ ਕਰ ਦਿੱਤੀ ਸੀ, ਰਹਿੰਦੀ ਕਸਰ ਰਾਹੁਲ ਗਾਂਧੀ ਦੀ ਭਾਰਤ ਜੋੜੋ ਯਾਤਰਾ ਨੇ ਪੂਰੀ ਕਰ ਦਿੱਤੀ ਹੈ।

ਪਿਛਲੀਆਂ ਦੋ ਲੋਕ ਸਭਾ ਚੋਣਾਂ ਤੇ ਕੁਝ ਵਿਧਾਨ ਸਭਾਵਾਂ ਚੋਣਾਂ ਨੂੰ ਗਹੁ ਨਾਲ ਵਾਚਿਆ ਜਾਵੇ ਤਾਂ ਲੱਭੇਗਾ ਕਿ ਭਾਜਪਾ ਨੂੰ ਸੱਤਾ ਵਿੱਚ ਲਿਆਉਣ ਲਈ ਮੁੱਖ ਭੂਮਿਕਾ ਪਛੜਿਆਂ ਤੇ ਦਲਿਤਾਂ ਦੀ ਰਹੀ ਸੀ। ਇਸ ਸਮੇਂ ਵੱਖ-ਵੱਖ ਰਾਜਾਂ ਦੀਆਂ ਇਲਾਕਾਈ ਪਾਰਟੀਆਂ ਨੇ ਪਛੜਿਆਂ ਤੇ ਦਲਿਤਾਂ ਨੂੰ ਭਾਜਪਾ ਵਿਰੁੱਧ ਕਰਨ ਲਈ ਜ਼ੋਰਦਾਰ ਪ੍ਰਚਾਰ ਸ਼ੁਰੂ ਕਰ ਦਿੱਤਾ ਹੈ। ਉੱਤਰ ਪ੍ਰਦੇਸ਼ ਤੇ ਬਿਹਾਰ ਵਿੱਚ 'ਰਾਮਚਰਿਤਮਾਨਸ' ਦਾ ਵਿਵਾਦ ਸ਼ੁਰੂ ਹੋਣਾ ਇਸੇ ਦਿਸ਼ਾ ਵਿੱਚ ਚੁੱਕਿਆ ਗਿਆ ਕਦਮ ਹੈ। ਦੋਹਾਂ ਰਾਜਾਂ ਵਿੱਚ ਲੋਕ ਸਭਾ ਦੀਆਂ 120 ਸੀਟਾਂ ਹਨ, ਜੋ ਕਿਸੇ ਨੂੰ ਵੀ ਸੱਤਾ ਤੱਕ ਪੁਚਾਉਣ ਲਈ ਅਹਿਮ ਹਨ। ਉੱਤਰ ਪ੍ਰਦੇਸ਼ ਦੇ ਸਮਾਜਵਾਦੀ ਪਾਰਟੀ ਦੇ ਵਿਧਾਇਕ ਸਵਾਮੀ ਪ੍ਰਸਾਦ ਮੌਰੀਆ ਨੇ ਕਿਹਾ ਸੀ ਕਿ 'ਰਾਮਚਰਿਤਮਾਨਸ' ਦੀਆਂ ਕੁਝ ਚੌਪਾਈਆਂ ਪਛੜਿਆਂ, ਆਦਿਵਾਸੀ ਤੇ ਦਲਿਤਾਂ ਲਈ ਅਪਮਾਨਜਨਕ ਹਨ। ਇਸ ਲਈ ਤੁਲਸੀ ਦਾਸ ਦੀ ਰਮਾਇਣ ਉੱਤੇ ਜਾਂ ਤਾਂ ਪਾਬੰਦੀ ਲਾਈ ਜਾਵੇ ਜਾਂ ਇਨ੍ਹਾਂ ਜਾਤਾਂ ਦਾ ਅਪਮਾਨ ਕਰਨ ਵਾਲੇ ਹਿੱਸਿਆਂ ਨੂੰ ਗ੍ਰੰਥ ਵਿੱਚੋਂ ਕੱਢ ਦਿੱਤਾ ਜਾਵੇ। ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਨੇ ਵੀ ਮੌਰੀਆ ਦੀ ਪਿੱਠ ਥਾਪੜਦਿਆਂ ਉਸ ਨੂੰ ਪਾਰਟੀ ਦਾ ਜਨਰਲ ਸਕੱਤਰ ਬਣਾ ਦਿੱਤਾ ਹੈ। ਇਸ ਤੋਂ ਪਹਿਲਾਂ ਬਿਹਾਰ ਦੇ ਸਿੱਖਿਆ ਮੰਤਰੀ ਚੰਦਰ ਸ਼ੇਖਰ ਨੇ ਵੀ 'ਰਾਮਚਰਿਤਮਾਨਸ' ਨੂੰ ਦਲਿਤ ਅਤੇ ਪਛੜਿਆਂ ਵਿਰੋਧੀ ਕਿਹਾ ਸੀ ਤੇ ਉਸ ਦੀ ਪਾਰਟੀ ਰਾਸ਼ਟਰੀ ਜਨਤਾ ਦਲ ਨੇ ਉਸ ਦੀ ਹਮਾਇਤ ਕਰ ਦਿੱਤੀ ਸੀ।

ਜੇਕਰ ਉੱਤਰ ਪ੍ਰਦੇਸ਼ ਨੂੰ ਦੇਖਿਆ ਜਾਵੇ ਤਾਂ ਸਮਾਜਵਾਦੀ ਪਾਰਟੀ ਨੂੰ ਯਾਦਵਾਂ ਤੇ ਮੁਸਲਮਾਨਾਂ ਦਾ ਵੋਟ ਤਾਂ ਮਿਲ ਜਾਂਦਾ ਹੈ, ਪਰ ਦਲਿਤ ਤੇ ਅਤਿ ਪਛੜਿਆਂ ਦੀਆਂ ਵੋਟਾਂ ਤੋਂ ਬਿਨਾਂ ਜਿੱਤ ਸੰਭਵ ਨਹੀਂ ਹੁੰਦੀ। ਇਸੇ ਤਰ੍ਹਾਂ ਬਿਹਾਰ ਵਿੱਚ ਵੀ ਪਛੜਿਆਂ ਤੇ ਦਲਿਤਾਂ ਦੀਆਂ ਵੋਟਾਂ ਦੇ ਸਿਰ 'ਤੇ ਹੀ ਨਿਤੀਸ਼ ਕੁਮਾਰ 15 ਸਾਲਾਂ ਤੋਂ ਰਾਜ ਕਰਦੇ ਰਹੇ ਹਨ। ਪਿਛਲੇ ਕੁਝ ਸਮੇਂ ਤੋਂ ਅਤਿ ਪਛੜਿਆਂ ਦੇ ਕਈ ਆਗੂ ਉੱਭਰੇ ਤੇ ਉਹ ਆਪਣੀਆਂ ਪਾਰਟੀਆਂ ਬਣਾ ਕੇ ਭਾਜਪਾ ਦੀ ਬੁੱਕਲ ਵਿੱਚ ਵੜ ਗਏ, ਜਿਸ ਨਾਲ ਨਿਤੀਸ਼ ਦਾ ਵੋਟ ਬੈਂਕ ਕਮਜ਼ੋਰ ਹੋਇਆ ਹੈ। ਇਹੋ ਜਿਹੀ ਤਸਵੀਰ ਹੀ ਉੱਤਰ ਪ੍ਰਦੇਸ਼ ਦੀ ਹੈ। ਭਾਜਪਾ ਦੀ ਫਿਰਕੂ ਕਤਾਰਬੰਦੀ ਦਾ ਜਵਾਬ ਉਸੇ ਦੀ ਜ਼ੁਬਾਨ ਵਿੱਚ ਦੇਣ ਲਈ ਇਨ੍ਹਾਂ ਪਾਰਟੀਆਂ ਨੇ ਜਾਤੀ ਕਤਾਰਬੰਦੀ ਸ਼ੁਰੂ ਕਰ ਦਿੱਤੀ ਹੈ।

ਵਰਨਣਯੋਗ ਹੈ ਕਿ ਸਭ ਤੋਂ ਪਹਿਲਾਂ ਤਾਮਿਲਨਾਡੂ ਵਿੱਚ ਰਾਮਾਸਵਾਮੀ ਪੇਰੀਅਰ ਨੇ 'ਰਾਮਚਰਿਤਮਾਨਸ' ਤੇ ਮਨੂੰ ਸਮ੍ਰਿਤੀ ਵਿਰੁੱਧ ਅੰਦੋਲਨ ਖੜ੍ਹਾ ਕੀਤਾ ਸੀ। ਇਸ ਅੰਦੋਲਨ ਨੇ ਤਾਮਿਲਨਾਡੂ ਵਿੱਚ ਕਾਂਗਰਸ ਦਾ ਸਫ਼ਾਇਆ ਕਰ ਦਿੱਤਾ ਸੀ, ਤੇ ਅੱਜ ਤੱਕ ਉਸ ਦੇ ਪੈਰ ਨਹੀਂ ਲੱਗ ਸਕੇ। ਯੂ ਪੀ ਤੇ ਬਿਹਾਰ ਵਿੱਚ ਸਾਰੇ ਪਛੜਿਆਂ ਦੀ ਅਬਾਦੀ 60 ਫੀਸਦੀ ਤੋਂ ਵੱਧ ਹੈ ਤੇ ਇਨ੍ਹਾਂ ਵਿੱਚੋਂ 40 ਫ਼ੀਸਦੀ ਅੱਤ ਪਛੜੇ ਹਨ। ਇਸ ਤਰ੍ਹਾਂ ਇਹ ਵੋਟ ਨਿਰਣਾਇਕ ਸਾਬਤ ਹੋ ਜਾਂਦਾ ਹੈ।

ਇਸੇ ਗੱਲ ਤੋਂ ਸੰਘ ਚਿੰਤਤ ਹੈ। ਸੰਘ ਦੇ ਹਿੰਦੂਤਵ ਵਿਰੁੱਧ ਇਹ ਲੜਾਈ ਉਸ ਦੀ ਵਿਚਾਰਧਾਰਾ ਉੱਤੇ ਮੋੜਵਾਂ ਹਮਲਾ ਹੈ। ਇਸੇ ਕਾਰਨ ਸੰਘ ਆਪਣੀ ਜਾਤੀਵਾਦੀ ਪਹੁੰਚ ਤੇ ਮਨੂੰ ਸਮ੍ਰਿਤੀ ਤੋਂ ਖਹਿੜਾ ਛੁਡਾਉਣ ਦਾ ਰਾਹ ਲੱਭ ਰਿਹਾ ਹੈ। ਹਰ ਕੋਈ ਇਹ ਸੁਣ ਕੇ ਦੰਗ ਰਹਿ ਜਾਵੇਗਾ ਕਿ 'ਰਾਮਚਰਿਤਮਾਨਸ' ਦੀ ਵਿਵਾਦਤ ਚੌਪਾਈ ਦੇ ਅਰਥ ਹੀ ਬਦਲ ਦਿੱਤੇ ਗਏ ਹਨ। 'ਰਾਮਚਰਿਤਮਾਨਸ' ਗੋਰਖਪੁਰ ਦੀ ਗੀਤਾ ਪ੍ਰੈੱਸ ਵਿੱਚ ਛਾਪਿਆ ਜਾਂਦਾ ਹੈ। ਇਸ ਦਾ ਮੂਲ ਅਵਧੀ ਭਾਸ਼ਾ ਵਿੱਚ ਹੈ ਤੇ ਹਿੰਦੀ ਵਿੱਚ ਅਨੁਵਾਦ ਹਨੂੰਮਾਨ ਪ੍ਰਸਾਦ ਨੇ ਕੀਤਾ ਹੈ। ਵਿਵਾਦਤ ਚੌਪਾਈ ਹੈ, "ਢੋਲ, ਗੰਵਾਰ, ਸ਼ੂਦਰ, ਪਸ਼ੂ ਔਰ ਨਾਰੀ, ਸਕਲ ਤਾੜਨ ਕੇ ਅਧਿਕਾਰੀ।" ਇਸ ਦਾ ਅਨੁਵਾਦ ਹੈ, "ਢੋਲ, ਗੰਵਾਰ, ਸ਼ੂਦਰ, ਪਸ਼ੂ, ਇਸਤਰੀ ਇਹ ਸਭ ਦੰਡ ਦੇ ਅਧਿਕਾਰੀ ਹਨ।" 2021 ਤੋਂ ਪਹਿਲਾਂ ਇਸ ਦੀਆਂ ਕੋਈ ਇੱਕ ਕਰੋੜ ਕਾਪੀਆਂ ਛਪ ਚੁੱਕੀਆਂ ਹਨ। ਹੁਣ ਜਿਹੜੀ ਨਵੀਂ ਐਡੀਸ਼ਨ ਬਜ਼ਾਰ ਵਿੱਚ ਆਈ ਹੈ, ਉਸ ਵਿੱਚ ਅਨੁਵਾਦ ਬਦਲ ਦਿੱਤਾ ਗਿਆ ਹੈ। ਹੁਣ ਨਵੇਂ ਅਨੁਵਾਦ ਮੁਤਾਬਕ "ਢੋਲ, ਗੰਵਾਰ, ਸ਼ੂਦਰ, ਪਸ਼ੂ ਤੇ ਇਸਤਰੀ, ਇਹ ਸਭ ਸਿੱਖਿਆ ਦੇ ਅਧਿਕਾਰੀ ਹਨ।" ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਇਸ ਚੌਪਾਈ ਦੇ ਅਨੁਵਾਦਕ ਵੀ ਹਨੂੰਮਾਨ ਪ੍ਰਸਾਦ ਹਨ, ਜਿਨ੍ਹਾਂ ਦੀ 1971 ਵਿੱਚ ਮੌਤ ਹੋ ਚੁੱਕੀ ਹੈ। ਗੀਤਾ ਪ੍ਰੈਸ ਸੰਘ ਦੀ ਸਰਪ੍ਰਸਤੀ ਹੇਠ ਚਲਦੀ ਹੈ। ਇਸ ਲਈ ਉਸ ਦੀ ਸਹਿਮਤੀ ਬਿਨਾਂ ਇਹ ਤਬਦੀਲੀ ਅਸੰਭਵ ਹੈ। ਇਸ ਤੋਂ ਜਾਪਦਾ ਹੈ ਕਿ ਹਿੰਦੂਤਵ ਦਾ ਗੁਬਾਰਾ ਫਟਣ ਦੇ ਕੰਢੇ ਹੈ। ਦੇਸ਼ ਦੇ ਦਲਿਤ, ਪਛੜੇ ਤੇ ਔਰਤਾਂ ਜੇਕਰ ਆਪਣੇ ਅਪਮਾਨ ਵਿਰੁੱਧ ਉੱਠ ਖੜ੍ਹੇ ਹੁੰਦੇ ਹਨ ਤਾਂ ਹਿੰਦੂਤਵੀ ਫਾਸ਼ਿਜ਼ਮ ਨਾਗਪੁਰ ਵਿੱਚ ਹੀ ਦਫ਼ਨ ਹੋ ਜਾਵੇਗਾ।

-ਚੰਦ ਫਤਿਹਪੁਰੀ

ਅਮੀਰ-ਗ਼ਰੀਬ ਦਾ ਵਧਦਾ ਪਾੜਾ

ਡਾ. ਗੁਰਤੇਜ ਸਿੰਘ

ਔਕਸਫੈਮ ਇੰਟਰਨੈਸ਼ਨਲ ਨੇ ਵਿਸ਼ਵ ਆਰਥਿਕ ਫੋਰਮ ਦੀ ਬੈਠਕ ਵਿੱਚ ਸਾਲਾਨਾ ਅਸਮਾਨਤਾ ਰਿਪੋਰਟ ਜਾਰੀ ਕੀਤੀ ਹੈ। ਇਸ ਰਿਪੋਰਟ ਅਨੁਸਾਰ ਭਾਰਤ ਦੇਸ਼ ਦੀ ਇੱਕ ਫ਼ੀਸਦ ਆਬਾਦੀ ਕੋਲ ਦੇਸ਼ ਦੀ ਕੁੱਲ ਦੌਲਤ ਦਾ 40 ਫ਼ੀਸਦੀ ਤੋਂ ਵੱਧ ਹੈ। ਇਸ ਦੇ ਉਲਟ ਹੇਠਲੇ ਪੱਧਰ ਦੀ 50 ਫ਼ੀਸਦੀ ਆਬਾਦੀ ਕੋਲ ਮੁਲਕ ਦੀ ਕੁੱਲ ਸੰਪਤੀ ਦਾ ਮਾਤਰ ਤਿੰਨ ਫ਼ੀਸਦੀ ਹੈ। ਇਸ ਰਿਪੋਰਟ ਵਿੱਚ ਇਹ ਨੁਕਤਾ ਵੀ ਉਠਾਇਆ ਗਿਆ ਹੈ ਕਿ ਭਾਰਤ ਦੇ ਦਸ ਅਮੀਰ ਲੋਕਾਂ 'ਤੇ ਪੰਜ ਫ਼ੀਸਦੀ ਟੈਕਸ ਲਗਾਉਣ ਨਾਲ ਸਕੂਲ ਛੱਡ ਚੁੱਕੇ ਬੱਚਿਆਂ ਨੂੰ ਵਾਪਸ ਲਿਆਉਣ ਲਈ ਜਿੰਨੇ ਪੈਸੇ ਦੀ ਜ਼ਰੂਰਤ ਹੈ, ਉਹ ਇਨ੍ਹਾਂ ਸਿਖ਼ਰਲੇ ਦਸ ਅਮੀਰ ਲੋਕਾਂ ਦੇ ਟੈਕਸ ਤੋਂ ਪੂਰਾ ਹੋ ਸਕਦਾ ਹੈ। ਇਸੇ ਤਰ੍ਹਾਂ ਜੇਕਰ ਸਾਡੇ ਮੁਲਕ ਦੇ ਅਰਬਪਤੀਆਂ ਦੀ ਪੂਰੀ ਕਮਾਈ 'ਤੇ ਦੋ ਪ੍ਰਤੀਸ਼ਤ ਟੈਕਸ ਲਗਾਇਆ ਜਾਵੇ ਤਾਂ ਦੇਸ਼ ਵਿੱਚ ਅਗਲੇ ਤਿੰਨ ਸਾਲਾਂ ਤੱਕ ਕੁਪੋਸ਼ਿਤ ਲੋਕਾਂ ਦੇ ਪੋਸ਼ਣ ਲਈ ਲਾਜ਼ਮੀ ਲੱਗਭੱਗ 40423 ਕਰੋੜ ਰੁਪਏ ਦੀ ਲੋੜ ਨੂੰ ਹਰ ਹੀਲੇ ਪੂਰਾ ਕੀਤਾ ਜਾ ਸਕਦਾ ਹੈ। ਇਸੇ ਤਰ੍ਹਾਂ ਲਿੰਗ ਅਸਮਾਨਤਾ ਬਾਰੇ ਵੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਮਰਦਾਂ ਦੇ ਇੱਕ ਰੁਪਏ ਦੇ ਮੁਕਾਬਲੇ ਔਰਤ ਕਾਮਿਆਂ ਨੂੰ ਮਾਤਰ 63 ਪੈਸੇ ਮਿਲਦੇ ਹਨ। ਔਕਸਫੈਮ ਇੰਡੀਆ ਦੇ ਸੀ ਈ ਓ ਅਮਿਤਾਭ ਬੇਹਰ ਦਾ ਕਹਿਣਾ ਹੈ ਕਿ ਗਰੀਬ ਵਧੇਰੇ ਟੈਕਸ ਦੇ ਰਹੇ ਹਨ, ਜਿਸ ਦਾ ਕਾਰਨ ਲੋੜੀਂਦੀਆਂ ਵਸਤਾਂ ਅਤੇ ਸੇਵਾਵਾਂ 'ਤੇ ਖ਼ਰਚ, ਜਦ ਕਿ ਅਮੀਰਾਂ ਦੀ ਦੇਣਦਾਰੀ ਉਨ੍ਹਾਂ ਦੇ ਮੁਕਾਬਲੇ ਘੱਟ ਹੈ। ਉਨ੍ਹਾ ਅੱਗੇ ਕਿਹਾ ਹੈ ਕਿ ਹਾਸ਼ੀਏ 'ਤੇ ਧੱਕੇ ਲੋਕ, ਦਲਿਤ, ਆਦਿਵਾਸੀ, ਔਰਤਾਂ ਅਤੇ ਸੰਗਠਤ ਮਜ਼ਦੂਰ ਆਦਿ ਅਮੀਰ ਲੋਕਾਂ ਦੀ ਹੋਂਦ ਨੂੰ ਯਕੀਨੀ ਬਣਾਉਂਦੇ ਹਨ।

ਜਨਵਰੀ 2020 ਦੇ ਵਿਸ਼ਵ ਆਰਥਿਕ ਫੋਰਮ ਦੇ ਸਾਲਾਨਾ ਇਜਲਾਸ ਤੋਂ ਪਹਿਲਾਂ ਔਕਸਫੈਮ ਨੇ ਟਾਈਮ ਟੂ ਕੇਅਰ ਅਧਿਐਨ ਜਾਰੀ ਕੀਤਾ ਸੀ, ਜਿਸ ਵਿੱਚ ਭਾਰਤ ਸੰਬੰਧੀ ਇਹ ਦਾਅਵਾ ਕੀਤਾ ਗਿਆ ਸੀ ਕਿ ਭਾਰਤ ਦੇ ਇੱਕ ਫ਼ੀਸਦੀ ਅਮੀਰਾਂ ਦੀ ਸੰਪਤੀ ਦੇਸ਼ ਦੇ 70 ਫ਼ੀਸਦੀ ਲੋਕਾਂ ਦੀ ਕਮਾਈ ਤੋਂ ਚਾਰ ਗੁਣਾ ਵੱਧ ਹੈ। ਸਾਡੇ ਮੁਲਕ ਦੇ 63 ਅਰਬਪਤੀਆਂ ਦੀ ਕੁੱਲ ਸੰਪਤੀ ਦੇਸ਼ ਦੇ ਵਿੱਤੀ ਸਾਲ 2018-19 ਦੇ ਬਜਟ 24,42,200 ਕਰੋੜ ਰੁਪਏ ਤੋਂ ਵੀ ਵੱਧ ਸੀ। ਪਿਛਲੇ ਇੱਕ ਦਹਾਕੇ 'ਚ ਅਰਬਪਤੀਆਂ ਦੀ ਸੰਖਿਆ ਦੁੱਗਣੀ ਹੋਈ ਹੈ। ਔਕਸਫੈਮ ਇੰਡੀਆ ਦੇ ਸੀ ਈ ਓ ਅਮਿਤਾਭ ਬੇਹਰ ਦਾ ਉਸ ਸਮੇਂ ਕਹਿਣਾ ਇਹ ਸੀ ਕਿ ਜਦੋਂ ਤੱਕ ਨਾਬਰਾਬਰੀ ਵਾਲੀਆਂ ਨੀਤੀਆਂ ਨੂੰ ਦੂਰ ਨਹੀਂ ਕੀਤਾ ਜਾਂਦਾ, ਉਦੋਂ ਤੱਕ ਇਹ ਅਸਮਾਨਤਾ ਦੂਰ ਨਹੀਂ ਹੋ ਸਕਦੀ। ਸਰਵੇਖ਼ਣ ਮੁਤਾਬਕ ਦੁਨੀਆ ਦੇ 22 ਅਮੀਰਾਂ ਕੋਲ ਪੂਰੇ ਅਫ਼ਰੀਕਾ ਦੀਆਂ ਔਰਤਾਂ ਦੀ ਕੁੱਲ ਸੰਪਤੀ ਤੋਂ ਵੀ ਕਿਤੇ ਜ਼ਿਆਦਾ ਜਾਇਦਾਦ ਹੈ। ਦੁਨੀਆ ਦੇ 2153 ਅਰਬਪਤੀਆਂ ਕੋਲ ਵਿਸ਼ਵ ਦੀ ਕੁੱਲ ਅਬਾਦੀ ਦਾ 60 ਫ਼ੀਸਦੀ ਵਸੋਂ ਦੀ ਕੁੱਲ ਆਮਦਨ ਤੋਂ ਵੱਧ ਸੰਪਤੀ ਹੈ। ਵਿਸ਼ਵ ਆਰਥਿਕ ਫੋਰਮ ਵੱਲੋਂ ਨਵੇਂ ਸਮਾਜਿਕ ਤਬਦੀਲੀਆਂ ਸੂਚਕ ਅੰਕ 'ਚ ਭਾਰਤ ਨੂੰ ਦੁਨੀਆ ਦੇ 82 ਦੇਸ਼ਾਂ 'ਚੋਂ 76ਵਾਂ ਰੈਂਕ ਮਿਲਿਆ ਸੀ। ਇਸ ਵਿੱਚ ਡੈਨਮਾਰਕ ਪਹਿਲੇ ਸਥਾਨ 'ਤੇ ਸੀ।

ਗੌਰਤਲਬ ਹੈ ਕਿ ਸੰਨ 2018 'ਚ ਔਕਸਫੈਮ ਦੀ ਹੀ ਰਿਪੋਰਟ ਵਿੱਚ ਭਾਰਤ ਦੀ ਕੁੱਲ ਅਬਾਦੀ 'ਚੋਂ ਅਮੀਰ ਲੋਕਾਂ ਦੀ ਸੰਖਿਆ ਮਾਤਰ ਇੱਕ ਫ਼ੀਸਦੀ ਨੂੰ ਦਰਸਾਇਆ ਗਿਆ ਸੀ। ਇਹੀ ਇੱਕ ਫ਼ੀਸਦ ਲੋਕ ਦੇਸ਼ ਦੀ ਕੁੱਲ ਪੂੰਜੀ ਦੇ 73 ਫ਼ੀਸਦ ਦੌਲਤ ਦੇ ਮਾਲਕ ਪਾਏ ਗਏ ਸਨ। ਰਿਪੋਰਟ 'ਚ ਅੱਗੇ ਕਿਹਾ ਗਿਆ ਸੀ ਮਜ਼ਦੂਰਾਂ, ਕਾਸ਼ਤਕਾਰਾਂ ਅਤੇ ਫੈਕਟਰੀਆਂ 'ਚ ਕੰਮ ਕਰਨ ਵਾਲੇ ਲੋਕਾਂ ਕੋਲ ਆਪਣੇ ਪਰਵਾਰ ਦੀ ਦੇਖਭਾਲ ਕਰਨ, ਬੱਚਿਆਂ ਦੀ ਸਿੱਖਿਆ ਲਈ ਲੋੜੀਂਦੇ ਪੈਸੇ ਨਹੀਂ ਹਨ। ਔਕਸਫੈਮ ਦੀ ਇਸੇ ਵਰ੍ਹੇ ਦੀ ਰਿਪੋਰਟ 'ਚ ਇਹ ਵੀ ਸ਼ੁਮਾਰ ਸੀ ਕਿ ਦੁਨੀਆ ਦੀ ਅੱਧੀ ਦੌਲਤ 62 ਧਨਕੁਬੇਰਾਂ ਕੋਲ ਸੀ, ਪਰ ਇੱਕ ਸਾਲ ਦੇ ਵਿੱਚ ਹੀ ਇਨ੍ਹਾਂ ਦੀ ਗਿਣਤੀ ਘਟ ਕੇ ਅੱਠ ਰਹਿ ਗਈ ਸੀ। ਭਾਰਤ ਦੇ 57 ਵਿਅਕਤੀਆਂ ਕੋਲ 70 ਫ਼ੀਸਦੀ ਅਬਾਦੀ ਦੇ ਬਰਾਬਰ ਦੌਲਤ ਸੀ। ਸਾਡੇ ਮੁਲਕ 'ਚ ਇੱਕ ਫ਼ੀਸਦੀ ਅਰਬਪਤੀ ਦੇਸ਼ ਦੀ 58 ਫੀਸਦੀ ਦੌਲਤ 'ਤੇ ਕਾਬਜ਼ ਸਨ। ਦੇਸ਼ ਦੀ ਕੁੱਲ 3.2 ਲੱਖ ਕਰੋੜ ਡਾਲਰ ਦੀ ਪੂੰਜੀ 'ਚੋਂ ਮੁਕੇਸ਼ ਅੰਬਾਨੀ ਕੋਲ 1.30 ਲੱਖ ਕਰੋੜ ਡਾਲਰ ਦਾ ਮਾਲਕ ਹੈ। 16 ਜਨਵਰੀ 2017 ਨੂੰ ਵੀ ਕੌਮਾਂਤਰੀ ਮਨੁੱਖੀ ਅਧਿਕਾਰ ਸੰਸਥਾ ਔਕਸਫੈਮ ਦੀ ਜਾਰੀ ਰਿਪੋਰਟ ਨੇ ਵੀ ਅਮੀਰੀ-ਗਰੀਬੀ ਦੇ ਪਾੜੇ ਨੂੰ ਬਾਖ਼ੂਬੀ ਦਰਸਾਇਆ ਸੀ। ਰਿਪੋਰਟ ਅਨੁਸਾਰ ਦੁਨੀਆ ਦੀ ਅੱਧੀ ਦੌਲਤ ਸਿਰਫ਼ 8 ਵਿਅਕਤੀਆਂ ਕੋਲ ਹੋਣ ਦਾ ਦਾਅਵਾ ਕੀਤਾ ਗਿਆ ਸੀ, ਜੋ ਆਪਣੇ ਆਪ 'ਚ ਹੀ ਅਸਧਾਰਨਤਾ ਹੈ। ਇਨ੍ਹਾਂ ਅਮੀਰਾਂ 'ਚ 6 ਅਮਰੀਕਨ, ਇੱਕ ਯੂਰਪੀਅਨ ਤੇ ਇੱਕ ਮੈਕਸੀਕੋ ਵਾਸੀ ਹੈ। ਸਭ ਤੋਂ ਵੱਧ ਅਮੀਰ ਅਮਰੀਕਾ ਅਤੇ ਯੂਰਪ 'ਚ ਹਨ ਅਤੇ ਗਰੀਬ ਅਫਰੀਕਾ ਤੇ ਏਸ਼ੀਆ 'ਚ ਹਨ।

ਗਰੀਬੀ, ਭੁੱਖਮਰੀ ਤੋਂ ਤੰਗ ਆ ਕੇ ਲੋਕ ਹਰ ਤਰ੍ਹਾਂ ਦਾ ਕੰਮ ਕਰਨ ਲਈ ਮਜਬੂਰ ਹੋ ਜਾਂਦੇ ਹਨ, ਜੋ ਉਨ੍ਹਾਂ ਨੂੰ ਲੋਕਾਂ ਦਾ ਗ਼ੁਲਾਮ ਬਣਾਉਂਦਾ ਹੈ। ਗਲੋਬਲ ਸਲੇਵਰੀ ਇੰਡੈਕਸ ਅਨੁਸਾਰ ਵਿਸ਼ਵ 'ਚ 4 ਕਰੋੜ 50 ਲੱਖ ਗ਼ੁਲਾਮ ਹਨ। ਦੁਨੀਆ ਦੇ 167 ਦੇਸ਼ਾਂ ਵਿੱਚ ਭਾਰਤ ਨੂੰ ਸਭ ਤੋਂ ਵੱਧ ਗੁਲਾਮਾਂ ਵਾਲਾ ਦੇਸ਼ ਐਲਾਨਿਆ ਹੈ। ਭਾਰਤ ਵਿੱਚ 1.83 ਕਰੋੜ 50 ਹਜ਼ਾਰ ਲੋਕ ਗ਼ੁਲਾਮ ਹਨ। ਇਹ ਦੇਸ਼ ਦੀ ਕੁੱਲ ਅਬਾਦੀ ਦਾ 1.4 ਫ਼ੀਸਦੀ ਹੈ। ਦਾਸ ਪ੍ਰਥਾ ਨੂੰ ਖਤਮ ਕਰਨ ਲਈ ਐਕਟ 1976 ਹੋਂਦ ਵਿੱਚ ਆਇਆ ਸੀ। ਧਾਰਮਿਕਤਾ ਹੋਣ ਦੇ ਬਾਵਜੂਦ ਗਰੀਬ ਲੋਕ ਭੁੱਖ, ਗਰਮੀ-ਸਰਦੀ, ਇਲਾਜ ਤੋਂ ਬਿਨਾਂ ਮਰਨ ਲਈ ਮਜਬੂਰ ਹਨ। ਇਨ੍ਹਾਂ ਦੀ ਸਾਰ ਲੈਣ ਵਾਲਾ ਕੋਈ ਨਜ਼ਰ ਨਹੀਂ ਆਉਂਦਾ। ਗਰੀਬੀ ਮਿਟਾਉਣ ਦੇ ਨਾਅਰੇ ਲਗਾਉਣ ਵਾਲੇ ਖੁਦ ਮਿਟ ਗਏ, ਪਰ ਇਸ ਦੈਂਤ ਨੂੰ ਨਹੀਂ ਮਾਰ ਸਕੇ। ਦੇਸ਼ ਅੰਦਰ ਇੱਕ ਪਾਸੇ ਲੋਕ ਜ਼ਿਆਦਾ ਖਾਣ ਕਰਕੇ ਮੋਟਾਪਾ ਅਤੇ ਇਸ ਤੋਂ ਪੈਦਾ ਹੁੰਦੀਆਂ ਬਿਮਾਰੀਆਂ ਤੋਂ ਪ੍ਰੇਸ਼ਾਨ ਹਨ। ਇਸ ਦੇ ਇਲਾਜ ਲਈ ਕਸਰਤ ਜਾਂ ਹੋਰ ਤਰੀਕੇ ਅਪਣਾਉਂਦੇ ਹਨ। ਦੂਜੇ ਪਾਸੇ ਗਰੀਬ ਲੋਕ ਹਨ, ਜਿਨ੍ਹਾਂ ਨੂੰ ਖਾਣ ਨੂੰ ਪੂਰਾ ਖਾਣਾ ਵੀ ਨਸੀਬ ਨਹੀਂ ਹੁੰਦਾ। ਦੇਸ਼ ਅੰਦਰ ਇਹ ਬੜੀ ਹਾਸੋਹੀਣੀ ਸਥਿਤੀ ਹੈ। ਗਰੀਬੀ ਰੂਪੀ ਡਾਇਣ ਗਰੀਬ ਬੱਚਿਆਂ ਦੀ ਪੜ੍ਹਾਈ ਸ਼ਰੇਆਮ ਨਿਗਲ ਰਹੀ ਹੈ ਤੇ ਉਹ ਸੁਪਨੇ ਮਾਰ ਕੇ ਖੁਦਕੁਸ਼ੀਆਂ ਦੇ ਰਾਹ ਪੈ ਗਏ ਹਨ, ਜਿਸ ਦਾ ਗਵਾਹ ਰੋਜ਼ ਦੀਆਂ ਨਸ਼ਰ ਹੁੰਦੀਆਂ ਖ਼ਬਰਾਂ ਹਨ। ਸਾਡੇ ਅਮੀਰ ਤੇ ਹਮਦਰਦ ਲੋਕਾਂ ਦੀ ਜੁਰਅਤ ਨਹੀਂ ਪੈਂਦੀ ਕਿ ਗਰੀਬ ਬੱਚਿਆਂ ਨੂੰ ਉਨ੍ਹਾਂ ਦਾ ਹੱਕ ਦਿਵਾ ਸਕਣ।

ਗਰੀਬੀ ਦੇ ਅਰਥ ਗ਼ੁਲਾਮੀ ਹਨ ਤੇ ਗ਼ੁਲਾਮੀ ਦੇ ਅਰਥ ਨਰਕ ਹੋ ਨਿੱਬੜਦੇ ਹਨ। ਗਰੀਬ ਲੋਕਾਂ ਦਾ ਨਾ ਤਾਂ ਸਰੀਰਕ ਵਿਕਾਸ ਹੁੰਦਾ ਹੈ ਤੇ ਨਾ ਹੀ ਮਾਨਸਿਕ। ਉਹ ਸਾਰੀ ਉਮਰ ਰੋਟੀ ਲਈ ਖਪਦੇ ਮਰ ਜਾਂਦੇ ਹਨ। ਗਰੀਬੀ ਨੂੰ ਭਾਵੇਂ ਧਰਮਾਂ ਨੇ ਸਲਾਹਿਆ ਹੈ, ਪਰ ਅਸਲ ਵਿੱਚ ਇਹ ਬੜੀ ਖੌਫ਼ਨਾਕ ਹੁੰਦੀ ਹੈ। ਜਿਸ ਤਰ੍ਹਾਂ ਫ਼ਿਲਮਾਂ ਵਿੱਚ ਜੰਗਲ ਦੀ ਰਾਤ ਬੜੀ ਰਮਣੀਕ ਦਿਖਾਈ ਜਾਂਦੀ ਹੈ, ਉਂਝ ਜੰਗਲ ਦੀ ਰਾਤ ਬੜੀ ਭਿਆਨਕ ਹੁੰਦੀ ਹੈ। ਸਾਡੇ ਮੁਕਾਬਲੇ ਪੱਛਮ ਦੇ ਲੋਕ ਜ਼ਿਆਦਾ ਧਾਰਮਿਕ ਨਹੀਂ ਹਨ, ਪਰ ਉੱਥੇ ਖ਼ੁਸ਼ਹਾਲੀ ਸਾਡੇ ਨਾਲੋਂ ਜ਼ਿਆਦਾ ਹੈ। ਭਾਰਤ ਇੱਕ ਧਾਰਮਿਕ ਦੇਸ਼ ਹੈ, ਜਿਸ ਕਰਕੇ ਲੋਕ ਭਾਵੁਕਤਾ ਦੀ ਪਕੜ ਹੇਠ ਹਨ। ਧਰਮਾਂ ਨੇ ਪੈਸੇ ਨੂੰ ਰੂਹਾਨੀਅਤ ਦੇ ਰਾਹ ਦਾ ਰੋੜਾ ਦੱਸਿਆ ਹੈ ਤੇ ਮਾਇਆ ਨਾਗਣੀ ਜਿਹੇ ਸ਼ਬਦਾਂ ਦਾ ਇੰਦਰਜਾਲ ਬੁਣਿਆ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਇਸ ਗਰੀਬ ਦੇਸ਼ ਦੇ ਲੋਕਾਂ ਦੇ ਦੇਵਤੇ, ਸੰਤ ਮਹਾਂਪੁਰਸ਼ ਬੜੇ ਅਮੀਰ ਹਨ। ਲੋਕਾਂ ਨੂੰ ਗਰੀਬੀ ਉੱਤਮ ਦੱਸਦੇ ਹੋਏ ਰੱਬ ਨੂੰ ਮਿਲਣ ਦੀ ਪਹਿਲੀ ਪੌੜੀ ਦੱਸਣ ਵਾਲੇ ਬਾਬਿਆਂ ਦੀ ਖ਼ੁਦ ਦੀ ਪ੍ਰਤੀ ਦਿਨ ਕਮਾਈ ਲੱਖਾਂ ਰੁਪਏ ਹੈ ਤੇ ਠਾਠ ਵਾਲਾ ਜੀਵਨ ਜਿਉਂਦੇ ਹਨ। ਇੱਕ ਅੰਦਾਜ਼ੇ ਮੁਤਾਬਕ ਜੇਕਰ ਧਾਰਮਿਕ ਸਥਾਨਾਂ ਦੇ ਸਰਮਾਏ ਨੂੰ ਹੀ ਲੋਕ ਭਲਾਈ ਹਿੱਤ ਵਰਤ ਲਿਆ ਜਾਵੇ ਤਾਂ ਲੋਕਾਂ ਦੇ ਬੁਰੇ ਦਿਨ ਅਰਾਮ ਨਾਲ ਖਤਮ ਹੋ ਸਕਦੇ ਹਨ।

ਵਿਸ਼ਵ ਬੈਂਕ ਦੀ ਇੱਕ ਰਿਪੋਰਟ ਅਨੁਸਾਰ ਭਾਰਤ ਦੇ 32.7 ਫ਼ੀਸਦੀ ਭਾਰਤੀ ਲੋਕ ਅੰਤਰ-ਰਾਸ਼ਟਰੀ ਗਰੀਬੀ ਰੇਖਾ ਤੋਂ ਹੇਠਾਂ ਹਨ, ਉਨ੍ਹਾਂ ਦਾ ਰੋਜ਼ਾਨਾ ਖ਼ਰਚ 1.25 ਡਾਲਰ ਹੈ ਅਤੇ 68.7 ਫ਼ੀਸਦੀ ਲੋਕਾਂ ਦਾ ਰੋਜ਼ਾਨਾ ਦਾ ਖ਼ਰਚ ਕੇਵਲ ਦੋ ਡਾਲਰ ਹੈ। ਦੁਨੀਆ ਦੇ ਇੱਕ ਚੌਥਾਈ ਗਰੀਬ ਲੋਕ ਭਾਰਤ ਵਿੱਚ ਹਨ। ਦੇਸ਼ ਦੀ 17.5 ਫੀਸਦੀ ਜਨਸੰਖਿਆ ਭਾਵ 21 ਕਰੋੜ ਲੋਕ ਭੁੱਖਮਰੀ ਦੇ ਸ਼ਿਕਾਰ ਹਨ। ਇੱਕ ਅੰਦਾਜ਼ੇ ਮੁਤਾਬਕ ਭਾਰਤ ਵਿੱਚ ਵਿਸ਼ਵ ਦੀ ਸਭ ਤੋਂ ਜ਼ਿਆਦਾ ਭੁੱਖਮਰੀ ਹੈ। ਵਿਸ਼ਵ ਬੈਂਕ ਅਨੁਸਾਰ ਦੁਨੀਆ ਦੇ 49 ਫ਼ੀਸਦੀ ਬੱਚੇ ਕੁਪੋਸ਼ਣ ਦਾ ਸ਼ਿਕਾਰ ਹਨ, ਜਿਨ੍ਹਾਂ 'ਚੋਂ 34 ਫ਼ੀਸਦੀ ਬੱਚੇ ਭਾਰਤ ਵਿੱਚ ਹਨ। ਯੂਨੀਸੈਫ਼ ਦੀ ਤਾਜ਼ਾ ਰਿਪੋਰਟ ਅਨੁਸਾਰ 42 ਫ਼ੀਸਦੀ ਬੱਚੇ ਭਾਰਤ ਵਿੱਚ ਕੁਪੋਸ਼ਣ ਦਾ ਸ਼ਿਕਾਰ ਹਨ, ਜਿਨ੍ਹਾਂ ਦੀ ਉਮਰ ਪੰਜ ਸਾਲ ਤੋਂ ਘੱਟ ਹੈ। ਕੌਮੀ ਨਮੂਨਾ ਸਰਵੇਖਣ ਸੰਗਠਨ ਅਨੁਸਾਰ ਭਾਰਤ ਦੇ 35 ਕਰੋੜ ਲੋਕ ਗਰੀਬੀ ਰੇਖਾ ਤੋਂ ਹੇਠਾਂ ਹਨ। ਇਨ੍ਹਾਂ ਦੀ ਗਿਣਤੀ ਪਿੰਡਾਂ 'ਚ ਜ਼ਿਆਦਾ ਹੈ। ਪਿੰਡਾਂ ਵਿੱਚ 17 ਰੁਪਏ ਅਤੇ ਸ਼ਹਿਰਾਂ ਵਿੱਚ 23 ਰੁਪਏ ਵਿੱਚ ਦੈਨਿਕ ਜੀਵਨ ਦੀਆਂ ਲੋੜਾਂ ਪੂਰਦੇ ਹਨ। ਜੁਲਾਈ 2014 ਵਿੱਚ ਰੰਗਰਾਜਨ ਕਮੇਟੀ ਨੇ ਗਰੀਬੀ ਦੇ ਸੰਬੰਧ ਵਿੱਚ ਇੱਕ ਰਿਪੋਰਟ ਪੇਸ਼ ਕੀਤੀ ਸੀ, ਜੋ ਕੌਮੀ ਨਮੂਨਾ ਸਰਵੇਖਣ ਸੰਗਠਨ ਦੁਆਰਾ ਕੀਤੇ ਅਧਿਐਨ 'ਤੇ ਅਧਾਰਿਤ ਸੀ। ਇਸ ਰਿਪੋਰਟ ਅਨੁਸਾਰ ਦੇਸ਼ ਅੰਦਰ ਦਸ ਲੋਕਾਂ ਵਿੱਚੋਂ ਤਿੰਨ ਗਰੀਬ ਹਨ। ਗਰੀਬੀ ਰੇਖਾ ਦਾ ਨਵਾਂ ਮਾਪਦੰਡ ਤੈਅ ਕਰਦਿਆਂ ਰਿਪੋਰਟ ਵਿੱਚ ਸ਼ਹਿਰੀ ਖੇਤਰ ਵਿੱਚ 47 ਰੁਪਏ ਤੇ ਪੇਂਡੂ ਖੇਤਰਾਂ ਵਿੱਚ 32 ਰੁਪਏ ਤੋਂ ਘੱਟ ਕਮਾਉਣ ਵਾਲੇ ਨੂੰ ਗਰੀਬੀ ਰੇਖਾ ਤੋਂ ਹੇਠਾਂ ਰੱਖਿਆ ਗਿਆ ਹੈ। ਇਹ ਰਿਪੋਰਟ ਸੰਨ 2013 ਦੀ ਤੇਂਦੂਲਕਰ ਕਮੇਟੀ ਦੀ ਰਿਪੋਰਟ ਦਾ ਸਿਰਫ਼ ਰੀਵਿਊ ਸੀ।

ਦੇਸ਼ ਦੇ ਲੋਕਾਂ ਦੀ ਗਰੀਬੀ ਦੀ ਭਿਆਨਕ ਤਸਵੀਰ ਸਭ ਦੇ ਸਾਹਮਣੇ ਹੈ ਤੇ ਅੰਕੜੇ ਵੀ ਬੜੀ ਖ਼ੌਫ਼ਨਾਕ ਦਾਸਤਾਨ ਪੇਸ਼ ਕਰਦੇ ਹਨ। ਇਸ ਸੱਚ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਨੀਤੀਆਂ ਅਜੇ ਵੀ ਲੋਕ ਪੱਖੀ ਨਹੀਂ ਹਨ। ਅਰਥਸ਼ਾਸਤਰੀ ਦੇਸ਼ ਵਿੱਚ ਗਰੀਬੀ ਦਾ ਵੱਡਾ ਕਾਰਨ 60 ਫ਼ੀਸਦੀ ਅਬਾਦੀ ਦਾ ਕੇਵਲ ਖੇਤੀ 'ਤੇ ਨਿਰਭਰ ਹੋਣਾ ਮੰਨਦੇ ਹਨ। ਖੇਤੀ ਇੱਕ ਅਜਿਹਾ ਖੇਤਰ ਹੈ, ਜਿੱਥੇ ਸਭ ਤੋਂ ਜ਼ਿਆਦਾ ਵਸੋਂ ਸਭ ਤੋਂ ਘੱਟ ਆਮਦਨ ਨਾਲ ਗੁਜ਼ਾਰਾ ਕਰ ਰਹੀ ਹੈ। ਮਾਹਿਰਾਂ ਅਨੁਸਾਰ ਖੇਤੀਬਾੜੀ ਵਿਕਾਸ ਦਰ 4.8 ਤੋਂ ਘਟ ਕੇ 2 ਫ਼ੀਸਦੀ ਰਹਿ ਗਈ ਹੈ। ਖੇਤੀਬਾੜੀ ਦਾ ਜੀ.ਡੀ.ਪੀ. ਵਿੱਚ ਯੋਗਦਾਨ ਕੇਵਲ 11 ਫ਼ੀਸਦੀ ਹੈ, ਜੋ ਨਿਰੰਤਰ ਘਟਦਾ ਜਾ ਰਿਹਾ ਹੈ। ਵਿਸ਼ਵ ਬੈਂਕ ਦੇ ਅਨੁਸਾਰ ਵਿਸ਼ਵ ਬੈਂਕ ਸੰਨ 2030 ਤੱਕ ਸੰਸਾਰ ਵਿੱਚੋਂ ਗਰੀਬੀ ਖਤਮ ਕਰਨ ਲਈ ਕੰਮ ਕਰ ਰਹੀ ਹੈ। ਵਿਸ਼ਵ ਦੇ 40 ਫ਼ੀਸਦੀ ਜ਼ਿਆਦਾ ਗਰੀਬ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਬੀਮਾ ਤੇ ਹੋਰ ਸੁਵਿਧਾਵਾਂ ਦੇ ਜ਼ਰੀਏ ਉੱਚਾ ਚੁੱਕਣ ਲਈ ਸਾਰੇ ਦੇਸ਼ਾਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ।

ਗਰੀਬੀ ਸੱਚਮੁੱਚ ਮਨੁੱਖਤਾ ਲਈ ਸਰਾਪ ਹੈ। ਇਸ ਨਾਲ ਲੋਕਾਂ ਦੀ ਆਰਥਿਕ ਤੇ ਸਮਾਜਿਕ ਜ਼ਿੰਦਗੀ ਪ੍ਰਭਾਵਿਤ ਹੁੰਦੀ ਹੈ। ਇਸ ਨੂੰ ਦੂਰ ਕਰਨ ਲਈ ਲੋਕਾਂ ਨੂੰ ਲਾਜ਼ਮੀ ਸਿੱਖਿਆ ਪ੍ਰਾਪਤੀ, ਜਾਗਰੂਕਤਾ ਅਤੇ ਸਖ਼ਤ ਮਿਹਨਤ ਜ਼ਰੂਰੀ ਹੈ। ਸਰਕਾਰਾਂ ਵੀ ਸੰਜੀਦਗੀ ਦਿਖਾਉਣ, ਕੇਵਲ ਅੰਕੜਿਆਂ ਦੀ ਸਿਆਸਤ ਨਾ ਕਰਨ, ਬਲਕਿ ਨੀਤੀਆਂ 'ਚ ਤਬਦੀਲੀ ਕਰਕੇ ਈਮਾਨਦਾਰੀ ਨਾਲ ਲਾਗੂ ਕਰਨ। ਨੀਤੀਆਂ ਏ.ਸੀ. ਕਮਰਿਆਂ ਵਿੱਚ ਬੈਠ ਕੇ ਬਣਾਉਣ ਦੀ ਜਗ੍ਹਾ ਲੋਕਾਂ ਨੂੰ ਮਿਲ ਕੇ ਬਣਾਈਆਂ ਜਾਣ। ਗਰੀਬਾਂ ਲਈ ਕੁੱਲੀ, ਗੁੱਲੀ, ਜੁੱਲੀ ਤੇ ਸਿੱਖਿਆ ਦਾ ਪ੍ਰਬੰਧ ਹੋਣਾ ਚਾਹੀਦਾ ਹੈ। ਦਾਨ ਦੇ ਮਹੱਤਵ ਨੂੰ ਸਮਝਦੇ ਹੋਏ ਸਮਾਜ ਇਸ ਪਾਸੇ ਲਾਮਬੰਦ ਹੋਵੇ, ਗਰੀਬਾਂ ਲਈ ਕੁਝ ਚੰਗਾ ਕੀਤਾ ਜਾਵੇ। ਉਨ੍ਹਾਂ ਨੂੰ ਗਰੀਬੀ ਰੂਪੀ ਸਰਾਪ ਤੋਂ ਮੁਕਤ ਕਰਵਾਉਣ ਲਈ ਹਰ ਸੰਭਵ ਯਤਨ ਹੋਣੇ ਚਾਹੀਦੇ ਹਨ। ਲੋਕਾਂ ਨੂੰ ਵੀ ਚਾਹੀਦਾ ਹੈ ਕਿ ਉਹ ਗਰੀਬੀ ਨੂੰ ਕਿਸਮਤ ਦੀ ਖੇਡ ਨਾ ਸਮਝ ਕੇ ਇਸ ਨੂੰ ਦੂਰ ਕਰਨ ਲਈ ਜਾਗਰੂਕਤਾ ਨਾਲ ਸਖ਼ਤ ਮਿਹਨਤ ਦਾ ਪੱਲਾ ਫੜਨਾ ਚਾਹੀਦਾ ਹੈ। ਰੁਜ਼ਗਾਰ ਦੇ ਮੌਕੇ ਵੱਧ ਤੋਂ ਵੱਧ ਪੈਦਾ ਕੀਤੇ ਜਾਣ। ਸਵਾਮੀ ਅਗਨੀਵੇਸ਼ ਨੇ ਸ. ਭਗਤ ਸਿੰਘ ਦਾ ਹਵਾਲਾ ਦਿੰਦੇ ਹੋਏ ਇੱਕ ਵਾਰ ਕਿਹਾ ਸੀ "ਜਦੋਂ ਮਕਾਨ ਬਣਾਉਣ ਵਾਲਿਆਂ ਦੇ ਮਕਾਨ ਬਣ ਜਾਣਗੇ ਤਾਂ ਸਮਝਣਾ ਕਿ ਗਰੀਬੀ ਦੂਰ ਹੋ ਗਈ ਹੈ, ਇਸ ਤੋਂ ਪਹਿਲਾਂ ਨਹੀਂ"। ਵਾਕਿਆ ਹੀ ਇਹ ਪੈਮਾਨਾ ਬੜਾ ਕਾਰਗਰ ਸਿੱਧ ਹੋਵੇਗਾ ਜੇਕਰ ਸਰਕਾਰਾਂ, ਸਮਾਜ ਦੀ ਇੱਛਾ ਸ਼ਕਤੀ ਦ੍ਰਿੜ੍ਹ ਹੋਵੇ ਤਾਂ ਲਾਜ਼ਮੀ ਹੀ ਹਾਸ਼ੀਏ 'ਤੇ ਪੁੱਜੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਹੋ ਸਕਦਾ ਹੈ ਅਤੇ ਉਹ ਗਰੀਬੀ ਤੋਂ ਨਿਜ਼ਾਤ ਪਾ ਸਕਦੇ ਹਨ।

 # ਸੰਪਰਕ: 95173-96001

ਅਸੀਂ ਵੱਸਦੇ ਉੱਜੜ ਗਏ

ਹਰਨੰਦ ਸਿੰਘ ਬੱਲਿਆਂਵਾਲਾ

ਅਣਵੰਡੇ ਪੰਜਾਬ ਵਿੱਚ ਲੋਕਾਂ ਦੀਆਂ ਆਪਸੀ ਸਾਂਝਾਂ ਪੀਡੀਆਂ ਸਨ। ਕੀ ਹਿੰਦੂ, ਕੀ ਸਿੱਖ ਅਤੇ ਕੀ ਮੁਸਲਮਾਨ, ਸਭ ਇੱਕ ਦੂਜੇ ਦੇ ਸਾਹਾਂ ਵਿੱਚ ਸਾਹ ਲੈਂਦੇ ਸਨ; ਇੱਕ ਧਰਮ ਦਾ ਤਿਉਹਾਰ ਦੂਜੇ ਲਈ ਵੀ ਖ਼ੁਸ਼ੀਆਂ ਦਾ ਸਬੱਬ ਹੁੰਦਾ। ਸਭ ਇੱਕ-ਦੂਜੇ ਦੇ ਦੁੱਖ-ਸੁੱਖ ਦੇ ਭਾਈਵਾਲ ਬਣਦੇ। ਮੁਹੱਬਤ ਦੀਆਂ ਇਹ ਸਾਂਝਾਂ ਜ਼ਿਆਦਾ ਦੇਰ ਨਾ ਰਹਿ ਸਕੀਆਂ। ਦੇਸ਼ ਵੰਡ ਦੌਰਾਨ ਅਜਿਹੀ ਫਿਰਕੂ ਹਨੇਰੀ ਝੁੱਲੀ ਕਿ ਦਿਲਾਂ ਦੀਆਂ ਸਾਂਝਾਂ ਪਲਾਂ ਵਿੱਚ ਹੀ ਤਿੜਕ ਗਈਆਂ; ਨਫ਼ਰਤ ਦੀ ਇਸ ਹਨੇਰੀ ਵਿੱਚ ਲਹੂ ਦਾ ਸੈਲਾਬ ਕੁਝ ਦਿਨਾਂ ਵਿੱਚ ਹੀ ਵਹਿ ਤੁਰਿਆ; ਸਾਲਾਂਬੱਧੀ ਖ਼ੂਨ-ਪਸੀਨੇ ਨਾਲ ਬਣਾਏ ਲੋਕਾਂ ਦੇ ਘਰ ਅਤੇ ਜ਼ਮੀਨਾਂ ਉਨ੍ਹਾਂ ਲਈ ਬੇਗਾਨੀਆਂ ਹੋ ਗਈਆਂ। ਫਿਰਕਾਪ੍ਰਸਤੀ ਦੇ ਇਸ ਜ਼ਹਿਰੀਲੇ ਨਾਗ ਨੇ ਪਤਾ ਨਹੀਂ ਕਿੰਨੇ ਲੋਕਾਂ ਅਤੇ ਉਨ੍ਹਾਂ ਦੀਆਂ ਧੀਆਂ-ਭੈਣਾਂ ਨੂੰ ਡੱਸ ਲਿਆ। ਉਸ ਸਮੇਂ ਪੰਜਾਬ ਦੀ ਹਰਿਆਵਲ ਫਿਜ਼ਾ ਦਰਦ ਭਰੀਆਂ ਆਹਾਂ ਵਿੱਚ ਬਦਲ ਗਈ। ਨਦੀਆਂ ਨੇ ਲਾਲ ਰੂਪ ਧਾਰਨ ਕਰ ਲਿਆ। ਇਸ ਦਰਦ ਭਰੇ ਮੰਜ਼ਰ ਨੂੰ ਵੇਖ, ਕਵੀਆਂ ਦੀਆਂ ਕਲਮਾਂ ਨੇ ਅੱਥਰੂ ਵਹਾਏ। ਅੰਮ੍ਰਿਤਾ ਪ੍ਰੀਤਮ ਵਰਗੇ ਲੇਖਕ ਵਾਰਿਸ ਸ਼ਾਹ ਨੂੰ ਆਵਾਜ਼ਾਂ ਮਾਰਨ ਲੱਗੇ ਅਤੇ ਨਾਨਕ ਸਿੰਘ ਵਰਗਿਆਂ ਨੇ ਮੰਝਧਾਰ ਵਿੱਚ ਲਟਕੀਆਂ ਜ਼ਿੰਦੜੀਆਂ ਦਾ ਦਰਦ ਬਿਆਨ ਕੀਤਾ।

ਜਿਹੜੇ ਲੋਕ ਮੁਸ਼ਕਲ ਰਾਹਾਂ 'ਤੇ ਚਲਦੇ ਆਪਣੇ-ਆਪ ਨੂੰ ਬਚਾ ਕੇ ਪੂਰਬੀ ਪੰਜਾਬ ਪਹੁੰਚੇ ਸਨ ਤਾਂ ਉਨ੍ਹਾਂ ਨੂੰ ਵਸਾਉਣ ਲਈ ਚਾਰਾਜੋਈ ਸ਼ੁਰੂ ਹੋ ਗਈ। ਸਰਕਾਰਾਂ ਨੇ ਉਜਾੜੇ ਦੇ ਸ਼ਿਕਾਰ ਲੋਕਾਂ ਲਈ ਘਰ ਅਤੇ ਖਾਣ-ਪੀਣ ਦਾ ਪ੍ਰਬੰਧ ਕਰਨ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ। ਸਭ ਤੋਂ ਪਹਿਲਾਂ ਰਫਿਊਜੀਆਂ ਲਈ ਆਰਜ਼ੀ ਕੈਂਪ ਬਣਾਏ ਗਏ। ਫਿਰ ਉਨ੍ਹਾਂ ਨੂੰ ਮੁਸਲਮਾਨਾਂ ਦੁਆਰਾ ਛੱਡੇ ਗਏ ਘਰਾਂ ਵਿੱਚ ਵਸਾਇਆ ਗਿਆ। ਇਸ ਵਿੱਚ ਵੀ ਕੁਝ ਭ੍ਰਿਸ਼ਟ ਅਤੇ ਅਸਰ-ਰਸੂਖ ਵਾਲੇ ਲੋਕਾਂ, ਜੋ ਪਹਿਲਾਂ ਹੀ ਇਧਰ ਰਹਿ ਰਹੇ ਸਨ, ਨੇ ਧੋਖੇ ਨਾਲ ਹੀ ਵੱਡੇ ਲੋਕਾਂ ਤੱਕ ਪਹੁੰਚ ਕਰਕੇ ਉੱਜੜੇ ਘਰਾਂ ਤੇ ਜ਼ਮੀਨਾਂ ਉੱਤੇ ਕਬਜ਼ੇ ਜਮਾ ਲਏ। ਘਰਾਂ ਤੇ ਜ਼ਮੀਨਾਂ ਉੱਤੇ ਧੋਖੇ ਨਾਲ ਕਬਜ਼ਿਆਂ ਦੀ ਬਿਮਾਰੀ ਦੋਨੋਂ ਦੇਸ਼ਾਂ ਵਿੱਚ ਫੈਲੀ ਸੀ, ਜਦੋਂਕਿ ਅਸਲ ਹੱਕਦਾਰ ਦਰ-ਦਰ ਦੀਆਂ ਠੋਕਰਾਂ ਖਾਂਦੇ ਰਹੇ। ਇੱਕ ਤਾਂ ਪਹਿਲਾਂ ਹੀ ਉਹ ਘਰ-ਬਾਰ ਛੱਡ ਵਤਨੋਂ ਬੇਵਤਨ ਕਰ ਦਿੱਤੇ ਗਏ ਅਤੇ ਦੂਸਰਾ ਉਨ੍ਹਾਂ ਨੂੰ ਅਜਿਹੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਇਹ ਅਣਮਨੁੱਖੀ ਕਾਰੇ ਦੀ ਇੱਕ ਹੋਰ ਘਿਨੌਣੀ ਤਸਵੀਰ ਸੀ। ਖੈਰ! ਉਸ ਸਮੇਂ ਜਿਸ ਨੂੰ ਵੀ ਕਿਤੇ ਜਗ੍ਹਾ ਮਿਲੀ, ਉੱਥੇ ਵੱਸ ਗਿਆ। ਸਹਿਜੇ-ਸਹਿਜੇ ਉਨ੍ਹਾਂ ਦੀ ਲੀਹੋਂ ਲੱਥੀ ਜ਼ਿੰਦਗੀ ਦੁਬਾਰਾ ਰਫਤਾਰ ਫੜਨ ਲੱਗੀ।

ਅੱਜ ਜਦੋਂ ਅਸੀਂ ਜਲੰਧਰ ਵਿੱਚ ਲਤੀਫਪੁਰਾ ਦੇ ਲੋਕਾਂ ਦੇ ਢਾਹੇ ਘਰਾਂ ਨੂੰ ਵੇਖਦੇ ਹਾਂ ਤਾਂ ਇੱਕ ਵਾਰ ਫਿਰ ਵੰਡ ਸਮੇਂ ਦੀ ਦਰਦਨਾਕ ਤਸਵੀਰ ਸਾਡੇ ਸਾਹਮਣੇ ਆ ਜਾਂਦੀ ਹੈ। ਅੱਤ ਦੀ ਸਰਦੀ ਵਿੱਚ ਲੋਕਾਂ ਨੂੰ ਖੁੱਲ੍ਹੇ ਆਸਮਾਨ ਹੇਠ ਰਾਤਾਂ ਗੁਜ਼ਾਰਨੀਆਂ ਪੈ ਰਹੀਆਂ ਹਨ। ਕੁਦਰਤੀ ਕਹਿਰ ਤੇ ਹੁਕਮਰਾਨਾਂ ਦੀ ਬੇ-ਇਨਸਾਫੀ ਕਾਰਨ ਉਨ੍ਹਾਂ ਨੂੰ ਦੂਹਰੀ ਮਾਰ ਪੈ ਰਹੀ ਹੈ। ਲਤੀਫਪੁਰੇ ਵਾਲੀ ਜ਼ਮੀਨ 'ਤੇ ਕਾਬਜ਼ ਲੋਕਾਂ ਨੂੰ ਨਾਜਾਇਜ਼ ਕਾਬਜ਼ ਧਿਰ ਗਰਦਾਨਿਆ ਜਾ ਰਿਹਾ ਹੈ। ਲੋਕ ਰਿਹਾਇਸ਼ੀ ਸਬੂਤ ਲੈ ਕੇ ਇਨਸਾਫ ਮੰਗ ਰਹੇ ਹਨ, ਪਰ ਸੁਣਵਾਈ ਨਹੀਂ ਹੋ ਰਹੀ। ਇਹ ਉਹੀ ਲੋਕ ਹਨ, ਜਿਹੜੇ ਪਾਕਿਸਤਾਨ ਤੋਂ ਉੱਜੜ ਕੇ ਇੱਥੇ ਆ ਵੱਸੇ ਸਨ। ਲੱਗਭੱਗ 75 ਸਾਲਾਂ ਤੋਂ ਰਹਿ ਰਹੇ ਲੋਕਾਂ, ਜਿਨ੍ਹਾਂ ਖ਼ੂਨ-ਪਸੀਨਾ ਵਹਾ ਕੇ ਇੱਕ ਵਾਰ ਫਿਰ ਘਰ ਅਤੇ ਜਾਇਦਾਦਾਂ ਬਣਾਈਆਂ, ਉਨ੍ਹਾਂ ਨੂੰ ਦੁਬਾਰਾ ਬੇ-ਘਰ ਕਰ ਦਿੱਤਾ ਗਿਆ ਹੈ। ਸੜਕ ਲਈ 60 ਫੁੱਟ ਥਾਂ ਖਾਲੀ ਕਰਵਾਉਣ ਦੇ ਨਾਂਅ ਹੇਠ ਆਮ ਲੋਕਾਂ ਵਾਲੇ ਪਾਸਿਓਂ 300 ਫੁੱਟ ਤੱਕ ਘਰ, ਮਲਬੇ ਵਿੱਚ ਬਦਲ ਦੇਣਾ ਕਿੱਥੋਂ ਦਾ ਇਨਸਾਫ ਹੈ? ਲੋਕ ਦਾਅਵਾ ਕਰ ਰਹੇ ਹਨ ਕਿ ਨਿਸ਼ਾਨਦੇਹੀ ਕਰਵਾ ਕੇ ਜਿੱਥੇ ਵੀ ਸੜਕ ਦੀ ਥਾਂ ਆਉਂਦੀ ਹੈ, ਉੱਥੇ ਸੜਕ ਕੱਢ ਲਈ ਜਾਵੇ, ਪਰ ਲਗਦਾ ਹੈ ਕਿ ਕਿਸੇ ਅਸਰ-ਰਸੂਖ ਵਾਲੇ ਦੇ ਕਾਰਨ ਲੋਕਾਂ ਦੀ ਗੱਲ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਹੋ ਸਕਦਾ ਹੈ ਨਿਸ਼ਾਨਦੇਹੀ ਕਰਨ ਨਾਲ ਕਿਸੇ ਜ਼ੋਰਾਵਰ ਦੀ ਜਗ੍ਹਾ ਸੜਕ ਵਿੱਚ ਆਉਂਦੀ ਹੋਵੇ! ਉਜੜਨ ਤੋਂ ਬਾਅਦ ਵੱਸੇ ਅਤੇ ਦੁਬਾਰਾ ਉੱਜੜੇ ਲੋਕ ਵਾਰ-ਵਾਰ ਇਹ ਸਵਾਲ ਕਰ ਰਹੇ ਹਨ ਕਿ ਆਖਿਰ ਸਾਡੇ ਹਿੱਸੇ ਦਾ ਘਰ ਕਿੱਥੇ ਹੈ? ਦੇਸ਼ ਵੰਡ ਸਮੇਂ ਪਹਿਲੀਆਂ ਜਾਇਦਾਦਾਂ ਅਤੇ ਘਰ ਜਨੂੰਨੀ ਮਾਨਸਿਕਤਾ ਦੇ ਡੰਗੇ ਲੋਕਾਂ ਨੇ ਖੋਹ ਲਏ; ਜੇਕਰ ਦੁਬਾਰਾ ਵੱਸੇ ਤਾਂ ਫਿਰ ਇਹ ਕਿਹਾ ਜਾ ਰਿਹਾ ਹੈ ਕਿ ਇਹ ਘਰ ਤੁਹਾਡੇ ਨਹੀਂ, ਤੁਸੀਂ ਨਜਾਇਜ਼ ਕਬਜ਼ਾ ਕਰਕੇ ਬੈਠੇ ਹੋ ਅਤੇ ਉਨ੍ਹਾਂ ਦੀਆਂ ਅੱਖਾਂ ਸਾਹਮਣੇ ਕੁਝ ਪਲਾਂ ਵਿੱਚ ਹੀ ਢੇਰ ਬਣਾ ਦਿੱਤੇ ਗਏ। ਆਖਿਰ ਇਹ ਲੋਕ ਕਿੱਧਰ ਜਾਣ? ਹੱਡ ਚੀਰਵੀਂ ਠੰਢ ਵਿੱਚ ਆਪਣੇ ਮਲਬੇ ਬਣੇ ਘਰਾਂ ਦੀ ਇਹ ਲੋਕ ਰਾਖੀ ਕਰ ਰਹੇ ਹਨ। ਉਨ੍ਹਾਂ ਦੇ ਮਾਸੂਮ ਬੱਚਿਆਂ ਦੇ ਉੱਤਰੇ ਚਿਹਰੇ ਇਸ ਤਰਾਸਦੀ ਦੇ ਜ਼ਿੰਮੇਵਾਰ ਲੋਕਾਂ ਨੂੰ ਕਈ ਸਵਾਲ ਕਰ ਰਹੇ ਹਨ ਕਿ ਉਨ੍ਹਾਂ ਦਾ ਭਵਿੱਖ ਕੀ ਹੈ?

ਹੱਕ ਤੇ ਸੱਚ ਲਈ ਲੜਨ ਵਾਲੀਆਂ ਧਿਰਾਂ ਹੁਣ ਇਨ੍ਹਾਂ ਲੋਕਾਂ ਦੀ ਪਿੱਠ ਪਿੱਛੇ ਆ ਖਲੋਤੀਆਂ ਹਨ। ਇਹ ਲਾਮਬੰਦੀ ਹੋਰ ਵਧਣੀ ਚਾਹੀਦੀ ਹੈ ਤਾਂ ਜੋ ਅੱਗੇ ਤੋਂ ਬਿਨਾਂ ਸੋਚਿਆਂ ਘਰ ਢਾਹੁਣ ਵਾਲਿਆਂ ਨੂੰ ਸੁਚੇਤ ਕੀਤਾ ਜਾ ਸਕੇ। ਮਨੁੱਖੀ ਵਿਰਾਸਤ ਨੂੰ ਕਾਇਮ ਰੱਖਣ ਲਈ ਸਾਡਾ ਜਾਗਰੂਕ ਹੋਣਾ ਜ਼ਰੂਰੀ ਹੈ। ਇਕੱਲਾ ਲਤੀਫਪੁਰਾ ਨਹੀਂ, ਪੂਰੇ ਦੇਸ਼ ਵਿੱਚ ਬਹੁਤ ਸਾਰੇ ਘਰਾਂ 'ਤੇ ਬੁਲਡੋਜ਼ਰ ਚੱਲ ਚੁੱਕੇ ਹਨ, ਜਿਸ ਕਾਰਨ ਹਜ਼ਾਰਾਂ ਲੋਕਾਂ ਨੂੰ ਉਜਾੜੇ ਦਾ ਸ਼ਿਕਾਰ ਹੋਣਾ ਪਿਆ ਹੈ। ਜੁਝਾਰੂ ਲੋਕਾਂ ਲਈ ਇਹ ਜੰਗ ਜਿੱਤਣਾ ਜ਼ਰੂਰੀ ਹੈ ਤਾਂ ਜੋ ਅਜਿਹੀਆਂ ਸ਼ੈਤਾਨੀ ਕਾਰਵਾਈਆਂ ਨੂੰ ਅੱਗੇ ਵਧਣ ਤੋਂ ਰੋਕਿਆ ਜਾ ਸਕੇ। ਸ਼ੈਤਾਨੀ ਭਰੇ ਕਾਰੇ ਲਈ ਵੰਗਾਰ ਤਾਂ ਸਾਡੀ ਵਿਰਾਸਤ ਹੈ। ਜ਼ਿੰਦਗੀ ਦੇ ਹਾਸਲ ਲਈ ਸਾਡਾ ਫਰਜ਼ ਬਣਦਾ ਹੈ ਕਿ ਹੱਕ-ਸੱਚ ਲਈ ਮੈਦਾਨ ਵਿੱਚ ਉੱਤਰੀਏ।

 # ਸੰਪਰਕ : 70870-70050

ਸਿਆਸਤਦਾਨਾਂ ਦੇ ਖ਼ੂਨ 'ਚੋਂ ਨਹੀਂ ਜਾ ਰਿਹੈ ਖੋਟ

ਕਮਲਜੀਤ ਸਿੰਘ ਬਨਵੈਤ

ਪੰਜਾਬ ਦੀਆਂ ਪਿਛਲੀਆਂ ਵਿਧਾਨ ਸਭਾ ਚੋਣਾਂ ਵੇਲੇ ਵੋਟਰਾਂ ਨੇ ਦੋਵੇਂ ਰਵਾਇਤੀ ਸਿਆਸੀ ਪਾਰਟੀਆਂ ਨੂੰ ਰੱਬ ਕਰਕੇ ਸੂਬੇ ਦੀ ਕਮਾਨ ਆਮ ਆਦਮੀ ਪਾਰਟੀ ਦੇ ਹੱਥ ਦੇ ਦਿੱਤੀ ਸੀ। ਭਗਵੰਤ ਸਿੰਘ ਮਾਨ ਨੇ ਮੁੱਖ ਮੰਤਰੀ ਬਣਦਿਆਂ ਹੀ ਭ੍ਰਿਸ਼ਟ ਨੇਤਾਵਾਂ ਅਤੇ ਅਫਸਰਾਂ ਖਿਲਾਫ ਕਰੇੜਾ ਕੱਸ ਦਿੱਤਾ ਤਾਂ ਪੂਰਾ ਰਾਜਨੀਤਕ ਲਾਣਾ ਤ੍ਰਬਕ ਉੱਠਿਆ। ਉਦੋਂ ਤਾਂ ਇਹ ਲੱਗਣ ਲੱਗਾ ਸੀ ਕਿ ਥਾਂ ਸਿਰ ਪਈ ਚੰਡ ਸਬਕ ਸਿਖਾ ਦੇਵੇਗੀ। ਸਿਆਸਤਦਾਨਾਂ ਨੂੰ ਰਾਜਨੀਤਕ ਤੌਰ 'ਤੇ ਲੱਗੀਆਂ ਦੋ ਗੁੱਝੀਆਂ ਸੱਟਾਂ ਦੇ ਬਾਵਜੂਦ ਉਨ੍ਹਾਂ ਦੇ ਅੰਦਰਲਾ ਖੋਟ ਨਹੀਂ ਜਾ ਰਿਹਾ ਹੈ।

ਕਾਂਗਰਸ ਅਤੇ ਅਕਾਲੀ ਨੇਤਾ ਹੋਰ ਸਿਆਸੀ ਧਿਰਾਂ ਨੂੰ ਚੋਣਾਂ ਵਿੱਚ ਹੋਈ ਹਾਰ ਦੀ ਸ਼ਰਮਿੰਦਗੀ ਹੋਈ ਹੁੰਦੀ ਤਾਂ ਹੁਣ ਤੱਕ ਕੰਮ ਕਰਨ ਦਾ ਤਰੀਕਾ ਜ਼ਰੂਰ ਬਦਲ ਗਿਆ ਹੁੰਦਾ। ਅਕਾਲੀ ਦਲ ਅਤੇ ਕਾਂਗਰਸ ਦਾ ਹਾਲ '275 ਗਈਆਂ ਸਦਕਾ ਪਿੱਠ ਦਾ' ਵਾਲਾ ਲਗਦਾ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਆਪਣਾ ਹੈਂਕੜ ਵਾਲਾ ਵਤੀਰਾ ਨਹੀਂ ਛੱਡਿਆ ਹੈ, ਜਦ ਕਿ ਕਾਂਗਰਸੀ ਹਾਲੇ ਵੀ ਇਕ-ਦੂਜੇ ਨੂੰ ਠਿੱਬੀ ਲਾਉਣ ਦਾ ਮੌਕਾ ਹੱਥੋਂ ਨਹੀਂ ਜਾਣ ਦਿੰਦੇ। ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਹਾਰ ਤੋਂ ਮੱਤ ਲਈ ਹੁੰਦੀ ਤਾਂ ਲੋਕ ਸਭਾ ਹਲਕਾ ਸੰਗਰੂਰ ਦੀ ਜ਼ਿਮਨੀ ਚੋਣ ਵਿਚ ਫਾਡੀ ਨਹੀਂ ਸੀ ਰਹਿਣਾ। ਬਹੁਜਨ ਸਮਾਜ ਪਾਰਟੀ ਅਤੇ ਅਕਾਲੀ ਦਲ ਅੰਮ੍ਰਿਤਸਰ ਸਮੇਤ ਦੂਜੀਆਂ ਰਾਜਨੀਤਕ ਪਾਰਟੀਆਂ ਦੀ ਗਿਣਤੀ ਨਾ ਤਿੰਨਾਂ ਵਿਚ ਰਹੀ ਹੈ, ਨਾ ਤੇਰਾਂ ਵਿਚ ਹੈ।

ਗੱਲ ਸਿਆਸੀ ਲੀਡਰਾਂ ਦੇ ਵਿੱਡੋਂ ਖੋਟੇ ਹੁਣ ਤੋਂ ਤੁਰੀ ਸੀ। ਉਸੇ ਵਿਸ਼ੇ 'ਤੇ ਕੇਂਦਰਤ ਕਰਨਾ ਚਾਹਾਂਗਾ। ਮੀਡੀਆ ਰਿਪੋਰਟਾਂ ਮੁਤਾਬਕ ਕਾਂਗਰਸ ਅਤੇ ਅਕਾਲੀ ਦਲ ਦੇ ਡੇਢ ਦਰਜਨ ਦੇ ਕਰੀਬ ਵਿਧਾਇਕਾਂ ਨੇ ਵਿਧਾਨ ਸਭਾ ਦੇ ਨਿਯਮ ਤੋੜ ਕੇ ਹਾਲੇ ਤੱਕ ਪ੍ਰਾਪਰਟੀ ਰਿਟਰਨ ਦਾਖ਼ਲ ਨਹੀਂ ਕੀਤੀ ਹੈ। ਦੂਜੇ ਸ਼ਬਦਾਂ ਵਿਚ ਪੰਜਾਬ ਲਈ ਕਾਨੂੰਨ ਬਣਾਉਣ ਵਾਲੇ ਵਿਧਾਇਕ ਖੁਦ ਹੀ ਤੋੜ ਰਹੇ ਹਨ। ਪੰਜਾਬ ਦੇ ਵਿਧਾਇਕਾਂ ਨੂੰ 31 ਜਨਵਰੀ ਤੱਕ ਆਪਣੀ ਪ੍ਰਾਪਰਟੀ ਰਿਟਰਨ ਭਰਨ ਲਈ ਕਿਹਾ ਗਿਆ ਸੀ, ਪਰ 18 ਨੇ ਇਸ ਦੀ ਪਰਵਾਹ ਨਹੀਂ ਕੀਤੀ। ਇਨ੍ਹਾਂ ਵਿਚ ਵਿਰੋਧੀ ਧਿਰ ਦੇ ਨੇਤਾ ਪਰਤਾਪ ਸਿੰਘ ਬਾਜਵਾ ਅਤੇ ਕਾਂਗਰਸ ਦੇ ਵਿਧਾਇਕ ਪਰਗਟ ਸਿੰਘ, ਸੁਖ ਸਰਕਾਰੀਆ, ਅਰੁਣਾ ਚੌਧਰੀ ਅਤੇ ਪਰਗਟ ਸਿੰਘ ਦਾ ਨਾਂਅ ਸ਼ਾਮਲ ਹੈ। ਪੰਜਾਬ ਸਰਕਾਰ ਦੇ ਸਿਹਤ ਮੰਤਰੀ ਅਤੇ ਆਪ ਦੇ ਵਿਧਾਇਕ ਬਲਬੀਰ ਸਿੰਘ ਦਾ ਨਾਂਅ ਵੀ ਇਨ੍ਹਾਂ ਵਿੱਚ ਹੀ ਆ ਜੁੜਿਆ ਹੈ। ਅਕਾਲੀ ਦਲ ਦੇ ਤਿੰਨ ਵਿਧਾਇਕਾਂ ਵਿੱਚੋਂ ਦੋ ਨੇ ਹਾਲੇ ਤੱਕ ਆਪਣੀ ਪ੍ਰਾਪਰਟੀ ਰਿਟਰਨ ਨਹੀਂ ਭਰੀ ਹੈ। ਜਿਨ੍ਹਾਂ ਵਿੱਚ ਮਨਪ੍ਰੀਤ ਸਿੰਘ ਇਯਾਲੀ ਅਤੇ ਗਨੀਵ ਕੌਰ ਮਜੀਠੀਆ ਦਾ ਨਾਂਅ ਦੱਸਿਆ ਜਾ ਰਿਹਾ ਹੈ। ਭਾਜਪਾ ਦੇ ਦੋਵੇਂ ਵਿਧਾਇਕ ਅਤੇ ਆਜ਼ਾਦ ਵਿਧਾਇਕ ਰਾਣਾ ਪ੍ਰਤਾਪ ਸਿੰਘ ਨੇ ਆਪਣੀ ਰਿਟਰਨ ਸਮੇਂ ਸਿਰ ਭਰ ਦਿੱਤੀ ਸੀ। ਕਾਂਗਰਸ ਦੇ 11 ਹੋਰ ਵਿਧਾਇਕਾਂ ਨੇ ਵੀ ਰਿਟਰਨ ਨਹੀਂ ਭਰੀ ਹੈ।

ਪੰਜਾਬ ਵਿਧਾਨ ਸਭਾ ਵੱਲੋਂ ਵਿਧਾਇਕਾਂ ਨੂੰ ਇੱਕ ਪੱਤਰ ਲਿਖ ਕੇ ਆਪਣੀ ਜਾਇਦਾਦ ਰਿਟਰਨ 31 ਜਨਵਰੀ ਤੱਕ ਕਰਨ ਲਈ ਕਿਹਾ ਗਿਆ ਸੀ ਤਾਂ ਜੋ ਵੋਟਰਾਂ ਨੂੰ ਇਹ ਪਤਾ ਲੱਗ ਸਕੇ ਕਿ ਉਨ੍ਹਾਂ ਦੇ ਨੁਮਾਇੰਦਿਆਂ ਵੱਲੋਂ ਇੱਕ ਸਾਲ ਵਿੱਚ ਹੋਰ ਕਿੰਨੀ ਜਾਇਦਾਦ ਇਕੱਠੀ ਕਰ ਲਈ ਗਈ ਹੈ। ਵਿਧਾਨ ਸਭਾ ਵੱਲੋਂ ਵਿਧਾਇਕਾਂ ਨੂੰ ਰਿਮਾਇੰਡਰ ਵੀ ਭੇਜਿਆ ਜਾ ਚੁੱਕਾ ਹੈ।

ਇੱਥੇ ਇਹ ਦੱਸਣਾ ਦਿਲਚਸਪ ਅਤੇ ਲਾਜ਼ਮੀ ਹੋਵੇਗਾ ਕਿ ਕਾਂਗਰਸ ਅਤੇ ਅਕਾਲੀਆਂ ਦੀਆਂ ਪਿਛਲੀਆਂ ਸਰਕਾਰਾਂ ਵੇਲੇ ਵਿਧਾਇਕਾਂ ਦਾ ਆਮਦਨ ਟੈਕਸ ਸਰਕਾਰ ਦੇ ਖਜ਼ਾਨੇ ਵਿੱਚੋਂ ਭਰਿਆ ਜਾਂਦਾ ਰਿਹਾ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਸ 'ਤੇ ਰੋਕ ਲਾ ਕੇ ਵਿਧਾਇਕਾਂ ਨੂੰ ਆਪਣੀ ਜੇਬ ਵਿੱਚੋਂ ਟੈਕਸ ਜਮ੍ਹਾਂ ਕਰਵਾਉਣ ਲਈ ਕਿਹਾ ਹੈ। ਮੁੱਖ ਮੰਤਰੀ ਮਾਨ ਵੱਲੋਂ ਸਾਬਕਾ ਵਿਧਾਇਕਾਂ ਨੂੰ ਇੱਕ ਤੋਂ ਵੱਧ ਵਾਰ ਮਿਲਣ ਵਾਲੀਆ ਪੈਨਸ਼ਨਾਂ ਵੀ ਬੰਦ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਸਰਕਾਰ ਦੇ ਮੰਤਰੀਆਂ ਨੂੰ ਮਹਿੰਗੇ ਹੋਟਲਾਂ ਵਿੱਚ ਠਹਿਰਨ ਦੀ ਥਾਂ ਚਿਲਾ ਰੈਸਟ ਹਾਊਸ ਵਿੱਚ ਰੁਕਣ ਲਈ ਕਿਹਾ ਗਿਆ ਹੈ।

ਕਾਂਗਰਸ ਅਤੇ ਅਕਾਲੀ ਦਲ ਦੇ ਵਿਧਾਇਕਾਂ ਨੂੰ ਹਾਲੇ ਵੀ ਸਬਕ ਸਿੱਖਣਾ ਚਾਹੀਦਾ ਹੈ, ਨਹੀਂ ਤਾਂ ਕਹਾਵਤ ਸੱਚੀ ਸਿੱਧ ਹੋ ਜਾਵੇਗੀ ਕਿ ਗੰਗਾ ਗਈਆਂ ਹੱਡੀਆਂ ਮੁੜਦੀਆਂ ਨਹੀਂ। ਕਾਂਗਰਸ ਅਤੇ ਅਕਾਲੀ ਵਿਧਾਇਕਾਂ ਦੀ ਚਲਾਕੀ, ਅਲਗਰਜੀ ਅਤੇ ਖਜ਼ਾਨੇ 'ਤੇ ਅੱਖ ਰੱਖਣ ਦੀ ਇਕ ਹੋਰ ਵੱਡੀ ਗੱਲ ਸਾਹਮਣੇ ਆਈ ਹੈ। ਇਸ ਦੇ ਉਲਟ ਆਮ ਆਦਮੀ ਪਾਰਟੀ ਦੇ ਵੱਡੀ ਗਿਣਤੀ ਵਿਧਾਇਕ ਪਹਿਲੀ ਵਾਰ ਚੁਣੇ ਗਏ ਹਨ, ਉਨ੍ਹਾਂ ਤੋਂ ਹੋਣ ਵਾਲੀ ਅਜਿਹੀ ਉਕਾਈ ਨੂੰ ਭੁੱਲ ਕਹਿ ਕੇ ਟਾਲਿਆ ਜਾ ਸਕਦਾ ਹੈ। ਇੱਥੇ ਇਹ ਦੁਹਰਾਉਣਾ ਵੀ ਰੌਚਿਕ ਹੋਵੇਗਾ ਕਿ ਕਈ ਚਾਰ ਤੋਂ ਪੰਜ ਵਾਰ ਐੱਮ ਐੱਲ ਏ ਰਹਿ ਚੁੱਕੇ ਕਾਂਗਰਸ ਅਤੇ ਅਕਾਲੀ ਪਾਰਟੀ ਦੇ ਲੀਡਰਾਂ ਨੇ ਮੁੱਖ ਮੰਤਰੀ ਮਾਨ ਦੇ ਇੱਕ ਤੋਂ ਵੱਧ ਪੈਨਸ਼ਨਾਂ ਬੰਦ ਕਰਨ ਦੇ ਫੈਸਲੇ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ 'ਚ ਚੁਣੌਤੀ ਦੇ ਦਿੱਤੀ ਸੀ। ਦੂਜੇ ਬੰਨ੍ਹੇ ਕਈ-ਕਈ ਦਹਾਕੇ ਸਰਕਾਰੀ ਨੌਕਰੀ ਕਰਨ ਵਾਲੇ ਮੁਲਾਜ਼ਮ ਪੈਨਸ਼ਨ ਤੋਂ ਵਾਂਝੇ ਰੱਖੇ ਗਏ ਹਨ। ਖਾਸ ਅਤੇ ਆਮ ਲੋਕਾਂ ਦੇ ਪਾੜੇ ਵਿਚਲੀ ਇਹ ਇੱਕ ਵੱਡੀ ਉਦਾਹਰਣ ਕਹੀ ਜਾ ਸਕਦੀ ਹੈ।

 # ਸੰਪਰਕ : 98147-34035

ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਨੇ ਸਰਕਾਰ ਖਿਲਾਫ਼ ਕੀਤੀ ਨਾਅਰੇਬਾਜ਼ੀ

ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਸਮੂਹ ਪੈਨਸ਼ਨਰਜ਼।

ਗੁਰੂਹਰਸਹਾਏ (ਫਕੀਰ ਚੰਦ ਸੀਕਰੀ)
ਪੰਜਾਬ ਗੌਰਮਿੰਟ ਪੈਨਸ਼ਨਰ ਐਸੋਸੀਏਸ਼ਨ ਦੀ ਮੀਟਿੰਗ ਸ਼ਹਿਰ ਦੇ ਰੇਲਵੇ ਪਾਰਕ ਵਿਖੇ ਪ੍ਰਧਾਨ ਰਵਿੰਦਰ ਕੁਮਾਰ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਅਗਲੇ ਦੋ ਸਾਲ ਲਈ ਪ੍ਰਧਾਨ ਤੇ ਕਾਰਜਕਾਰੀ ਕਮੇਟੀ ਦੀ ਚੋਣ ਅਗਲੀ ਮੀਟਿੰਗ ਵਿੱਚ ਕਰਨ ਦਾ ਫੈਸਲਾ ਕੀਤਾ ਗਿਆ ਤੇ ਇਸ ਮੌਕੇ 'ਤੇ ਪੈਨਸ਼ਨਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਸਬੰਧੀ ਜਿੱਥੇ ਵਿਚਾਰ- ਵਟਾਂਦਰਾ ਕੀਤਾ ਗਿਆ, ਉਥੇ ਹੀ ਸਮੂਹ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਦੇ ਖਿਲਾਫ਼ ਨਾਅਰੇਬਾਜ਼ੀ ਕਰਕੇ ਆਪਣੀ ਭੜਾਸ ਕੱਢੀ ਗਈ।

ਪ੍ਰਧਾਨ ਰਵਿੰਦਰ ਕੁਮਾਰ ਸ਼ਰਮਾ ਨੇ ਦੱਸਿਆ ਕਿ ਪੈਨਸ਼ਨਰਾਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕਦੀ ਆ ਰਹੀਆਂ ਮੰਗਾਂ ਜਿਵੇਂ ਡੀ ਏ ਦੀ ਪੈਂਡਿੰਗ ਕਿਸ਼ਤਾਂ ਦਾ ਬਕਾਇਆ ਜਾਰੀ ਕੀਤਾ ਜਾਵੇ, ਫੈਮਲੀ ਪੈਨਸ਼ਨ ਦੀ ਦਰ 30% ਤੋਂ ਵਧਾ ਕੇ 40% ਕੀਤੀ ਜਾਵੇ, ਕੈਸ਼ਲੈਸ ਮੈਡੀਕਲ ਸਕੀਮ ਸੋਧ ਕੇ ਲਾਗੂ ਕੀਤੀ ਜਾਵੇ, 1-1-2016 ਦੇ ਪ੍ਰੀ ਪੈਨਸਨਰ ਦੀ ਪੈਨਸਨ 2.59 ਗੁਨਾਕ ਨਾਲ ਫਿਕਸ ਕੀਤੀ ਜਾਵੇ ਤੇ ਹੋਰ ਵੀ ਕਈ ਮੰਗਾਂ ਸਬੰਧੀ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਉਨ੍ਹਾਂ ਦੀਆਂ ਪਿਛਲੇ ਲੰਬੇ ਸਮੇਂ ਤੋਂ ਲਟਕਦੀ ਆ ਰਹੀਆਂ ਮੰਗਾਂ ਨੂੰ ਪੂਰਾ ਕੀਤਾ ਜਾਵੇ।

ਇਸ ਮੌਕੇ 15 ਫਰਵਰੀ ਨੂੰ ਡੀਸੀ ਦਫ਼ਤਰ ਫ਼ਿਰੋਜ਼ਪੁਰ ਵਿਖੇ ਦਿੱਤੇ ਜਾ ਰਹੇ ਧਰਨੇ ਸਬੰਧੀ ਵੀ ਪ੍ਰਧਾਨ ਵੱਲੋਂ ਸਮੂਹ ਪੈਨਸ਼ਨਰ ਨੂੰ ਜਾਣੂ ਕਰਾਇਆ ਗਿਆ ਤੇ ਇਸ ਧਰਨੇ ਵਿੱਚ ਵੱਧ ਤੋਂ ਵੱਧ ਸਮੂਲੀਅਤ ਕਰਨ ਦੀ ਅਪੀਲ ਕੀਤੀ ਗਈ ਇਸ ਮੌਕੇ ਅਰਜਨ ਸਿੰਘ, ਗੁਰਮੀਤ ਸਿੰਘ, ਰਾਏ ਸਾਹਿਬ, ਫਕੀਰ ਚੰਦ, ਰਮੇਸ ਲਾਲ, ਬਸੀਰ ਲਾਲ, ਮੰਗਤ ਸਿੰਘ, ਬਲਵਿੰਦਰ ਸਿੰਘ, ਮਦਨ ਲਾਲ ਖੁਰਾਨਾ, ਕੇਵਲ ਸੇਠੀ, ਆਦਿ ਪੈਨਸ਼ਨਰ ਹਾਜ਼ਰ ਸਨ।

ਕਾਂਗਰਸ ਨੇ ਐੱਸ ਬੀ ਆਈ ਬੈਂਕ ਸਾਹਮਣੇ ਮੋਦੀ ਸਰਕਾਰ ਦਾ ਫੂਕਿਆ ਪੁਤਲਾ

ਮੱਖੂ (ਰਛਪਾਲ ਸਿੰਘ ਸੰਧੂ)
ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਰਬਪਤੀਆਂ ਨੂੰ ਲਾਭ ਪਹੁੰਚਾਉਣ ਲਈ ਐਲ ਆਈ ਸੀ ਅਤੇ ਐਸ ਬੀ ਆਈ ਅਤੇ ਹੋਰ ਜਨਤਕ ਖੇਤਰ ਦੇ ਬੈਂਕਾਂ ਨੂੰ ਅਡਾਨੀ ਸਮੂਹ ਵਿੱਚ ਨਿਵੇਸ਼ ਕਰਨ ਦੇ ਸੰਬੰਧ ਦੇ ਵਿਰੋਧ 'ਚ ਕਾਂਗਰਸ ਕਮੇਟੀ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਕਾਂਗਰਸੀ ਆਗੂਆਂ ਤੇ ਵਰਕਰਾਂ ਵੱਲੋਂ ਮੱਖੂ ਵਿਖੇ ਸਟੇਟ ਬੈਂਕ ਆਫ ਇੰਡੀਆ ਦੇ ਸਾਹਮਣੇ ਧਰਨਾ ਲਗਾ ਕੇ ਮੋਦੀ ਸਰਕਾਰ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਕਾਂਗਰਸ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਸਾਬਕਾ ਵਿਧਾਇਕ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਆਪਣੇ ਨਜ਼ਦੀਕੀ ਦੋਸਤਾਂ ਅਤੇ ਚੁਣੇ ਹੋਏ ਅਰਬਪਤੀਆਂ ਨੂੰ ਲਾਭ ਪਹੁੰਚਾਉਣ ਲਈ ਐਲ ਆਈ ਸੀ ਦੇ 29 ਕਰੋੜ ਪਾਲਿਸੀ ਧਾਰਕ ਅਤੇ ਐਸ ਬੀ ਆਈ ਦੇ 45 ਕਰੋੜ ਖਾਤਾ ਧਾਰਕਾਂ ਦੀ ਪੂੰਜੀ ਨੂੰ ਖਤਰੇ 'ਚ ਪਾਇਆ ਹੈ। ਆਪਣੇ ਸਭ ਤੋਂ ਚੰਗੇ ਦੋਸਤ ਦੀ ਮਦਦ ਕਰਨ ਦੇ ਇਰਾਦੇ ਨਾਲ ਮੋਦੀ ਸਰਕਾਰ ਨੇ ਜ਼ਬਰਦਸਤੀ ਐਲ ਆਈ ਸੀ, ਐਸ ਬੀ ਆਈ ਅਤੇ ਹੋਰ ਜਨਤਕ ਖੇਤਰ ਦੇ ਬੈਂਕਾਂ ਨੂੰ ਅਡਾਨੀ ਸਮੂਹ ਵਿੱਚ ਨਿਵੇਸ਼ ਕਰਨ ਲਈ ਮਜਬੂਰ ਕੀਤਾ ਹੈ। ਪਿਛਲੇ ਕੁਝ ਦਿਨਾਂ 'ਚ ਐਲ ਆਈ ਸੀ ਦੇ 39 ਕਰੋੜ ਪਾਲਿਸੀ ਧਾਰਕਾਂ ਅਤੇ ਨਿਵੇਸ਼ਕਾਂ ਨੂੰ 33060 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ। ਸਟੇਟ ਬੈਂਕ ਆਫ ਇੰਡੀਆ ਅਤੇ ਹੋਰ ਬੈਂਕਾਂ ਨੇ ਅਡਾਨੀ ਸਮੂਹ ਨੂੰ ਵੱਡੀ ਰਕਮ ਦਾ ਕਰਜ਼ਾ ਦਿੱਤਾ ਹੈ। ਅਡਾਨੀ ਗਰੁੱਪ 'ਤੇ ਭਾਰਤੀ ਬੈਂਕਾਂ ਦਾ ਲਗਭਗ 80 ਹਜ਼ਾਰ ਕਰੋੜ ਰੁਪਏ ਦਾ ਬਕਾਇਆ ਹੈ। ਕਾਂਗਰਸ ਪਾਰਟੀ ਸੰਸਦ ਵਿੱਚ ਐਲ ਆਈ ਸੀ, ਜਨਤਕ ਖੇਤਰ ਦੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਦੁਆਰਾ ਮਾਰਕੀਟ ਮੁੱਲ ਗੁਆਉਣ ਵਾਲੀਆਂ ਕੰਪਨੀਆਂ ਵਿੱਚ ਨਿਵੇਸ਼ ਦੇ ਮੁੱਦੇ 'ਤੇ ਚਰਚਾ ਸ਼ੁਰੂ ਕਰਨ ਲਈ ਲੜ ਰਹੀ ਹੈ ਅਤੇ ਕਾਂਗਰਸ ਪਾਰਟੀ ਵੱਲੋਂ ਅੱਜ ਐਲ ਆਈ ਸੀ ਅਤੇ ਐਸ ਬੀ ਆਈ ਦੇ ਦਫਤਰਾਂ ਅੱਗੇ ਧਰਨੇ ਲਗਾਏ ਜਾ ਰਹੇ ਹਨ ਅਤੇ ਮੋਦੀ ਸਰਕਾਰ ਦੇ ਪੁਤਲੇ ਫੂਕੇ ਜਾ ਰਹੇ ਹਨ। ਇਸ ਮੌਕੇ ਮਹਿੰਦਰ ਮਦਾਨ ਸਾਬਕਾ ਪ੍ਰਧਾਨ ਨਗਰ ਪੰਚਾਇਤ ਮੱਖੂ, ਰਸ਼ਪਾਲ ਸਿੰਘ ਦੀਨੇਕੇ ਚੇਅਰਮੈਨ, ਬੋਹੜ ਸਿੰਘ ਸੰਧਰਵਾਲਾ ਸਾਬਕਾ ਪ੍ਰਧਾਨ ਟਰੱਕ ਯੂਨੀਅਨ ਮੱਖੂ, ਡਾ. ਜਗੀਰ ਸਿੰਘ ਮੱਲ੍ਹੀ ਸਰਪੰਚ, ਰਵੀ ਚੋਪੜਾ ਸਾਬਕਾ ਐਮ ਸੀ, ਰਾਜੂ ਕੰਧਾਰੀ ਕਾਂਗਰਸੀ ਆਗੂ, ਨਸੀਬ ਸਿੰਘ ਨੰਬਰਦਾਰ, ਗੁਰਸੇਵਕ ਸਿੰਘ ਸਾਬਕਾ ਐਮ ਸੀ, ਸੁਖਵਿੰਦਰ ਸਿੰਘ ਗੱਟਾ ਸਰਪੰਚ, ਮੇਹਰ ਸਿੰਘ ਸਰਪੰਚ, ਸੁਰਜੀਤ ਸਿੰਘ ਸਰਪੰਚ ਲੱਲੇ, ਬਲਵਿੰਦਰ ਸਿੰਘ ਸਰਪੰਚ, ਬੂਟਾ ਸਿੰਘ ਟਿੱਬੀ, ਸੁਖਵਿੰਦਰ ਸਿੰਘ ਫੌਜੀ ਟਿੱਬੀ ਆਦਿ ਹਾਜ਼ਰ ਸਨ।

ਮੋਦੀ ਸਰਕਾਰ ਦਾ ਪੁਤਲਾ ਫੂਕਦੇ ਹੋਏ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਤੇ ਹੋਰ।

ਸ੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਦਿਹਾੜੇ 'ਤੇ ਨਗਰ ਕੀਰਤਨ ਸਜਾਇਆ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਜੀ ਦਾ 646ਵਾਂ ਪ੍ਰਕਾਸ਼ ਦਿਹਾੜਾ ਸ਼ਹਿਰ ਦੀਆਂ ਸੰਗਤਾਂ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ਼ਹਿਰ ਦੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਇੰਦਰਾ ਕਾਲੋਨੀ, ਮੇਨ ਬਜ਼ਾਰ ਅਤੇ ਪੁਰਾਣੀ ਸਬਜੀ ਮੰਡੀ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਜਥਿਆਂ ਵੱਲੋਂ ਰਸਭਿੰਨਾ ਕੀਰਤਨ ਕਰ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਦੀ ਜੀਵਨੀ ਬਾਰੇ ਚਾਨਣਾ ਪਾਇਆ। ਇਸ ਵਾਰ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਮੇਨ ਬਜ਼ਾਰ ਤੋਂ ਇੱਕ ਨਗਰ ਕੀਰਤਨ ਸਜਾਇਆ ਗਿਆ ਜਿਸ 'ਚ ਭਾਰੀ ਗਿਣਤੀ ਸੰਗਤਾਂ ਤੋਂ ਇਲਾਵਾ ਵੱਖ-ਵੱਖ ਸਿਆਸੀ ਪਾਰਟੀਆਂ ਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਵੀ ਸ਼ਮੂਲੀਅਤ ਕੀਤੀ। ਇਹ ਨਗਰ ਕੀਰਤਨ ਸੰਗਤਾਂ ਨੂੰ ਸ਼ਹਿਰ ਦੇ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਵਾਉਣ ਉਪਰੰਤ ਗੁਰੂ ਘਰ ਵਿਖੇ ਆ ਕੇ ਸਮਾਪਤ ਹੋਇਆ ਅਤੇ ਸੰਗਤ ਲਈ ਸ਼ਹਿਰ ਦੇ ਦੁਕਾਨਦਾਰਾਂ ਵੱਲੋਂ ਵੱਖ-ਵੱਖ ਪਕਵਾਨਾਂ ਦੇ ਲੰਗਰ ਵੀ ਵਰਤਾਏ ਗਏ। ਇਸ ਮੌਕੇ ਜਥੇਦਾਰ ਬਾਬਾ ਸਰਵਣ ਸਿੰਘ, ਕਾਂਗਰਸ ਆਗੂ ਰੁਪਿੰਦਰ ਸਿੰਘ ਰਾਜਾ ਗਿੱਲ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਬਾਬਾ ਵਧਾਵਾ ਸਿੰਘ (ਕਾਰ ਸੇਵਾ ਵਾਲੇ), ਉਜਾਗਰ ਸਿੰਘ ਬੈਨੀਪਾਲ ਤੇ ਸੁਰਿੰਦਰ ਕੁੰਦਰਾ (ਦੋਵੇਂ ਸਾਬਕਾ ਪ੍ਰਧਾਨ), ਹਰਜਤਿੰਦਰ ਸਿੰਘ ਬਾਜਵਾ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਡਾ. ਬਲਬੀਰ ਸਿੰਘ, ਡਾ. ਸੁਨੀਲ ਦੱਤ, ਐਡਵੋਕੇਟ ਕਪਿਲ ਆਨੰਦ, ਪਰਮਜੀਤ ਪੰਮੀ, ਮਨਜੀਤ ਕੁਮਾਰੀ, ਜਗਦੀਸ਼ ਰਾਠੌਰ (ਸਾਰੇ ਸਾਬਕਾ ਕੌਂਸਲਰ), ਕੁਲਵਿੰਦਰ ਸਿੰਘ ਮਾਣੇਵਾਲ, ਅਰਵਿੰਦਰਪਾਲ ਸਿੰਘ ਵਿੱਕੀ, ਜਥੇਦਾਰ ਮਨਮੋਹਣ ਸਿੰਘ ਖੇੜਾ, ਅਮਨਦੀਪ ਸਿੰਘ ਤਨੇਜਾ, ਸੁਖਦੀਪ ਸਿੰਘ ਸੋਨੀ, ਪੀ ਏ ਹਰਚੰਦ ਸਿੰਘ, ਡਾ. ਮਨਪ੍ਰੀਤ ਸਿੰਘ, ਜਸਮੇਲ ਸਿੰਘ ਬੌਂਦਲੀ, ਸਿਮਰਨਜੀਤ ਗੋਗੀਆ, ਨਿਰੰਜਨ ਸਿੰਘ ਨੂਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ, ਜਿਨ੍ਹਾਂ ਸੰਗਤਾਂ ਨੂੰ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਪ੍ਰਬੰਧਕ ਕਮੇਟੀ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਮੁੱਖ ਮਹਿਮਾਨਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਅਹੁਦੇਦਾਰਾਂ 'ਚ ਨੰਬਰਦਾਰ ਬੱਗਾ ਸਿੰਘ, ਜਸਦੇਵ ਸਿੰਘ, ਇੰਦਰਜੀਤ ਸਿੰਘ, ਸੂਬੇਦਾਰ ਗਿਆਨ ਸਿੰਘ, ਬਾਬਾ ਸੇਵਾ ਸਿੰਘ, ਸੁਖਦੇਵ ਸਿੰਘ ਬਿੱਟੂ, ਬਲਜੀਤ ਸਿੰਘ ਮਾਨ, ਹੈੱਡ ਗ੍ਰੰਥੀ ਅਵਤਾਰ ਸਿੰਘ, ਡਾਇਰੈਕਟਰ ਗੁਰਮੁਖ ਦੀਪ, ਛਿੰਦਰਪਾਲ ਹਿਯਾਤਪੁਰ, ਬਿੱਟੂ ਸਰਪੰਚ ਖਾਨਪੁਰ (ਦੋਵੇਂ ਸਰਪੰਚ), ਸੁਰਜੀਤ ਸਿੰਘ ਪਾਲੀ, ਪਰਮਜੀਤ ਸਿੰਘ ਨੀਲੋਂ, ਨਿਰਮਲ ਸਿੰਘ, ਸੰਦੀਪ ਸਿੰਘ, ਸੋਹਣ ਸਿੰਘ, ਮੇਜਰ ਸਿੰਘ, ਅਵਤਾਰ ਸਿੰਘ, ਗ੍ਰੰਥੀ ਕੁਲਦੀਪ ਸਿੰਘ, ਕੁਲਦੀਪ ਚੰਦ, ਮਨਿੰਦਰ ਸਿੰਘ, ਸੁਖਦੀਪ ਸਿੰਘ ਰਿੰਕਾ ਵੀ ਮੌਜੂਦ ਸਨ। ਇਸੇ ਤਰ੍ਹਾਂ ਨੇੜ੍ਹਲੇ ਪਿੰਡ ਸ਼ਤਾਬਗੜ੍ਹ ਵਿਖੇ ਵੀ ਨੌਜਵਾਨਾਂ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸੰਗਤਾਂ ਲਈ ਅਤੁੱਟ ਲੰਗਰ ਵਰਤਾਏ ਗਏ। ਇਸ ਮੌਕੇ ਸੇਵਾ ਕਰਨ ਵਾਲਿਆਂ ਵਿੱਚ ਸਰਪੰਚ ਬੂਟਾ ਸਿੰਘ, ਜਸਵੰਤ ਸਿੰਘ, ਮੋਹਣ ਸਿੰਘ, ਰੰਗਾ ਸਿੰਘ, ਰਾਣਾ ਪ੍ਰਤਾਪ ਸਿੰਘ, ਵਿੱਕੀ ਕਾਲੜਾ, ਜੋਗਾ ਸਿੰਘ, ਤਰਸੇਮ ਲਾਲ ਵੀ ਮੌਜੂਦ ਸਨ।

ਨਰੇਗਾ ਮਜ਼ਦੂਰਾਂ ਵੱਲੋਂ ਮੁਸ਼ਕਲਾਂ ਦੇ ਸੰਬੰਧ 'ਚ ਇਕੱਠ

ਮੋਗਾ (ਅਮਰਜੀਤ ਬੱਬਰੀ)
ਨਜ਼ਦੀਕੀ ਪਿੰਡ ਮਹਿਰੋਂ ਵਿਖੇ ਨਰੇਗਾ ਮਜ਼ਦੂਰਾਂ ਵੱਲੋਂ ਨਰੇਗਾ ਕੰਮ ਵਿੱਚ ਆ ਰਹੀਆਂ ਮੁਸ਼ਕਲਾਂ ਦੇ ਸੰਬੰਧ ਵਿੱਚ ਇਕੱਠ ਕੀਤਾ ਗਿਆ। ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਅਤੇ ਟਰੇਡ ਯੂਨੀਅਨ ਕੌਂਸਲ ਮੋਗਾ ਦੇ ਜਨਰਲ ਸਕੱਤਰ ਜਗਸੀਰ ਖੋਸਾ ਬੁਲਾਇਆ ਗਿਆ। ਚਰਨਜੀਤ ਕੌਰ ਦੀ ਅਗਵਾਈ ਵਿੱਚ ਇਕੱਠੇ ਹੋਏ ਮਜ਼ਦੂਰਾਂ ਨੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰਦਿਆਂ ਦੱਸਿਆ ਕਿ ਸਾਨੂੰ ਸਾਲ ਵਿੱਚ 100 ਦਿਨ ਦੀ ਬਜਾਏ ਬਹੁਤ ਘੱਟ ਕੰਮ ਦਿੱਤਾ ਜਾਂਦਾ ਹੈ। ਕਾਨੂੰਨ ਅਨੁਸਾਰ ਕੰਮ ਅਰਜ਼ੀਆਂ ਦੀਆਂ ਰਸੀਦਾਂ ਨਹੀਂ ਦਿੱਤੀਆਂ ਜਾਂਦੀਆਂ। ਇਕੱਠ ਨਾਲ ਗੱਲਬਾਤ ਕਰਦਿਆਂ ਜਗਸੀਰ ਖੋਸਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਿਛਲੇ ਦਿਨੀਂ ਪੇਸ਼ ਕੀਤੇ ਬਜਟ ਵਿੱਚ ਨਰੇਗਾ ਫੰਡ 'ਤੇ ਲਾਏ ਕੱਟ ਨੇ ਸਾਬਤ ਕਰ ਦਿੱਤਾ ਹੈ ਕਿ ਸਰਕਾਰ ਦੀਆਂ ਨੀਤੀਆਂ ਕਿਰਤੀ ਲੋਕਾਂ ਦੇ ਵਿਰੁੱਧ ਹਨ ਤੇ ਇਹ ਸਰਕਾਰ ਕੁਝ ਮੁੱਠੀ ਭਰ ਸਰਮਾਏਦਾਰਾਂ ਲਈ ਹੀ ਕੰਮ ਕਰ ਰਹੀ ਹੈ। ਇਸ ਲਈ ਕਿਰਤੀ ਲੋਕਾਂ ਨੂੰ ਜਨਤਕ ਲਾਮਬੰਦੀ ਕਰਦਿਆਂ ਇਹਨਾਂ ਨੀਤੀਆਂ ਦੇ ਵਿਰੁੱਧ ਮੈਦਾਨ ਮੱਲਣਾ ਪਵੇਗਾ। ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਨਰੇਗਾ ਨੂੰ ਕਾਨੂੰਨ ਅਨੁਸਾਰ ਨਹੀਂ ਚਲਾ ਰਹੀਆਂ ਸਗੋਂ ਆਪਣੀ ਮਨਮਰਜ਼ੀ ਮੁਤਾਬਕ ਚਲਾ ਰਹੀਆਂ ਹਨ, ਇਸ ਲਈ ਨਰੇਗਾ ਮਜ਼ਦੂਰਾਂ ਨੂੰ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ ਨੂੰ ਮਜ਼ਬੂਤ ਕਰਨਾ ਪਵੇਗਾ। ਇਸ ਮੌਕੇ ਸਰਵ ਭਾਰਤ ਨੌਜਵਾਨ ਸਭਾ ਦੇ ਆਗੂ ਸਵਰਾਜ ਸਿੰਘ ਢੁੱਡੀਕੇ ਨੇ ਵੀ ਸੰਬੋਧਨ ਕੀਤਾ।

ਜੰਗਲਾਤ ਵਰਕਰਾਂ ਵੱਲੋਂ ਸੰਗਰੂਰ ਵਿਖੇ ਸੂਬਾ ਪੱਧਰੀ ਰੋਸ ਰੈਲੀ

ਸੰਗਰੂਰ (ਪ੍ਰਵੀਨ ਸਿੰਘ)
ਜੰਗਲਾਤ ਵਿਭਾਗ ਵਿੱਚ ਪਿਛਲੇ 25-25 ਸਾਲਾਂ ਤੋਂ ਕੰਮ ਕਰ ਰਹੇ ਕੱਚੇ ਵਰਕਰਾਂ ਨੂੰ ਪੱਕੇ ਨਾ ਕੀਤੇ ਜਾਣ ਦੇ ਰੋਸ ਵਿੱਚ ਡੈਮੋਕ੍ਰੇਟਿਕ ਜੰਗਲਾਤ ਮੁਲਾਜਮ ਯੂਨੀਅਨ ਵੱਲੋਂ ਸੰਗਰੂਰ ਵਿਖੇ ਪੰਜਾਬ ਸਰਕਾਰ ਦੇ ਖਿਲਾਫ਼ ਰੋਸ ਰੈਲੀ ਕੀਤੀ ਗਈ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਰਿਹਾਇਸ਼ ਵੱਲ ਮਾਰਚ ਕੀਤਾ ਗਿਆ, ਜਿਸ ਵਿੱਚ ਪੰਜਾਬ ਦੇ ਵਣ ਮੰਡਲਾਂ 'ਚੋਂ ਸੈਂਕੜੇ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ 22 ਫਰਵਰੀ ਦੀ ਮੀਟਿੰਗ ਤੈਅ ਹੋਣ ਮਗਰੋਂ ਇਹ ਰੋਸ ਮਾਰਚ ਸਥਾਨਕ ਬਰਨਾਲਾ ਕੈਂਚੀਆਂ ਤੱਕ ਪੁੱਜ ਕੇ ਸਮਾਪਤ ਕਰ ਦਿੱਤਾ ਗਿਆ।

ਰੈਲੀ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਰਛਪਾਲ ਯੋਧਾਨਗਰੀ, ਜਨਰਲ ਸਕੱਤਰ ਬਲਬੀਰ ਸਿੰਘ ਸਿਵੀਆਂ ਅਤੇ ਹਰਜੀਤ ਕੌਰ ਨੇ ਆਖਿਆ ਕਿ ਜਥੇਬੰਦੀ ਵੱਲੋਂ 8 ਅਕਤੂਬਰ ਨੂੰ ਵਣ ਮੰਤਰੀ ਦੇ ਹਲਕੇ ਵਿੱਚ ਜਸਵਾਲੀ ਵਿਖੇ ਕੀਤੀ ਗਈ ਰੈਲੀ ਵਿੱਚ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਖੁਦ ਪਹੁੰਚ ਕੇ ਵਰਕਰਾਂ ਨੂੰ ਜਲਦੀ ਪੱਕਾ ਕਰਨ ਦਾ ਭਰੋਸਾ ਦਿੱਤਾ ਸੀ, ਜਦ ਕਿ ਹੁਣ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਕੱਚੇ ਵਰਕਰਾਂ ਨੂੰ 2027 ਦੀਆਂ ਅਗਲੀਆਂ ਵਿਧਾਨ ਸਭਾ ਚੋਣਾਂ ਤੱਕ ਪੱਕਾ ਕਰਨ ਦੇ ਬਿਆਨ ਜਾਰੀ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਵੀ ਪਹਿਲੀਆਂ ਅਕਾਲੀ-ਭਾਜਪਾ ਤੇ ਕਾਂਗਰਸ ਸਰਕਾਰਾਂ ਵਾਂਗ ਹੀ ਡੰਗ ਟਪਾਊ ਨੀਤੀ 'ਤੇ ਚੱਲ ਰਹੀ ਹੈ। ਜਥੇਬੰਦੀ ਦੇ ਆਗੂਆਂ ਬਲਵੀਰ ਗਿੱਲਾਂਵਾਲਾ, ਨਿਰਮਲ ਗੁਰਦਾਸਪੁਰ ਤੇ ਹਰਿੰਦਰ ਕੁਮਾਰ ਐਮਾ ਨੇ ਆਖਿਆ ਕਿ ਜਿੱਥੇ ਉਹ ਆਪਣੀਆਂ ਨੌਕਰੀਆਂ ਪੱਕੀਆਂ ਕਰਾਉਣ ਲਈ ਪੰਜਾਬ ਸਰਕਾਰ ਖ਼ਿਲਾਫ਼ ਸੰਘਰਸ਼ ਜਾਰੀ ਰੱਖਣਗੇ, ਉੱਥੇ ਹੀ ਸਰਕਾਰ ਦੁਆਰਾ ਕੱਚੇ ਵਰਕਰਾਂ ਨੂੰ ਪੱਕਾ ਕਰਨ ਦੇ ਫੈਲਾਏ ਜਾ ਰਹੇ ਕੋਰੇ ਝੂਠ ਦੀ ਪੋਲ ਵੀ ਖੋਲ੍ਹਦੇ ਰਹਿਣਗੇ। ਰੈਲੀ ਦੇ ਸਮਰਥਨ ਵਿੱਚ ਪੁੱਜੇ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜਨਰਲ ਸਕੱਤਰ ਹਰਦੀਪ ਸਿੰਘ ਟੋਡਰਪੁਰ ਅਤੇ ਸੂਬਾਈ ਆਗੂਆਂ ਸੁਖਵਿੰਦਰ ਸਿੰਘ ਲੀਲ, ਮਹਿਮਾ ਸਿੰਘ ਢਿੱਲੋਂ, ਹਰਜੀਤ ਸਿੰਘ ਬਾਲੀਆਂ, ਰਮਨਜੀਤ ਸੰਧੂ, ਖੁਸ਼ਮਿੰਦਰਪਾਲ ਸਿੰਘ ਤੇ ਗੁਰਚਰਨ ਸਿੰਘ ਅਕੋਈ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੁਆਰਾ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੇ ਨਾਂਅ 'ਤੇ ਪਿਛਲੀਆਂ ਸਰਕਾਰਾਂ ਵਾਂਗ ਕੇਵਲ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਕਰ ਰਹੀ ਹੈ, ਜੋ ਕੱਚੇ ਵਰਕਰਾਂ ਨਾਲ ਸਰਾਸਰ ਧੋਖਾ ਹੈ। ਇਸ ਮੌਕੇ ਜਗਸੀਰ ਸਿੰਘ ਸ਼ੀਰਾ, ਮਹਿੰਦਰਪਾਲ ਦਸੂਹਾ, ਰਾਮ ਸਿੰਘ ਮੋਗਾ, ਗੁਰਵਿੰਦਰ ਸਿੰਘ ਫ਼ਰੀਦਕੋਟ ਆਦਿ ਨੇ ਵੀ ਸੰਬੋਧਨ ਕੀਤਾ।

ਘੱਗਰ 'ਚ ਫਿਰ ਤੋਂ ਕੈਮੀਕਲ ਯੁਗਤ ਕਾਲਾ ਪਾਣੀ ਆਉਣ ਲੱਗਾ

ਮਾਨਸਾ (ਰੀਤਵਾਲ)-ਸਰਦੂਲਗੜ੍ਹ ਘੱਗਰ ਦਰਿਆ 'ਚ ਫਿਰ ਤੋਂ ਕੈਮੀਕਲ ਯੁਗਤ ਦੂਸ਼ਿਤ ਜ਼ਹਿਰੀਲਾ ਦੂਸ਼ਿਤ ਪਾਣੀ ਆਉਣਾ ਸ਼ੁਰੂ ਹੋ ਗਿਆ ਹੈ, ਜਿਸ ਕਾਰਨ ਘੱਗਰ ਨੇੜਲੇ ਪਿੰਡਾਂ ਦੇ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ। ਸਰਦੂਲਗੜ੍ਹ ਵਾਸੀ ਕੌਂਸਲਰ ਸੁਖਵਿੰਦਰ ਸਿੰਘ ਸੁੱਖਾ ਭਾਊ, ਬਿਕਰਮ ਸਿੰਘ, ਬੁੱਬੂ ਕੁਮਾਰ, ਮੇਵਾ ਸਿੰਘ, ਕਮਲੇਸ਼ ਰਾਣੀ, ਮੂਰਤੀ ਦੇਵੀ ਅਤੇ ਵਿਜੈ ਕੁਮਾਰ ਨੇ ਦੱਸਿਆ ਕਿ ਪਿਛਲੇ 30-35 ਸਾਲਾਂ ਤੋਂ ਹੀ ਘੱਗਰ 'ਚ ਦੂਸ਼ਿਤ ਪਾਣੀ ਆ ਰਿਹਾ ਹੈ। ਹੁਣ ਤੱਕ ਦੀਆਂ ਰਾਜ ਕਰ ਚੁੱਕੀਆਂ ਸਰਕਾਰਾਂ ਅਤੇ ਲੀਡਰਾਂ ਨੇ ਲਾਰਿਆਂ ਤੋਂ ਬਿਨਾਂ ਕੁਝ ਨਹੀ ਕੀਤਾ। ਹੁਣ ਆਮ ਆਦਮੀ ਦੀ ਭਗਵੰਤ ਮਾਨ ਸਰਕਾਰ ਤੋਂ ਆਸ ਸੀ ਕਿ ਇਸ ਵੱਡੀ ਮੁਸ਼ਕਲ ਦਾ ਹੱਲ ਜ਼ਰੂਰ ਹੋਵੇਗਾ। ਸਰਕਾਰ ਬਣਨ ਤੋਂ ਲੈ ਕੇ ਹੁਣ ਤੱਕ ਘੱਗਰ 'ਚ ਸਾਫ ਪਾਣੀ ਆਉਂਦਾ ਰਿਹਾ। ਕਿਉਂਕਿ ਕਾਰਖਾਨੇ ਤੇ ਫੈਕਟਰੀਆਂ ਦੇ ਮਾਲਕਾਂ ਨੇ ਘੱਗਰ 'ਚ ਜ਼ਹਿਰੀਲਾ ਕੈਮੀਕਲ ਯੁਗਤ ਪਾਣੀ ਛੱਡਣਾ ਬੰਦ ਕਰ ਦਿੱਤਾ ਸੀ। ਜਿਸ ਕਰਕੇ ਘੱਗਰ ਕਿਨਾਰੇ ਵੱਸਦੇ ਲੋਕਾਂ ਨੇ ਸੁੱਖ ਦਾ ਸਾਹ ਲਿਆ ਸੀ ਕਿ ਦੂਸ਼ਿਤ ਪਾਣੀ ਦੀ ਸਮੱਸਿਆ ਹੱਲ ਹੋ ਗਈ ਹੈ ਪਰ ਪਿਛਲੇ ਇੱਕ ਹਫਤੇ ਤੋਂ ਘੱਗਰ 'ਚ ਫਿਰ ਤੋਂ ਕੈਮੀਕਲ ਯੁਗਤ ਜ਼ਹਿਰੀਲਾ ਦੂਸ਼ਿਤ ਪਾਣੀ ਵਗਣਾ ਸ਼ੁਰੂ ਹੋ ਗਿਆ ਹੈ। ਜਿਸ ਕਾਰਨ ਘੱਗਰ 'ਚ ਰਹਿਣ ਵਾਲੀਆਂ ਹਜ਼ਾਰਾਂ ਮੱਛੀਆਂ ਤੇ ਹੋਰ ਜੀਵ-ਜੰਤੂ ਮਰ ਚੁੱਕੇ ਹਨ। ਘੱਗਰ ਦੇ ਦੂਸ਼ਿਤ ਪਾਣੀ ਚੋਂ ਬਹੁਤ ਹੀ ਗੰਦੀ ਬਦਬੂ ਆਉਂਦੀ ਹੈ। ਜਿਸ ਵਿੱਚ ਸਾਹ ਲੈਣਾ ਬਹੁਤ ਮੁਸ਼ਕਲ ਹੋ ਜਾਂਦਾ ਹੈ। ਰਾਤ ਸਮੇਂ ਇਹ ਬਦਬੂ ਹੋਰ ਵੀ ਪ੍ਰੇਸ਼ਾਨ ਕਰਦੀ ਹੈ। ਲੋਕਾਂ ਨੂੰ ਇਸ ਦੂਸ਼ਿਤ ਪਾਣੀ ਤੇ ਬਦਬੂ ਕਾਰਨ ਕਈ ਕਿਸਮ ਦੀਆਂ ਬਿਮਾਰੀਆਂ ਫੈਲਣ ਦਾ ਖਤਰਾ ਹੈ। ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸੰਬੰਧਤ ਮਹਿਕਮੇ ਤੋਂ ਮੰਗ ਕੀਤੀ ਹੈ ਕਿ ਘੱਗਰ ਦਰਿਆ 'ਚ ਕੈਮੀਕਲ ਯੁਗਤ ਦੂਸ਼ਿਤ ਪਾਣੀ ਸੁੱਟਣ ਵਾਲੇ ਕਾਰਖਾਨੇ, ਫੈਕਟਰੀਆਂ ਤੇ ਦੂਸਰੇ ਉਦਯੋਗਾਂ 'ਤੇ ਬਣਦੀ ਕਾਨੂੰਨੀ ਕਾਰਵਾਈ ਕਰਕੇ ਘੱਗਰ 'ਚ ਜ਼ਹਿਰੀਲਾ ਪਾਣੀ ਛੱਡਣ 'ਤੇ ਪੂਰਨ ਰੋਕ ਲਗਾਈ ਜਾਵੇ ਤਾਂ ਜੋ ਲੋਕਾਂ ਦੀਆਂ ਕੀਮਤੀ ਜਾਨਾਂ ਨੂੰ ਬਚਾਇਆ ਜਾ ਸਕੇ।

ਈ ਟੀ ਟੀ ਅਧਿਆਪਕ ਯੂਨੀਅਨ ਨੇ ਡੀ ਈ ਓ ਪ੍ਰਾਇਮਰੀ ਫ਼ਿਰੋਜ਼ਪੁਰ ਨੂੰ ਦਿੱਤਾ ਮੰਗ ਪੱਤਰ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)
ਈਟੀਟੀ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਕੇ ਡੀਈਓਜ਼ ਨੂੰ ਮੰਗ ਪੱਤਰ ਦੇਣ ਦੇ ਉਲੀਕੇ ਪ੍ਰੋਗਰਾਮ ਤਹਿਤ ਜਿਲ੍ਹਾ ਫ਼ਿਰੋਜ਼ਪੁਰ ਵਿੱਚ ਈਟੀਟੀ ਅਧਿਆਪਕ ਯੂਨੀਅਨ ਫ਼ਿਰੋਜ਼ਪੁਰ ਵੱਲੋਂ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਫ਼ਿਰੋਜ਼ਪੁਰ ਰਾਹੀਂ ਸਿੱਖਿਆ ਮੰਤਰੀ ਪੰਜਾਬ ਨੂੰ ਭੇਜਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਗੁਰਜੀਤ ਸਿੰਘ ਸੋਢੀ ਨੇ ਦੱਸਿਆ ਕਿ ਛੇਵੇਂ ਪੇ ਕਮਿਸ਼ਨ ਦੇ ਲਾਗੂ ਹੋਣ ਤੋਂ ਬਾਅਦ ਜੂਨੀਅਰ ਅਧਿਆਪਕਾਂ ਦੀ ਤਨਖਾਹ ਸੀਨੀਅਰ ਅਧਿਆਪਕਾਂ ਤੋਂ ਵੱਧ ਫਿਕਸ ਹੋਈ ਹੈ, ਇਸ ਅਨਾਮਲੀ ਦੂਰ ਕਰਨ ਦੀ ਮੰਗ ਪੂਰੀ ਕਰਨ ਲਈ, ਪਿਛਲੇ ਪੰਜ ਸਾਲ ਤੋਂ ਬੰਦ ਈਟੀਟੀ ਤੋਂ ਮਾਸਟਰ ਕਾਡਰ ਪ੍ਰਮੋਸ਼ਨ ਤੁਰੰਤ ਸ਼ੁਰੂ ਕਰਨ ਲਈ, ਤਨਖਾਹਾਂ ਸਬੰਧੀ ਪੂਰੇ ਸਾਲ ਦਾ ਬਜਟ ਇੱਕੋ ਵਾਰ ਜਾਰੀ ਕਰਨ, ਬੰਦ ਕੀਤੇ ਭੱਤੇ ਬਹਾਲ ਕਰਨ, ਏਸੀਪੀ ਸਕੀਮ ਸ਼ੁਰੂ ਕਰਨ ਸਬੰਧੀ ਮੰਗ ਪੱਤਰ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ, ਫ਼ਿਰੋਜ਼ਪੁਰ ਨੂੰ ਸੌਂਪਿਆ ਗਿਆ। ਉਨ੍ਹਾਂ ਦੱਸਿਆ ਕਿ ਆਪਣੀਆਂ ਹੱਕੀ ਮੰਗਾਂ ਦੇ ਹੱਲ ਸਬੰਧੀ ਸਿੱਖਿਆ ਮੰਤਰੀ ਤੋਂ ਲੈ ਕੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਕਈ ਵਾਰ ਮੀਟਿੰਗਾਂ ਕਰ ਚੁੱਕੇ ਹਾਂ ਪਰ ਹਰ ਮੀਟਿੰਗ ਵਿੱਚ ਮੰਗਾਂ ਦੇ ਹੱਲ ਦਾ ਭਰੋਸਾ ਮਿਲਣ ਦੇ ਬਾਵਜੂਦ ਅਜੇ ਤੱਕ ਮਸਲੇ ਹੱਲ ਨਹੀਂ ਹੋਏ। ਇਸ ਲਈ ਜਥੇਬੰਦੀ ਹੁਣ ਸੰਘਰਸ਼ ਦਾ ਰਾਹ ਅਪਣਾਉਣ ਲਈ ਮਜ਼ਬੂਰ ਹੋ ਗਈ ਹੈ। ਉਨ੍ਹਾਂ ਕਿਹਾ ਕਿ ਫਰਵਰੀ ਦੇ ਮਹੀਨੇ ਹੀ ਸੂਬਾ ਪੱਧਰੀ ਐਕਸ਼ਨ ਕੀਤਾ ਜਾਵੇਗਾ। ਇਸ ਮੌਕੇ ਤੇ ਨਿਰਮਲ ਸਿੰਘ ਜ਼ਿਲ੍ਹਾ ਸਰਪ੍ਰਸਤ, ਸੁਰਿੰਦਰ ਸਿੰਘ ਮੀਤ ਪ੍ਰਧਾਨ, ਜਗਰੂਪ ਸਿੰਘ, ਕਵਲਬੀਰ ਸਿੰਘ, ਦਰਸ਼ਨ ਸਿੰਘ, ਸੁਖਪ੍ਰੀਤ ਸਿੰਘ, ਸ਼ਮਸ਼ੇਰ ਸਿੰਘ, ਤਲਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਅਮਨਦੀਪ ਸਿੰਘ, ਝਿਰਮਲ ਸਿੰਘ ਆਦਿ ਹਾਜ਼ਰ ਸਨ।

ਨਾਟਕ 'ਦਾਸਤਾਨ-ਏ-ਰੋਹਨਾਤ' ਦਾ ਮੰਚਨ ਅੱਜ

ਸਿਰਸਾ (ਸੁਰਿੰਦਰ ਪਾਲ ਸਿੰਘ)-ਸਰਕਾਰੀ ਨੈਸ਼ਨਲ ਕਾਲਜ ਵਿਖੇ ਜ਼ਿਲ੍ਹਾ ਸੂਚਨਾ, ਲੋਕ ਸੰਪਰਕ, ਭਾਸ਼ਾ ਤੇ ਸੱਭਿਆਚਾਰ ਵਿਭਾਗ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦੇਸ਼ ਭਗਤੀ ਦਾ ਨਾਟਕ ਦਾਸਤਾਨ-ਏ-ਰੋਹਨਾਤ ਦਾ ਆਯੋਜਨ ਕੀਤਾ ਜਾਵੇਗਾ।ਇਸ ਨਾਟਕ ਵਿੱਚ ਕਲਾਕਾਰਾਂ ਵੱਲੋਂ ਪਿੰਡ ਰੋਹਣਤ ਦੀ ਦੇਸ਼ ਭਗਤੀ ਦੀ ਗਾਥਾ 'ਤੇ ਆਧਾਰਤ ਨਾਟਕ ਦਾ ਮੰਚਨ ਕੀਤਾ ਜਾਵੇਗਾ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਡਾ. ਆਨੰਦ ਕੁਮਾਰ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਜ਼ਿਲ੍ਹਾ ਸੂਚਨਾ ਤੇ ਲੋਕ ਸੰਪਰਕ ਅਫ਼ਸਰ ਸੁਰਿੰਦਰ ਬਜਾਦ ਨੇ ਦੱਸਿਆ ਕਿ ਇਸ ਨਾਟਕ ਦੇ ਨਿਰਦੇਸ਼ਕ ਮਨੀਸ਼ ਜੋਸ਼ੀ ਹਨ, ਜਦਕਿ ਨਾਟਕ ਯਸ਼ ਰਾਜ ਸ਼ਰਮਾ ਵੱਲੋਂ ਲਿਖਿਆ ਗਿਆ ਹੈ। ਦਾਸਤਾਨ-ਏ-ਰੋਹਨਤ ਹਰਿਆਣਾ ਦਾ ਹੁਣ ਤੱਕ ਦਾ ਸਭ ਤੋਂ ਵੱਡਾ ਡਰਾਮਾ ਹੈ, ਜਿਸ ਨੂੰ ਹਰਿਆਣਾ ਸਰਕਾਰ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਨੇ ਤਿਆਰ ਕੀਤਾ ਹੈ।ਸੂਚਨਾ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਜਨਰਲ ਡਾ. ਅਮਿਤ ਅਗਰਵਾਲ ਦੀ ਅਗਵਾਈ ਹੇਠ ਤਿਆਰ ਕੀਤੇ ਗਏ ਇਸ ਨਾਟਕ ਦਾ ਨਿਰਦੇਸ਼ਨ ਸੰਗੀਤ ਨਾਟਕ ਅਕਾਦਮੀ ਸਨਮਾਨ ਉਸਤਾਦ ਬਿਸਮਿੱਲਾ ਖਾਨ, ਯੁਵਾ ਪੁਰਸਕਾਰ ਜੇਤੂ ਮਨੀਸ਼ ਜੋਸ਼ੀ ਨੇ ਕੀਤਾ ਹੈ।ਨਾਟਕ ਦੀ ਨ੍ਰਿਤ ਰਚਨਾ ਪ੍ਰਸਿੱਧ ਕਥਕ ਡਾਂਸਰ ਰਾਖੀ ਦੂਬੇ ਨੇ ਕੀਤੀ ਹੈ। ਲੇਖਣੀ ਯਸ਼ ਰਾਜ ਸ਼ਰਮਾ ਦੀ ਹੈ ਤੇ ਪੋਸ਼ਾਕ ਅਤੇ ਸਟੇਜ ਦੀ ਸਜਾਵਟ ਸਰਾਂਸ਼ ਭੱਟ ਦੀ ਹੈ।ਪਿੰਡ ਰੋਹਣਤ ਦਾ ਆਪਣਾ ਵੱਖਰਾ ਇਤਿਹਾਸ ਹੈ।ਇਹ ਭਾਰਤ ਦਾ ਅਜਿਹਾ ਪਿੰਡ ਹੈ, ਜਿੱਥੇ ਆਜ਼ਾਦੀ ਦੇ 71 ਸਾਲ ਬਾਅਦ ਵੀ ਤਿਰੰਗਾ ਨਹੀਂ ਲਹਿਰਾਇਆ ਗਿਆ। ਇਸ ਪਿੰਡ ਦੇ ਬਹਾਦਰ ਯੋਧਿਆਂ ਦੀ ਕਹਾਣੀ ਨੂੰ ਨਾਟਕ ਰਾਹੀਂ ਆਮ ਲੋਕਾਂ ਸਾਹਮਣੇ ਪੇਸ਼ ਕੀਤਾ ਜਾਵੇਗਾ।

ਕੁਤਬਾ ਬਾਹਮਣੀਆਂ 'ਚ ਤਿੰਨ ਰੋਜ਼ਾ ਸ਼ਹੀਦੀ ਸਮਾਗਮ ਸ਼ੁਰੂ

ਲੁਧਿਆਣਾ : ਦੁਨੀਆ ਦੀ ਨੰਬਰ 1 ਡਿਟਰਜੈਂਟ ਟਾਈਡ ਨੇ ਕੀਕੂ ਸ਼ਾਰਦਾ ਨਾਲ ਭਾਰਤ ਦਾ ਪਹਿਲਾ ਲਾਂਡਰੀ ਮਿਊਜ਼ਿਕ ਵੀਡੀਓ, ਖਚਕ ਖੁੱਚਕ ਛੱਡ ਦੋ ਲਾਂਚ ਕੀਤਾ ਹੈ। ਭਾਰਤੀ ਪਰਿਵਾਰ ਹਰ ਸਾਲ ਕੱਪੜੇ ਧੋਣ ਵਿੱਚ 300 ਘੰਟੇ ਤੱਕ ਖ਼ਰਚ ਕਰਦੇ ਹਨ। ਟਾਈਡ ਡਿਟਰਜੈਂਟ ਨਾਲ ਖਪਤਕਾਰ ਕੱਪੜੇ ਧੋਣ ਵਿੱਚ ਲੱਗਣ ਵਾਲੇ ਇਸ ਸਮੇਂ ਦਾ 40 ਪ੍ਰਤੀਸ਼ਤ ਤੱਕ ਬਚਾ ਸਕਦੇ ਹਨ। ਗ੍ਰੇਵੀ, ਤੇਲ ਅਤੇ ਚਿੱਕੜ ਵਰਗੇ ਸਖ਼ਤ ਧੱਬਿਆਂ ਨੂੰ ਟਾਈਡ ਬਿਨਾਂ ਰਗੜੇ ਆਸਾਨੀ ਨਾਲ ਹਟਾ ਦਿੰਦਾ ਹੈ ਅਤੇ ਇਸ ਨਵੀਂ ਵੀਡੀਓ ਵਿੱਚ, ਖਪਤਕਾਰਾਂ ਨੂੰ ਖਚਕ ਖੁਚੱਕ ਨੂੰ ਅਲਵਿਦਾ ਕਹਿਣ ਲਈ ਕਿਹਾ ਗਿਆ ਹੈ। ਇਸ ਵੀਡੀਓ ਨੂੰ ਟਾਈਡ ਦੇ ਸੋਸ਼ਲ ਮੀਡੀਆ ਚੈਨਲਾਂ ਜਿਵੇਂ ਕਿ ਯੂ ਟਿਊਬ, ਇੰਸਟਾਗ੍ਰਾਮ ਅਤੇ ਫੇਸਬੁੱਕ ਉੱਤੇ ਲਾਂਚ ਕੀਤਾ ਗਿਆ ਹੈ। ਪੀ ਐਂਡ ਜੀ ਇੰਡੀਆ ਦੇ ਮੁੱਖ ਮਾਰਕੀਟਿੰਗ ਅਧਿਕਾਰੀ ਅਤੇ ਪੀ ਐਂਡ ਜੀ ਭਾਰਤੀ ਉਪ ਮਹਾਂਦੀਪ ਦੇ ਵਾਈਸ ਪ੍ਰੈਜ਼ੀਡੈਂਟ ਅਤੇ ਫੈਬਰੀਕੇਅਰ ਹੈੱਡ, ਸ਼ਰਤ ਵਰਮਾ ਨੇ ਦੱਸਿਆ ਕਿ ਟਾਈਡ ਆਪਣੇ ਅਨੋਖੇ ਅਤੇ ਮਜ਼ੇਦਾਰ ਵਿਗਿਆਪਨਾਂ ਲਈ ਮਸ਼ਹੂਰ ਹੈ ਜਿਸ ਨੇ ਪੌਪ ਕਲਚਰ ਦੇ ਨਾਲ ਆਪਣਾ ਤਾਲਮੇਲ ਬਿਠਾਇਆ ਹੈ। ਇਸ ਨੂੰ ਹੋਰ ਅੱਗੇ ਵਧਾਉਂਦੇ ਹੋਏ ਟਾਈਡ ਨੇ ਮਿਊਜ਼ਿਕ ਵੀਡੀਓ, ਖਚਕ ਖੁਚੱਕ ਨੂੰ ਰਿਲੀਜ਼ ਕੀਤਾ ਹੈ, ਜੋ ਕੱਪੜੇ ਰਗੜਨ ਦੀ ਆਵਾਜ਼ ਦੀ ਵਰਤੋਂ ਕਰਕੇ ਟਾਇਡ ਡਬਲ ਪਾਵਰ ਦੇ ਦਾਗ ਹਟਾਉਣ ਅਤੇ ਬਿਨਾਂ ਰਗੜਨ ਦੇ ਸਫੈਦੀ ਦੇ ਫ਼ਾਇਦੇ ਨੂੰ ਜੀਵਨ ਵਿੱਚ ਲਿਆਉਂਦਾ ਹੈ।

ਨਾਜਾਇਜ਼ ਸ਼ਰਾਬ ਸਮੇਤ ਔਰਤ ਕਾਬੂ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਥਾਣਾ ਦੀਨਾਨਗਰ ਦੀ ਪੁਲਸ ਨੇ ਘਰ 'ਚ ਛਾਪਾ ਮਾਰ ਕੇ ਔਰਤ ਨੂੰ ਨਾਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ।

ਏਐੱਸਆਈ ਗੁਰਸ਼ਰਨ ਸਿੰਘ ਪੁਲਸ ਪਾਰਟੀ ਨਾਲ ਗਸ਼ਤ ਕਰ ਰਹੇ ਸਨ। ਇਸ ਦੌਰਾਨ ਮੁਖਬਰ ਦੀ ਸੂਚਨਾ ਦੇ ਆਧਾਰ 'ਤੇ ਮੁਲਜ਼ਮ ਆਸ਼ਾ ਵਾਸੀ ਗਾਂਧੀ ਨਗਰ ਦੇ ਘਰ ਛਾਪਾ ਮਾਰਿਆ ਗਿਆ ਜਿਥੋਂ 26250 ਮਿਲੀਲੀਟਰ ਨਾਜਾਇਜ਼ ਸ਼ਰਾਬ ਸਮੇਤ ਉਕਤ ਔਰਤ ਨੂੰ ਕਾਬੂ ਕੀਤਾ।

ਜੇਕੇ ਟਾਇਰ ਵੱਲੋਂ ਐਕਸਟਰਾ ਫਿਊਲ ਐਫ਼ੀਸ਼ਿਐਂਟ ਟਾਇਰ ਲਾਂਚ

ਬਠਿੰਡਾ : ਭਾਰਤ ਦੀ ਟਾਇਰ ਬਣਾਉਣ ਵਿੱਚ ਮੋਹਰੀ ਕੰਪਨੀ ਜੇਕੇ ਟਾਇਰ ਐਂਡ ਇੰਡਸਟਰੀਜ਼ ਨੇ ਮੱਧਮ ਅਤੇ ਭਾਰੀ ਵਪਾਰਕ ਵਾਹਨ (ਐੱਮ ਐਂਡ ਐੱਚਸੀਵੀ) ਸ਼੍ਰੇਣੀ ਲਈ ਭਾਰਤ ਦਾ ਸਭ ਤੋਂ ਜ਼ਿਆਦਾ ਈਂਧਨ ਕੁਸ਼ਲ ਟਾਇਰ ਲਾਂਚ ਕੀਤਾ ਹੈ। ਨਵੇਂ ਲਾਂਚ ਕੀਤੇ ਗਏ ਜੈੱਟਵੇ, ਜੇਯੂਐੱਚ, ਐਕਸਐੱਫ਼ ਅਤੇ ਜੈੱਟ ਸਟੀਲ, ਜੇਡੀਈ, ਐੱਕਸ ਐੱਫ (ਐਕਸਟਰਾ ਫਿਊਲ ਐਫ਼ੀਸ਼ਿਐਂਟ) ਰੇਂਜ ਵਿੱਚ ਹਨ ਅਤੇ ਇਨ੍ਹਾਂ ਨੂੰ ਖਾਸ ਤੌਰ 'ਤੇ ਲਾਂਗੋ/ਹਾਲੇਟਡ ਲੋਡ ਐਪਲੀਕੇਸ਼ਨ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਡਿਜ਼ਾਈਨ ਕੀਤਾ ਗਿਆ ਹੈ। ਸਾਡੇ ਦੇਸ਼ ਵਿੱਚ ਟਰੱਕ ਆਪਰੇਟਰਾਂ ਨੂੰ ਲਗਾਤਾਰ ਵਧਦੀ ਈਂਧਨ ਲਾਗਤ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸ ਨਾਲ ਵਾਹਨ ਦੀ ਸੰਚਾਲਨ ਲਾਗਤ ਵੱਧ ਜਾਂਦੀ ਹੈ। ਇੱਕ ਗਾਹਕ ਕੇਂਦਰਿਤ ਕੰਪਨੀ ਹੋਣ ਦੇ ਨਾਤੇ ਜੇਕੇ ਟਾਇਰ ਨੇ ਇਸ ਲੋੜ ਨੂੰ ਸਮਝਿਆ ਅਤੇ ਐਨਰਜੀ ਐਫ਼ੀਸ਼ਿਐਂਟ ਐਕਸਐੱਫ ਰੇਂਜ ਵਿਕਸਿਤ ਕੀਤੀ। ਇਹ ਟਾਇਰ ਨਾ ਸਿਰਫ ਸੰਚਾਲਨ ਲਾਗਤ ਨੂੰ ਘੱਟ ਕਰਨ ਵਿੱਚ ਬਹੁਤ ਪ੍ਰਭਾਵਸ਼ਾਲੀ ਹਨ, ਸਗੋਂ ਵਾਤਾਵਰਣ ਦੀ ਸੁਰੱਖਿਆ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦੇ ਹਨ। ਇਸ ਲਾਂਚ ਦੇ ਮੌਕੇ ਜੇਕੇ ਟਾਇਰ ਐਂਡ ਇੰਡਸਟਰੀਜ਼ ਲਿਮਟਿਡ ਦੇ ਪ੍ਰੈਜ਼ੀਡੈਂਟ (ਇੰਡੀਆ) ਅਨੁਜ ਕਥੂਰੀਆ ਨੇ ਕਿਹਾ ਕਿ ਸੀਵੀ ਸੈਗਮੈਂਟ ਵਿੱਚ ਮੋਹਰੀ ਹੋਣ ਦੇ ਨਾਤੇ, ਅਸੀਂ ਸਮਝਦੇ ਹਾਂ ਕਿ ਟਰੱਕਿੰਗ ਉਦਯੋਗ ਈਂਧਨ ਦੀਆਂ ਕੀਮਤਾਂ ਵਿੱਚ ਵਾਧੇ ਨੂੰ ਲੈ ਕੇ ਸਭ ਤੋਂ ਜ਼ਿਆਦਾ ਚਿੰਤਤ ਹੈ। ਬੀਐੱਸ-6 ਫੇਜ਼ ਸੈਕੰਡ ਨਿਕਾਸੀ ਮਾਪਦੰਡਾਂ ਅਤੇ ਡੀਜ਼ਲ ਦੀਆਂ ਵਧਦੀਆਂ ਕੀਮਤਾਂ ਨਾਲ ਉਨ੍ਹਾਂ ਦੀ ਸੰਚਾਲਨ ਲਾਗਤ ਵਿੱਚ ਹੋਰ ਵਾਧਾ ਹੁੰਦਾ ਹੈ।

8-FEB-PAGE-7.qxd 2/7/2023 10:10 PM Page 1

ਵਿਦੇਸ਼ੀ ਨੰਬਰਾਂ ਰਾਹੀਂ ਫਿਰੌਤੀ ਮੰਗਣ ਵਾਲਾ ਕਾਬੂ

ਕਾਬੂ ਕੀਤੇ ਮੁਜਰਮਾਂ ਬਾਰੇ ਜਾਣਕਾਰੀ ਦਿੰਦੇ ਐਸ.ਪੀ (ਇਨਵੈਸਟੀਗੇਸ਼ਨ) ਅਜੇ ਰਾਜ ਸਿੰਘ।

ਮੋਗਾ (ਅਮਰਜੀਤ ਬੱਬਰੀ)

ਜ਼ਿਲ੍ਹਾ ਮੋਗਾ ਦੇ ਇੱਕ ਸੈਲੂਨ ਮਾਲਕ ਦੁਆਰਾ ਮੁੱਖ ਅਫ਼ਸਰ ਥਾਣਾ ਸਿਟੀ ਸਾਊਥ ਮੋਗਾ ਪਾਸ ਆ ਕੇ ਆਪਣਾ ਬਿਆਨ ਲਿਖਵਾਇਆ ਕਿ ਉਸ ਦੇ ਮੋਬਾਇਲ ਨੰਬਰ 'ਤੇ 29 ਜਨਵਰੀ ਨੂੰ ਵਿਦੇਸ਼ੀ ਨੰਬਰ +14058552306 ਤੋਂ ਵਟਸਐਪ ਰਾਹੀਂ ਕਾਲ ਆਈ ਸੀ, ਜਿਸ ਰਾਹੀਂ ਅਣਜਾਣ ਵਿਅਕਤੀ ਦੁਆਰਾ ਡੇਢ ਲੱਖ ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਪੈਸੇ ਨਾ ਦੇਣ ਦੀ ਸੂਰਤ ਵਿਚ ਜਾਨੀ ਨੁਕਸਾਨ ਕਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਦਰਖਾਸਤ ਦੇਣ ਵਾਲੇ ਬਿਜ਼ਨੈਸਮੈਨ ਪਾਸੋਂ ਫੋਨ ਰਾਹੀਂ ਧਮਕੀਆ ਦੇ ਕੇ ਫਿਰੌਤੀ ਮੰਗਣ ਸਬੰਧੀ ਮੁਕੱਦਮਾ ਥਾਣਾ ਸਿਟੀ ਸਾਊਥ ਮੋਗਾ ਦਰਜ ਰਜਿਸਟਰ ਕੀਤਾ ਗਿਆ। ਸੀਨੀਅਰ ਕਪਤਾਨ ਪੁਲਿਸ ਗੁਲਨੀਤ ਸਿੰਘ ਖੁਰਾਨਾ ਨੇ ਦੱਸਿਆ ਕਿ ਐਸ.ਪੀ (ਇਨਵੈਸਟੀਗੇਸ਼ਨ) ਸ੍ਰੀ ਅਜੇ ਰਾਜ ਸਿੰਘ, ਡੀ.ਐਸ.ਪੀ ਸਿਟੀ ਮੋਗਾ ਗੁਰਸ਼ਰਨਜੀਤ ਸਿੰਘ, ਐਸ.ਆਈ ਅਮਨਦੀਪ ਕੰਬੋਜ ਮੁੱਖ ਅਫਸਰ ਥਾਣਾ ਸਿਟੀ ਸਾਊਥ ਮੋਗਾ ਦੀ ਅਗਵਾਈ ਵਿੱਚ ਪੁਲਸ ਵੱਲੋਂ ਟੈਕਨੀਕਲ ਤਰੀਕੇ ਨਾਲ ਤਫ਼ਤੀਸ਼ ਕਰਦੇ ਹੋਏ ਤੇ ਸਾਈਬਰ ਸੈੱਲ ਦੀ ਮੱਦਦ ਨਾਲ ਵਿਦੇਸ਼ੀ ਨੰਬਰਾਂ ਰਾਹੀਂ ਧਮਕੀਆਂ ਦੇਣ ਵਾਲੇ ਦੋਸ਼ੀ ਗੁਰਵਿੰਦਰ ਸਿੰਘ ਗੁਰੀ ਪੁੱਤਰ ਤਰਸੇਮ ਸਿੰਘ ਵਾਸੀ ਕੋਟ ਮਹੁੰਮਦ ਖਾਂ ਥਾਣਾ ਗੋਇੰਦਵਾਲ ਸਾਹਿਬ ਜ਼ਿਲ੍ਹਾ ਤਰਨਤਾਰਨ ਨੂੰ ਟਰੇਸ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਐਸ:ਆਈ: ਬਲਵਿੰਦਰ ਸਿੰਘ ਤਫ਼ਤੀਸ਼ ਦੌਰਾਨ ਬੋਹਨਾ ਚੌਕ ਮੌਜੂਦ ਸੀ ਤਾਂ ਕਿਸੇ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਗੁਰਵਿੰਦਰ ਸਿੰਘ ਗੁਰੀ ਉਕਤ ਇਸ ਵਕਤ ਪਹਾੜਾ ਸਿੰਘ ਚੌਕ ਵਿੱਚ ਖੜਾ ਹੈ ਤੇ ਆਪਣੇ ਸਹੁਰੇ ਪਿੰਡ ਮਹਿਰੋਂ ਵਿਖੇ ਜਾਣ ਦੀ ਤਿਆਰੀ ਵਿੱਚ ਹੈ, ਜਿਸ 'ਤੇ ਮੁਦਈ ਮੁਕੱਦਮਾ ਨੂੰ ਹਮਰਾਹ ਲੈ ਕੇ ਦੋਸ਼ੀ ਗੁਰਵਿੰਦਰ ਸਿੰਘ ਗੁਰੀ ਉਕਤ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਸੀਨੀਅਰ ਕਪਤਾਨ ਪੁਲਸ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਜਿਹੀਆਂ ਧਮਕੀਆਂ ਦੀ ਸੂਚਨਾ ਤੁਰੰਤ ਸਬੰਧਤ ਪੁਲਿਸ ਸਟੇਸ਼ਨ ਵਿੱਚ ਦਰਜ ਕਰਾਉਣ ਜ਼ਿਲ੍ਹਾ ਮੋਗਾ ਦੀ ਪੁਲਸ ਵੱਲੋਂ ਅਜਿਹੀਆਂ ਧਮਕੀਆਂ ਦੇਣ ਵਾਲੇ ਵਿਅਕਤੀਆਂ ਵਿਰੁੱਧ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਸਸਤੀ ਰੇਤ ਦੀਆਂ 16 ਜਨਤਕ ਖੱਡਾਂ ਦਾ ਆਗਾਜ਼

ਜਗਰਾਉਂ (ਅਮਿਤ ਖੰਨਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬਲਾਕ ਸਿੱਧਵਾਂ ਬੇਟ ਦੇ ਪਿੰਡ ਗੋਰਸੀਆਂ ਖਾਨ ਮੋਹੰਮਦ ਵਿਖੇ ਰੇਤੇ ਦੀ ਸਰਕਾਰੀ ਖੱਡ ਦਾ ਉਦਘਾਟਨ ਕੀਤਾ। ਉਨ੍ਹਾਂ ਇਸ ਦੇ ਨਾਲ ਹੀ ਸੂਬੇ ਵਿੱਚ ਅਜਿਹੀਆਂ 16 ਜਨਤਕ ਖੱਡਾਂ ਦੇ ਆਗਾਜ਼ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਮੋਬਾਈਲ ਐਪ ਰਾਹੀਂ ਸਭ ਤੋਂ ਨੇੜਲੀ ਖੱਡ ਬਾਰੇ ਜਾਣਕਾਰੀ ਮਿਲ ਜਾਵੇਗੀ ਆਪਣੇ ਭਾਸ਼ਣ ਵਿੱਚ ਸੀਐਮ ਮਾਨ ਨੇ ਕਿਹਾ ਕਿ ਅੱਜ ਤੋਂ ਪੰਜਾਬ ਵਿੱਚ ਰੇਤ ਦਾ ਪੁਰਾਣਾ ਸਿਸਟਮ ਬਹਾਲ ਹੋ ਚੁੱਕਾ ਹੈ, ਜਿਸ ਨੂੰ ਮਾਫੀਆ ਤੇ ਰਾਜਨੀਤਕਾਂ ਨੇ ਧੰਦਾ ਬਣਾ ਰੱਖਿਆ ਸੀ। ਉਨ੍ਹਾਂ ਕਿਹਾ ਕਿ ਇਸ ਉਦਘਾਟਨ ਦੇ ਨਾਲ ਹੀ ਪੰਜਾਬ ਵਿੱਚ ਰੇਤੇ ਦੀ ਕਾਲਾਬਾਜਾਰੀ ਦਾ ਯੁੱਗ ਸਮਾਪਤ ਹੋ ਗਿਆ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸੇ ਮਹੀਨੇ ਪੰਜਾਬ ਵਿੱਚ ਰੇਤੇ ਦੀਆਂ ਖੱਡਾਂ ਸ਼ੁਰੂ ਹੋ ਜਾਣਗੀਆਂ, ਜਿੱਥੇ ਹਰ ਇਕ ਵਿਅਕਤੀ ਨੂੰ ਸਿਰਫ਼ ਪੰਜ ਰੁਪਏ ਕਿਊਬਿਕ ਫੁੱਟ ਰੇਤ ਮਿਲੇਗੀ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸੂਬੇ ਵਿੱਚ ਸਰਕਾਰ ਦੇ 10 ਮਹੀਨਿਆਂ ਦੇ ਕਾਰਜਕਾਲ ਦੀ ਗੱਲ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਵਾਅਦੇ ਨਹੀਂ ਪ੍ਰਣ ਕਰਨ ਦੀਆਂ ਦਿੱਤੀਆਂ ਗਈਆਂ ਸਨ, ਜਿਸ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।

ਥਰਮਲ ਦੇ ਠੇਕਾ ਮੁਲਾਜ਼ਮਾਂ ਨੇ ਪੱਤਰ ਦੀਆਂ ਕਾਪੀਆਂ ਫੂਕੀਆਂ

ਥਰਮਲ ਲਹਿਰਾ ਦੇ ਆਊਟਸੋਰਸਡ ਠੇਕਾ ਮੁਲਾਜ਼ਮ ਪਾਵਰਕਾਮ ਵੱਲੋਂ ਜਾਰੀ ਪੱਤਰ ਦੀਆਂ ਕਾਪੀਆਂ ਸਾੜਨ ਮੌਕੇ ਨਾਅਰੇਬਾਜ਼ੀ ਕਰਦੇ ਹੋਏ। (ਤਸਵੀਰ : ਭੀਮ ਸੈਨ ਹਦਵਾਰੀਆ)

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)

ਜੀ ਐੱਚ ਟੀ ਪੀ ਠੇਕਾ ਮੁਲਾਜ਼ਮ ਯੂਨੀਅਨ (ਅਜ਼ਾਦ) ਦੀ ਅਗਵਾਈ ਹੇਠ ਥਰਮਲ ਲਹਿਰਾ ਦੇ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੇ ਗੇਟ ਅੱਗੇ ਰੈਲੀ ਕਰਨ ਉਪਰੰਤ ਪਾਵਰਕਾਮ ਮੈਨੇਜਮੈਂਟ ਵੱਲੋਂ ਜਾਰੀ ਕੀਤੇ ਪੱਤਰ ਦੀਆਂ ਕਾਪੀਆਂ ਸਾੜ ਕੇ ਰੋਸ ਪ੍ਰਗਟਾਇਆ। ਜਥੇਬੰਦੀ ਦੇ ਪ੍ਰਧਾਨ ਜਗਰੂਪ ਸਿੰਘ ਅਤੇ ਜਨਰਲ ਸਕੱਤਰ ਜਗਸੀਰ ਸਿੰਘ ਭੰਗੂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਪਾਵਰਕਾਮ ਦੇ ਸਮੂਹ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਪੱਕਾ ਤਾਂ ਕੀ ਕਰਨਾ ਸੀ ਸਗੋਂ ਇਹਨਾਂ ਨੂੰ ਵਿਭਾਗ ਵਿੱਚੋਂ ਬਾਹਰ ਕਰਨ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ, ਜਿਸ ਦੀ ਤਾਜ਼ਾ ਮਿਸਾਲ ਪਾਵਰਕਾਮ ਮੁੱਖ ਦਫ਼ਤਰ ਪਟਿਆਲਾ ਵੱਲੋਂ 09 ਜਨਵਰੀ ਨੂੰ ਜਾਰੀ ਕੀਤੇ ਪੱਤਰ ਮੀਮੋ ਨੰਬਰ 539/60 ਰਾਹੀਂ ਸਾਹਮਣੇ ਆਈ ਹੈ, ਜਿਸ ਰਾਹੀਂ ਪਾਵਰਕਾਮ ਮੈਨੇਜਮੈਂਟ ਵੱਲੋਂ ਪੈਸਕੋ ਕੰਪਨੀ ਰਾਹੀਂ ਸੇਵਾਵਾਂ ਦੇ ਰਹੇ ਸਮੂਹ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਆਪਣੀਆਂ ਸੇਵਾਵਾਂ ਨੂੰ ਲਗਾਤਾਰ ਜਾਰੀ ਰੱਖਣ ਲਈ ਪੈਸਕੋ ਦੇ ਮੋਹਾਲੀ ਮੁੱਖ ਦਫ਼ਤਰ ਤੋਂ 31 ਮਾਰਚ ਤੱਕ ਅਪਰੂਵਲ ਲੈਣ ਦੀ ਹਦਾਇਤ ਕੀਤੀ ਗਈ ਹੈ, ਜਿਸ ਤੋਂ ਸਿੱਧ ਹੁੰਦਾ ਹੈ ਕਿ ਆਊਟਸੋਰਸਡ ਠੇਕਾ ਮੁਲਾਜ਼ਮਾਂ ਨੂੰ ਬਾਹਰ ਕਰਨ ਦਾ ਰਾਹ ਪੱਧਰਾ ਕੀਤਾ ਜਾ ਰਿਹਾ ਹੈ। ਸੇਵਾਵਾਂ ਜਾਰੀ ਰੱਖਣ ਲਈ ਪੈਸਕੋ ਕੰਪਨੀ ਤੋਂ ਅਪਰੂਵਲ ਲੈਣ ਦਾ ਪੱਤਰ ਜਾਰੀ ਕਰਨਾ ਠੇਕਾ ਮੁਲਾਜ਼ਮਾਂ ਨਾਲ ਸਰਾਸਰ ਨੰਗਾ-ਚਿੱਟਾ ਧੋਖਾ ਹੈ, ਜਿਸ ਦੇ ਵਿਰੋਧ 'ਚ ਪਾਵਰਕਾਮ ਦੇ ਆਊਟਸੋਰਸਡ ਕਾਮੇ 16 ਫ਼ਰਵਰੀ ਨੂੰ ਪੀ ਐਸ ਪੀ ਸੀ ਐਲ ਦੇ ਮੁੱਖ ਦਫ਼ਤਰ ਪਟਿਆਲਾ ਸਾਹਮਣੇ ਪਰਿਵਾਰਾਂ ਸਮੇਤ ਧਰਨਾ ਦੇਣਗੇ।

ਇਸ ਮੌਕੇ ਬਲਜਿੰਦਰ ਸਿੰਘ ਮਾਨ, ਨਾਇਬ ਸਿੰਘ, ਹਰਦੀਪ ਸਿੰਘ ਤੱਗੜ, ਗੁਰਪ੍ਰੀਤ ਸਿੰਘ ਲਹਿਰਾ, ਰਮਜ਼ਾਨ ਖਾਨ, ਪਰਮਿੰਦਰ ਸਿੰਘ ਅਤੇ ਖੇਮਪਾਲ ਸਿੰਘ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

ਕਾਤਰਾਂ

ਰੂਪ ਵਾਟਿਕਾ ਸਕੂਲ ਦੀ ਵਿਦਿਆਰਥਣ ਰਹੀ ਜੇਤੂ

ਜਗਰਾਉਂ (ਅਮਿਤ ਖੰਨਾ)-ਰੂਪ ਵਾਟਿਕਾ ਸਕੂਲ ਦੇ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਹੋਰ ਗਤੀਵਿਧੀਆਂ ਵਿਚ ਹਿੱਸਾ ਲੈਂਦੇ ਹਨ। ਰੂਪ ਵਾਟਿਕਾ ਦੀ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਸੰਚਿਤਾ ਮੰਡਲ ਨੇ ਗੁਰੂ ਤੇਗ ਬਹਾਦਰ ਨੈਸ਼ਨਲ ਕਾਲਜ ਦਾਖਾ ਵਿੱਚ ਪੋਸਟਰ ਮੇਕਿੰਗ ਵਿੱਚ ਹਿੱਸਾ ਲਿਆ, ਜਿਸ ਵਿੱਚ ਉਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਨਾਮ ਵਜੋਂ ਉਸ ਨੂੰ 1100 ਰੁਪਏ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਵਿਮੀ ਠਾਕੁਰ ਨੇ ਵਿਦਿਆਰਥਣ ਨੂੰ ਸਲਾਹਿਆ ਤੇ ਵਧਾਈ ਦਿੱਤੀ। ਉਨ੍ਹਾਂ ਨੇ ਸਾਰੇ ਬੱਚਿਆਂ ਨੂੰ ਹੀ ਚੜ੍ਹਦੀ ਕਲਾ ਵਿੱਚ ਰਹਿਣ ਦਾ ਸੁਨੇਹਾ ਦਿੱਤਾ ਤੇ ਆਉਣ ਵਾਲੀ ਸਲਾਨਾ ਪ੍ਰੀਖਿਆ ਵਿੱਚ ਮਿਹਨਤ ਕਰਨ ਲਈ ਕਿਹਾ।

ਕੈਂਸਰ ਜਾਗਰੂਕਤਾ ਕੈਂਪ 12 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਬਜ਼ੁਰਗਾਂ ਦੀ ਸਿਹਤ ਤੰਦਰੁਸਤੀ ਨੂੰ ਸਮਰਪਤ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਵੱਲੋਂ 12 ਫਰਵਰੀ ਦਿਨ ਐਤਵਾਰ ਨੂੰ ਸਵੇਰੇ 11.00 ਵਜੇ ਕੈਂਸਰ ਜਿਹੀ ਗੰਭੀਰ ਬਿਮਾਰੀ ਬਾਰੇ ਜਾਗਰੂਕਤਾ ਕੈਂਪ ਸੰਸਥਾ ਦੇ ਮੁੱਖ ਦਫਤਰ ਬਨਾਸਰ ਬਾਗ ਵਿਖੇ ਲਗਾਇਆ ਜਾ ਰਿਹਾ ਹੈ। ਸੰਸਥਾ ਦੇ ਪ੍ਰਧਾਨ ਪਾਲਾ ਮੱਲ ਸਿੰਗਲਾ ਨੇ ਦੱਸਿਆ ਇਹ ਕੈਂਪ ਹੋਮੀ ਭਾਬਾ ਕੈਂਸਰ ਹਸਪਤਾਲ ਸੰਗਰੂਰ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਡਾਕਟਰ ਪ੍ਰਿਥਵੀ ਰਾਜ ਕਦਮ ਡਾਇਰੈਕਟਰ ਜਾਗਰੂਕਤਾ ਅਤੇ ਸਿੱਖਿਆ ਦੀ ਅਗਵਾਈ ਵਿੱਚ ਉਨ੍ਹਾਂ ਦੀ ਸਮੁੱਚੀ ਟੀਮ ਵੱਲੋਂ ਕੈਂਸਰ ਦੀ ਬਿਮਾਰੀ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਸੁਰਿੰਦਰ ਪਾਲ ਸਿੰਘ ਸਿਦਕੀ ਮੀਡੀਆ ਇੰਚਾਰਜ ਨੇ ਦੱਸਿਆ ਕਿ ਇਸ ਕੈਂਪ ਵਿੱਚ ਚਾਰ ਕਿਸਮ ਦੇ ਕੈਂਸਰ ਰੋਗ ਸੰਬੰਧੀ ਜਾਂਚ ਕੀਤੀ ਜਾਵੇਗੀ। ਜਿਸ ਵਿੱਚ ਗਲੇ, ਛਾਤੀ (ਵਿਸ਼ੇਸ਼ ਤੌਰ 'ਤੇ ਇਸਤਰੀਆਂ ਲਈ), ਗਾਇਨੀ ਅਤੇ ਪ੍ਰੋਸਟੇਟ ਆਦਿ ਦੀ ਜਾਂਚ ਕੀਤੀ ਜਾਵੇਗੀ। ਇਸਤਰੀਆਂ ਲਈ ਵੱਖਰੇ ਤੌਰ 'ਤੇ ਵਿਸ਼ੇਸ਼ ਕਮਰੇ ਦਾ ਪ੍ਰਬੰਧ ਕੀਤਾ ਗਿਆ ਹੈ ਅਤੇ ਕੇਵਲ ਲੇਡੀ ਡਾਕਟਰ ਹੀ ਇਸਤਰੀਆਂ ਦੀ ਨਿਰੀਖਣ ਕਰਨਗੀਆਂ। ਇਸ ਕੈਂਪ ਵਿੱਚ ਸੰਸਥਾ ਦੇ ਮੈਂਬਰਾਂ ਤੋਂ ਬਿਨਾਂ ਬਾਹਰੋਂ ਕੋਈ ਵੀ ਪੁਰਸ਼ ਜਾਂ ਇਸਤਰੀ ਕੈਂਪ ਵਿੱਚ ਆ ਕੇ ਖੁਦ ਦੀ ਜਾਂਚ ਕਰਵਾ ਸਕਦੇ ਹਨ। ਇਸ ਮੌਕੇ ਗੁਰਿੰਦਰ ਜੀਤ ਸਿੰਘ ਵਾਲੀਆ, ਸੁਧੀਰ ਵਾਲੀਆ, ਮੱਘਰ ਸਿੰਘ ਸੋਹੀ, ਕੁਲਵੰਤ ਸਿੰਘ ਕਸਕ, ਸੁਰਿੰਦਰ ਸੋਰੀ , ਪ੍ਰੇਮ ਚੰਦ ਗਰਗ ਆਦਿ ਸੰਸਥਾ ਪ੍ਰਬੰਧਕ ਹਾਜ਼ਰ ਸਨ।

ਜੀ.ਐਚ.ਜੀ.ਅਕੈਡਮੀ 'ਚ ਮਨਾਇਆ ਭਗਤ ਰਵਿਦਾਸ ਦਾ ਜਨਮ ਦਿਵਸ

ਜਗਰਾਉਂ (ਅਮਿਤ ਖੰਨਾ)-ਜੀ ਐੱਚ ਜੀ ਅਕੈਡਮੀ ਵਿਖੇ ਭਗਤ ਰਵਿਦਾਸ ਜੀ ਦਾ ਜਨਮ ਦਿਵਸ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਦਸਵੀਂ ਜਮਾਤ ਦੀ ਵਿਦਿਆਰਥਣ ਏਕਮਪ੍ਰੀਤ ਕੌਰ ਨੇ ਭਾਸ਼ਣ ਰਾਹੀਂ ਗੁਰੂ ਜੀ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਭਗਤ ਰਵਿਦਾਸ ਜੀ ਮੱਧ ਕਾਲੀਨ ਭਾਰਤ ਦੀ ਮਹਾਨ ਅਧਿਆਤਮਕ ਸ਼ਖ਼ਸੀਅਤ ਹੋਏ ਹਨ, ਜੋ ਭਗਤੀ ਦੀ ਸਰਬ-ਉੱਚ ਅਵਸਥਾ ਪ੍ਰਾਪਤ ਕਰ ਚੁੱਕੇ ਪ੍ਰਭੂ ਦੇ ਸੱਚੇ ਉਪਾਸ਼ਕ, ਸਵੈ-ਪ੍ਰਕਾਸ਼ਤ ਆਤਮਾ, ਬ੍ਰਹਮ-ਗਿਆਨੀ, ਨਿਰਮਾਣ, ਸਮ-ਦ੍ਰਿਸ਼ਟ, ਨਿਰਲੇਪ, ਸੰਚ ਦਾ ਹੋਕਾ ਦੇਣ ਵਾਲੇ, ਦਿੱਬ-ਦ੍ਰਿਸ਼ਟੀ ਦੇ ਮਾਲਕ, ਸਮਾਜਿਕ ਚਿੰਤਕ ਤੇ ਦਾਰਸ਼ਨਿਕ ਆਗੂ, ਇਨਕਲਾਬੀ ਰਹਿਬਰ, ਦੱਬੇ-ਕੁਚਲੇ ਲੋਕਾਂ ਦੇ ਮਸੀਹਾ ਤੇ ਕਰਮਯੋਗੀ ਸੰਤ ਕਹੇ ਗਏ ਹਨ। ਵਿਦਿਆਰਥਣਾਂ ਜਸਮੀਤ ਕੌਰ ਤੇ ਸੁਖਮਨਪ੍ਰੀਤ ਕੌਰ ਨੇ ਭਗਤ ਰਵਿਦਾਸ ਜੀ ਦੇ ਜੀਵਨ ਨਾਲ ਸੰਬੰਧਤ ਕਵੀਸ਼ਰੀ ਗਾਇਨ ਕੀਤੀ। ਅਖੀਰ ਵਿੱਚ ਜੀ.ਐਚ. ਜੀ. ਅਕੈਡਮੀ ਦੇ ਚੇਅਰਮੈਨ ਸਰਦਾਰ ਗੁਰਮੇਲ ਸਿੰਘ ਮੱਲ੍ਹੀ ਨੇ ਵੀ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨੂੰ ਪੜ੍ਹਨ ਲਈ ਪ੍ਰੇਰਤ ਕੀਤਾ। ਜੀ. ਐਚ .ਜੀ. ਅਕੈਡਮੀ ਦੇ ਪ੍ਰਿੰਸੀਪਲ ਸ੍ਰੀਮਤੀ ਰਮਨਜੋਤ ਕੌਰ ਗਰੇਵਾਲ ਨੇ ਭਗਤ ਰਵਿਦਾਸ ਜੀ ਦੇ ਜਨਮ ਦੀ ਵਧਾਈ ਦਿੱਤੀ ਅਤੇ ਨਾਲ ਹੀ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਉਪਦੇਸ਼ ਦਿੱਤਾ।

ਸਾਂਝੇ ਫਰੰਟ ਵੱਲੋਂ ਕੀਤੀ ਜਾ ਰਹੀ ਰੈਲੀ 'ਚ ਸ਼ਾਮਲ ਹੋਣਗੇ ਪੈਨਸ਼ਨਰ : ਓਮ ਪ੍ਰਕਾਸ਼

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਪੰਜਾਬ ਪੈਨਸ਼ਨਰ ਯੂਨੀਅਨ ਦੀ ਮੀਟਿੰਗ ਬੱਸ ਸਟੈਂਡ ਫਿਰੋਜ਼ਪੁਰ ਸ਼ਹਿਰ ਵਿਖੇ ਮਲਕੀਤ ਚੰਦ ਪਾਸੀ ਉਪ ਪ੍ਰਧਾਨ ਦੀ ਪ੍ਰਧਾਨਗੀ ਵਿਚ ਕੀਤੀ ਗਈ, ਜਿਸ ਵਿੱਚ 15 ਫਰਵਰੀ ਨੂੰ ਜ਼ਿਲ੍ਹਾ ਪੱਧਰੀ ਤੇ 19 ਫਰਵਰੀ ਨੂੰ ਮੋਹਾਲੀ ਵਿਚ ਸਾਂਝੇ ਫਰੰਟ ਵੱਲੋਂ ਹੋਣ ਵਾਲੀ ਰੈਲੀ ਵਿਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।

ਪੈਨਸ਼ਨਰ ਆਗੂਆਂ ਬਲਬੀਰ ਸਿੰਘ ਸੰਧੂ, ਓਮ ਪ੍ਰਕਾਸ਼, ਕੁਲਦੀਪ ਸਿੰਘ ਖੁੰਗਰ, ਕਵਰਜੀਤ ਸ਼ਰਮਾ, ਸੁਰਜੀਤ ਸਿੰਘ ਅਤੇ ਦੀਵਾਨ ਚੰਦ ਸੁਖੀਜਾ ਨੇ ਕਿਹਾ ਕਿ ਸਰਕਾਰ ਪੈਨਸ਼ਨਰਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਮੰਨਣ ਤੋਂ ਟਾਲ ਮਟੋਲ ਦੀ ਨੀਤੀ ਅਪਣਾ ਰਹੀ ਹੈ, ਜਿਸ ਕਾਰਨ ਪੈਨਸ਼ਨਰਾਂ ਵਿਚ ਭਾਰੀ ਰੋਸ ਅਤੇ ਗੁੱਸਾ ਹੈ। ਪੈਨਸ਼ਨਰ ਆਗੂਆਂ ਨੇ ਮੰਗ ਕੀਤੀ ਕਿ ਪੈਨਸ਼ਨਰਾਂ ਦੀ ਪੈਨਸ਼ਲ 2.59 ਪ੍ਰਤੀਸ਼ਤ ਗੁਣਾਕ ਨਾਲ ਸੋਧ ਕੀਤੀ ਜਾਵੇ, 1 ਜਨਵਰੀ 2016 ਤੋਂ ਹੁਣ ਤੱਕ ਦਾ ਡੀਏ ਦਾ ਡਿਊ ਬਕਾਇਆ ਦਿੱਤਾ ਜਾਵੇ, ਮੈਡੀਕਲ ਭੱਤਾ 2000 ਰੁਪਏ ਕੀਤਾ ਜਾਵੇ, ਮੈਡੀਕਲ ਬਿੱਲਾਂ ਵਾਸਤੇ ਬਜਟ ਰਿਲੀਜ਼ ਕੀਤਾ ਜਾਵੇ। ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਕੱਚੇ ਕ੍ਰਮਚਾਰੀ ਪੱਕੇ ਕੀਤੇ ਜਾਣ। ਇਸ ਮੌਕੇ ਜਗਤਾਰ ਸਿੰਘ, ਕਿਰਪਾਲ ਸਿੰਘ, ਪ੍ਰੀਤਮ ਸਿੰਘ, ਅਮ੍ਰਿਤ ਪਾਲ, ਹਰਬੰਸ ਲਾਲ ਵੋਹਰਾ, ਕੁਲਵੰਤ ਸਿੰਘ, ਜਸਵਿੰਦਰ ਸਿੰਘ, ਨਰਿੰਦਰ ਸਿੰਘ, ਸਤਪਾਲ, ਸਤੀਸ਼ ਠਾਕੁਰ, ਦੁਰਗਾ ਦਾਸ, ਜੀਵਨ ਲਾਲ ਤੇ ਅਮਰਜੀਤ ਆਦਿ ਹਾਜ਼ਰ ਸਨ।

ਦੀਦਾਰੇਵਾਲ ਨੂੰ ਚੇਅਰਮੈਨ ਬਣਨ 'ਤੇ ਵਧਾਈਆਂ ਦਿੱਤੀਆਂ

ਬਾਘਾ ਪੁਰਾਣਾ (ਮਨੀ ਸਿੰਗਲਾ)

ਆਮ ਆਦਮੀ ਪਾਰਟੀ ਲਈ ਦਿਨ-ਰਾਤ ਇੱਕ ਕਰਨ ਅਤੇ ਪੰਜਾਬ ਦੀ ਸੱਤਾ 'ਤੇ ਪਾਰਟੀ ਨੂੰ ਕਾਬਜ਼ ਕਰਨ ਲਈ ਦਿਲੋਂ ਜ਼ੋਰ ਲਾਉਣ ਵਾਲੇ ਵਲੰਟੀਅਰਾਂ ਨੂੰ ਅਹੁਦੇ ਤੇ ਮਾਣ-ਸਨਮਾਨ ਦੇ ਕੇ ਉਨ੍ਹਾਂ ਦਾ ਮੁੱਲ ਪਾਇਆ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇੰਦਰਜੀਤ ਸਿੰਘ ਮਾਨ ਖਾਦੀ ਬੋਰਡ ਪੰਜਾਬ ਨੇ ਹਰਮਨਜੀਤ ਸਿੰਘ ਬਰਾੜ ਦੀਦਾਰੇਵਾਲਾ ਜ਼ਿਲ੍ਹਾ ਪ੍ਰਧਾਨ ਨੂੰ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਬਣਨ ਉਪਰੰਤ ਉਹਨਾਂ ਦੀ ਤਾਜਪੋਸ਼ੀ ਹੋਣ ਮੌਕੇ ਵਧਾਈਆਂ ਦੇਣ ਉਪਰੰਤ ਕੀਤਾ।

ਇਸ ਮੌਕੇ ਇੰਦਰਜੀਤ ਸਿੰਘ ਮਾਨ ਚੇਅਰਮੈਨ ਨਾਲ ਰਮਨ ਕੁਮਾਰ ਰਿੰਪੀ ਮਿੱਤਲ ਬਾਘਾ ਪੁਰਾਣਾ ਸੂਬਾ ਪ੍ਰਧਾਨ ਟ੍ਰੇਡ ਵਿੰਗ, ਦੀਪਕ ਅਰੋੜਾ ਸਮਾਲਸਰ ਚੇਅਰਮੈਨ ਇੰਮਪਰੂਵਮੈਂਟ ਮੋਗਾ, ਜਗਜੀਤ ਸਿੰਘ ਸੀਰਾ ਬਰਾੜ ਡੇਅਰੀ ਵਾਲੇ, ਗੁਰਪ੍ਰੀਤ ਮਨਚੰਦਾ ਸ਼ਹਿਰੀ ਪ੍ਰਧਾਨ ਵੀ ਮੌਜੂਦ ਸਨ। ਚੇਅਰਮੈਨ ਮਾਨ ਨੇ ਅੱਗੇ ਕਿਹਾ ਕਿ ਹਰਮਨਜੀਤ ਸਿੰਘ ਬਰਾੜ ਦੀਦਾਰੇਵਾਲਾ ਪਾਰਟੀ ਲਈ ਹਰ ਚੰਗੇ-ਮਾੜੇ ਸਮੇਂ ਵਿੱਚ ਚੱਟਾਨ ਵਾਂਗ ਖੜਾ ਹੈ, ਜਿਸ ਕਰਕੇ ਪਾਰਟੀ ਨੇ ਉਨ੍ਹਾਂ ਨੂੰ ਵੱਡਾ ਅਹੁਦਾ ਦੇ ਕੇ ਉਸਦੀ ਹੌਸਲਾ ਅਫ਼ਜ਼ਾਈ ਕੀਤੀ ਹੈ। ਮਾਨ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਲਗਾਤਾਰ ਕਦਮ ਦਰ ਕਦਮ ਅੱਗੇ ਵਧ ਰਿਹਾ ਹੈ ਅਤੇ ਵਿਰੋਧੀ ਦੇ ਪੰਜਾਬ ਦੀ ਤਰੱਕੀ ਹਜ਼ਮ ਨਹੀਂ ਹੋ ਰਹੀ, ਕਿਉਂਕਿ ਵਿਰੋਧੀ ਪਾਰਟੀਆਂ ਦੇ ਲੀਡਰਾਂ ਨੇ ਲੋਕਾਂ ਨੂੰ ਲੁੱਟਣ ਤੋਂ ਬਿਨਾਂ ਕੁੱਝ ਕੀਤਾ ਹੀ ਨਹੀਂ।

ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਪੰਜਾਬ ਦੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਰਹੇ ਹਨ। ਇਸ ਮੌਕੇ ਰਵੀ ਮੌੜ, ਕੁਲਜੀਤ ਸਿੰਘ ਲੱਖਾ ਬਰਾੜ ਚੰਨੂੰਵਾਲਾ, ਪਲਵਿੰਦਰ ਸਿੰਘ ਬਰਾੜ, ਅਮਿਤ ਪੁਰੀ, ਅਵਤਾਰ ਖੁਰਮੀ, ਗੁਰਪ੍ਰੀਤ ਸਿੰਘ ਚਾਹਲ ਥਰਾਜ, ਲਖਵੀਰ ਸਿੰਘ ਕੋਟਲਾ ਰਾਇਕਾ, ਗੁਰਜੰਟ ਸਿੰਘ ਸੰਗਤਪੁਰਾ, ਜਸਕਰਨ ਸਿੰਘ ਫੌਜੀ, ਹਰਜੀਤ ਸਿੰਘ ਫੌਜੀ, ਪ੍ਰੇਮ ਬਾਠ, ਡਾਕਟਰ ਪਵਨਦੀਪ ਸਿੰਘ ਸਮਾਧ ਭਾਈ, ਡਾਕਟਰ ਲਖਵੀਰ ਸਿੰਘ ਸਮਾਧ ਭਾਈ, ਜਗਜੀਤ ਸਿੰਘ ਠੱਠੀ ਭਾਈ, ਮਾਸਟਰ ਕਪਤਾਨ ਸਿੰਘ ਲੰਗੇਆਣਾ, ਸੰਦੀਪ ਬਰਾੜ ਜੈ ਸਿੰਘ ਵਾਲਾ, ਗੋਰਾ ਵੱਡਾ ਘਰ ਆਦਿ ਨੇ ਹਰਮਨਜੀਤ ਸਿੰਘ ਬਰਾੜ ਚੇਅਰਮੈਨ ਨੂੰ ਵਧਾਈਆਂ ਦਿੱਤੀਆਂ।

ਰਾਸ਼ਟਰੀ ਬਾਲ ਵਿਗਿਆਨ ਪ੍ਰਦਰਸ਼ਨੀ 'ਚ ਪੁੱਜਣਗੇ ਵਿਦਿਆਰਥੀ

ਸਿਰਸਾ (ਸੁਰਿੰਦਰ ਪਾਲ ਸਿੰਘ)

ਜ਼ਿਲ੍ਹਾ ਵਿਗਿਆਨ ਮਾਹਿਰ ਡਾ. ਮੁਕੇਸ਼ ਕੁਮਾਰ ਨੇ ਦੱਸਿਆ ਵਿਦਿਆਰਥੀਆਂ ਤੇ ਅਧਿਆਪਕਾਂ ਸਮੇਤ ਆਮ ਲੋਕਾਂ ਵਿੱਚ ਵਿਗਿਆਨ ਅਤੇ ਗਣਿਤ ਨੂੰ ਉਤਸ਼ਾਹਤ ਤੇ ਵਿਕਸਿਤ ਕਰਨ ਦੇ ਉਦੇਸ਼ ਨਾਲ ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ (ਐਸਸੀਈਆਰਟੀ) ਹਰਿਆਣਾ ਵੱਲੋਂ ਗੁੜਗਾਉਂ ਵਿਖੇ 9 ਤੋਂ 11 ਫਰਵਰੀ ਤੱਕ ਰਾਸ਼ਟਰੀ ਬਾਲ ਵਿਗਿਆਨ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਜਾਵੇਗਾ।ਡਾ. ਮੁਕੇਸ਼ ਕੁਮਾਰ ਨੇ ਦੱਸਿਆ ਕਿ ਇਸ ਪ੍ਰਦਰਸ਼ਨੀ ਵਿੱਚ ਵੱਖ-ਵੱਖ ਉਪ ਵਿਸ਼ਿਆਂ ਵਿੱਚ ਪੰਜਾਬ ਦੇ ਜ਼ਿਲ੍ਹਿਆਂ ਵਿੱਚੋਂ ਵੀ ਜੇਤੂ ਵਿਦਿਆਰਥੀ ਵੀ ਭਾਗ ਲੈਣਗੇ। ਇਸ ਦੇ ਨਾਲ ਉਪ-ਵਿਸ਼ਿਆਂ ਵਿੱਚ ਬਣਾਏ ਗਏ ਪ੍ਰੋਜੈਕਟ ਵੀ ਪ੍ਰਦਰਸ਼ਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸੂਬੇ ਭਰ ਤੋਂ 308 ਵਿਦਿਆਰਥੀ ਪਹੁੰਚਣਗੇ।ਇਸ ਦੌਰਾਨ ਉਨ੍ਹਾਂ ਨਾਲ ਅਧਿਆਪਕ ਅਤੇ ਜ਼ਿਲ੍ਹਾ ਵਿਗਿਆਨ ਮਾਹਿਰ ਹਾਜ਼ਰ ਰਹਿਣਗੇ।ਪ੍ਰਦਰਸ਼ਨੀ ਵਿੱਚ ਕੁੱਲ 650 ਪ੍ਰਤੀਭਾਗੀ ਹਿੱਸਾ ਲੈਣਗੇ ਤੇ ਜੇਤੂਆਂ ਦੀ ਚੋਣ ਰਾਸ਼ਟਰੀ ਪੱਧਰ 'ਤੇ ਕੀਤੀ ਜਾਵੇਗੀ।

ਅੱਧੀ ਦਰਜਨ ਦੁਕਾਨਾਂ ਦੇ ਟੁੱਟੇ ਤਾਲੇ, ਚੋਰ ਹਜ਼ਾਰਾਂ ਦੀ ਨਗਦੀ ਲੈ ਕੇ ਫਰਾਰ

ਸਰਦੂਲਗੜ੍ਹ (ਅਵਤਾਰ ਜਟਾਣਾ)-ਸ਼ਹਿਰ ਅੰਦਰ ਚੋਰੀਆਂ ਸਿਲਸਲਾ ਲਗਾਤਾਰ ਵਧ ਰਿਹਾ ਹੈ। ਕੁਝ ਦਿਨ ਪਹਿਲਾਂ ਦਿਨ-ਦਿਹਾੜੇ 15 ਤੋਲੇ ਸੋਨੇ ਤੇ ਨਕਦੀ ਚੋਰੀ ਕੀਤੀ ਗਈ। ਲੰਘੀ ਰਾਤ ਫਿਰ ਚੋਰਾਂ ਵੱਲੋਂ ਸਰਦੂਲਗੜ੍ਹ ਦੇ ਮੇਨ ਰੋਡ 'ਤੇ ਡੀ ਐਸ ਪੀ ਦਫਤਰ ਤੋਂ 200 ਮੀਟਰ ਦੀ ਦੂਰੀ 'ਤੇ 6 ਦੁਕਾਨਾਂ ਤੇ ਗੁਦਾਮ ਦੇ ਜਿੰਦਰੇ ਤੋੜ ਕੇ ਚੋਰੀ ਦੀ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ। ਲਗਾਤਾਰ ਹੋ ਰਹੀਆਂ ਚੋਰੀਆਂ ਦੀਆਂ ਘਟਨਾਵਾਂ ਨੂੰ ਵੇਖਦਿਆਂ ਸ਼ਹਿਰ ਵਾਸੀ ਕਹਿ ਰਹੇ ਚੋਰ ਬੇਖੌਫ ਚੋਰੀਆਂ ਕਰ ਰਹੇ ਹਨ ਤੇ ਪੁਲਸ ਮੂਕ ਦਰਸ਼ਕ ਬਣੀ ਹੋਈ ਹੈ। ਰਾਮ ਵਰਮਾ, ਰੁਲਦੂ ਰਾਮ , ਪਵਨ ਕੁਮਾਰ, ਉਗਰ ਤੇ ਗੁਦਾਰੇ ਦੀਆਂ ਦੁਕਾਨਾਂ ਤੋਂ ਹਜ਼ਾਰਾਂ ਰੁਪਏ ਦੀ ਨਗਦੀ ਚੁਰਾ ਕੇ ਫਰਾਰ ਹੋ ਗਏ, ਜਿਸ ਕਾਰਨ ਸ਼ਹਿਰ ਵਾਸੀਆਂ ਵਿੱਚ ਦਹਿਸ਼ਤ ਦਾ ਮਾਹੌਲ ਹੈ। ਇਸ ਸੰਬੰਧ ਵਿੱਚ ਦੁਕਾਨਦਾਰ ਰਾਮ ਕੁਮਾਰ ਵਰਮਾ ਨੇ ਦੱਸਿਆ ਕਿ ਚੋਰ ਅੱਧੀ ਰਾਤ ਨੂੰ ਦੁਕਾਨ ਦੇ ਪਿਛਲੇ ਪਾਸੇ ਦੀ ਕਮਰੇ ਦਾ ਗੇਟ ਤੋੜ ਕੇ ਦੁਕਾਨ ਵਿੱਚ ਦਾਖਲ ਹੋਏ ਜਿਸ ਦਾ ਪਤਾ ਸੀ ਸੀ ਟੀ ਵੀ ਕੈਮਰਿਆ ਤੋਂ ਲੱਗਿਆ। ਇਸ ਸੰਬੰਧੀ ਡੀ ਐਸ ਪੀ ਗੋਬਿੰਦਰ ਸਿੰਘ ਨੇ ਕਿਹਾ ਕਿ ਪੁਲਸ ਮਾਮਲੇ ਦੀ ਛਾਣਬੀਨ ਕਰ ਰਹੀ ਹੈ, ਜਲਦੀ ਹੀ ਮਸਲੇ ਨੂੰ ਹੱਲ ਕਰ ਲਿਆ ਜਾਵੇਗਾ।

ਅਰੋੜਾ ਨੇ ਅਜੀਤ ਨਗਰ ਦੀਆਂ ਸੜਕਾਂ ਦੇ ਕੰਮ ਦਾ ਕੀਤਾ ਉਦਘਾਟਨ

ਮੋਗਾ (ਅਮਰਜੀਤ ਬੱਬਰੀ)-ਮੋਗਾ ਸ਼ਹਿਰ ਨੂੰ ਸਾਫ-ਸੁਥਰਾ ਤੇ ਸੁੰਦਰ ਬਣਾਉਣ ਦੇ ਉਪਰਾਲੇ ਨਾਲ ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਯੋਗ ਅਗਵਾਈ ਵਿੱਚ ਵਾਰਡ ਵਾਇਜ ਕੰਮ ਸ਼ੁਰੂ ਕੀਤੇ ਜਾ ਰਹੇ ਹਨ। ਇਸੇ ਕੜੀ ਤਹਿਤ ਅਜੀਤ ਨਗਰ ਵਿਖੇ ਬੜੇ ਲੰਮੇ ਸਮੇਂ ਤੋਂ ਰੁਕਿਆ ਹੋਇਆ ਸੜਕਾਂ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਅਜੀਤ ਨਗਰ ਦੀਆਂ ਸਾਰੀਆਂ ਸੜਕਾਂ ਦੇ ਦੋਹੀਂ ਪਾਸੀਂ ਕੱਚੀ ਜਗ੍ਹਾ ਨੂੰ ਪੱਕਾ ਕਰਨ ਦੇ ਕੰਮ ਦਾ ਉਦਘਾਟਨ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਆਪਣੇ ਕਰ ਕਮਲਾਂ ਨਾਲ ਕੀਤਾ ਗਿਆ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕਰਦਿਆਂ ਕੌਂਸਲਰ ਅਰਵਿੰਦਰ ਸਿੰਘ ਕਾਨਪੁਰੀਆ ਨੇ ਕਿਹਾ ਕਿ ਨਗਰ ਨਿਗਮ ਦੇ ਠੱਪ ਪਏ ਵਿਕਾਸ ਕਾਰਜ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੇ ਯਤਨਾਂ ਨਾਲ ਚਾਲੂ ਹੋ ਰਹੇ ਹਨ। ਇਸੇ ਤਰ੍ਹਾਂ ਅਜੀਤ ਨਗਰ ਵਾਸੀਆਂ ਦੀ ਕਈ ਸਾਲਾਂ ਦੀ ਮੰਗ 'ਤੇ ਸੜਕਾਂ ਦੇ ਦੋਹੀਂ ਪਾਸੀਂ ਕੱਚੀ ਜਗਾ ਨੂੰ ਪੱਕਾ ਕਰਨ ਦੇ ਕੰਮ ਦਾ ਉਦਘਾਟਨ ਕੀਤਾ ਗਿਆ ਹੈ। ਇਸ ਸਮੇਂ ਕੌਂਸਲਰ ਅਰਵਿੰਦਰ ਸਿੰਘ ਹੈਪੀ ਕਾਨਪੁਰੀਆ, ਕੌਂਸਲਰ ਬਲਜੀਤ ਸਿੰਘ ਚਾਨੀ, ਕੌਂਸਲਰ ਹਰਜਿੰਦਰ ਸਿੰਘ ਰੋਡੇ, ਮੈਡਮ ਸੋਨੀਆ ਢੰਡ, ਕੁਲਵਿੰਦਰ ਤਾਰੇਵਾਲਾ, ਤਰਨਜੀਤ ਸਿੰਘ ਮੋਂਗਾ ਤੇ ਹਰਪ੍ਰੀਤ ਸਿੰਘ ਬਾਵਾ ਆਦਿ ਹਾਜ਼ਰ ਸਨ।

ਦੋ ਰੋਜ਼ਾ ਕਪੈਸਟੀ ਬਿਲਡਿੰਗ ਟ੍ਰੇਨਿੰਗ ਕੈਂਪ ਲਾਇਆ

ਮਮਦੋਟ (ਹਰਪਾਲ ਸਿੰਘ ਸੋਢੀ)-ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ ਵਿਖੇ ਪ੍ਰਦੇਸ਼ਕ ਦਿਹਾਤੀ ਵਿਕਾਸ ਸੰਸਥਾ ਮੋਹਾਲੀ ਵੱਲੋਂ ਦੋ ਰੋਜ਼ਾ ਕਪੈਸਟੀ ਬਿਲਡਿੰਗ ਟ੍ਰੇਨਿੰਗ ਕੈਂਪ ਲਾਇਆ ਗਿਆ, ਜਿਸ ਵਿਚ ਗ੍ਰਾਮ ਪੰਚਾਇਤ ਵਿਕਾਸ ਯੋਜਨਾ ਅਧੀਨ ਸਥਾਈ ਵਿਕਾਸ ਦੇ 9 ਟੀਚੇ ਜਿਵੇਂ ਗ਼ਰੀਬੀ ਮੁਕਤ ਅਤੇ ਵਧੇਰੇ ਆਜੀਵਿਕਾ ਵਾਲਾ ਪਿੰਡ, ਸਿਹਤਮੰਦ ਪਿੰਡ, ਬੱਚਿਆਂ ਦੇ ਅਨੁਕੂਲ ਪਿੰਡ, ਪਾਣੀ ਭਰਪੂਰ ਪਿੰਡ, ਸਵੱਛ ਤੇ ਹਰਿਆ ਭਰਿਆ ਪਿੰਡ, ਸਵੈ ਨਿਰਭਰ ਬੁਨਿਆਦੀ ਢਾਂਚੇ ਵਾਲਾ ਪਿੰਡ, ਸਮਾਜਿਕ ਤੌਰ 'ਤੇ ਸੁਰੱਖਿਅਤ ਪਿੰਡ, ਚੰਗੇ ਸਾਸ਼ਨ ਵਾਲਾ ਪਿੰਡ ਤੇ ਮਹਿਲਾਵਾਂ ਦੇ ਅਨੁਕੂਲ ਪਿੰਡ, ਰਾਹੀਂ ਗ੍ਰਾਮ ਸਭਾ ਦੀਆਂ ਮੀਟਿੰਗਾਂ ਦੁਆਰਾ ਪਿੰਡ ਦੇ ਸਮੁੱਚੇ ਵਿਕਾਸ ਸਬੰਧੀ ਦੱਸਿਆ ਗਿਆ। ਇਸ ਤੋਂ ਇਲਾਵਾ ਵੱਖ-ਵੱਖ ਸਕੀਮਾਂ ਦੇ ਕਨਵਰਜੈਂਸ ਦੁਆਰਾ ਪਿੰਡ ਦੇ ਸਥਾਈ ਵਿਕਾਸ ਕਰਨ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਟ੍ਰੇਨਿੰਗ ਪ੍ਰੋਗਰਾਮ ਵਿੱਚ 10 ਪਿੰਡਾਂ ਦੇ ਸਮੂਹ ਪੰਚਾਂ ਸਰਪੰਚਾਂ, ਪੰਚਾਇਤ ਪੱਧਰ ਦੇ ਅਧਿਕਾਰੀ ਕ੍ਰਮਚਾਰੀ, ਆਸ਼ਾ ਵਰਕਰ, ਆਂਗਣਵਾੜੀ ਵਰਕਰਾਂ ਤੇ ਸੈਲਫ ਹੈਲਪ ਗਰੁੱਪਾਂ ਦੇ ਮੈਂਬਰਾਂ ਨੂੰ ਬੁਲਾਇਆ ਗਿਆ। ਟ੍ਰੇਨਿੰਗ ਦੇ ਅਖੀਰ ਵਿੱਚ ਮਾਸਟਰ ਰੀਸੋਰਸ ਪਰਸਨ ਗੁਰਦੇਵ ਸਿੰਘ ਖਾਲਸਾ ਤੇ ਬਲਰਾਜ ਸਿੰਘ ਦੁਆਰਾ ਇਹ ਜਾਣਕਾਰੀ ਦਿੱਤੀ ਗਈ ਕਿ ਇਹ ਟ੍ਰੇਨਿੰਗ ਪ੍ਰੋਗਰਾਮ 6 ਫਰਵਰੀ ਤੱਕ ਚੱਲਣੇ ਹਨ ਤੇ ਬਲਾਕ ਮਮਦੋਟ ਦੇ ਸਾਰੇ ਪਿੰਡਾਂ ਕਲੱਸਟਰ ਵਾਈਜ ਟ੍ਰੇਨਿੰਗ ਕੈਂਪ ਅਟੈਂਡ ਕਰਨ ਸਬੰਧੀ ਬੇਨਤੀ ਕੀਤੀ ਗਈ।

ਯਾਦਗਾਰੀ ਹੋ ਨਿੱਬੜਿਆ ਅਧਿਆਪਕ ਹਰਚਰਨ ਮਾਨ ਦਾ ਸੇਵਾਮੁਕਤੀ ਸਮਾਗਮ

ਕਾਲਾਂਵਾਲੀ (ਸੁਰਿੰਦਰ ਪਾਲ ਸਿੰਘ)

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਲਾਂਵਾਲੀ ਦੇ ਮਿਡਲ ਹੈਡ ਅਤੇ ਪੰਜਾਬੀ ਅਧਿਆਪਕ ਹਰਚਰਨ ਸਿੰਘ ਮਾਨ ਦੀ ਸੇਵਾਮੁਕਤੀ 'ਤੇ ਗੁਦਰਾਣਾ ਰੋਡ ਸਥਿਤ ਸੂਰਤੀਆਂ ਧਰਮਸ਼ਾਲਾ ਵਿਖੇ ਸਕੂਲ ਸਟਾਫ ਵੱਲੋਂ ਉਹਨਾਂ ਨੂੰ ਅਧਿਆਪਨ ਸੇਵਾ ਦੇ 27 ਸਾਲ ਪੂਰੇ ਹੋਣ ਤੇ ਭਾਵ-ਭਿੰਨੀ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਬਲਾਕ ਸਿੱਖਿਆ ਅਫ਼ਸਰ ਸਹੀਰਾਮ ਚਾਹਰ ਨੇ ਉਨ੍ਹਾ ਦੀ ਸਮੁੱਚੀ ਅਧਿਆਪਨ ਸੇਵਾ 'ਤੇ ਚਾਨਣਾ ਪਾਉਂਦਿਆਂ ਉਨ੍ਹਾ ਨੂੰ ਇੱਕ ਇਮਾਨਦਾਰ, ਫ਼ਰਜ਼ ਨਿਭਾਉਣ ਵਾਲੇ, ਅਨੁਸ਼ਾਸਿਤ, ਮਿੱਠੇ ਸੁਭਾਅ ਵਾਲੇ, ਸਿੱਖਿਆ ਪ੍ਰਤੀ ਸਮਰਪਤ ਅਧਿਆਪਕ ਦੱਸਿਆ। ਸਾਬਕਾ ਬਲਾਕ ਸਿੱਖਿਆ ਅਫ਼ਸਰ ਹਰਮੇਲ ਸਿੰਘ ਨੇ ਕਿਹਾ ਕਿ ਮਾਨ ਨੇ ਹਮੇਸ਼ਾ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਜਾਗਰੂਕ ਕੀਤਾ ਅਤੇ ਉਨ੍ਹਾਂ ਨੂੰ ਉੱਚੇ ਮੁਕਾਮ 'ਤੇ ਪਹੁੰਚਾਇਆ। ਸੇਵਾਮੁਕਤ ਪ੍ਰਿੰਸੀਪਲ ਭੂਪ ਸਿੰਘ ਅਤੇ ਹਵਾ ਸਿੰਘ ਗੋਦਾਰਾ ਨੇ ਉਨ੍ਹਾਂ ਨਾਲ ਬਿਤਾਏ ਸਮੇਂ ਬਾਰੇ ਦੱਸਦਿਆਂ ਕਿਹਾ ਕਿ ਮਾਨ ਦੀ ਤਾਰੀਫ ਸਾਫ਼ ਸੁਥਰੇ ਅਕਸ ਵਾਲੇ ਅਧਿਆਪਕ ਵਜੋਂ ਕੀਤੀ। ਆਪ ਪਾਰਟੀ ਆਗੂ ਕੁਲਦੀਪ ਸਿੰਘ ਗੁਦਰਾਣਾ ਦਾ ਕਹਿਣਾ ਸੀ ਕਿ ਮਾਨ ਦਾ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨਾਲ ਵਤੀਰਾ ਸੰਦੇਸ਼ਆਤਮਕ ਅਤੇ ਪਿਆਰ ਭਰਿਆ ਰਿਹਾ।ਪੱਤਰਕਾਰ ਮਾਸਟਰ ਸੁਰਿੰਦਰ ਪਾਲ ਸਿੰਘ ਦਾ ਕਹਿਣਾ ਸੀ ਕਿ ਹਰਚਰਨ ਸਿੰਘ ਮਾਨ ਨੇ ਵਿਭਾਗੀ ਜ਼ਿੰਮੇਵਾਰੀਆਂ ਨੂੰ ਬਾਖੂਬੀ ਨਿਭਾਉਣ ਦੇ ਨਾਲ ਨਾਲ ਵਿਦਿਆਰਥੀਆਂ 'ਚ ਨੈਤਿਕ ਗੁਣਾਂ ਦਾ ਵਿਕਾਸ ਕੀਤਾ। ਪ੍ਰਿੰਸੀਪਲ ਜਗਸ਼ਰਨ ਸਿੰਘ ਅਤੇ ਪ੍ਰਿੰਸੀਪਲ ਵਿਕਰਮਜੀਤ ਸਿੰਘ ਅਤੇ ਮਾ: ਮਹਿੰਦਰਪਾਲ ਪੱਖੋ ਨੇ ਕਿਹਾ ਕਿ ਅਧਿਆਪਕ ਦੇ ਸ਼ਾਨਦਾਰ ਕੰਮ ਹੀ ਉਸ ਨੂੰ ਸਮਾਜ 'ਚ ਬਣਦਾ ਮਾਣ ਸਤਿਕਾਰ ਦਿੰਦੇ ਹਨ। ਇਸ ਮੌਕੇ ਉਨ੍ਹਾਂ ਦੀ ਮਾਤਾ ਜੀ ਅਤੇ ਪਤਨੀ ਮੈਡਮ ਰਾਜਿੰਦਰ ਕੌਰ (ਰਾਜ), ਬੇਟੀ ਖੁਸ਼ਦੀਪ ਕੌਰ, ਬੇਟੇ ਜਸਪ੍ਰੀਤ ਸਿੰਘ ਮਾਨ ਸਮੇਤ ਹੋਰ ਨਜ਼ਦੀਕੀ ਰਿਸ਼ਤੇਦਾਰਾਂ ਨੂੰ ਸਕੂਲ ਸਟਾਫ ਵੱਲੋਂ ਵਿਸ਼ੇਸ਼ ਸਨਮਾਨ ਦਿਤਾ ਗਿਆ ਅਤੇ ਮਾਨ ਵੱਲੋਂ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਸਟਾਫ਼ ਮੈਂਬਰਾਂ ਤੋਂ ਬਿਨਾਂ ਲੈਕਚਰਾਰ ਫੂਲ ਸਿੰਘ ਲੁਹਾਨੀ, ਨਿਰਮਲ ਸਿੰਘ ਗੰਗਾ, ਓਮ ਪ੍ਰਕਾਸ਼ ਸਿਹਾਗ, ਮੈਡਮ ਦੀਪਿਕਾ, ਹਰਗੋਬਿੰਦ ਸਿੰਘ ਦੇਸੂ, ਬੇਅੰਤ ਸਿੰਘ ਸਰਪੰਚ, ਭੁਪਿੰਦਰ ਪਾਲ ਸ਼ਰਮਾ, ਗੁਰਦੀਪ ਸਿੰਘ, ਮੰਜੂ ਬਾਲਾ, ਕ੍ਰਿਸ਼ਨ ਸਹਿਤਾ, ਗੁਰਸ਼ਰਨ ਕੌਰ ਸਮੇਤ ਪਿੰਡ ਗੁਦਰਾਣਾ ਦੇ ਹੋਰ ਮੋਹਤਵਰ ਵੀ ਹਾਜ਼ਰ ਸਨ।

ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਦੀ ਹੋਈ ਮੀਟਿੰਗ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)-ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲੋਟ ਦੀ ਅਗਵਾਈ ਹੇਠ ਡੀ.ਸੀ. ਦਫਤਰ ਦੇ ਮੀਟਿੰਗ ਹਾਲ ਵਿਖੇ ਹੋਈ। ਜ਼ਿਲ੍ਹਾ ਪ੍ਰਧਾਨ ਮਲੋਟ ਨੇ ਪੰਜਾਬ ਸਰਕਾਰ ਵੱਲੋਂ ਦੇਸ਼ ਦੀ ਅਜ਼ਾਦੀ ਦੇ ਪਰਵਾਨਿਆਂ ਵੱਲੋਂ ਕੀਤੇ ਸੰਘਰਸ਼ ਨੂੰ ਅੱਖੋ ਪਰੋਖੇ ਕੀਤੇ ਜਾਣ ਦੀ ਸਖ਼ਤ ਅਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਸੀ.ਐੱਮ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਦਫ਼ਤਰਾਂ ਵਿੱਚ ਸ਼ਹੀਦ ਭਗਤ ਸਿੰਘ ਦੀਆ ਤਸਵੀਰਾਂ ਲਵਾਉਣ ਤੱਕ ਹੀ ਸੀਮਤ ਰਹਿ ਗਿਆ। ਸ਼ਹੀਦ ਭਗਤ ਸਿੰਘ ਦੇ ਸੁਪਨਿਆਂ ਦੇ ਅਜ਼ਾਦ ਦੇਸ਼ ਦੇ ਨਾਅਰਿਆਂ ਨੂੰ ਦਰਕਿਨਾਰ ਕਰ ਦਿੱਤਾ ਗਿਆ। ਮਲੋਟ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ਼ਤਿਹਾਰ ਨੰਬਰ 01 ਆਫ਼ 2023 ਰਾਹੀਂ ਸਥਾਨਕ ਸਰਕਾਰ ਵਿਭਾਗ ਵਿੱਚ ਫਾਇਰਮੈਨ ਡਰਾਇਵਰ ਤੇ ਓਪਰੇਟਰ ਦੀਆਂ ਅਸਾਮੀਆਂ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ ਵੱਲੋਂ ਕੱਢੀਆਂ ਗਈਆਂ ਹਨ, ਜੋ ਗਿਣਤੀ ਵਿੱਚ 1317 ਪੋਸਟਾਂ ਹਨ, ਇਨ੍ਹਾਂ ਵਿੱਚ ਸੁਤੰਤਰਤਾ ਸੰਗਰਾਮੀਆਂ ਦੇ ਪਰਵਾਰਾਂ ਨੂੰ ਜੋ ਇੱਕ ਪ੍ਰਤੀਸ਼ਤ ਰਿਜਰਵੇਸ਼ਨ ਮਿਲੀ ਹੋਈ ਹੈ, ਉਸ ਅਨੁਸਾਰ 13 ਪੋਸਟਾਂ ਦਾ ਇਸ਼ਤਿਹਾਰ ਵਿੱਚ ਜ਼ਿਕਰ ਤੱਕ ਨਹੀਂ ਕੀਤਾ ਹੈ। ਦੂਜਾ ਪੰਜਾਬ ਰਾਜ ਬਿਜਲੀ ਬੋਰਡ ਵੱਲੋਂ ਵੱਖ-ਵੱਖ ਵਿਭਾਗਾਂ ਦੀਆ ਕੁੱਲ 1200 ਪੋਸਟਾਂ ਵਿੱਚ ਵੀ ਫਰੀਡਮ ਫਾਈਟਰ ਪਰਵਾਰਾਂ ਦਾ ਕੋਟਾ ਖਤਮ ਕੀਤਾ ਹੋਇਆ ਹੈ। ਉਨ੍ਹਾਂ ਨੇ ਸਰਕਾਰ 'ਤੇ ਰੋਸ ਕਰ ਦਿਆ ਕਿਹਾ ਕਿ ਜਲਦੀ ਤੋਂ ਜਲਦੀ ਇਸ਼ਤਿਹਾਰ ਵਿੱਚ ਸੋਧ ਕਰਕੇ ਪਰਵਾਰਾਂ ਦਾ ਬਣਦਾ ਕੋਟਾ ਬਹਾਲ ਕਰੇ ਨਹੀ ਤਾਂ ਦੇਸ਼ ਭਗਤ ਪਰਿਵਾਰ ਸੰਘਰਸ਼ ਦੇ ਰਾਹ 'ਤੇ ਤੁਰਨ ਲਈ ਮਜਬੂਰ ਹੋਣਗੇ, ਜਿਸਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ। ਮੀਟਿੰਗ ਵਿੱਚ ਪਹੁੰਚੇ ਸੀਨੀਆਰ ਮੀਤ ਪ੍ਰਧਾਨ ਗੁਰਮੀਤ ਸਿੰਘ ਸੰਧੂ ਤੇ ਰਾਮ ਸਿੰਘ ਮਿੱਡਾ, ਜਰਨਲ ਸਕੱਤਰ ਬਲਜਿੰਦਰ ਸਿੰਘ ਮਧੀਰ, ਸਕੱਤਰ ਸੁਭਾਸ਼ ਬੱਬਰ, ਜ਼ਿਲ੍ਹਾ ਖ਼ਜ਼ਨਚੀ ਕੁਲਵੰਤ ਸਿੰਘ ਭਲਾਈਆਣਾ, ਜਸਕਰਨ ਸਿੰਘ ਜੱਸੇਆਣਾ, ਕੇਸਰ ਸਿੰਘ, ਚਾਨਣ ਸਿੰਘ, ਕ੍ਰਿਪਾਲ ਸਿੰਘ, ਪ੍ਰੇਮ ਕੁਮਾਰ ਤੇ ਤਰਸੇਮ ਲਾਲ ਗਿੱਦੜਬਾਹਾ ਆਦਿ ਮੈਂਬਰ ਸਨ।

ਮੀਟਿੰਗ ਦੌਰਾਨ ਵਿਚਾਰ-ਵਟਾਂਦਰਾ ਕਰਦੇ ਹੋਏ ਫਰੀਡਮ ਫਾਈਟਰ ਉਤਰਾਧਿਕਾਰੀ ਜਥੇਬੰਦੀ ਦੇ ਅਹੁਦੇਦਾਰ।

ਡੀ ਏ ਵੀ ਸਕੂਲ ਦਾ ਦੋ ਰੋਜ਼ਾ ਖੇਡ ਸਮਾਪਤੀ ਸਮਾਰੋਹ

ਮਮਦੋਟ (ਹਰਪਾਲ ਸਿੰਘ ਸੋਢੀ)

ਡੀ ਏ ਵੀ, ਕੇ.ਕੇ.ਐੱਚ, ਕੇ.ਕੇ.ਐੱਮ ਪਬਲਿਕ ਸਕੂਲ ਵਿਖੇ ਦੋ ਦਿਨਾਂ ਤੋਂ ਕਰਾਏ ਜਾ ਰਹੇ ਸਪੋਰਟਸ ਡੇਅ ਦੇ ਦੂਜੇ ਦਿਨ ਇਨਾਮ ਵੰਡ ਸਮਾਰੋਹ ਦੀ ਸਮਾਪਤੀ ਸਕੂਲ ਵਿੱਚ ਉਚੇਚੇ ਤੌਰ 'ਤੇ ਪਹੁੰਚੇ ਹੋਏ ਮਹਿਮਾਨਾਂ ਵੱਲੋਂ ਖੇਡਾਂ ਵਿੱਚ ਜੇਤੂ ਬੱਚਿਆਂ ਨੂੰ ਇਨਾਮ ਦੇ ਕੇ ਕੀਤੀ ਗਈ। ਇਨ੍ਹਾਂ ਖੇਡਾਂ ਵਿੱਚ ਛੋਟੇ ਬੱਚਿਆਂ ਦੀਆਂ ਫਰੌਗ ਰੇਸ, ਸਾਈਕਲਿੰਗ ਰੇਸ, ਥਰੀ ਲੈੱਗ ਰੇਸ, ਬਲੂਨਸ ਗੇਮ ਆਦਿ ਤੇ ਵੱਡਿਆਂ ਬੱਚਿਆਂ ਦੀਆਂ ਖੇਡਾਂ ਵਿੱਚ ਖੋ-ਖੋ, 100 ਮੀਟਰ, 200 ਮੀਟਰ, 400 ਮੀਟਰ, ਸਲੋਅ ਸਾਈਕਲਿੰਗ, ਸ਼ਾਟਪੁੱਟ ਆਦਿ ਖੇਡਾਂ ਕਰਾਈਆਂ ਗਈਆਂ। ਇਸ ਖੇਡ ਇਨਾਮ ਵੰਡ ਸਮਾਰੋਹ ਦੌਰਾਨ ਇਲਾਕੇ ਦੇ ਕਈ ਮਹਿਮਾਨ ਤੇ ਬੱਚਿਆਂ ਦੇ ਮਾਪੇ ਸ਼ਾਮਲ ਹੋਏ, ਜਿਸ ਵਿੱਚ ਡੀ ਏ ਵੀ ਕੇ,ਕੇ,ਐੱਚ,ਕੇ,ਕੇ,ਐੱਮ ਪਬਲਿਕ ਸਕੂਲ ਦੇ ਚੇਅਰਮੈਨ ਸ੍ਰੀ ਵਿਜੈ ਕੁਮਾਰ ਕੱਕੜ ਤੇ ਪ੍ਰਿੰਸੀਪਲ ਸ੍ਰੀ ਅਮਿਤ ਉਬਰਾਏ (ਡੀ.ਏ.ਵੀ ਸਕੂਲ ਗੁਰੂਹਰਸਹਾਏ) ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਨ੍ਹਾਂ ਤੋਂ ਇਲਾਵਾ ਸ੍ਰੀ ਨਿਰਵੈਰ ਸਿੰਘ ਸਿੰਧੀ, ਸ੍ਰੀ ਹਰਜਿੰਦਰ ਸਿੰਘ ਸਿੰਧੀ, ਸ੍ਰੀ ਬਲਰਾਜ ਸਿੰਘ ਸੰਧੂ, ਸ੍ਰੀ ਰਮੇਸ਼ ਸਿੰਘ , ਸਰਪੰਚ ਸ੍ਰੀ ਮੰਗਲ ਸਿੰਘ, ਸ੍ਰੀਮਤੀ ਰਕੇਸ ਕੁਮਾਰੀ ਕੱਕੜ, ਸ੍ਰੀ ਵਰਿੰਦਰ ਸਿੰਘ ਵੈਰੜ, ਡਾ. ਦਲਜੀਤ ਸਿੰਘ, ਪਿੱਪਲ ਸਿੰਘ ,ਸ੍ਰੀ ਬਲਵਿੰਦਰ ਸਿੰਘ, ਪ੍ਰੈੱਸ ਕਲੱਬ ਦੇ ਪ੍ਰਧਾਨ ਸ੍ਰੀ ਗੁਰਪ੍ਰੀਤ ਸਿੰਘ, ਸ੍ਰੀ ਬਲਦੇਵ ਰਾਜ ਸ਼ਰਮਾ, ਸ੍ਰੀ ਜੋਗਿੰਦਰ ਸਿੰਘ ਭੋਲਾ, ਜਸਬੀਰ ਸਿੰਘ ਆਦਿ ਸ਼ਾਮਲ ਹੋਏ। ਇਨ੍ਹਾਂ ਮਹਿਮਾਨਾਂ ਨੇ ਵੱਖ-ਵੱਖ ਖੇਡਾਂ ਵਿੱਚੋਂ ਪਹਿਲਾ, ਦੂਜਾ ਤੇ ਤੀਜਾ ਦਰਜਾ ਹਾਸਲ ਕਰਨ ਵਾਲੇ ਬੱਚਿਆਂ ਨੂੰ ਇਨਾਮ ਵੰਡੇ।

ਸਲੋਅ ਸਾਈਕਲਿੰਗ ਵਿੱਚੋਂ ਲਵਪ੍ਰੀਤ ਸਿੰਘ ਨੇ ਪਹਿਲਾ ਦਰਜਾ ਹਾਸਲ ਕੀਤਾ। 400 ਮੀਟਰ ਵਿੱਚੋਂ ਦਿਲਜੀਤ ਸਿੰਘ ਪਹਿਲਾ ਦਰਜਾ, ਅਨਮੋਲ ਦੂਜਾ ਦਰਜਾ ਤੇ ਲਖਵਿੰਦਰ ਸਿੰਘ ਨੇ ਤੀਜਾ ਦਰਜਾ ਹਾਸਲ ਕੀਤਾ। ਗੋਲੇ ਸੁੱਟਣ ਵਿੱਚ ਸਕੂਲ ਸ਼ੁਭਪ੍ਰੀਤ ਨੇ ਪਹਿਲਾ, ਅਰਸ ਕੁਮਾਰ ਨੇ ਦੂਜਾ ਅਤੇ ਅਨਮੋਲ ਨੇ ਤੀਜਾ ਦਰਜਾ ਹਾਸਲ ਕੀਤਾ। ਇਸੇ ਤਰ੍ਹਾਂ ਲੜਕੀਆਂ ਨੇ ਗੋਲਾ ਸੁੱਟਣ ਵਿੱਚ ਸੁਨੀਤਾ ਰਾਣੀ ਨੇ ਪਹਿਲਾ, ਪਵਨਪ੍ਰੀਤ ਨੇ ਦੂਜਾ ਅਤੇ ਮਹਿਕਪ੍ਰੀਤ ਨੇ ਤੀਜਾ ਦਰਜਾ ਹਾਸਲ ਕੀਤਾ। ਖੋ-ਖੋ ਦੇ ਮੁਕਾਬਲੇ ਵਾਲੇ ਜੇਤੂ ਬੱਚਿਆਂ ਨੂੰ ਵੀ ਇਨਾਮ ਦਿੱਤੇ ਗਏ। ਸਮਾਰੋਹ ਵਿੱਚ ਸ਼ਾਮਿਲ ਹੋਏ ਮਹਿਮਾਨਾਂ ਦਾ ਸਕੂਲ ਦੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਰਾਜਵਿੰਦਰ ਕੌਰ ਨੇ ਵਿਸ਼ੇਸ਼ ਤੌਰ ਤੇ ਸਨਮਾਨ ਚਿੰਨ੍ਹ ਦੇ ਕੇ ਸਵਾਗਤ ਕੀਤਾ। ਇਨ੍ਹਾਂ ਮਹਿਮਾਨਾਂ ਨੇ ਬੱਚਿਆਂ ਦੇ ਪ੍ਰੋਗਰਾਮ ਤੋਂ ਖੁਸ਼ ਹੋ ਕੇ ਸਕੂਲ ਦੇ ਬੱਚਿਆਂ ਲਈ ਨਕਦ ਰਾਸ਼ੀ ਭੇਟ ਕੀਤੀ। ਸਕੂਲ ਦੇ ਪ੍ਰਿੰਸੀਪਲ ਮੈਡਮ ਸ੍ਰੀਮਤੀ ਰਾਜਵਿੰਦਰ ਕੌਰ ਨੇ ਆਏ ਹੋਏ ਮਾਪਿਆਂ ਨੂੰ ਕੁੜੀਆਂ ਤੇ ਮੁੰਡਿਆਂ ਨੂੰ ਬਰਾਬਰ ਸਿੱਖਿਆ ਦੇਣ ਦੀ ਅਪੀਲ ਕੀਤੀ। ਇਸ ਖੇਡ ਇਨਾਮ ਵੰਡ ਸਮਾਰੋਹ ਵਿੱਚ ਸਕੂਲ ਦਾ ਸਮੁੱਚਾ ਸਟਾਫ਼ ਮਾਸਟਰ ਲਖਵਿੰਦਰ ਸਿੰਘ, ਗਰੀਬੂ ਸਿੰਘ, ਮੈਡਮ ਰਮਨਜੀਤ ਕੌਰ, ਮੈਡਮ ਰਵਨੀਤ ਪੁਰੀ, ਮੈਡਮ ਪੂਜਾ ਸਰਮਾ, ਮੈਡਮ ਵੀਰਪਾਲ ਕੌਰ, ਮੈਡਮ ਪਰਮਿੰਦਰ ਕੌਰ, ਮੈਡਮ ਰੀਨਾ ਗਿੱਲ, ਮੈਡਮ ਅੰਜੂ ਮਹਿਤਾ, ਮੈਡਮ ਸੀਮਾ ਰਾਣੀ, ਮੈਡਮ ਰਮਨਜੀਤ, ਮੈਡਮ ਸਿਮਰਨ ਆਦਿ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਬੱਚਿਆਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ। ਇਸ ਤਰ੍ਹਾਂ ਭਵਿੱਖ ਵਿੱਚ ਇਹ ਸਕੂਲ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਇਸ ਤਰ੍ਹਾਂ ਦੇ ਸਮਾਗਮ ਕਰਦਾ ਰਹੇਗਾ।

ਕਾਵੜ ਸੰਘ ਦੀ ਮੀਟਿੰਗ 'ਚ ਕਾਵੜੀਆਂ ਦੀ ਸੁਰੱਖਿਆ ਲਈ ਕੀਤਾ ਵਿਚਾਰ-ਵਟਾਂਦਰਾ

ਰਾਮਪੁਰਾ ਫੂਲ (ਦਰਸ਼ਨ ਜਿੰਦਲ)

ਭਗਵਾਨ ਸ਼ਿਵ ਸ਼ੰਕਰ ਦੇ ਵਿਆਹ ਨੂੰ ਸਮਰਪਤ ਫੱਗਣ ਮਹੀਨੇ ਦੀ ਮਹਾਂਸ਼ਿਵਰਾਤਰੀ ਦੇ ਪਵਿੱਤਰ ਤਿਉਹਾਰ ਨੂੰ ਲੈ ਕੇ ਕਾਵੜੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਤਹਿਤ ਸਮੂਹ ਕਾਵੜ ਸੰਘ ਦੀ ਮੀਟਿੰਗ ਸੰਘ ਦੇ ਪ੍ਰਧਾਨ ਨੀਰਜ ਚੌਧਰੀ ਦੀ ਅਗਵਾਈ ਹੇਠ ਸ੍ਰੀ ਗੀਤਾ ਭਵਨ ਵਿਖੇ ਹੋਈ।

ਇਸ ਮੌਕੇ ਸ਼ਹਿਰ ਦੇ 36 ਕਾਵੜ ਸੰਘਾਂ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਮੀਟਿੰਗ ਦੌਰਾਨ ਕਾਵੜ ਯਾਤਰਾ ਦੌਰਾਨ ਕਾਵੜੀਆਂ ਦੀ ਸੁਰੱਖਿਆ ਤੇ ਉਨ੍ਹਾਂ ਵੱਲੋਂ ਯਾਤਰਾ ਦੌਰਾਨ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

ਕਾਵੜ ਸੰਘ ਦੇ ਪ੍ਰੈਸ ਸਕੱਤਰ ਮਨਦੀਪ ਗਰਗ ਤੇ ਨਰੇਸ਼ ਤਾਂਗੜੀ ਨੇ ਕਿਹਾ ਕਿ 18 ਫਰਵਰੀ ਨੂੰ ਮਹਾਂ ਸਿਵਰਾਤਰੀ ਮੌਕੇ ਸ਼ਹਿਰ ਦੇ ਵੱਖ-ਵੱਖ ਮੰਦਰਾਂ ਵਿੱਚੋਂ 36 ਕਾਵੜ ਸੰਘਾਂ ਦੇ ਕਰੀਬ 800 ਕਾਵੜੀਆਂ ਹਰਿਦੁਆਰ ਤੋਂ ਡਾਕ ਕਾਵੜ, ਸਿੰਗਲ ਤੇ ਡਬਲ ਪੜਾਅ ਸਮੇਤ ਸਾਈਕਲ ਤੇ ਗੰਗਾ ਜਲ ਲੈ ਕੇ ਆਉਣਗੇ, ਜਿਨ੍ਹਾਂ ਦੀ ਸੁਰੱਖਿਆ ਲਈ ਸਮੂਹ ਕਾਵੜ ਸੰਘ ਵੱਲੋਂ ਰਿਫਲੈਕਟਰ ਜੈਕਟਾਂ ਦਾ ਪ੍ਰਬੰਧ ਕੀਤਾ ਗਿਆ ਹੈ ਤੇ ਕਾਵੜ ਲਈ ਬਸਤਰ ਵੀ ਤਿਆਰ ਕਰਾਏ ਗਏ ਹਨ। ਮਨਦੀਪ ਗਰਗ ਨੇ ਦੱਸਿਆ ਕਿ ਕਾਵੜੀਆਂ ਦੀ ਸਹੂਲਤ ਲਈ ਪੰਜਾਬ ਅਤੇ ਹਰਿਆਣਾ ਦੇ ਵੱਖ-ਵੱਖ ਸ਼ਹਿਰਾਂ ਵਿਖੇ ਸ਼ਹਿਰ ਦੀਆਂ ਸਮਾਜ ਸੇਵੀ ਤੇ ਧਾਰਮਿਕ ਸੰਸਥਾਵਾਂ ਵੱਲੋਂ 13 ਸਿਵਰ ਲਾਏ ਜਾ ਰਹੇ ਹਨ, ਜਿਥੇ ਕਾਵੜੀਆਂ ਦੇ ਖਾਣ-ਪੀਣ ਤੇ ਠਹਿਰਣ ਸਮੇਤ ਮੈਡੀਕਲ ਸਹੂਲਤਾਂ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਾਵੜੀਆਂ ਦਾ ਸ਼ਹਿਰ ਵਿਖੇ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਜਾਵੇਗਾ ਅਤੇ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਸਮੂਹ ਕਾਵੜ ਸੰਘ ਦੀ ਅਗਵਾਈ ਵਿੱਚ ਸ਼ਹਿਰ 'ਚ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਜਾਵੇਗਾ।

ਸਮੂਹ ਕਾਵੜ ਸੰਘ ਦੇ ਜਨਰਲ ਸਕੱਤਰ ਕੇਵਲ ਕ੍ਰਿਸ਼ਨ ਹੈਪੀ ਨੇ ਦੱਸਿਆ ਕਿ ਕਾਵੜੀਆਂ ਦੀ ਸਹੂਲਤ ਲਈ ਬਠਿੰਡਾ ਜ਼ੀਰਕਪੁਰ ਰੋਡ ਸਥਿਤ ਪੀ ਬੀ ਕੋਲਡ ਸਟੋਰ ਵਿਖੇ ਲਾਏ ਜਾ ਰਹੇ ਸ਼ਿਵਰ ਵਿਖੇ ਕੰਟਰੋਲ ਰੂਮ ਤਿਆਰ ਕੀਤਾ ਗਿਆ ਹੈ, ਜੋ 16 ਫਰਵਰੀ ਤੋਂ ਤਿੰਨ ਦਿਨਾਂ ਲਈ 24 ਘੰਟੇ ਕਾਵੜੀਆਂ ਦੀ ਸੇਵਾ ਵਿੱਚ ਹਾਜ਼ਰ ਰਹੇਗਾ ਤੇ ਉਨ੍ਹਾਂ ਦੀ ਯਾਤਰਾ ਦੌਰਾਨ ਆਉਣ ਵਾਲੀ ਹਰ ਸਮੱਸਿਆ ਦਾ ਹੱਲ ਕਰੇਗਾ।

ਮੀਟਿੰਗ ਦੇ ਅੰਤ ਵਿੱਚ ਸੰਘ ਦੇ ਪ੍ਰਧਾਨ ਨੀਰਜ ਚੌਧਰੀ ਨੇ ਪ੍ਰਸ਼ਾਸਨ ਤੇ ਕਟਾਖਸ਼ ਕਰਦਿਆਂ ਕਿਹਾ ਕਿ ਸਮੂਹ ਕਾਵੜ ਸੰਘ ਰਾਮਪੁਰਾ ਫੂਲ ਵੱਲੋਂ ਸ਼ਿਵਰਾਤਰੀ ਮਨਾਉਣ ਦੇ ਨਾਲ ਨਾਲ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ। ਕਾਵੜ ਸੰਘ ਦੇ ਨਾਲ ਜੁੜੇ ਕਰੀਬ 1200 ਕਾਵੜੀਏ ਵੱਲੋਂ ਕੋਰੋਨਾ ਕਾਲ ਸਮੇਤ ਜਿਥੇ ਘਰ-ਘਰ ਜਾ ਕੇ ਦਵਾਈਆਂ ਆਦਿ ਮੈਡੀਕਲ ਸਹੂਲਤਾਂ ਲੋਕਾਂ ਤੱਕ ਪੁਚਾਈ, ਉਥੇ ਸ਼ਹਿਰ ਵਿੱਚ ਸੈਨੇਟਾਈਜ਼ਰ ਦਾ ਛਿੜਕਾ ਅਤੇ ਲੋੜਵੰਦਾਂ ਲਈ ਰਾਸ਼ਨ ਤੇ ਲੰਗਰ ਦਾ ਪ੍ਰਬੰਧ ਕੀਤਾ।

8-Feb-PAGE-8.qxd 2/7/2023 10:34 PM Page 1

ਅਧਿਆਪਕਾਂ ਦਾ ਮੋਬਾਇਲ ਭੱਤਾ ਕੱਟਣਾ ਗਲਤ : ਬੱਲੀ

ਜਲੰਧਰ (ਰਾਜੇਸ਼ ਥਾਪਾ)

ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਸੱਦੇ 'ਤੇ ਖਜਾਨਾ ਦਫਤਰ ਜਲੰਧਰ ਅੱਗੇ ਰੋਸ ਧਰਨਾ ਦਿੱਤਾ ਗਿਆ ਅਤੇ ਡਿਪਟੀ ਕਮਿਸ਼ਨਰ ਜਲੰਧਰ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਨੂੰ ਰੋਸ ਪੱਤਰ ਦਿੱਤਾ ਗਿਆ। ਇਸ ਮੌਕੇ ਸਾਂਝਾ ਅਧਿਆਪਕ ਮੋਰਚਾ ਜ਼ਿਲ੍ਹਾ ਜਲੰਧਰ ਦੇ ਆਗੂਆਂ ਨਵਪ੍ਰੀਤ ਬੱਲੀ, ਬਲਜੀਤ ਕੁਲਾਰ, ਹਰਕਮਲ ਸਿੰਘ ਸੰਧੂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਧਿਆਪਕਾਂ ਦੀਆਂ ਜਨਵਰੀ, ਫਰਵਰੀ ਮਹੀਨੇ ਦੀਆਂ ਤਨਖਾਹਾਂ ਲਈ ਬਜਟ ਤੁਰੰਤ ਜਾਰੀ ਕੀਤਾ ਜਾਵੇ ਕਿਉਂਕਿ ਅਧਿਆਪਕਾਂ ਨੂੰ ਜਨਵਰੀ ਮਹੀਨੇ ਦੀ ਤਨਖਾਹ ਬਜਟ ਨਾ ਹੋਣ ਕਾਰਨ ਨਹੀਂ ਮਿਲੀ ਹੈ। ਆਗੂਆਂ ਨੇ ਕਿਹਾ ਕਿ ਇੱਕ ਪਾਸੇ ਬਜਟ ਨਾ ਹੋਣ ਕਾਰਨ ਅਧਿਆਪਕ ਤਨਖਾਹਾਂ ਨੂੰ ਤਰਸ ਰਹੇ ਹਨ ਦੂਜੇ ਪਾਸੇ ਪੰਜਾਬ ਸਰਕਾਰ ਫੋਕੀ ਇਸ਼ਤਿਹਾਰਬਾਜੀ ਤੇ ਕਰੋੜਾਂ ਰੁਪਏ ਬਰਬਾਦ ਕਰ ਰਹੀ ਹੈ। ਸਰਕਾਰ ਦੀਆਂ ਹਦਾਇਤਾਂ ਉਪਰ ਖਜਾਨਾ ਦਫਤਰਾਂ ਵੱਲੋਂ ਜਨਵਰੀ ਮਹੀਨੇ ਵਿੱਚ ਅਧਿਆਪਕਾਂ ਦਾ ਮੋਬਾਇਲ ਭੱਤਾ ਕੱਟਿਆ ਜਾ ਰਿਹਾ ਹੈ, ਉਹ ਗਲਤ ਹੈ ਕਿਉਕਿ ਜਨਵਰੀ ਮਹੀਨੇ ਵਿੱਚ 10 ਤੋਂ ਘੱਟ ਛੁੱਟੀਆਂ ਸਨ ਅਤੇ ਉਹਨਾਂ ਛੁੱਟੀਆਂ ਵਿਚ ਵੀ ਅਧਿਆਪਕਾਂ ਨੇ ਆਨਲਾਈਨ ਜਮਾਤਾਂ ਲਈਆਂ ਹਨ। ਇਸ ਕਰਕੇ ਜਨਵਰੀ ਦੀ ਤਨਖਾਹ ਮੋਬਾਈਲ ਭੱਤਾ ਕੱਟਣ ਤੋਂ ਬਿਨਾਂ ਹੀ ਰਿਲੀਜ ਕੀਤੀ ਜਾਵੇ । ਇਹ ਮੰਗ ਕੀਤੀ ਗਈ ਕਿ ਅਧਿਆਪਕਾਂ ਦਾ ਤਨਖਾਹ ਸ਼ਡਿਊਲ ਸਹੀ ਕੀਤਾ ਜਾਵੇ ਕਿਉਂਕਿ ਬਹੁਤੇ ਜ਼ਿਲ੍ਹਿਆਂ ਨੂੰ ਹਰ ਮਹੀਨੇ ਤਨਖਾਹ ਬਜਟ ਇਕ ਇਕ ਮਹੀਨੇ ਕਰਕੇ ਹੀ ਜਾਰੀ ਕੀਤਾ ਜਾ ਰਿਹਾ ਹੈ ਜਿਸ ਕਾਰਨ ਅਧਿਆਪਕਾਂ ਨੂੰ ਤਨਖਾਹਾਂ ਲੇਟ ਪ੍ਰਾਪਤ ਹੋ ਰਹੀਆਂ ਹਨ ਜਿਸ ਕਾਰਨ ਬਹੁਤ ਅਧਿਆਪਕਾਂ ਜਿੰਨਾਂ ਦੀਆਂ ਮਕਾਨ ਦੀਆਂ ਕਿਸ਼ਤਾਂ ਲੇਟ ਹੋਣ ਕਾਰਣ ਬੈਂਕਾਂ ਵਲੋਂ ਡਿਫਾਲਟਰ ਘੋਸ਼ਿਤ ਹੋਣ ਤੋਂ ਘਬਰਾ ਰਹੇ ਹਨ। ਸਾਂਝਾ ਅਧਿਆਪਕ ਮੋਰਚਾ ਹਰ ਮਹੀਨੇ ਲਈ ਤਨਖਾਹ ਦਾ ਬਜਟ ਅਲਾਟ ਕਰਨ ਦਾ ਵੀ ਵਿਰੋਧ ਕਰਦਾ ਹੈ ਤੇ ਮੰਗ ਕਰਦਾ ਹੈ ਕਿ ਤਨਖਾਹਾਂ ਲਈ ਪੂਰੇ ਸੈਸ਼ਨ ਦਾ ਬਜਟ ਅਲਾਟ ਕੀਤਾ ਜਾਵੇ ਅਤੇ ਵਰਤਮਾਨ ਅਧਿਆਪਕ ਦੇ ਪਿਛਲੇ ਸਾਲਾਂ ਤੋਂ ਰੋਕੇ ਮੈਡੀਕਲ ਬਿੱਲਾਂ ਦਾ ਬਜਟ ਵੀ ਅਲਾਟ ਕੀਤਾ ਜਾਵੇ। ਇਸ ਮੌਕੇ ਤੀਰਥ ਸਿੰਘ ਬਾਸੀ, ਰਸ਼ਮਿੰਦਰਪਾਲ ਪਾਲ ਸੋਨੂੰ, ਗਨੇਸ਼ ਭਗਤ, ਬੂਟਾ ਰਾਮ, ਰਮਨ ਕੁਮਾਰ ਗੁਪਤਾ, ਮੰਗਤ ਸਿੰਘ ਭਾਰਤ ਭੂਸ਼ਨ ਸੁਖਵਿੰਦਰ ਸਿੰਘ ਮੱਕੜ, ਬੇਅੰਤ ਸਿੰਘ, ਵਿਜੇ ਕੁਮਾਰ, ਕੁਲਦੀਪ ਸਿੰਘ ਵਾਲੀਆ, ਵਿਦਿਆ ਸਾਗਰ, ਪੰਕਜ ਕੁਮਾਰ, ਮਨਜਿੰਦਰ ਸਿੰਘ, ਕੁਲਦੀਪ ਸਿੰਘ ਕੌੜਾ ਆਦਿ ਅਧਿਆਪਕ ਆਗੂ ਮੌਜੂਦ ਸਨ।

ਭੋਗਲ ਦਾਰਾ ਟਰੱਸਟ ਵੱਲੋਂ ਅੱਖਾਂ ਦਾ ਮੁਫਤ ਚੈਕਅੱਪ ਕੈਂਪ 12 ਨੂੰ

ਬਹਿਰਾਮ (ਅਵਤਾਰ ਕਲੇਰ) ਇਲਾਕੇ ਚ' ਸਮਾਜ ਸੇਵਾਵਾਂ ਨਿਭਾਆ ਰਹੇ 'ਭੋਗਲ ਦਾਰਾ ਚੈਰੀਟੇਬਲ ਟਰੱਸਟ' ਵਲੋਂ ਅੱਖਾਂ ਦਾ ਮੁਫਤ ਚੈਕ ਅੱਪ ਕੈਂਪ 12 ਫਰਵਰੀ ਨੂੰ ਗੁਰਦੁਆਰਾ ਸ਼ਹੀਦਾਂ ਸਿੰਘਾਂ ਸੂੰਢ-ਮਕਸੂਦਪੁਰ ਨੇੜੇ ਬਹਿਰਾਮ ਵਿਖੇ ਵਿਰਦੀ ਆਈ ਹਸਪਤਾਲ ਚਾਹਲ ਨਗਰ ਫਗਵਾੜਾ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਇਥੇ ਜਾਣਕਾਰੀ ਦਿੰਦਿਆਂ ਗੁਰਵਿੰਦਰ ਸਿੰਘ ਭੋਗਲ ਸੇਵਾ ਮੁਕਤ ਮੁੱਖ ਅਧਿਆਪਕ ਨੇ ਦੱਸਿਆ ਕਿ ਲੋੜਵੰਦ ਮਰੀਜਾਂ ਦੇ ਅੱਖਾਂ ਦੇ ਅਪ੍ਰੇਸ਼ਨ ਅਤੇ ਲੈਂਜ ਮੁਫਤ ਪਾਏ ਜਾਣਗੇ, ਐਨਕਾਂ ਅਤੇ ਦਵਾਈਆਂ ਮੁਫਤ ਦਿੱਤੀਆਂ ਜਾਣਗੀਆਂ। ਅਪ੍ਰੇਸ਼ਨਾਂ ਵਾਲੇ ਮਰੀਜਾਂ ਨੂੰ ਫਗਵਾੜਾ ਹਸਪਤਾਲ ਤੱਕ ਆਉਣ ਜਾਣ ਦਾ ਖਰਚਾ ਦਿੱਤਾ ਜਾਵੇਗਾ ਅਤੇ ਰਹਿਣਾ,ਖਾਣਾ ਮੁਫਤ ਟਰੱਸਟ ਵਲੋਂ ਹੋਵੇਗਾ । ਉਨਾਂ ਹੋਰ ਕਿਹਾ ਕਿ ਅੱਖਾਂ ਦੀਆਂ ਬਿਮਾਰੀਆਂ ਦੇ ਮਾਹਿਰ ਡਾ.ਜੀ.ਐਸ.ਵਿਰਦੀ ਆਪਣੀ ਟੀਮ ਦੇ ਸਹਿਯੋਗ ਨਾਲ ਅਪ੍ਰੇਸ਼ਨ ਕਰਨਗੇ । ਇਸ ਮੌਕੇ ਉਨ੍ਹਾ ਨਾਲ ਡਾ.ਮਧੂ ਭੋਗਲ, ਸਮਾਜ ਸੇਵਕ ਤਰਸੇਮ ਸਿੰਘ ਭੋਗਲ ਅਤੇ ਪਰਮਿੰਦਰ ਸਿੰਘ ਭੋਗਲ ਆਦਿ ਹਾਜ਼ਰ ਸਨ।

ਈ ਟੀ ਟੀ ਅਧਿਆਪਕ ਯੂਨੀਅਨ ਨੇ ਸਿੱਖਿਆ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ

ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)

ਈ.ਟੀ.ਟੀ.ਅਧਿਆਪਕ ਯੂਨੀਅਨ ਪੰਜਾਬ ਵੱਲੋਂ ਪੰਜਾਬ ਭਰ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਕੇ ਡੀ.ਈ.ਓਜ ਨੂੰ ਮੰਗ ਪੱਤਰ ਦੇਣ ਦੇ ਉਲੀਕੇ ਪ੍ਰੋਗਰਾਮ ਦੀ ਲੜੀ ਤਹਿਤ ਜ਼ਿਲ੍ਹਾ ਕਪੂਰਥਲਾ ਵਿੱਚ ਈ. ਟੀ.ਟੀ.ਅਧਿਆਪਕ ਯੂਨੀਅਨ ਕਪੂਰਥਲਾ ਦੇ ਆਗੂਆਂ ਵੱਲੋਂ ਮੰਗਾਂ ਸਬੰਧੀ ਅਗਲੇ ਸੰਘਰਸ਼ ਦੀ ਤਿਆਰੀ ਲਈ ਵਿਚਾਰ ਵਟਾਂਦਰੇ ਉਪਰੰਤ ਮੰਗਾਂ ਸਬੰਧੀ ਮੰਗ ਪੱਤਰ ਜ਼ਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਜਗਵਿੰਦਰ ਸਿੰਘ ਰਾਹੀਂ ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਨੂੰ ਭੇਜਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਰਛਪਾਲ ਸਿੰਘ ਵੜੈਚ,ਜ਼ਿਲ੍ਹਾ ਪ੍ਰਧਾਨ ਗੁਰਮੇਜ ਸਿੰਘ ਅਤੇ ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਸਿੰਘ ਥਿੰਦ ਨੇ ਕਿਹਾ ਕਿ ਛੇਵੇਂ ਪੇ ਕਮਿਸ਼ਨ ਦੇ ਲਾਗੂ ਹੋਣ ਤੋਂ ਬਾਅਦ ਅਧਿਆਪਕਾਂ ਦੀਆਂ ਤਨਖਾਹਾਂ ਵਿੱਚ ਅਨਾਮਲੀ ਪੈਦਾ ਹੋ ਗਈ ਹੈ। ਜੂਨੀਅਰ ਅਧਿਆਪਕਾਂ ਦੀ ਤਨਖਾਹ ਸੀਨੀਅਰ ਅਧਿਆਪਕਾਂ ਤੋਂ ਵੱਧ ਫਿਕਸ ਹੋਈ ਹੈ। ਇਹ ਅਨਾਮਲੀ ਦੂਰ ਕਰਨ ਦੀ ਮੰਗ ਪੂਰੀ ਕਰਨ, ਈ.ਟੀ.ਟੀ.ਤੋਂ ਮਾਸਟਰ ਕਾਡਰ ਪ੍ਰਮੋਸ਼ਨ ਪਿਛਲੇ ਪੰਜ ਸਾਲਾਂ ਤੋਂ ਬੰਦ ਹੈ , ਵਿਭਾਗ ਇਹ ਪ੍ਰਮੋਸ਼ਨਾਂ ਤੁਰੰਤ ਸ਼ੁਰੂ ਕਰੇ। ਤਨਖਾਹਾਂ ਸਬੰਧੀ ਬਜਟ ਹਰ ਮਹੀਨੇ ਖਤਮ ਹੋ ਜਾਂਦਾ ਹੈ, ਸਾਲ ਦਾ ਬਜਟ ਇੱਕੋ ਵਾਰ ਜਾਰੀ ਹੋਵੇ। ਬੰਦ ਕੀਤੇ ਭੱਤੇ ਬਹਾਲ ਕਰਨ,ਏ.ਸੀ.ਪੀ.ਸਕੀਮ ਸ਼ੁਰੂ ਕੀਤੀ ਜਾਵੇ। ਇਹਨਾਂ ਮੰਗਾਂ ਦੇ ਹੱਲ ਸਬੰਧੀ ਸਿੱਖਿਆ ਮੰਤਰੀ ਤੋਂ ਲੈ ਕੇ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਕਈ ਵਾਰ ਮੀਟਿੰਗਾਂ ਕਰ ਚੁੱਕੇ ਹਾਂ ਪਰ ਹਰ ਮੀਟਿੰਗ ਵਿੱਚ ਮੰਗਾਂ ਦੇ ਹੱਲ ਦਾ ਭਰੋਸਾ ਮਿਲਣ ਦੇ ਬਾਵਜੂਦ ਅਜੇ ਤੱਕ ਮਸਲੇ ਹੱਲ ਨਹੀਂ ਹੋਏ। ਜਿਸ ਕਾਰਨ ਮਜਬੂਰਨ ਜਥੇਬੰਦੀ ਨੂੰ ਸੰਘਰਸ਼ ਦਾ ਰਾਹ ਅਪਣਾਉਣਾ ਪੈ ਰਿਹਾ ਹੈ। ਯੂਨੀਅਨ ਦੁਆਰਾ ਦਿੱਤੇ ਮੰਗ ਪੱਤਰ ਨੂੰ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਨੰਦਾ ਧਵਨ ਵੱਲੋਂ ਲਿਆ ਗਿਆ। ਇਸ ਦੌਰਾਨ ਸੂਬਾ ਪ੍ਰਧਾਨ ਰਛਪਾਲ ਸਿੰਘ ਵੜੈਚ ਨੇ ਕਿਹਾ ਕਿ ਇਸੇ ਮਹੀਨੇ ਹੀ ਸੂਬਾ ਪੱਧਰੀ ਐਕਸ਼ਨ ਕੀਤਾ ਜਾਵੇਗਾ ਜਿਸ ਦੀ ਤਰੀਕ ਅਗਲੇ ਹਫਤੇ ਐਲਾਨੀ ਜਾਵੇਗੀ। ਇਸ ਮੌਕੇ ਤੇ ਗੁਰਮੇਜ ਸਿੰਘ ਤਲਵੰਡੀ ਚੌਧਰੀਆਂ ਜ਼ਿਲ੍ਹਾ ਪ੍ਰਧਾਨ, ਇੰਦਰਜੀਤ ਸਿੰਘ ਥਿੰਦ ਜ਼ਿਲ੍ਹਾ ਜਨਰਲ ਸਕੱਤਰ, ਲਕਸ਼ਦੀਪ ਸਰਮਾ, ਲਖਵਿੰਦਰ ਸਿੰਘ ਟਿੱਬਾ,ਦਲ ਸਿੰਘ, ਕੰਵਲਪ੍ਰੀਤ ਸਿੰਘ ਕੌੜਾ, ਪਰਮਿੰਦਰ ਸਿੰਘ ਟੋਡਰਵਾਲ,ਦੀਪਕ ਚਾਵਲਾ, ਅਮਨਦੀਪ ਸਿੰਘ ਖਿੰਡਾ , ਪਰਮਿੰਦਰ ਸਿੰਘ ਸੁਖੀਆ ਨੰਗਲ, ਇੰਦਰਜੀਤ ਸਿੰਘ ਗੋਪੀਪੁਰ, ਦਵਿੰਦਰ ਸਿੰਘ, ਯੋਗੇਸ ਸੌਰੀ, ਨਿਰਮਲ ਸਿੰਘ, ਸੁਖਦੇਵ ਸਿੰਘ,ਸਿੰਦਰ ਸਿੰਘ, ਗੁਰਪ੍ਰੀਤ ਸਿੰਘ,ਰੇਸ਼ਮ ਸਿੰਘ ਬੂੜੇਵਾਲ, ਸੁਖਵਿੰਦਰ ਸਿੰਘ ਕਾਲੇਵਾਲ, ਅਵਤਾਰ ਸਿੰਘ ਕੈਸ਼ੀਅਰ, ਪੰਕਜ ਮਰਵਾਹਾ ਆਦਿ ਹਾਜਰ ਸਨ।

ਅਣਪਛਾਤਿਆਂ ਨੇ ਪਿਓ-ਪੁੱਤ 'ਤੇ ਚਲਾਈਆਂ ਗੋਲੀਆਂ

ਜਲੰਧਰ (ਸ਼ੈਲੀ ਐਲਬਰਟ)

ਮਕਸੂਦਾਂ ਥਾਣੇ ਅਧੀਨ ਪੈਂਦੇ ਸ਼੍ਰੀ ਗੁਰੂ ਰਵਿਦਾਸ ਨਗਰ 'ਚ ਗੋਲੀਆਂ ਚੱਲਣ ਦਾ ਮਾਮਲਾ ਸਾਹਮਣੇ ਆਇਆ ਹੈ। ਗੋਲੀ ਲੱਗਣ ਨਾਲ ਇੱਕ ਵਿਅਕਤੀ ਜਖਮੀ ਹੋ ਗਿਆ ਜਿਸਦਾ ਨਾਂਅ ਸਤਨਾਮ ਲਾਲ ਦੱਸਿਆ ਗਿਆ ਹੈ। ਉਸ ਨੂੰ ਇਲਾਜ ਲਈ ਸਿਵਲ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਸਤਨਾਮ ਲਾਲ ਨੇ ਦੱਸਿਆ ਕਿ ਉਹ ਮਕਸੂਦਾਂ ਸਥਿਤ ਭਾਰਤ ਪੈਟਰੋਲੀਅਮ ਪੰਪ 'ਤੇ ਕੰਮ ਕਰਦਾ ਹੈ। ਪੰਪ ਤੋਂ ਛੁੱਟੀ ਮਿਲਣ ਤੋਂ ਬਾਅਦ ਉਹ ਆਪਣੇ ਲੜਕੇ ਨਾਲ ਰਾਤ ਘਰ ਆਇਆ। ਇਸੇ ਦੌਰਾਨ ਕੁਝ ਵਿਅਕਤੀ ਆਏ ਅਤੇ ਘਰ ਦਾ ਦਰਵਾਜਾ ਖੜਕਾਉਣ ਲੱਗੇ। ਲੜਕੇ ਨੇ ਦਰਵਾਜਾ ਖੋਲ੍ਹਿਆ ਤਾਂ ਹਮਲਾਵਰਾਂ ਨੇ ਉਸ ਉਪਰ ਹਮਲਾ ਕਰ ਦਿੱਤਾ। ਇਸ ਦੌਰਾਨ ਰੌਲਾ ਸੁਣ ਕੇ ਜਿਵੇਂ ਹੀ ਉਹ ਘਰੋਂ ਬਾਹਰ ਆਇਆ ਤਾਂ ਦੇਖਿਆ ਕਿ ਲੜਕੇ ਉਪਰ ਹਮਲਾ ਹੋ ਰਿਹਾ ਸੀ। ਜਿਵੇਂ ਹੀ ਉਸ ਨੇ ਲੜਕੇ ਨੂੰ ਹਮਲਾਵਰਾਂ ਤੋਂ ਛੁਡਾਉਣ ਦੀ ਕੋਸ਼ਿਸ਼ ਕੀਤੀ ਤਾਂ ਹਮਲਾਵਰਾਂ ਨੇ ਉਸ 'ਤੇ ਗੋਲੀਆਂ ਚਲਾ ਦਿੱਤੀਆਂ। ਇਸ ਹਮਲੇ ਵਿੱਚ ਉਹ ਜਖਮੀ ਹੋ ਗਿਆ ਅਤੇ ਹਮਲਾਵਰ ਫਰਾਰ ਹੋ ਗਏ। ਉਹ ਹਮਲਾਵਰਾਂ ਨੂੰ ਜਾਣਦਾ ਹੈ ਜਿਨ੍ਹਾਂ ਨੇ ਕਿਸੇ ਨਿੱਜੀ ਰੰਜਿਸ਼ ਦੇ ਚੱਲਦੇ ਹੋਣ ਕਰਕੇ ਹਮਲਾ ਕੀਤਾ ਹੈ। ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ 'ਤੇ ਅਹੀਰ ਪਰਵਾਰ ਵੱਲੋਂ ਕੀਰਤਨ ਦੀਵਾਨ

ਹੁਸ਼ਿਆਰਪੁਰ (ਓ ਪੀ ਰਾਣਾ)

ਜਗਤ ਗੁਰੂ ਸਾਹਿਬ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 646ਵੇਂ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਵਿੱਚ ਪਿੰਡ ਖਾਨਪੁਰ ਵਿਖੇ ਰਾਮ ਪ੍ਰਕਾਸ਼ ਅਹੀਰ, ਸ੍ਰੀਮਤੀ ਬਲਵੀਰ ਕੌਰ,ਲਖਵਿੰਦਰ ਅਹੀਰ ਯੂ.ਐਸ.ਏ, ਪ੍ਰਸ਼ੋਤਮ ਅਹੀਰ ਪ੍ਰਧਾਨ ਸੰਯੁਕਤ ਸਮਾਜ ਮੋਰਚਾ ਪੰਜਾਬ ਲੇਬਰਵਿੰਗ,ਹਰਪ੍ਰੀਤ ਅਹੀਰ,ਸੋਢੀ ਅਹੀਰ ਦੇ ਗ੍ਰਹਿ ਵਿਖੇ ਸ਼ਾਮ ਦੇ ਕੀਰਤਨ ਦੀਵਾਨ ਸਜਾਏ ਗਏ, ਜਿਸ ਵਿੱਚ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ, ਸੰਤੋਸ਼ ਕੁਮਾਰੀ ਪ੍ਰਧਾਨ ਨਾਰੀ ਸ਼ਕਤੀ ਫਾਊਡੇਸ਼ਨ ਅਤੇ ਇਲਾਕੇ ਦੀਆਂ ਧਾਰਮਿਕ,ਸਮਾਜਿਕ ਤੇ ਰਾਜਨੀਤਕ ਸ਼ਖਸੀਅਤਾਂ ਨੇ ਹਾਜਰੀ ਭਰੀ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਤੋਂ ਉਪਰੰਤ ਸੰਤ ਨਿਰਮਲ ਦਾਸ ਬਾਬੇਜੌੜੇ,ਬਾਬਾ ਪਰਮਿੰਦਰ ਸਿੰਘ ਡਗਾਣਾ,ਵਿਜੇ ਖਾਨਪੁਰੀ ਦੇ ਜਥਿਆਂ ਨੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਗੁਣਗਾਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮੇਂ ਸੰਤ ਬਾਬਾ ਨਿਰਮਲ ਦਾਸ ਨੇ ਵਿਚਾਰਾਂ ਦੀ ਸਾਂਝ ਪਾਉਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਉਪਦੇਸ਼ "ਸਤਿਸੰਗਤ ਮਿਲਿ ਰਹੀਏ ਮਾਧੋ" ਤੋਂ ਪ੍ਰੇਰਨਾ ਲੈ ਕੇ ਸਮਾਜ ਵਿੱਚ ਏਕਤਾ,ਭਾਈਚਾਰਾ ਅਤੇ ਅਮਨ ਸ਼ਾਂਤੀ ਵਾਲਾ ਮਹੌਲ ਬਣਾ ਕੇ ਰਖਣਾ ਚਾਹੀਦਾ ਹੈ। ਉਨਾਂ ਕਿਹਾ ਗੁਰੂ ਜੀ ਦੱਸੇ "ਬੇਗਮਪੁਰਾ ਸ਼ਹਿਰ" ਦੇ ਅਸੀਂ ਤਾਂ ਹੀ ਵਸਨੀਕ ਹੋ ਸਕਦੇ ਹਾਂ ਜੇਕਰ ਉਨਾਂ ਦੀ ਕ੍ਰਾਂਤੀਕਾਰੀ ਸ਼ੰਘਰਸ਼ਮਈ ਬਾਣੀ ਨੂੰ ਆਪਣੇ ਜੀਵਨ ਵਿੱਚ ਲਾਗੂ ਕਰਨ ਦਾ ਨਿਸ਼ਚਾ ਕਰੀਏ। ਉਨਾਂ ਕਿਹਾ ਕਿ ਬੇਗਮਪੁਰਾ ਇਥੇ ਹੀ ਵਸੇਗਾ ਜਿਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਅਤ ਕਰਨਾ ਪਵੇਗਾ। ਉਨਾਂ ਸ੍ਰੀ ਚਰਨਛੋਹ ਗੰਗਾ ਖੁਰਾਲਗੜ ਸਾਹਿਬ ਵਿਖੇ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਵਲੋਂ ਬਣਨ ਵਾਲੇ ਵਿਸ਼ਾਲ ਸੁੰਦਰ ਸਕੂਲ ਲਈ ਪੜ੍ਹੇ ਲਿਖੇ ਬੁੱਧੀਜੀਵੀ ਵਰਗ ਨੂੰ ਅੱਗੇ ਆਉਣ ਦੀ ਅਪੀਲ ਕੀਤੀ। ਇਸ ਸਮੇਂ ਸੰਤੋਸ਼ ਕੁਮਾਰੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਦੀ ਸੋਚ 'ਤੇ ਪਹਿਰਾ ਦੇਣ ਲਈ ਬਾਬਾ ਸਾਹਿਬ ਅੰਬੇਡਕਰ ਦੇ "ਪੜ੍ਹੋ ਜੁੜੋ ਤੇ ਸ਼ੰਘਰਸ਼ ਕਰੋ" ਦੇ ਮਿਸ਼ਨ ਤੇ ਚੱਲਣਾ ਚਾਹੀਦਾ ਹੈ। ਇਸ ਮੌਕੇ ਪ੍ਰਸ਼ੋਤਮ ਅਹੀਰ ਤੇ ਪਰਵਾਰ ਵਲੋਂ ਸੰਤਾਂ, ਮਹਾਂਪੁਰਸ਼ਾਂ, ਧਾਰਮਿਕ, ਸਮਾਜਿਕ ਤੇ ਰਾਜਨੀਤਕ ਸ਼ਖਸ਼ੀਅਤਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਸਿਰਪਾਉ ਭੇਟ ਕਰਕੇ ਸਨਮਾਨਿਤ ਕੀਤਾ। ਇਸ ਸਮੇਂ ਠੇਕੇਦਾਰ ਭਗਵਾਨ ਦਾਸ ਸਿੱਧੂ, ਡਾ.ਐਸ ਪੀ ਸਿੰਘ, ਇੰਦਰਜੀਤ ਬੱਧਣ, ਕੈਪਟਨ ਹੀਰਾ, ਡਾ.ਸੁਰਿੰਦਰ ਕੁਮਾਰ, ਨਰਿੰਦਰ ਮਿੱਡਾ, ਡਾ.ਅਮਨ, ਵਰਿੰਦਰ ਬੱਧਣ, ਹਰਦੀਪ ਹੈਰੀ, ਸਾਬੀ ਸਤੌਰ, ਸੁਰਿੰਦਰ ਸਰਪੰਚ,ਬਲਵੀਰ ਸਰਪੰਚ, ਇੰਦਰਜੀਤ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼ਤੀਸ ਕੁਮਾਰ, ਸੁਖਵਿੰਦਰ ਲੰਬੜ, ਨਤਿੰਦਰ ਸਿੱਧੂ, ਤਰਨ ਅਹੀਰ ਭੂੰਗਾ, ਸੁਨੀਲ ਅਹੀਰ, ਜਤਿੰਦਰ ਅਹੀਰ ਬੱਲੀ, ਮੋਹਿਤ ਰੋਕ, ਕਮਲ ਅਹੀਰ ਕੈਰੀ, ਜਸਵੀਰ ਬੈਂਸ, ਦਲੀਪ ਚੰਦ ਅਹੀਰ, ਰਾਮਜੀ ਅਹੀਰ, ਹਰਬੰਸ ਅਹੀਰ,ਰਾਜ ਕੁਮਾਰ, ਮਹਿੰਦਰ ਅਹੀਰ ਵੀ ਹਾਜਰ ਸਨ।

ਸਾਖਪੁਰ ਵਿਖੇ ਪੰਜਵਾਂ ਮਹਾਂਸ਼ਿਵਰਾਤਰੀ ਸਮਾਗਮ 19 ਨੂੰ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)- ਬਲਾਕ ਨੂਰਪੁਰਬੇਦੀ ਦੇ ਪਿੰਡ ਸਾਖਪੁਰ ਵਿੱਚ ਡੇਰਾ ਅਰਧ ਨਾਰੀ ਈਸ਼ਵਰ ਮਹਾਦੇਵ ਵਿਖੇ ਸ੍ਰੀ ਪੰਚ ਦਸਨਾਮ ਕਿਨਰ ਅਖਾੜਾ ਅਤੇ ਮਹਾਂ ਸ਼ਿਵਰਾਤਰੀ ਸਮਾਗਮ ਮਿਤੀ 19 ਫਰਵਰੀ ਨੂੰ ਮਨਾਇਆ ਜਾ ਰਿਹਾ ਹੈ। ਡੇਰਾ ਪ੍ਰਬੰਧਕ ਮਹੰਤ ਕੇਸਰ ਗਿਰੀ ਅਤੇ ਮਹੰਤ ਮੰਗਲ ਗਿਰੀ ਉਰਫ ਮੰਗਾ ਬਾਬਾ ਕਿ ਦੱਸਿਆ ਕਿ 19 ਫਰਵਰੀ ਨੂੰ ਝੰਡੇ ਦੀ ਰਸਮ ਸਵੇਰੇ 11 ਵਜੇ ਅਤੇ ਸੰਤਾਂ ਦੀ ਪੰਗਤ ਦੁਪਹਿਰ 12 ਵਜੇ ਹੋਵੇਗੀ। ਇਸ ਤੋਂ ਬਾਅਦ ਵੱਖ ਵੱਖ ਨਾਮਵਾਰ ਕਲਾਕਾਰ, ਜਿਨਾਂ ਵਿੱਚ ਸੰਦੀਪ ਉਦਨੇਵਾਲੀਆ, ਉਂਕਾਰ ਘਈ, ਮਾਸਟਰ ਰਾਜੂ ਦਿਨ ਵੇਲੇ ਅਤੇ ਬੱਲੀ ਬੈਂਸ ਕਵਾਲ ਪਾਰਟੀ, ਮੂਲਾ ਡੱਲੇਵਾਲੀਆ ਨਕਲ ਪਾਰਟੀ ਵਲੋਂ ਦੇਰ ਰਾਤ ਤੱਕ ਆਪਣਾ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ । ਉਪਰੰਤ ਭੋਲੇ ਦਾ ਲੰਗਰ ਵੀ ਅਤੁੱਟ ਵਰਤਾਇਆ ਜਾਵੇਗਾ।

ਭਾਰਤੀ ਜੀਵਨ ਨਿਗਮ ਦੇ ਦਫਤਰ ਅੱਗੇ ਕੀਤਾ ਪ੍ਰਦਰਸ਼ਨ

ਰੋਪੜ (ਬਿੰਦਰਾ)-ਅਡਾਨੀ ਗਰੁੱਪ ਦੇ ਮੁੱਦੇ 'ਤੇ ਜ਼ਿਲ੍ਹਾ ਕਾਂਗਰਸ ਕਮੇਟੀ ਵੱਲੋਂ ਭਾਰਤੀ ਜੀਵਨ ਨਿਗਮ ਦੇ ਦਫਤਰ ਅੱਗੇ ਪ੍ਰਦਰਸ਼ਨ ਕੀਤਾ ਗਿਆ। ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਜੈਲਦਾਰ ਸਤਿੰਦਰ ਸਿੰਘ ਚੈੜੀਆਂ ਦੀ ਅਗਵਾਈ ਵਿੱਚ ਸੈਂਕੜੇ ਵਰਕਰ ਸ਼ਾਮਲ ਹੋਏ। ਜਿਨ੍ਹਾਂ ਵਿਚ ਨਗਰ ਪਾਲਿਕਾ ਦੇ ਮੈਂਬਰ , ਬਲਾਕ ਕਾਂਗਰਸ ਦੇ ਅਹੁਦੇਦਾਰ ਜ਼ਿਾ ਕਾਂਗਰਸ ਦੇ ਸਾਬਕਾ ਪ੍ਰਧਾਨ ਤੇ ਅਹੁਦੇਦਾਰ ਸ਼ਾਮਲ ਸਨ। ਪ੍ਰਦਰਸ਼ਨਕਾਰੀ ਅਡਾਨੀ ਕਾਂਡ ਦੀ ਜਾਂਚ ਕਰਵਾਉਣ ਦੀ ਮੰਗ ਕਰ ਰਹੇ ਸਨ।

ਨਹੀਂ ਰਹੇ ਸਾਬਕਾ ਮੇਅਰ ਸੁਨੀਲ ਜੋਤੀ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)- ਸ਼ਹਿਰ ਦੇ ਸਾਬਕਾ ਮੇਅਰ ਅਤੇ ਭਾਜਪਾ ਦੇ ਸੀਨੀਅਰ ਆਗੂ ਸੁਨੀਲ ਜੋਤੀ ਦਾ ਦੇਹਾਂਤ ਹੋ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਉਹ ਲੰਬੇ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਜਿਨ੍ਹਾਂ ਦੀ ਹਸਪਤਾਲ ਵਿੱਚ ਅਚਾਨਕ ਮੌਤ ਹੋ ਗਈ। ਜ਼ਿਕਰਯੋਗ ਹੈ ਕਿ ਹਿਮਾਚਲ ਪ੍ਰਦੇਸ਼ 'ਚ ਚੋਣ ਪ੍ਰਚਾਰ ਦੌਰਾਨ ਉਨ੍ਹਾਂ ਨੂੰ ਦਿਲ ਦੀ ਸਮੱਸਿਆ ਹੋ ਗਈ ਸੀ। ਉਦੋਂ ਤੋਂ ਉਹ ਬੀਮਾਰ ਚੱਲ ਰਹੇ ਸਨ। ਭਾਜਪਾ ਵਿੱਚ ਸ਼ੋਕ ਦੀ ਲਹਿਰ ਹੈ।

ਗੁਰੂ ਰਵਿਦਾਸ ਜੀ ਦਾ 646ਵਾਂ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਮੋਹਾਲੀ, (ਗੁਰਜੀਤ ਬਿੱਲਾ)

ਸ੍ਰੀ ਗੁਰੂ ਰਵਿਦਾਸ ਜੀ ਦਾ 646ਵਾਂ ਪ੍ਰਕਾਸ਼ ਪੁਰਬ ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ, ਫੇਜ਼-7, ਮੋਹਾਲੀ ਵਲੋਂ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਦੌਰਾਨ ਸਵੇਰੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਇਸ ਮੌਕੇ ਪ੍ਰਸਿੱਧ ਕੀਰਤਨੀਏ ਜੱਥਿਆਂ ਅਤੇ ਗੁਰੂ ਘਰ ਦੀਆਂ ਬੀਬੀਆਂ ਦੇ ਮਾਤਾ ਕਲਸੀ ਇਸਤਰੀ ਸਤਿਸੰਗ ਸਭਾ ਅਤੇ ਮਾਤਾ ਲੋਟਾ ਇਸਤਰੀ ਜੱਥੇ ਵਲੋਂ ਆਪਣੇ ਮਨੋਹਰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਵਿਚ ਕੁਲਵੰਤ ਸਿੰਘ ਵਿਧਾਇਕ ਮੋਹਾਲੀ ਵਲੋਂ ਵਿਸ਼ੇਸ਼ ਤੌਰ ਉਤੇ ਸ਼ਿਰਕਤ ਕੀਤੀ ਗਈ। ਉਨ੍ਹਾਂ ਸੰਗਤ ਨੂੰ ਸੰਬੋਧਨ ਕਰਦਿਆਂ ਗੁਰੂ ਜੀ ਵਲੋ. ਗੁਰਬਾਣੀ ਰਾਹੀਂ ਦਿੱਤੀ ਸਿੱਖਿਆ ਉਤੇ ਚੱਲਣ ਲਈ ਅਪੀਲ ਕੀਤੀ। ਸਮਾਗਮ ਦੀ ਪ੍ਰਧਾਨਗੀ ਡਾ. ਟੀ.ਆਰ. ਸਰੰਗਲ ਆਈਏਐਸ ਪ੍ਰਿੰਸੀਪਲ ਸੈਕਟਰੀ (ਰਿਟਾ:) ਪੰਜਾਬ ਸਰਕਾਰ ਵਲੋਂ ਕੀਤੀ ਗਈ। ਬਲਬੀਰ ਸਿੰਘ ਸਿੱਧੂ ਸਾਬਕਾ ਮੰਤਰੀ ਪੰਜਾਬ, ਹੁਸਨ ਲਾਲ ਆਈਏਐਸ (ਰਿਟਾ:) ਪ੍ਰਿੰਸੀਪਲ ਸੈਕਟਰੀ ਟੂ ਮੁੱਖ ਮੰਤਰੀ ਪੰਜਾਬ, ਆਰ.ਐਸ. ਕਲਸੀਆਂ ਆਈਏਐਸ (ਰਿਟਾ:) ਅਤੇ ਸੰਜੀਵ ਵਸ਼ਿਸ਼ਟ ਪ੍ਰਧਾਨ ਭਾਜਪਾ ਮੋਹਾਲੀ ਵਲੋਂ ਵੀ ਗੁਰੂ ਘਰ ਵਿਚ ਹਾਜ਼ਰੀ ਲਵਾਈ ਗਈ। ਇਸ ਦੌਰਾਨ ਸਭਾ ਦੇ ਸਮੂਹ ਮੈਂਬਰਾਂ ਅਤੇ ਅਹੁਦੇਦਾਰਾਂ ਵਲੋਂ ਸਮਾਗਮ ਦੇ ਚੱਲ ਰਹੇ ਕਾਰਜਾਂ ਨੂੰ ਉਤਸ਼ਾਹ ਤੇ ਤਨਦੇਹੀ ਨਾਲ ਨਿਭਾਇਆ ਗਿਆ। ਸਟੇਜ਼ ਸਕੱਤਰ ਦੀ ਭੂਮਿਕਾ ਜੇਆਰ ਕਾਹਲ ਵਲੋਂ ਨਿਭਾਈ ਗਈ।

ਡੂਮੇਵਾਲ, ਪਚਰੰਡਾ ਤੇ ਝੱਜ 'ਚ ਮੁਸ਼ਕਲਾਂ ਤੇ ਸ਼ਿਕਾਇਤਾਂ ਸੰਬੰਧੀ ਕੈਂਪ ਭਲਕੇ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)

ਆਮ ਲੋਕਾਂ ਦੀਆ ਮੁਸ਼ਕਿਲਾਂ ਤੇ ਸ਼ਿਕਾਇਤਾਂ ਸਬੰਧੀ ਜਨ ਸੁਣਵਾਈ ਕੈਂਪ 9 ਫਰਵਰੀ ਨੂੰ ਬਾਅਦ ਦੁਪਹਿਰ ਕਲਸੇੜਾ ਅਤੇ ਬਾਸ ਵਿਚ ਲਗਾਇਆ ਜਾਵੇਗਾ। ਜਿਸ ਵਿਚ ਨਿਯਮਾਂ ਅਨੁਸਾਰ ਮੌਕੇ 'ਤੇ ਹੀ ਸਮੱਸਿਆਵਾਂ ਦਾ ਨਿਪਟਾਰਾ ਕਰਨ ਨੂੰ ਤਰਜੀਹ ਦਿੱਤੀ ਜਾਵੇਗੀ। ਇਹ ਜਾਣਕਾਰੀ ਮਨੀਸ਼ਾ ਰਾਣਾ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਇੱਥੇ ਦਿੱਤੀ। ਉਨ੍ਹਾਂ ਨੇ ਦੱਸਿਆ ਕਿ ਇਹ ਕੈਂਪ 9 ਫਰਵਰੀ ਨੂੰ 11 ਤੋਂ 12 ਵਜੇ ਤੱਕ ਲੱਗੇਗਾ। ਇਸ ਵਿਚ ਤਹਿਸੀਲਦਾਰ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਅਨੰਦਪੁਰ ਸਾਹਿਬ, ਬਾਲ ਵਿਕਾਸ ਅਤੇ ਪ੍ਰੋਜੈਕਟ ਅਫਸਰ, ਉਪ ਮੰਡਲ ਇੰਜੀਨੀਅਰ ਲੋਕ ਨਿਰਮਾਣ ਵਿਭਾਗ, ਭ ਤੇ ਮ, ਪ੍ਰਾਂਤਕ ਸ਼ਾਖਾ, ਉਪ ਮੰਡਲ ਇੰਜੀਨੀਅਰ ਵਾਟਰ ਸਪਲਾਈ ਅਤੇ ਸੈਨੀਟੇਸ਼ਨ, ਕਾਰਜਕਾਰੀ ਇੰਜੀਨਿਅਰ ਪੰਜਾਬ ਸਟੇਟ ਪਾਵਰਕਾਰਪੋਰੇਸ਼ਨ ਲਿ., ਸਹਾਇਕ ਖੁਰਾਕ ਤੇ ਸਪਲਾਈ ਅਫਸਰ, ਸੀਨੀਅਰ ਮੈਡੀਕਲ ਅਫਸਰ, ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾ ਆਪਣੇ ਆਪਣੇ ਵਿਭਾਗਾਂ ਨਾਲ ਸਬੰਧਿਤ ਲੋਕਾਂ ਦੀਆ ਮੁਸ਼ਕਿਲਾਂ ਦਾ ਨਿਪਟਾਰਾ ਕਰਨਗੇ।

ਜਿੰਪਾ ਨੇ ਪ੍ਰਕਾਸ਼ ਪੁਰਬ ਸੰਬੰਧੀ ਵੱਖ-ਵੱਖ ਧਾਰਮਿਕ ਸਮਾਗਮਾਂ 'ਚ ਭਰੀ ਹਾਜ਼ਰੀ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਬੀਤੇ ਦਿਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਲਕਾ ਹੁਸ਼ਿਆਰਪੁਰ ਦੇ ਵੱਖ-ਵੱਖ ਇਲਾਕਿਆਂ ਵਿਚ ਹੋਏ ਧਾਰਮਿਕ ਸਮਾਗਮਾਂ ਵਿਚ ਹਾਜ਼ਰੀ ਭਰੀ। ਇਸ ਦੌਰਾਨ ਉਨ੍ਹਾਂ ਪੁਰਹੀਰਾਂ, ਰਹੀਮਪੁਰ, ਭੀਮ ਨਗਰ, ਪਿੰਡ ਠਰੋਲੀ, ਡੱਲੇਵਾਲ, ਬਜਵਾੜਾ, ਥੱਥਲ, ਸ਼ੇਰਪੁਰ ਬਾਹਤੀਆਂ ਅਤੇ ਹੋਰਨਾਂ ਥਾਵਾਂ 'ਤੇ ਆਯੋਜਿਤ ਧਾਰਮਿਕ ਸਮਾਗਮਾਂ ਵਿਚ ਸ਼ਿਰਕਤ ਕਰਦਿਆਂ ਗੁਰੂ ਮਹਾਰਾਜ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਸੰਗਤਾਂ ਨੂੰ ਸ਼੍ਰੀ ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਜੀ ਨੇ ਮਾਨਵਤਾ, ਸਮਾਜਿਕ ਸਦਭਾਵਨਾ, ਭਾਈਚਾਰੇ ਤੇ ਸਮਾਨਤਾ ਦਾ ਸੰਦੇਸ਼ ਦਿੱਤਾ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਨੇ ਇਕ ਐਸੇ ਆਦਰਸ਼ ਸਮਾਜ ਦਾ ਸੰਕਲਪ ਪੇਸ਼ ਕੀਤਾ, ਜਿਥੇ ਕਿਸੇ ਨੂੰ ਕਿਸੇ ਕਿਸਮ ਦੇ ਦੁੱਖ ਵਿਚੋਂ ਨਹੀਂ ਲੰਘਣਾ ਪੈਂਦਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਅਤੇ ਫਲਸਫੇ 'ਤੇ ਆਧਾਰਿਤ ਸਮਾਜ ਦੀ ਉਸਾਰੀ ਲਈ ਪ੍ਰਤੀਬੱਧ ਹੈ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆਦਰਸ਼ਾਂ ਨੂੰ ਅਪਨਾਉਣ ਦੀ ਜ਼ਰੂਰਤ ਹੈ, ਕਿਉਂਕਿ ਉਨ੍ਹਾਂ ਨੇ ਬਿਨ੍ਹਾਂ ਭੇਦਭਾਵ ਦੇ ਭਾਈਚਾਰੇ ਦਾ ਸੰਦੇਸ਼ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮਹਾਨ ਗੁਰੂਆਂ, ਸੰਤਾਂ ਤੇ ਮਹਾਪੁਰਸ਼ਾਂ ਦੀਆਂ ਸਿੱਖਿਆ ਦੇ ਪ੍ਰਚਾਰ ਪ੍ਰਸਾਰ ਲਈ ਵਚਨਬੱਧ ਹੈ। ਇਸ ਮੌਕੇ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ ਤੋਂ ਇਲਾਵਾ ਬਿੰਦੂ ਸ਼ਰਮਾ, ਮੁਨੀਸ਼ ਸ਼ਰਮਾ, ਧੀਰਜ ਕੁਮਾਰ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

ਸੇਂਟ ਸੋਲਜਰ ਦੇ ਵਿਦਿਆਰਥੀਆਂ ਨੇ ਕਿਹਾ ਵੈਲਕਮ ਸਪਰਿੰਗ

ਜਲੰਧਰ (ਇਕਬਾਲ ਸਿੰਘ ਉੱਭੀ)

ਜਲੰਧਰ, 06 ਫਰਵਰੀ :- ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਮੁੱਖ ਕੈਂਪਸ ਸਕੂਲ ਬ੍ਰਾਂਚ 'ਚ "ਸਪਰਿੰਗ ਸੈਸ਼ਨ" ਕਰਵਾਇਆ ਗਿਆ ਜਿਸ ਵਿੱਚ ਨੰਨ੍ਹੇਂ ਵਿਦਿਆਰਥੀ ਰੰਗ-ਬਿਰੰਗੇ ਫੁੱਲਾਂ ਦੀ ਸਜਾਵਟ ਵਿੱਚ ਸਜੇ ਸੰਸਥਾ ਵਿੱਚ ਆਏ। ਪ੍ਰਿੰਸੀਪਲ ਰੀਨਾ ਅਗਨੀਹੋਤਰੀ ਦੀ ਅਗਵਾਈ 'ਚ ਵਿਦਿਆਰਥੀਆਂ ਜੈਸਮੀਨ, ਮੋਨਿਕਾ, ਸ਼ਰਵੀਨ, ਰਹਿਮਤ, ਹਰਮਨ, ਜਸਕੀਰਤ, ਗੁਰਕੀਰਤ, ਦਿਵਯਾਂਸ਼ੂ, ਮੁਸਕਾਨਪ੍ਰੀਤ, ਅੰਸ਼, ਭਾਵੇਸ਼, ਕਾਰਤਿਕ, ਹਿਮਾਂਕ, ਰੋਸ਼ਨੀ ਆਦਿ ਨੇ ਫੁੱਲਾਂ ਅਤੇ ਰੁੱਖ ਬਣ ਕੇ ਸਪਰਿੰਗ ਰੁੱਤ ਦਾ ਸਵਾਗਤ ਕੀਤਾ। ਰੰਗੀਨ ਫੁੱਲ ਦੇਖ ਕੇ ਵਾਇਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਕਿਹਾ ਕਿ ਬੱਚੇ ਵੀ ਫੁੱਲਾਂ ਵਰਗੇ ਹੁੰਦੇ ਹਨ, ਇਸੇ ਕਰਕੇ ਉਨ੍ਹਾਂ ਦੇ ਨਾਲ ਰੁੱਖ ਅਤੇ ਫੁੱਲ ਹੋਰ ਵੀ ਵਧੀਆ ਲੱਗਦੇ ਹਨ। ਬਸੰਤ ਰੁੱਤ ਵਿੱਚ ਵਾਤਾਵਰਨ ਬਹੁਤ ਸੋਹਣਾ ਲੱਗਦਾ ਹੈ, ਇਸ ਲਈ ਇਸ ਦੀ ਸੁੰਦਰਤਾ ਨੂੰ ਵਧਾਉਣ ਲਈ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ।

ਖੇਡ ਮੰਤਰੀ ਮੀਤ ਹੇਅਰ ਵੱਲੋਂ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਦਾ ਸਨਮਾਨ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬ ਦੇ ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਆਪਣੀ ਸਰਕਾਰੀ ਰਿਹਾਇਸ਼ ਵਿਖੇ ਭਾਰਤੀ ਹਾਕੀ ਟੀਮ ਦੇ ਖਿਡਾਰੀਆਂ ਦਾ ਸਨਮਾਨ ਕਰਦਿਆਂ ਆਖਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਜਲਦ ਹੀ ਓਲੰਪਿਕ ਤਮਗ਼ਾ ਜੇਤੂ ਹਾਕੀ ਖਿਡਾਰੀਆਂ ਨੂੰ ਦਰਜਾ ਇਕ ਦੀਆਂ ਨੌਕਰੀਆਂ ਦੇ ਨਿਯੁਕਤੀਆਂ ਪੱਤਰ ਸੌਂਪਣਗੇ। ਹੇਅਰ ਨੇ ਕਿਹਾ ਕਿ ਭਗਵੰਨ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਪੰਜਾਬ ਨੂੰ ਖੇਡਾਂ ਵਿੱਚ ਮੋਹਰੀ ਬਣਾਉਣ ਲਈ ਕੋਈ ਕਸਰ ਨਹੀਂ ਬਾਕੀ ਛੱਡੇਗੀ ਅਤੇ ਹਾਕੀ ਦੀ ਨਰਸਰੀ ਵਜੋਂ ਜਾਣਿਆ ਜਾਂਦਾ ਸੂਬਾ ਪੰਜਾਬ ਇਸ ਖੇਡ ਵਿੱਚ ਦੇਸ਼ ਦੀ ਅਗਵਾਈ ਕਰੇਗਾ। ਉਨ੍ਹਾਂ ਸੂਬੇ ਵਿੱਚ ਹਾਕੀ ਖੇਡ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਖਿਡਾਰੀਆਂ ਦੇ ਸੁਝਾਅ ਵੀ ਮੰਗੇ। ਹਾਕੀ ਖੇਡ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਸੂਬੇ ਵਿੱਚ ਹਾਕੀ ਲੀਗ ਸ਼ੁਰੂ ਕਰਨ ਬਾਰੇ ਵੀ ਵਿਚਾਰਾਂ ਕੀਤੀਆਂ। ਉਨ੍ਹਾਂ ਨੇ ਕਿਹਾ ਕਿ ਪੰਜਾਬ ਲਈ ਮਾਣ ਵਾਲੀ ਗੱਲ ਹੈ ਕਿ ਟੀਮ ਵਿੱਚ ਕਪਤਾਨ ਸਮੇਤ ਸੂਬੇ ਦੇ 10 ਖਿਡਾਰੀ ਹਨ। ਖਿਡਾਰੀਆਂ ਨੂੰ ਇਸ ਸਾਲ ਹੋਣ ਵਾਲੀਆਂ ਏਸ਼ਿਆਈ ਖੇਡਾਂ ਅਤੇ ਅਗਲੇ ਸਾਲ ਹੋਣ ਵਾਲੀਆਂ ਪੈਰਿਸ ਓਲੰਪਿਕ ਖੇਡਾਂ ਲਈ ਸ਼ੁੱਭਕਾਮਨਾਵਾਂ ਵੀ ਦਿੱਤੀਆਂ। ਵਿਸ਼ਵ ਕੱਪ ਵਿੱਚ ਨਤੀਜੇ ਆਸ ਅਨੁਸਾਰ ਨਾ ਆਉਣ 'ਤੇ ਉਨ੍ਹਾਂ ਖਿਡਾਰੀਆਂ ਨੂੰ ਹਿੰਮਤ ਨਾ ਹਾਰਨ ਦੀ ਸਲਾਹ ਦਿੰਦਿਆਂ ਕਿਹਾ ਕਿ ਜਿੱਤ-ਹਾਰ ਖੇਡ ਦਾ ਹਿੱਸਾ ਹੈ। ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਨੇ ਖੇਡ ਮੰਤਰੀ ਨੂੰ ਵਿਸ਼ਵਾਸ ਦਿਵਾਇਆ ਕਿ ਆਉਣ ਵਾਲੇ ਮੁਕਾਬਲਿਆਂ ਵਿੱਚ ਦੇਸ਼ ਤੇ ਸੂਬੇ ਦਾ ਨਾਂਅ ਰੌਸ਼ਨ ਕਰਨ ਅਤੇ ਆਪਣਾ ਪ੍ਰਦਰਸ਼ਨ ਹੋਰ ਬਿਹਤਰ ਕਰਨ ਲਈ ਜੀਅ ਤੋੜ ਯਤਨ ਕਰਨਗੇ। ਟੀਮ ਦੇ ਮਿਡਫੀਲਡਰ ਅਤੇ ਓਲੰਪਿਕ ਖੇਡਾਂ ਵਿੱਚ ਭਾਰਤ ਦੇ ਕਪਤਾਨ ਰਹੇ ਮਨਪ੍ਰੀਤ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨ ਉਤੇ ਧੰਨਵਾਦ ਕੀਤਾ। ਖੇਡ ਮੰਤਰੀ ਵੱਲੋਂ ਭਾਰਤੀ ਹਾਕੀ ਟੀਮ ਦਾ ਹਿੱਸਾ ਪੰਜਾਬੀ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ, ਜਿਨ੍ਹਾਂ ਵਿੱਚ ਕਪਤਾਨ ਹਰਮਨਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਮਨਦੀਪ ਸਿੰਘ, ਹਾਰਦਿਕ ਸਿੰਘ, ਅਕਾਸ਼ਦੀਪ ਸਿੰਘ, ਵਰੁਣ ਕੁਮਾਰ, ਸ਼ਮਸ਼ੇਰ ਸਿੰਘ, ਕ੍ਰਿਸ਼ਨ ਪਾਠਕ, ਸੁਖਜੀਤ ਸਿੰਘ ਸ਼ਾਮਲ ਸਨ। ਇਸ ਮੌਕੇ ਓਲੰਪਿਕ ਤਮਗ਼ਾ ਜਿੱਤਣ ਵਾਲੇ ਖਿਡਾਰੀਆਂ ਰੁਪਿੰਦਰ ਪਾਲ ਸਿੰਘ, ਦਿਲਪ੍ਰੀਤ ਸਿੰਘ ਤੇ ਸਿਮਰਨਜੀਤ ਸਿੰਘ ਦਾ ਵੀ ਸਨਮਾਨ ਕੀਤਾ ਗਿਆ। ਹਾਕੀ ਖਿਡਾਰੀਆਂ ਵੱਲੋਂ ਖੇਡ ਮੰਤਰੀ ਨੂੰ ਆਪਣੇ ਆਟੋਗ੍ਰਾਫ ਵਾਲੀ ਟੀ ਸਰਟ ਤੇ ਹਾਕੀ ਸਟਿੱਕ ਭੇਂਟ ਕੀਤੀ ਗਈ। ਇਸ ਮੌਕੇ ਪ੍ਰਮੁੱਖ ਸਕੱਤਰ ਰਾਜ ਕਮਲ ਚੌਧਰੀ ਤੇ ਡਾਇਰੈਕਟਰ ਅਮਿਤ ਤਲਵਾੜ ਵੀ ਹਾਜ਼ਰ ਸਨ।

ਖੋਥੜਾਂ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਬਹਿਰਾਮ (ਅਵਤਾਰ ਕਲੇਰ)

ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਪ੍ਰਬੰਧਕ ਕਮੇਟੀ , ਡਾ. ਬੀ ਆਰ ਅੰਬੇਡਕਰ ਸਪੋਰਟਸ ਐਂਡ ਵੈਲਫੇਅਰ ਕਲੱਬ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ। ਪ੍ਰਭਾਤ ਫੇਰੀਆਂ ਕੱਢੀਆਂ ਗਈਆਂ। ਰਾਤ ਨੂੰ ਸਾਈਂ ਪੱਪਲ ਸ਼ਾਹ ਭਰੋਮਜਾਰਾ ਵਲੋਂ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ। ਦਿਨ ਵੇਲੇ ਦੀਵਾਨ ਸਜਾਏ ਗਏ ਅਤੇ ਵੱਖ ਵੱਖ ਕੀਰਤਨੀ ਜਥਿਆਂ ਵਲੋਂ ਸੰਗਤਾਂ ਨੂੰ ਬਾਣੀ ਨਾਲ ਜੋੜਿਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਪ੍ਰਬੰਧਕਾਂ ਵਲੋਂ ਦਾਨੀ ਸੱਜਣਾਂ ਦਾ ਸਿਰਪਾਓ ਨਾਲ ਸਨਮਾਨ ਕੀਤਾ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਰਪੰਚ ਅਸ਼ੋਕ ਕੁਮਾਰ , ਕਮਲਜੀਤ ਸਾਬਕਾ ਸਰਪੰਚ , ਡਾ. ਮੋਹਣ ਲਾਲ ਬੱਧਣ, ਬਲਜੀਤ ਕੁਮਾਰ ਪੰਚ, ਮਹਿੰਦਰ ਪਾਲ ਕੈਸ਼ੀਅਰ, ਪ੍ਰਧਾਨ ਅਨਵਰ , ਸੌਰਵ ਕੁਮਾਰ, ਸੋਮਨਾਥ, ਨਰੇਸ਼ ਕੁਮਾਰ, ਵਰਿੰਦਰ ਬੱਬਲੂ, ਜਰਨੈਲ ਸਿੰਘ, ਗੁਰਮੀਤ ਬੰਗਾ , ਬਲਵੀਰ ਕੁਮਾਰ, ਗੁਰਦੇਵ ਕੌਰ ਆਦਿ ਹਾਜ਼ਰ ਸਨ।

ਸੋਮ ਪ੍ਰਕਾਸ਼ ਤੇ ਪੰਜਾਬ ਸਰਕਾਰ ਦੱਸੇ ਕਿ ਭੰਗੀ ਪੁਲ ਤੇ ਚੋਹਾਲ ਰੋਡ ਦੇ ਪੈਸੇ ਕੌਣ ਖਾ ਗਿਆ : ਦਿਨੇਸ਼ ਪੱਪੂ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਬਸਪਾ ਵਲੋਂ ਦਿਨੇਸ਼ ਕੁਮਾਰ ਪੱਪੂ ਦੀ ਅਗਵਾਈ ਵਿੱਚ ਭੰਗੀ ਪੁਲ 'ਤੇ ਰੋਸ ਮੁਜਾਹਰਾ ਕੀਤਾ ਗਿਆ। ਬਸਪਾ ਆਗੂਆਂ ਨੇ ਕਿਹਾ ਭੰਗੀ ਪੁਲ ਦੇ ਨਾਲ ਜਿਹੜਾ ਨਵਾਂ ਪੁਲ ਬਣ ਰਿਹਾ ਹੈ ਉਸ ਨੂੰ ਅੱਧਾ ਬਣਾ ਕੇ ਵਿੱਚ ਹੀ ਛੱਡ ਦਿੱਤਾ ਗਿਆ ਹੈ। ਇਸ ਪੁਲ 'ਤੇ ਕਰੋੜਾਂ ਰੁਪਿਆ ਖਰਚ ਹੋ ਚੁੱਕਾ ਹੈ। ਠੇਕੇਦਾਰ ਕੰਮ ਵਿਚ ਹੀ ਛੱਡ ਕੇ ਚਲਾ ਗਿਆ ਹੈ। ਬਸਪਾ ਆਗੂਆਂ ਨੇ ਕਿਹਾ ਕਿ ਇੱਕ ਬਾਰ ਕੇਂਦਰੀ ਮੰਤਰੀ ਸੋਮ ਪ੍ਰਕਾਸ਼, ਪੰਜਾਬ ਸਰਕਾਰ ਦੇ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਲੋਕਾਂ ਨੂੰ ਦੱਸਣ ਕੇ ਕੰਮ ਕਦੋਂ ਸ਼ੁਰੂ ਹੋਵੇਗਾ ਤੇ ਇਸ ਨੂੰ ਰੋਕਣ ਲਈ ਕੌਣ ਲੋਕ ਜਿੰਮੇਵਾਰ ਹਨ। ਇਸ ਪੁਲ ਦਾ ਕੰਮ ਤਾਂ ਰੁਕਿਆ ਹੀ ਪਿਆ ਹੈ ਇਸ ਦੇ ਨਾਲ ਜਿਹੜੀ ਸੜਕ ਬੰਜਰਬਾਗ ਤੋਂ ਚੌਹਾਲ ਵਲ ਨੂੰ ਜਾ ਰਹੀ ਹੈ ਉਸ 'ਤੇ ਗਹਿਰੇ ਟੋਏ ਪਏ ਹੋਏ ਹਨ। ਜਿਸ ਕਾਰਨ ਐਕਸੀਡੈਂਟ ਹੋ ਰਹੇ ਹਨ ਤੇ ਇੰਨ੍ਹਾਂ ਟੋਇਆ ਕਰਕੇ 2-2 ਘੰਟੇ ਜਾਮ ਲਗਾ ਰਹਿੰਦਾ ਹੈ। ਇਸ ਰੋਡ ਤੋਂ ਦੇਸ਼ ਵਿਦੇਸ਼ ਤੋਂ ਲੋਗ ਮਾਤਾ ਚਿੰਤਪੁਰਨੀ ਵਲ ਨੂੰ ਜਾਂਦੇ ਹਨ। ਰਸਤਾ ਖਰਾਬ ਹੋਣ ਕਾਰਨ ਸ਼ਹਿਰ ਹੁਸ਼ਿਆਰਪੁਰ ਦਾ ਨਾਂਅ ਬਦਨਾਮ ਹੋ ਰਿਹਾ ਹੈ। ਬਸਪਾ ਆਗੂਆਂ ਨੇ ਚੇਤਾਵਨੀ ਦਿੰਦਿਆਂ ਹੋਇਆ ਕਿਹਾ ਕੇ ਇਸ ਰੋਡ ਬਾਰੇ ਕਈ ਬਾਰ ਪ੍ਰਸ਼ਾਸ਼ਨ ਨੂੰ ਤੇ ਦੋਵਾਂ ਮੰਤਰੀਆਂ ਨੂੰ ਕਿਹਾ ਗਿਆ ਹੈ ਪਰ ਇੰਨ੍ਹਾਂ ਦੇ ਕੰਨ ਤੇ ਜੂੰ ਤੱਕ ਨਹੀਂ ਸਰਕਦੀ। ਇਸ ਰੋਡ ਦਾ ਕੰਮ ਨਾ ਸ਼ੁਰੂ ਹੋਣ ਕਰਕੇ 7 ਤਰੀਕ ਨੂੰ ਬਸਪਾ ਤੇ ਗੁਰੂ ਰਵਿਦਾਸ ਟਾਈਗਰ ਫੋਰਸ ਵਲੋਂ ਬੰਜਰ ਬਾਗ਼ ਵਿਖੇ ਪੱਕਾ ਮੋਰਚਾ ਲਾਇਆ ਜਾਵੇਗਾ, ਜਿਸਦੀ ਸਾਰੀ ਜ਼ੁੰਮੇਵਾਰੀ ਪ੍ਰਸ਼ਾਸ਼ਨ ਦੀ ਹੋਵੇਗੀ । ਇਸ ਮੌਕੇ 'ਤੇ ਸੁਖਦੇਵ ਬਿੱਟਾ ਐਗਜ਼ੀਕਿਊਟਿਵ ਮੈਂਬਰ ਕਮੇਟੀ ਪੰਜਾਬ, ਵਿੰਦਰ ਸਰੋਆ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਟਾਈਗਰ ਫੋਰਸ, ਵਰਿੰਦਰ ਵਧਣ ਸ਼ਹਿਰੀ ਪ੍ਰਧਾਨ ਬਸਪਾ, ਮਨੀਸ਼ ਕੁਮਾਰ ਪ੍ਰਧਾਨ ਵਲੰਟੀਅਰ ਫੋਰਸ ਹੁਸ਼ਿਆਰਪੁਰ, ਵਿਜੇ ਕੁਮਾਰ, ਦਰਸ਼ਨ ਲੱਧੜ, ਰੰਧਾਵਾ ਸਿੰਘ, ਅਕਾਸ਼ ਆਦਿਆ, ਜੋਨੀ ਵੋਹਰਾ, ਰਘੁਵੀਰ ਸਿੰਘ, ਦੀਪੂ ਆਦਮਪੁਰ, ਸ਼ਮੀ ਸੰਧੂ, ਸਤੀਸ਼ ਪਾਲ, ਸੁਖਵੀਰ ਸਿੰਘ, ਸੰਜੀਵ ਲਾਡੀ, ਅਵਤਾਰ ਨਲੋਈਆਂ, ਭੁੱਟੋ ਖਾਨਪੁਰ, ਮਨਦੀਪ ਵਾਘਾ, ਗੁਰਸ਼ਾਨ ਰਾਯਲ ਆਦਿ ਹਾਜਰ ਸਨ।

ਲਤੀਫਪੁਰਾ ਮੋਰਚਾ: ਸ੍ਰੀ ਗੁਰੂ ਰਵਿਦਾਸ ਜੀ ਦਾ ਗੁਰਪੁਰਬ ਮਨਾਇਆ, ਸੰਘਰਸ਼ ਜਾਰੀ ਰੱਖਣ ਦਾ ਐਲਾਨ

ਜਲੰਧਰ, (ਨਵਾਂ ਜ਼ਮਾਨਾ ਸਰਵਿਸ)

ਲਤੀਫਪੁਰਾ ਮੁੜ ਵਸੇਬਾ ਮੋਰਚਾ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ ਗੁਰਪੁਰਬ ਮਨਾਇਆ ਗਿਆ! ਸੁਖਮਨੀ ਸਾਹਿਬ ਦੇ ਜਾਪ ਕੀਤੇ ਗਏ ਅਤੇ ਮੋਰਚੇ ਦੀ ਸਫਲਤਾ ਲਈ ਅਰਦਾਸ ਕੀਤੀ ਗਈ! ਲਤੀਫਪੁਰਾ ਦੇ ਉਜਾੜੇ ਲੋਕਾਂ ਨੇ ਨਾਅਰਾ ਬੁਲੰਦ ਕੀਤਾ ਕਿ "ਜਗਤਾਰ ਸੰਘੇੜਾ,ਰਹੇ ਕੱਖ ਨਾ ਤੇਰਾ" ! ਆਗੂਆਂ ਨੇ ਦੁਹਰਾਇਆ ਕਿ ਗੁਰੂ ਸਾਹਿਬ ਜੀ ਦੇ ਫੁਰਮਾਨ ਮੁਤਾਬਕ ਐਸਾ ਚਾਹੂੰ ਰਾਜ ਮੇ,ਜਹਾਂ ਮਿਲੇ ਸਭਨ ਕੋ ਅੰਨ,ਛੋਟ ਬੜੈ ਸੰਮ ਵਸੈ, ਰਵਿਦਾਸ ਰਹੈ ਪ੍ਰਸੰਨ,ਉੱਪਰ ਅਮਲ ਕਰਦਿਆਂ ਸਮਾਜ ਵਿੱਚ ਕਾਣੀ ਵੰਡ ਖਤਮ ਕਰਕੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਤੱਕ ਸੰਘਰਸ਼ ਜਾਰੀ ਰਹੇਗਾ! ਉਨਾਂ ਕਿਹਾ ਕਿ ਕਾਰਪੋਰੇਟ ਸਰਮਾਏਦਾਰਾਂ ਪੱਖੀ ਅਤੇ ਇਹਨਾਂ ਦੀ ਨੁਮਾਇੰਦਾ ਭਗਵੰਤ ਸਿੰਘ ਮਾਨ ਦੀ ਸਰਕਾਰ ਮਾਨ ਦੀ ਅਗਵਾਈ ਹੇਠ ਮੌਕਾਪ੍ਰਸਤੀ ਕਰਦੀ ਹੋਈ ਖੇਖਣ ਕਰ ਰਹੀ ਹੈ! ਮੁੱਖ ਮੰਤਰੀ ਵਲੋਂ ਜਲੰਧਰ ਆਉਣ 'ਤੇ ਲਤੀਫਪੁਰਾ ਦੇ ਉਜਾੜੇ ਲੋਕਾਂ ਦੀ ਸਾਰ ਨਾ ਲੈਣ ਦੀ ਨਿੰਦਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਕਹਿੰਦਾ ਸੀ ਕਿ ਮੈਂ ਪੰਜਾਬ ਨੂੰ ਸੋਹਣਾ ਬਣਾਉਣਾ ਪਰ ਘਰ ਤੋੜ ਕੇ ਪੰਜਾਬ ਸੋਹਣਾ ਨਹੀਂ ਬਣਨਾ! ਲੋਕਾਂ ਨੂੰ ਵਸਾਉਣ ਨਾਲ ਹੀ ਪੰਜਾਬ ਸੋਹਣਾ ਬਣੇਗਾ! ਆਪ ਪਾਰਟੀ ਦੀ ਸਰਕਾਰ ਤੋਂ ਲੋਕਾਂ ਨੂੰ ਕੁੱਝ ਆਸ ਸੀ ਪਰ ਵੱਸਦੇ ਲੋਕਾਂ ਘਰ ਦੇ ਘਰਾਂ ਉੱਪਰ ਬੁਲਡੋਜਰ ਚਲਾ ਕੇ ਉਸਨੇ ਵੀ ਸਾਬਿਤ ਕਰ ਦਿੱਤਾ ਕਿ ਇਹ ਸਰਕਾਰ ਵੀ ਕਾਰਪੋਰੇਟ ਘਰਾਣਿਆਂ ਅਤੇ ਸਰਮਾਏਦਾਰਾਂ ਪੱਖੀ ਸਰਕਾਰ ਹੈ! ਉਨਾਂ ਕਿਹਾ ਗੁਰੂਆਂ ਦੇ ਵਾਰਸ ਗੁਰੂਆਂ ਦੇ ਫੁਰਮਾਨ ਅਨੁਸਾਰ ਸਮਾਜ ਵਿੱਚ ਕਾਣੀ ਵੰਡ ਦੇ ਖਾਤਮੇ ਲਈ ਆਖਰੀ ਦਮ ਤੱਕ ਸੰਘਰਸ਼ ਕਰਾਂਗੇ! ਇਸ ਮੌਕੇ ਕਮਿਸ਼ਨਰੇਟ ਪੁਲਸ ਵਲੋਂ ਪਰਵਾਨਾ ਨੋਟ ਕਰਵਾਉਣ ਦੇ ਨਾਂਅ ਹੇਠ ਦਹਿਸ਼ਤ ਪਾਉਣ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਪੁਲਸ ਨੂੰ ਨੀਚ ਹਰਕਤਾਂ ਬੰਦ ਕਰਨ ਦੀ ਸਲਾਹ ਦਿੱਤੀ! ਮੋਰਚੇ ਦੇ ਆਗੂਆਂ ਜਥੇਦਾਰ ਕਸ਼ਮੀਰ ਸਿੰਘ ਜੰਡਿਆਲਾ,ਜਸਕਰਨ ਸਿੰਘ ਕਾਹਨ ਸਿੰਘ ਵਾਲਾ,ਸੰਤੋਖ ਸਿੰਘ ਸੰਧੂ,ਤਰਸੇਮ ਸਿੰਘ ਵਿੱਕੀ ਜੈਨਪੁਰ ਅਤੇ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਮੋਰਚੇ ਦੇ ਐਲਾਨ ਨੂੰ ਦੁਹਰਾਇਆ ਕਿ ਲਤੀਫਪੁਰਾ ਦੇ ਉਜਾੜੇ ਵਾਲੀ ਥਾਂ ਉੱਪਰ ਮੁੜ ਵਸੇਬੇ ਅਤੇ ਹੋਏ ਨੁਕਸਾਨ ਦਾ ਢੁੱਕਵਾਂ ਮੁਆਵਜਾ ਦਿਵਾਉਣ,ਦਰਜ ਕੀਤੇ ਝੂਠੇ ਕੇਸ ਰੱਦ ਕਰਵਾਉਣ ਅਤੇ ਮੋਰਚੇ ਦੇ ਮੈਂਬਰ ਦੀਆਂ ਪਰਵਾਰਕ ਔਰਤ ਮੈਂਬਰਾਂ ਨੂੰ ਡਰਾਉਣ ਧਮਕਾਉਣ ਅਤੇ ਘਰ ਦੀਆਂ ਕੰਧਾਂ ਟੱਪਣ ਵਾਲੇ ਪੁਲਸ ਵਾਲਿਆਂ ਖਿਲਾਫ ਕਾਰਵਾਈ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ! ਉਨਾਂ ਕਿਹਾ ਕਿ 11 ਫਰਵਰੀ ਨੂੰ ਆਪ ਵਿਧਾਇਕ ਸੀਤਲ ਅੰਗੁਰਾਲ ਦੇ ਘਰ ਅੱਗੇ ਮੁਜਾਹਰਾ ਕੀਤਾ ਜਾਵੇਗਾ ਅਤੇ ਅਗਲੇ ਦਿਨਾਂ ਵਿੱਚ ਜਲੰਧਰ ਜ਼ਿਲ੍ਹੇ ਅੰਦਰ ਆਪ ਵਿਧਾਇਕਾਂ ਅਤੇ ਆਗੂਆਂ ਦੇ ਘਰਾਂ ਅੱਗੇ ਵੀ ਧਰਨੇ ਮੁਜਾਹਰੇ ਕੀਤੇ ਜਾਣਗੇ! ਰੋਜਾਨਾ ਦੀ ਤਰ੍ਹਾਂ ਲਤੀਫਪੁਰਾ ਚੌਂਕ ਵਿਖੇ ਮੁੱਖ ਮੰਤਰੀ ਅਤੇ ਚੇਅਰਮੈਨ ਇੰਪਰੂਵਮੈਂਟ ਟਰੱਸਟ ਦਾ ਪੁਤਲਾ ਪੁੱਠਾ ਲਟਕਾ ਕੇ ਜ਼ੋਰਦਾਰ ਨਾਅਰੇਬਾਜੀ ਕਰਦਿਆਂ ਫੂਕਿਆ ਗਿਆ !ਸਟੇਜ ਦੀ ਕਾਰਵਾਈ ਔਰਤਾਂ ਵਲੋਂ ਚਲਾਈ ਗਈ! ਇਸ ਮੌਕੇ ਡਾਕਟਰ ਗੁਰਦੀਪ ਸਿੰਘ ਭੰਡਾਲ,ਬਲਜਿੰਦਰ ਕੌਰ,ਜਗਦੀਸ਼ ਕੌਰ, ਰੀਟਾ ਦੇਵੀ,ਰਾਜਵਿੰਦਰ ਕੌਰ, ਸੁਖਪ੍ਰੀਤ ਕੌਰ,ਸਿਮਰਨ,ਸੁਖਮਨ, ਚਰਨਜੀਤ ਕੌਰ,ਰਮਨਦੀਪ ਕੌਰ, ਹਰਭਜਨ ਕੌਰ,ਪਿੰਦੂ ਬਾਸੀ,ਕੁਲਜੀਤ ਕੌਰ,ਲਖਵੀਰ ਸਿੰਘ ਸੌਂਟੀ,ਬਾਬਾ ਕਸ਼ਮੀਰ ਸਿੰਘ,ਬਲਬੀਰ ਸਿੰਘ,ਗੁਰਬਖਸ਼ ਸਿੰਘ, ਸਰਬਜੀਤ ਸਿੰਘ, ਪਲਵਿੰਦਰ ਸਿੰਘ ਆਦਿ ਨੇ ਸੰਬੋਧਨ ਕੀਤਾ!

ਕਾਂਗਰਸ ਨੇ ਐਸ ਬੀ ਆਈ ਬੈਂਕ ਦੇ ਸਾਹਮਣੇ ਕੀਤਾ ਜ਼ਿਲ੍ਹਾ ਪੱਧਰੀ ਰੋਸ ਮੁਜ਼ਾਹਰਾ

ਫਗਵਾੜਾ (ਡਾ. ਰਮਨ)

ਅਮਰੀਕੀ ਕੰਪਨੀ ਹਿਡਨਬਰਗ ਦੀ ਰਿਪੋਰਟ ਸਾਹਮਣੇ ਆਉਣ ਤੋਂ ਬਾਅਦ ਅਡਾਨੀ ਗਰੁੱਪ 'ਤੇ ਲੱਗ ਰਹੇ ਕਥਿਤ ਸਟਾਕ ਘੁਟਾਲੇ ਦੇ ਦੋਸ਼ਾਂ ਦਰਮਿਆਨ ਕਾਂਗਰਸ ਪਾਰਟੀ ਨੇ ਦੇਸ਼ ਦੇ ਸਭ ਤੋਂ ਵੱਡੇ ਜਨਤਕ ਖੇਤਰ ਦੇ ਬੈਂਕ ਐਸ.ਬੀ.ਆਈ ਵਲੋਂ ਅਡਾਨੀ ਗਰੁੱਪ ਨੂੰ ਦਿੱਤੇ ਕਰਜੇ ਅਤੇ ਸੱਭ ਤੋਂ ਵੱਡੀ ਬੀਮਾ ਕੰਪਨੀ ਲਾਈਫ ਇੰਸ਼ੋਰੈਂਸ ਕਾਰਪੋਰੇਸ਼ਨ ਆਫ ਇੰਡੀਆ ਵਲੋਂ ਅਡਾਨੀ ਗਰੁੱਪ ਦੀਆਂ ਕੰਪਨੀਆਂ 'ਚ ਕੀਤੇ ਰੋਸ ਵਜੋਂ ਸਥਾਨਕ ਹੁਸ਼ਿਆਰਪੁਰ ਰੋਡ 'ਤੇ ਐਸ.ਬੀ.ਆਈ. ਬੈਂਕ ਅੱਗੇ ਜ਼ਿਲ੍ਹਾ ਪੱਧਰੀ ਧਰਨਾ ਲਗਾ ਕੇ ਰੋਸ ਮੁਜਾਹਰਾ ਕੀਤਾ। ਧਰਨੇ ਵਿੱਚ ਫਗਵਾੜਾ ਤੋਂ ਇਲਾਵਾ ਕਪੂਰਥਲਾ, ਭੁਲੱਥ ਅਤੇ ਸੁਲਤਾਨਪੁਰ ਲੋਧੀ ਵਿਧਾਨ ਸਭਾ ਹਲਕਿਆਂ ਦੇ ਕਾਂਗਰਸੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਦੌਰਾਨ ਆਪਣੇ ਸੰਬੋਧਨ 'ਚ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਫਗਵਾੜਾ ਤੋਂ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਹਿਡਨਬਰਗ ਦੀ ਰਿਪੋਰਟ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚੁੱਪ ਹੈਰਾਨੀਜਨਕ ਹੈ। ਉਨ੍ਹਾਂ ਕਿਹਾ ਕਿ ਅਡਾਨੀ ਸਮੂਹ 'ਤੇ ਲੱਗ ਰਹੇ ਘਪਲੇ ਦੀ ਜਾਂਚ ਜੁਆਇੰਟ ਪਾਰਲੀਮਾਨੀ ਕਮੇਟੀ (ਜੇਪੀਸੀ) ਰਾਹੀਂ ਹੋਣੀ ਚਾਹੀਦੀ ਹੈ ਪਰ ਮੋਦੀ ਸਰਕਾਰ ਇਸ ਤੋਂ ਭੱਜ ਰਹੀ ਹੈ। ਉਨ੍ਹਾਂ ਕਿਹਾ ਕਿ ਹਿਡਨਬਰਗ ਦੀ ਰਿਪੋਰਟ ਮੋਦੀ ਸ਼ਾਸਨ ਦੇ ਸਭ ਤੋਂ ਵੱਡੇ ਘੁਟਾਲੇ ਵੱਲ ਇਸ਼ਾਰਾ ਕਰ ਰਹੀ ਹੈ। ਦੇਸ਼ ਪਿਛਲੇ ਅੱਠ ਸਾਲਾਂ ਤੋਂ ਦੇਖ ਰਿਹਾ ਹੈ ਕਿ ਮੋਦੀ ਸਰਕਾਰ ਅਡਾਨੀ ਅਤੇ ਅੰਬਾਨੀ ਗਰੁੱਪਾਂ 'ਤੇ ਬਹੁਤ ਮਿਹਰਬਾਨ ਹੈ। ਮੋਦੀ ਦੇ ਚਹੇਤੇ ਕਾਰਪੋਰੇਟ ਘਰਾਣਿਆਂ ਨੂੰ ਨਿਯਮਾਂ ਨੂੰ ਛਿੱਕੇ ਟੰਗ ਕੇ ਬੈਂਕਾਂ ਤੋਂ ਕਰਜ਼ੇ ਦਿੱਤੇ ਜਾ ਰਹੇ ਹਨ। ਜਨਤਾ ਦੇ ਪੈਸੇ ਨਾਲ ਸ਼ੇਅਰ ਬਜ਼ਾਰ ਵਿੱਚ ਵੱਡੇ ਫਰਜੀਵਾੜੇ ਹੋ ਰਹੇ ਹਨ। ਧਾਲੀਵਾਲ ਨੇ ਕਿਹਾ ਕਿ ਮੋਦੀ ਸਰਕਾਰ ਦੇ ਰਾਜ ਦੌਰਾਨ ਜਿਸ ਤਰ੍ਹਾਂ ਕਈ ਵੱਡੇ ਕਾਰਪੋਰੇਟ ਬੈਂਕਾਂ ਨਾਲ ਧੋਖਾਧੜੀ

ਕਰਕੇ ਅਤੇ ਜਨਤਾ ਦਾ ਪੈਸਾ ਲੁੱਟ ਕੇ ਵਿਦੇਸ਼ ਭੱਜ ਗਏ, ਉਸੇ ਤਰ੍ਹਾਂ ਹੁਣ ਗੌਤਮ ਅਡਾਨੀ 'ਤੇ ਵੀ ਸ਼ੱਕ ਪੈਦਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਤੱਕ ਹਿਡਨਬਰਗ ਦੀ ਰਿਪੋਰਟ ਦੀ ਡੂੰਘਾਈ ਨਾਲ ਜਾਂਚ ਨਹੀਂ ਹੋ ਜਾਂਦੀ, ਸਰਕਾਰ ਨੂੰ ਗੌਤਮ ਅਡਾਨੀ ਦਾ ਪਾਸਪੋਰਟ ਜ਼ਬਤ ਕਰਨਾ ਚਾਹੀਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਲੋਕਾਂ ਦੀ ਮਿਹਨਤ ਦੀ ਕਮਾਈ ਨਾਲ ਖਿਲਵਾੜ ਕੀਤਾ ਗਿਆ ਤਾਂ ਕਾਂਗਰਸ ਪਾਰਟੀ ਚੁੱਪ ਨਹੀਂ ਬੈਠੇਗੀ ਅਤੇ ਦੇਸ਼ ਦੀ ਜਨਤਾ ਨੂੰ ਨਾਲ ਲੈ ਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਅਤੇ ਨਰਿੰਦਰ ਮੋਦੀ ਸਰਕਾਰ ਤੋਂ ਸਾਰਾ ਹਿਸਾਬ-ਕਿਤਾਬ ਵਸੂਲਿਆ ਜਾਵੇਗਾ। ਇਸ ਮੌਕੇ ਨਰਿੰਦਰ ਮਨਸੂ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਕਪੂਰਥਲਾ, ਰਮੇਸ਼ ਡਡਵਿੰਡੀ ਸਾਬਕਾ ਜ਼ਿਲ੍ਹਾ ਪ੍ਰਧਾਨ ਤੋਂ ਇਲਾਵਾ ਡੈਲੀਗੇਟ ਮੈਂਬਰ ਗੁਰਜੀਤ ਪਾਲ ਵਾਲੀਆ, ਮਨੀਸ਼ ਭਾਰਦਵਾਜ, ਬਲਾਕ ਫਗਵਾੜਾ ਸ਼ਹਿਰੀ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ, ਫਗਵਾੜਾ ਦਿਹਾਤੀ ਪ੍ਰਧਾਨ ਜਸਵੰਤ ਸਿੰਘ ਨੀਟਾ ਜਗਪਾਲਪੁਰ, ਅਮਰਜੀਤ ਸੈਦੋਵਾਲ ਬਲਾਕ ਪ੍ਰਧਾਨ, ਦੀਪਕ ਸਲਵਾਨ, ਸਟੀਫਨ ਕਾਲਾ ਬਲਾਕ ਪ੍ਰਧਾਨ, ਬਲਜਿੰਦਰ ਸਿੰਘ ਪੀ.ਏ. ਟੂ ਨਵਤੇਜ ਚੀਮਾ, ਸਾਬਕਾ ਵਿਧਾਇਕ, ਮਹਿਲਾ ਕਾਂਗਰਸ ਕਪੂਰਥਲਾ ਦੀ ਜ਼ਿਲ੍ਹਾ ਪ੍ਰਧਾਨ ਸਰਜੀਵਨ ਲਤਾ ਸ਼ਰਮਾ, ਸਾਬਕਾ ਬਲਾਕ ਪ੍ਰਧਾਨ ਸੰਜੀਵ ਬੁੱਗਾ, ਸਾਬਕਾ ਕੌਂਸਲਰ ਪਦਮ ਦੇਵ ਸੁਧੀਰ ਨਿੱਕਾ, ਪ੍ਰਮੋਦ ਜੋਸ਼ੀ, ਰਾਮਪਾਲ ਉੱਪਲ, ਦਰਸ਼ਨ ਧਰਮਸੋਤ, ਆਈ.ਟੀ. ਸੈਲ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੌਰਵ ਸ਼ਰਮਾ, ਮਹਿਲਾ ਆਗੂ ਸ਼ਵਿੰਦਰ ਨਿਸ਼ਚਲ, ਮੀਨਾਕਸ਼ੀ ਵਰਮਾ, ਸੀਤਾ ਦੇਵੀ, ਰਾਣੀ ਪੀਪਾਰੰਗੀ, ਜਗਜੀਵਨ ਖਲਵਾੜਾ ਸਾਬਕਾ ਡਿਪਟੀ ਚੇਅਰਮੈਨ ਮਾਰਕਿਟ ਕਮੇਟੀ, ਵਿਨੋਦ ਵਰਮਾਨੀ, ਲੱਡੂ ਸਰਪੰਚ ਬੋਹਾਨੀ, ਤੁਲਸੀ ਰਾਮ ਖੋਸਲਾ, ਜਸਵਿੰਦਰ ਗੰਢਵਾ, ਕਮਲਜੀਤ ਗੰਢਵਾ, ਹਰਸ਼ ਫਰੈਂਡਜ਼ ਕਲੋਨੀ, ਯੋਗੇਸ਼ ਕੌਲ, ਮੁਖਤਿਆਰ ਸਿੰਘ, ਸੋਨੂੰ ਸਹਿਗਲ, ਸ੍ਰੀ ਸੂਦ ਡਿਪਟੀ ਮੇਅਰ ਕਪੂਰਥਲਾ, ਕੁਲਵਿੰਦਰ ਸਰਪੰਚ, ਵਿੱਕੀ ਵਾਲੀਆ ਰਾਣੀਪੁਰ, ਹੈਪੀ ਡਾਬਰ, ਨਰਿੰਦਰ ਗੜ੍ਹਾ ਠੇਕੇਦਾਰ, ਡਾ. ਕੁਲਤਾਰ ਸਿੰਘ ਮਲਕਪੁਰ, ਗੁਰਚਰਨ ਸਿੰਘ, ਸੰਤੋਖ ਸਿੰਘ, ਗੁਰਮੇਲ ਢੱਡੇ, ਰੂਪ ਲਾਲ, ਰਤਨ ਸਿੰਘ, ਬੀ.ਐਸ. ਬਾਗਲਾ, ਪ੍ਰੇਮਪਾਲ ਸਰੋਏ, ਬਲਵਿੰਦਰ ਸਿੰਘ ਬਘਾਣਾ, ਸੋਹਣ ਸਿੰਘ, ਕਮਲ ਬਿੱਟੂ ਸਮੇਤ ਹੋਰ ਕਾਂਗਰਸੀ ਵਰਕਰ ਹਾਜ਼ਰ ਸਨ।

ਸਾਂਝਾ ਅਧਿਆਪਕ ਮੋਰਚਾ ਨੇ ਮੁੱਖ ਮੰਤਰੀ ਤੇ ਸਿੱਖਿਆ ਮੰਤਰੀ ਨੂੰ ਭੇਜੇ ਰੋਸ ਪੱਤਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਸਾਂਝਾ ਅਧਿਆਪਕ ਮੋਰਚਾ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਇਕਾਈ ਵਲੋਂ ਜ਼ਿਲ੍ਹਾ ਕਨਵੀਨਰਜ਼ ਪ੍ਰਿੰਸੀਪਲ ਅਮਨਦੀਪ ਸ਼ਰਮਾ, ਜਤਿੰਦਰ ਸਿੰਘ, ਸੁਰਜੀਤ ਰਾਜਾ, ਜਸਵੀਰ ਸਿੰਘ ਦੀ ਅਗਵਾਈ ਵਿਚ ਵੱਡੀ ਗਿਣਤੀ ਵਿੱਚ ਅਧਿਆਪਕਾਂ ਵੱਲੋਂ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਨੂੰ ਵੱਖ ਵੱਖ ਰੋਸ ਪੱਤਰ ਸੌਂਪੇ ਗਏ ਜੋ ਪੰਜਾਬ ਦੇ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਪੰਜਾਬ ਨੂੰ ਭੇਜੇ ਜਾਣੇ ਹਨ। ਇਨ੍ਹਾਂ ਆਗੂਆਂ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਪੰਜਾਬ ਦੇ ਬਹੁਤ ਜ਼ਿਲਿਆਂ ਵਿੱਚ ਬਜਟ ਦੀ ਘਾਟ ਹੋਣ ਕਾਰਨ ਅਨੇਕਾਂ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਦੀ ਤਨਖਾਹ ਵੱਡੇ ਪੱਧਰ 'ਤੇ ਰੁਕ ਗਈ ਹੈ ਜੋ ਕਿ ਇਕ ਚਿੰਤਾ ਦਾ ਵਿਸ਼ਾ ਹੈ। ਇਨ੍ਹਾਂ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਵੱਲੋਂ ਪਹਿਲ ਦੇ ਅਧਾਰ 'ਤੇ ਇਹ ਬਜਟ ਦਾ ਮਸਲਾ ਹੱਲ ਕਰਨਾ ਚਾਹੀਦਾ ਹੈ ਤਾਂ ਜੋ ਸਮੇਂ ਸਿਰ ਪੰਜਾਬ ਦੇ ਕਰਮਚਾਰੀ ਆਪਣੇ ਬੈਂਕ ਦੇ ਕਰਜ਼ਿਆਂ ਦੀਆਂ ਕਿਸ਼ਤਾਂ ਅਤੇ ਆਮਦਨ ਕਰ ਜਮ੍ਹਾ ਕਰਾ ਸਕਣ। ਸਾਂਝਾ ਅਧਿਆਪਕ ਮੋਰਚਾ ਦੇ ਆਗੂਆਂ ਵੱਲੋਂ ਪੰਜਾਬ ਸਰਕਾਰ ਤੋਂ ਇਹ ਵੀ ਮੰਗ ਕੀਤੀ ਕੀ ਅਨੇਕਾਂ ਜ਼ਿਲ੍ਹਿਆਂ ਵਿਚ ਜ਼ਿਲ੍ਹਾ ਖਜਾਨਾ ਅਫਸਰਾਂ ਵੱਲੋਂ

ਅਧਿਆਪਕਾਂ ਦੇ ਮੋਬਾਈਲ ਭੱਤਿਆਂ ਦੀ ਕਟੌਤੀ ਕੀਤੀ ਗਈ ਹੈ ਜੋ ਕਿ ਸਰਾਸਰ ਗਲਤ ਹੈ। ਇਸ ਮੌਕੇ ਰਾਜ ਕੁਮਾਰ, ਉਪਿੰਦਰ ਸਿੰਘ, ਜਰਨੈਲ ਸਿੰਘ, ਪਰਮਜੀਤ ਸਿੰਘ, ਹਰਿੰਦਰ ਸੈਣੀ, ਗਿਆਨ ਸਿੰਘ, ਸੰਦੀਪ ਕੁਮਾਰ, ਹਰਕਮਲ ਸਿੰਘ, ਗੁਰਨਾਮ ਸਿੰਘ, ਦਵਿੰਦਰ ਸਿੰਘ ਮਨਜੀਤ ਸਿੰਘ ਸਮੇਤ ਅਨੇਕਾਂ ਅਧਿਆਪਕ ਸ਼ਾਮਲ ਸਨ।

ਨਜਾਇਜ਼ ਬੋਰਡਾਂ/ਫਲੈਕਸਾਂ ਨੂੰ ਕੀਤਾ ਜਬਤ

ਫਗਵਾੜਾ (ਇੰਦਰਜੀਤ ਸਿੰਘ ਮਠਾੜੂ)-ਨਗਰ ਨਿਗਮ ਕਮਿਸ਼ਨਰ ਡਾ. ਨਯਨ ਜੱਸਲ ਦੇ ਹੁਕਮਾਂ ਅਧੀਨ ਵਿਗਿਆਪਨ ਸ਼ਾਖਾ ਵੱਲੋਂ ਅਣ-ਅਧਿਕਾਰਤ ਇਸ਼ਤਿਹਾਰਬਾਜੀ ਉੱਪਰ ਕਾਰਵਾਈ ਕਰਦਿਆਂ ਸ਼ਹਿਰ ਵਿਚ ਲੱਗੇ ਨਜਾਇਜ਼ ਬੋਰਡਾਂ/ਫਲੈਕਸਾਂ ਨੂੰ ਜਬਤ ਕੀਤਾ ਗਿਆ। ਕਮਿਸ਼ਨਰ ਡਾ. ਨਯਨ ਜੱਸਲ ਵਲੋ ਦੱਸਿਆ ਗਿਆ ਕਿ ਸ਼ਹਿਰ ਅੰਦਰ ਦੁਕਾਨਾਂ, ਸੜਕਾਂ ਅਤੇ ਸਰਕਾਰੀ ਸੰਪਤੀ ਉੱਪਰ ਨਜਾਇਜ ਬੋਰਡਾਂ/ਫਲੈਕਸਾਂ ਉੱਪਰ ਇਹ ਕਾਰਵਾਈ ਕੀਤੀ ਗਈ ਹੈ। ਉਹਨਾਂ ਵਲੋਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਨੇ ਆਪਣੀ ਪ੍ਰਾਪਰਟੀ ਜਾਂ ਸਰਕਾਰੀ ਜਗ੍ਹਾ ਉੱਪਰ ਵਿਗਿਆਪਨ ਪਾਲਿਸੀ ਅਤੇ ਬਾਈਲਾਜ ਦੇ ਉਲਟ ਕੋਈ ਇਸਤਿਹਾਰਬਾਜੀ ਕੀਤੀ ਹੈ ਤਾਂ ਉਸਨੂੰ ਤੁਰੰਤ ਉਤਾਰ ਲਿਆ ਜਾਵੇ। ਇਸ ਬਾਰੇ ਦੱਸਦਿਆਂ ਵਿਗਿਆਪਨ ਸ਼ਾਖਾ ਦੇ ਸੁਪਡੰਟ ਅਮਿਤ ਕਾਲੀਆ ਨੇ ਦੱਸਿਆ ਕਿ ਨਜਾਇਜ਼ ਇਸ਼ਤਿਹਾਰਬਾਜੀ ਵਿਰੁੱਧ ਟੀਮ ਵਲੋਂ ਜੀ.ਟੀ.ਰੋਡ, ਸੈਂਟਰਲ ਟਾਊਨ, ਪੁਰਾਣੀ ਮੰਡੀ ਏਰੀਆ ਵਿੱਚ ਉਕਤ ਕਾਰਵਾਈ ਕੀਤੀ ਹੈ। ਇਸ ਦੇ ਨਾਲ ਹੀ 24 ਚਲਾਨ ਕੀਤੇ ਗਏ। ਇਹ ਕਾਰਵਾਈ ਅੱਗੇ ਵੀ ਇਸੇ ਤਰ੍ਹਾਂ ਹੀ ਜਾਰੀ ਰਹੇਗੀ। ਇਸ ਦੌਰਾਨ ਉਹਨਾਂ ਦੇ ਨਾਲ ਰਤਨ ਲਾਲ ਕਲਰਕ, ਮਨਜੀਤ ਕੁਮਾਰ, ਬਲਜੀਤ ਸਿੰਘ ਅਤੇ ਹਰਮੇਸ਼ ਲਾਲ ਮੌਜੂਦ ਸਨ।

ਮਿਲਕ ਪਲਾਂਟ ਮੋਹਾਲੀ ਵਲੋਂ ਦੁੱਧ ਉਤਪਾਦਕਾਂ ਨੂੰ ਸਾਢੇ ਤਿੰਨ ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਤਕਸੀਮ

ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)

ਵੇਰਕਾ ਮਿਲਕ ਪਲਾਂਟ ਦੁੱਧ ਉਤਪਾਦਕਾਂ ਨੂੰ ਦੀ ਹਰ ਤਰਾਂ ਦੀ ਸਹਾਇਤਾ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਜਿਸ ਦੇ ਚਲਦਿਆਂ ਪਿੰਡ ਹੀਰਪੁਰ ਵਿਖੇ ਵੇਰਕਾ ਮਿਲਕ ਪਲਾਂਟ ਦੇ ਡਾਇਰੈਕਟਰ ਸੁਰਜੀਤ ਸਿੰਘ ਕਾਹਲੋਂ ਵਲੋਂ ਉਕਤ ਪਿੰਡ ਦੀ ਬੀ,ਐਮ,ਸੀ, ਵਿਖੇ ਪਹੁੰਚ ਦੁੱਧ ਉਤਪਾਦਕ ਕਸ਼ਮੀਰ ਸਿੰਘ ਪੁੱਤਰ ਜੀਤ ਸਿੰਘ ਨੂੰ ਉਨਾਂ ਦੀ ਬੀਤੇ ਕੁਝ ਸਮਾਂ ਪਹਿਲਾਂ ਗਾਂ ਦੀ ਮੌਤ ਹੋ ਜਾਣ ਕਾਰਨ 30 ਹਜਾਰ ਰੁਪਏ ਦੀ ਰਾਸ਼ੀ ਦਾ ਚੈੱਕ ਦੇ ਕੇ ਮਾਲੀ ਮਦਦ ਕੀਤੀ ਗਈ। ਕਾਹਲੋਂ ਨੇ ਇਹ ਵੀ ਕਿਹਾ ਕਿ ਇਸ ਤੋਂ ਪਹਿਲਾਂ ਵੱਖ-ਵੱਖ ਪਿੰਡਾਂ ਵਿੱਚ ਲਾਭਪਾਤਰੀਆਂ ਨੂੰ ਲੱਗਭੱਗ ਸਾਢੇ ਤਿੰਨ ਲੱਖ ਰੁਪਏ ਦੇ ਚੈੱਕ ਵੰਡੇ ਗਏ ਹਨ। ਉਨਾਂ ਕਿਹਾ ਕਿ ਦੁੱਧ ਉਤਪਾਦਕਾਂ ਵਲੋਂ ਦਿਨ ਪ੍ਰਤੀ ਦਿਨ ਡੇਅਰੀਆਂ ਵਿੱਚ ਵੱਧ ਤੋਂ ਵੱਧ ਦੁੱਧ ਪਾਉਣ ਦਾ ਰੁਝਾਨ ਵੱਧਦਾ ਜਾ ਰਿਹਾ ਹੈ ਉਸੇ ਤਰਾਂ ਵੇਰਕਾ ਮਿਲਕ ਪਲਾਂਟ ਵਲੋਂ ਵੀ ਨਿੱਤ ਦਿਨ ਨਵੀਆਂ-ਨਵੀਆਂ ਸਕੀਮਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ । ਉਨਾਂ ਕਿਹਾ ਕਿ ਦੁੱਧ ਉਤਪਾਦਕਾਂ ਨੂੰ ਪਸ਼ੂਆ ਲਈ ਪੱਠੇ ਕੁਤਰਨ ਵਾਲੀ ਮਸ਼ੀਨ, ਪਸ਼ੂਆ ਦਾ ਅਚਾਰ ਬਣਾਉਣ ਲਈ, ਦੁਧ ਚੋਣ ਵਾਲੀਆਂ ਮਸ਼ੀਨਾਂ ਲਈ ਸਬਸਿਡੀ, ਵਧੀਆ ਫੀਡ, ਅਤੇ ਸਮੇਂ ਸਮੇਂ ਤੇ ਦੀਵਾਈਆ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ਜਿਨਾਂ ਦਾ ਦੁੱਧ ਉਤਪਾਦਕ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਡੇਅਰੀ ਵਿੱਚ ਤਾਜਾ ਅਤੇ ਸਾਫ-ਸੁਥਰਾ ਦੁੱਧ ਲਿਆਉਣ ਦੀ ਅਪੀਲ ਕੀਤੀ ਤਾ ਜੋ ਉਨਾਂ ਨੂੰ ਸਹੀ ਕੀਮਤ ਮਿਲ ਸਕੇ। ਉਨਾਂ ਕਿਹਾ ਫੀਲਡ ਵਿੱਚ ਕੰਮ ਕਰ ਰਹੇ ਮੁਲਾਜਮ ਦੁੱਧ ਉਤਪਾਦਕਾਂ ਨੂੰ ਆ ਰਹੀਆ ਸਮੱਸਿਆਵਾਂ ਸਬੰਧੀ ਉੱਚ ਅਧਿਕਾਰੀਆਂ ਨਾਲ ਸੰਪਰਕ ਕਰਕੇ ਦੁੱਧ ਉਤਪਾਦਕਾਂ ਦੀ ਮਦਦ ਕੀਤੀ ਜਾਵੇ, ਤਾਂ ਜੋ ਦੁੱਧ ਉਤਪਾਦਕਾਂ ਨੂੰ ਭਵਿੱਖ ਵਿੱਚ ਕੋਈ ਵੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਡਿਪਟੀ ਮੈਨੇਜਰ ਤਜਿੰਦਰ ਸਿੰਘ, ਐਮ ਪੀ ਐਸ, ਸੰਦੀਪ ਸਿੰਘ, ਐਮ ਪੀ ਏ ਜਗਦੀਪ ਸਿੰਘ, ਕਸ਼ਮੀਰ ਸਿੰਘ, ਪ੍ਰਧਾਨ ਪਰਮਜੀਤ ਸਿੰਘ, ਚਮਨ ਸਿੰਘ ਸਰਪੰਚ ਹਾਜਰ ਸਨ।

ਸੀ ਜੀ ਸੀ ਲਾਂਡਰਾਂ ਵਿਖੇ ਤਣਾਅ ਦੇ ਪ੍ਰਬੰਧਨ 'ਤੇ ਵਰਕਸ਼ਾਪ

ਮੋਹਾਲੀ, (ਗੁਰਜੀਤ ਬਿੱਲਾ)— ਚੰਡੀਗੜ੍ਹ ਗਰੁੱਪ ਆਫ ਕਾਲਜ, ਲਾਂਡਰਾਂ ਵਿਖੇ 'ਦਿਲ ਦੀ ਸਿਹਤ ਅਤੇ ਨੌਜਵਾਨਾਂ ਵਿੱਚ ਤਣਾਅ ਦੇ ਪ੍ਰਬੰਧਨ' ਵਿਸ਼ੇ 'ਤੇ ਵਿਦਿਆਰਥੀਆਂ ਅਤੇ ਫੈਕਲਟੀ ਸਮੇਤ ਲਗਭਗ 1000 ਲੋਕਾਂ ਨੇ ਭਾਗ ਲਿਆ। ਇਹ ਵਰਕਸ਼ਾਪ ਕਾਰਡੀਓਮਰਸਨ ਦੁਆਰਾ ਫਾਰਮੇਸੀ ਵਿਭਾਗ ਅਤੇ ਫਿਲਮ ਅਦਾਕਾਰਾ ਜੋਨੀਤਾ ਡੋਡਾ ਦੇ ਸਹਿਯੋਗ ਨਾਲ ਆਯੋਜਿਤ ਕੀਤੀ ਗਈ ਸੀ। ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਕਾਰਡੀਓਮਰਸਨ ਦੇ ਗਲੋਬਲ ਚੇਅਰਮੈਨ ਡਾ. ਦੀਪਕ ਪੁਰੀ ਨੇ ਕਿਹਾ ਕਿ ਕੋਵਿਡ ਮਹਾਂਮਾਰੀ ਦੀ ਸ਼ੁਰੂਆਤ ਤੋਂ 25 ਤੋਂ 44 ਸਾਲ ਦੀ ਉਮਰ ਵਰਗ ਵਿੱਚ ਘਾਤਕ ਦਿਲ ਦੇ ਦੌਰੇ ਦੇ ਮਾਮਲਿਆਂ ਵਿੱਚ 30 ਪ੍ਰਤੀਸ਼ਤ ਵਾਧਾ ਹੋਇਆ ਹੈ। ਉਨ੍ਹਾਂ ਅੱਗੇ ਕਿਹਾ ਕਿ ਜਿਨ੍ਹਾਂ ਮਰੀਜਾਂ ਨੂੰ ਕੋਵਿਡ ਲਈ ਹਸਪਤਾਲ ਵਿੱਚ ਭਰਤੀ ਹੋਣ ਦੀ ਜਰੂਰਤ ਸੀ , ਉਹਨਾਂ ਵਿੱਚ ਕਲਾਟ ਦੇ ਕਾਰਨਜਟਿਲਤਾਵਾਂ 27.3 ਗੁਣਾ ਵਧੀਆਂ ਹਨ, ਦਿਲ ਦੀ ਅਸਫਲਤਾ ਵਿੱਚ 21.6 ਗੁਣਾ ਵਾਧਾ , ਸਟ੍ਰੋਕ ਦਾ ਖਤਰਾ 17.5 ਗੁਣਾ , ਅਰੀਥਮੀਆ ਦਾ ਜੋਖਮ 10 ਗੁਣਾ ਵਧਿਆ ਹੈ। ਜਦੋਂ ਕਿ ਲੰਡਨ ਦੀ ਕੁਈਨ ਮੈਰੀ ਯੂਨੀਵਰਸਿਟੀ ਦੀ ਤਾਜਾ ਰਿਪੋਰਟ ਦੇ ਅਨੁਸਾਰ ਜਿਨ੍ਹਾਂ ਕੋਵਿਡ ਮਰੀਜਾਂ ਨੂੰ ਹਸਪਤਾਲ ਵਿੱਚ ਦਾਖਲ ਕਰਵਾਉਣ ਦੀ ਲੋੜ ਨਹੀਂ ਸੀ ਉਹਨਾਂ ਵਿੱਚ ਮੌਤ ਦਾ ਜੋਖਮ 10 ਗੁਣਾ ਵੱਧ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਹੁਣ ਨੌਜਵਾਨਾਂ ਵਿੱਚ ਤਣਾਅ ਵਧ ਰਿਹਾ ਹੈ, ਜਿਨ੍ਹਾਂ ਵਿੱਚ 16 ਤੋਂ 20 ਉਮਰ ਵਰਗ ਵਿੱਚ 33 ਫੀਸਦੀ ਅਤੇ 21 ਤੋਂ 40 ਸਾਲ ਦੀ ਉਮਰ ਵਿੱਚ 29 ਫੀਸਦੀ ਵਾਧਾ ਹੁੰਦਾ ਹੈ। ਖੁਦਕੁਸ਼ੀਆਂ ਦੀਆਂ ਘਟਨਾਵਾਂ ਵਿੱਚ ਵੀ ਵਾਧਾ ਹੋ ਰਿਹਾ ਹੈ ਅਤੇ ਭਾਰਤ ਵਿੱਚ ਖੁਦਕੁਸ਼ੀਆਂ ਦੇ ਵਿਸ਼ਵਵਿਆਪੀ ਬੋਝ ਦਾ ਲਗਭਗ 28% ਹਿੱਸਾ ਹੈ ਜੋ ਮਰਦਾਂ ਦੇ ਮੁਕਾਬਲੇ ਔਰਤਾਂ ਵਿੱਚ ਵਧੇਰੇ ਹੋ ਰਿਹਾ ਹੈ। ਇਸ ਵਿੱਚ ਯੋਗਦਾਨ ਪਾਉਣ ਵਾਲੇ ਵੱਖ-ਵੱਖ ਕਾਰਕ ਵਧ ਰਹੇ ਮੁਕਾਬਲੇ, ਘਟ ਰਹੇ ਰੁਜਗਾਰ ਦੇ ਮੌਕੇ, ਪੇਸ਼ਵਰ ਤਣਾਅ, ਵਿਗੜਦੇ ਰਿਸ਼ਤੇ, ਵਿਗੜਦੀ ਸਹਿਣਸ਼ੀਲਤਾ, ਸੰਤੁਸ਼ਟੀ ਘਟਨਾ ਅਤੇ ਨਸ਼ਿਆਂ ਦੇ ਵਧ ਰਹੇ ਖਤਰੇ ਹਨ।

ਸਰਕਾਰ ਦੀਆਂ ਨੀਤੀਆਂ ਖਿਲਾਫ ਪ੍ਰਦਰਸ਼ਨ

ਜਲੰਧਰ (ਇਕਬਾਲ ਸਿੰਘ ਉੱਭੀ)

ਪੀ ਸੀ ਐਮ ਐਸ ਡੀ ਕਾਲਜ ਫਾਰ ਵੂਮੈਨ ਦੀ ਪੀ ਸੀ ਸੀ ਟੀ ਯੂ ਯੂਨਿਟ ਦੀ ਪ੍ਰਧਾਨ ਸ੍ਰੀਮਤੀ ਉਜਲਾ ਦਾਦਾ ਜੋਸ਼ੀ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਦੀ ਧੱਕੇਸ਼ਾਹੀ ਦੇ ਖਿਲਾਫ ਕਾਲਜ ਕੈਂਪਸ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ। ਇਹ ਰੋਸ ਮੁਜਾਹਰਾ ਸਰਕਾਰ ਵੱਲੋਂ ਸੇਵਾਮੁਕਤੀ ਦੀ ਉਮਰ 60 ਤੋਂ ਘਟਾ ਕੇ 58 ਸਾਲ ਕਰਨ, ਕੇਂਦਰੀਕ੍ਰਿਤ ਦਾਖਲੇ ਅਤੇ ਪ੍ਰਾਈਵੇਟ ਗ੍ਰਾਂਟ-ਇਨ-ਏਡ ਕਾਲਜਾਂ ਲਈ ਗਰਾਂਟ 75% ਤੋਂ 95% ਕਰਨ ਦੇ ਫੈਸਲੇ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਸਮੁੱਚੀ ਅਧਿਆਪਕ ਯੂਨੀਅਨ ਨੂੰ ਇਕਜੁੱਟ ਹੋ ਕੇ ਇਨ੍ਹਾਂ ਅਧਿਆਪਕ ਵਿਰੋਧੀ ਨੀਤੀਆਂ ਦਾ ਵਿਰੋਧ ਕਰਨਾ ਚਾਹੀਦਾ ਹੈ। ਪੀਸੀਸੀਟੀਯੂ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਸਮੁੱਚਾ ਅਧਿਆਪਕ ਭਾਈਚਾਰਾ ਸਰਕਾਰ ਦੀਆਂ ਇਨ੍ਹਾਂ ਨਾ-ਮਨਜ਼ੂਰ ਨੀਤੀਆਂ ਵਿਰੁੱਧ ਡਟਣ ਦੀ ਕੋਸ਼ਿਸ਼ ਵਿੱਚ ਅਣਮਿੱਥੇ ਸਮੇਂ ਲਈ ਸੰਘਰਸ਼ ਵਿੱਢੇਗਾ । ਪ੍ਰਬੰਧਕ ਕਮੇਟੀ ਅਤੇ ਕਾਲਜ ਦੇ ਪ੍ਰਿੰਸੀਪਲ ਨੇ ਇਸ ਧਰਨੇ ਦਾ ਪੂਰਨ ਸਮਰਥਨ ਕੀਤਾ।

ਪੈਨਸ਼ਨਰਜ਼ ਐਸੋਸੀਏਸ਼ਨ ਨੇ ਮੀਟਿੰਗ 'ਚ ਵਿਚਾਰੇ ਅਹਿਮ ਮਸਲੇ

ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)

ਪੈਨਸ਼ਨਰਜ਼ ਐਸੋਸੀਏਸ਼ਨ ਬਲਾਕ ਨੂਰਪੁਰਬੇਦੀ ਦੀ ਇਕ ਅਹਿਮ ਮੀਟਿੰਗ ਪ੍ਰਧਾਨ ਮਾ. ਸਰਵਣ ਸਿੰਘ ਜੇਤੇਵਾਲ ਦੀ ਅਗਵਾਈ ਹੇਠ ਆਯੋਜਿਤ ਹੋਈ। ਸਭ ਤੋਂ ਪਹਿਲਾਂ ਬੈਠਕ ਦੌਰਾਨ ਤਰਲੋਚਣ ਸਿੰਘ ਰਾਣਾ, ਮਾ. ਪਰਮਾਨੰਦ ਬੜਵਾ,

ਬਾਬੂ ਜਗਦੀਸ਼ ਝੱਜ ਅਤੇ ਪੈਨਸ਼ਨਰ ਸਾਥੀ ਮਾ. ਹਰਦੇਵ ਸਿੰਘ ਸੰਗਤਪੁਰ ਦੇ ਪਿਤਾ ਦੀ ਮੌਤ 'ਤੇ ਸ਼ੋਕ ਮਤਾ ਪਾਇਆ ਗਿਆ। ਇਸਤੋਂ ਉਪਰੰਤ ਪੈਨਸ਼ਨਰਾਂ ਦੇ ਮਸਲਿਆਂ 'ਤੇ ਚਰਚਾ ਕਰਦਿਆਂ ਆਗੂਆਂ ਨੇ ਕਿਹਾ ਕਿ ਸਿਵਲ ਰਿਟ ਪਟੀਸ਼ਨ ਨੰਬਰ 29/2023 ਜਿਸ ਵਿੱਚ ਪੰਜਾਬ ਐਂਡ ਹਰਿਆਣਾ ਹਾਈਕੋਰਟ ਵੱਲੋਂ 10 ਜਨਵਰੀ 2022 ਤੱਕ ਰਹਿੰਦੇ ਮਹਿੰਗਾਈ ਭੱਤੇ ਦਾ ਬਕਾਇਆ ਤੁਰੰਤ ਅਦਾ ਕੀਤੇ ਜਾਣ ਦੇ ਫੈਸਲੇ ਨੂੰ ਲਾਗੂ ਕਰਨ ਦੀ ਸਰਕਾਰ ਤੋਂ ਮੰਗ ਕੀਤੀ। ਇਸ ਮੌਕੇ ਸੰਸਥਾ ਦੀ ਤਰਫੋਂ ਪਿੰਡ ਮਾਧੋਵਾਲ ਦੀ ਜੀ.ਐੱਨ.ਐੱਮ. ਦਾ ਕੋਰਸ ਕਰ ਰਹੀ ਇਕ ਲੋੜਵੰਦ ਲੜਕੀ ਨੂੰ ਆਖਰੀ ਸਾਲ ਦੀ ਫੀਸ ਲਈ 30 ਹਜ਼ਾਰ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਗਈ। ਜਦਕਿ ਅੰਗਹੀਣ ਵਿਅਕਤੀ ਸੁਭਾਸ਼ ਨੂੰ ਸੰਸਥਾ ਦੀ ਤਰਫੋਂ ਚੱਲਣ ਲਈ 'ਵਾਕਰ' (ਹੱਥ ਸਿਕੰਜ਼ਾ) ਭੇਂਟ ਕੀਤਾ ਗਿਆ। ਇਸ ਮੌਕੇ ਸੰਸਥਾ ਹੈੱਲਪੇਜ਼ ਇੰਡੀਆ ਵੱਲੋਂ ਬਜ਼ੁਰਗ ਪੈਨਸ਼ਨਰਾਂ ਨੂੰ ਦਿਨ ਪ੍ਰਤੀਦਿਨ ਵੱਧ ਰਹੇ ਸਾਈਬਰ ਕ੍ਰਾਈਮ ਤੋਂ ਬਚਣ ਲਈ ਅਹਿਮ ਜਾਣਕਾਰੀ ਪ੍ਰਦਾਨ ਕੀਤੀ ਗਈ ਤੇ ਨਾਲ ਹੀ ਘਰੇਲੂ ਹਿੰਸਾ ਜਾਂ ਕਿਸੀ ਹੋਰ ਪ੍ਰਕਾਰ ਦੇ ਵੀ ਹੋ ਰਹੇ ਧੱਕੇ ਤੋਂ ਬਚਾਅ ਲਈ 14567 ਏਲਡਰ ਨੰਬਰ 'ਤੇ ਸੰਪਰਕ ਕਰਕੇ ਸਹਾਇਤਾ ਪ੍ਰਾਪਤ ਕਰਨ ਲਈ ਜਾਗਰੂਕ ਕੀਤਾ। ਬੈਠਕ 'ਚ ਮਾ. ਮੋਹਣ ਸਿੰਘ ਭੈਣੀ, ਅਸ਼ੋਕ ਸੈਣੀ, ਰਾਮਜੀ ਦਾਸ, ਸ਼ਿੰਗਾਰਾ ਸਿੰਘ ਬੈਂਸ, ਛੋਟੂ ਰਾਮ ਜੱਟਪੁਰ, ਬਲਦੇਵ ਸਿੰਘ, ਮਾ. ਧਨੀਰਾਮ, ਦਰਸ਼ਨ ਕੁਮਾਰ, ਰਜਨੀਸ਼ ਸ਼ਰਮਾ, ਰਾਜ ਕੁਮਾਰ ਅਤੇ ਦੇਵਰਾਜ ਮੌਠਾਪੁਰ ਆਦਿ ਹਾਜ਼ਰ ਸਨ।

ਖੇੜਾ ਕਲਮੋਟ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਸਾਹਿਤ ਨਾਲ ਜੋੜਨਾ ਸ਼ਲਾਘਾਯੋਗ ਉੱਦਮ : ਡਾ. ਸਿਆਣ

ਭਲਾਣ (ਹਰਭਜਨ ਢਿੱਲੋਂ)

ਚੰਗਾ ਅਤੇ ਨਰੋਆ ਸਾਹਿਤ ਚੰਗੇ ਇਨਸਾਨ ਪੈਦਾ ਕਰਦਾ ਹੈ ਜੋ ਨਵੇਂ ਸਮਾਜ ਦੇ ਸਿਰਜਕ ਹੋ ਨਿਬੜਦੇ ਹਨ। ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਖੇੜਾ ਕਲਮੋਟ ਦੁਆਰਾ ਨੰਨੇ ਵਿਦਿਆਰਥੀਆਂ ਦੇ ਹੱਥਾਂ ਵਿੱਚ ਕਲਮਾਂ ਫੜਾ ਕੇ ਸਲਾਨਾ ਮੈਗਜ਼ੀਨ 'ਰੂਪ ਖੇੜਾ' ਦੇ ਚੌਥੇ ਅੰਕ ਦਾ ਪ੍ਰਕਾਸ਼ਨ ਕਰਨਾ ਆਪਣੇ-ਆਪ ਵਿੱਚ ਮਿਸਾਲ ਅਤੇ ਸ਼ਲਾਘਾਯੋਗ ਉੱਦਮ ਹੈ। ਪੜ੍ਹਾਈ ਦੇ ਨਾਲ਼-ਨਾਲ਼ ਅਜਿਹੇ ਯਤਨ ਸੋਨੇ ਤੇ ਸੁਹਾਗੇ ਦਾ ਕੰਮ ਕਰਦੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡਾ. ਸੋਮ ਨਾਥ ਸਿਆਣ, ਸਿਆਣ ਹਸਪਤਾਲ ਬਾਥੜੀ ਨੇ ਸਲਾਨਾ ਮੈਗਜ਼ੀਨ 'ਰੂਪ ਖੇੜਾ' ਦੇ ਪ੍ਰਤੀਕਰਮ ਵਜੋਂ ਕੀਤਾ। ਇਸ ਨੇਕ ਕਾਰਜ ਲਈ ਉਹਨਾਂ ਸੰਪਾਦਕੀ ਮੰਡਲ ਅਤੇ ਸਕੂਲ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੇਮ ਧੀਮਾਨ ਨੂੰ ਵਧਾਈ ਦਿੰਦਿਆਂ ਇਸ ਨੇਕ ਕੰਮ ਨੂੰ ਨਿਰੰਤਰ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਉਹਨਾਂ ਅਗਲੇ ਸੈਸ਼ਨ ਤੋਂ ਮੈਗਜ਼ੀਨ ਦੀ ਛਪਾਈ ਦੇ ਸਮੁੱਚੇ ਖਰਚੇ ਲਈ ਵਿੱਤੀ ਮਦਦ ਦਾ ਵੀ ਭਰੋਸਾ ਦਿੱਤਾ। ਇੱਥੇ ਜ਼ਿਕਰਯੋਗ ਹੈ ਕਿ ਡਾ. ਸਿਆਣ ਸਕੂਲ ਦੇ ਲੋੜਵੰਦ ਵਿਦਿਆਰਥੀਆਂ ਦਾ ਸਮੁੱਚਾ ਖਰਚਾ ਚੁੱਕਣ ਦੇ ਨਾਲ-ਨਾਲ ਖੇਡ ਕਿੱਟਾਂ ਅਤੇ ਹੋਰ ਲੋੜੀਂਦੇ ਕਾਰਜਾਂ ਲਈ ਸਕੂਲ ਦੀ ਅਕਸਰ ਮਦਦ ਕਰਦੇ ਰਹਿੰਦੇ ਹਨ। ਉਹਨਾਂ ਨੂੰ "ਰੂਪ ਖੇੜਾ" ਮੈਗਜ਼ੀਨ ਦਾ ਚੌਥਾ ਅੰਕ ਭੇਂਟ ਕਰਨ ਮੌਕੇ ਕਾਰਜਕਾਰੀ ਪ੍ਰਿੰਸੀਪਲ ਪ੍ਰੇਮ ਧੀਮਾਨ ਅਤੇ ਅਮਰੀਕ ਸਿੰਘ ਦਿਆਲ ਹਾਜ਼ਰ ਸਨ।

ਸੀ ਪੀ ਐਮ ਨੇ ਰਾਸ਼ਟਰਪਤੀ ਨੂੰ ਤ੍ਰਿਪੁਰਾ 'ਚ ਨਿਰਪੱਖ ਚੋਣਾਂ ਕਰਵਾਉਣ ਸੰਬੰਧੀ ਪੱਤਰ ਭੇਜਿਆ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਇੱਥੇ ਸੀ.ਪੀ.ਆਈ.(ਐਮ) ਦੇ ਵਰਕਰਾਂ ਵਲੋਂ ਸਾਥੀ ਗੁਰਮੇਸ਼ ਸਿੰਘ, ਕਮਲਜੀਤ ਸਿੰਘ ਰਾਜਪੁਰ ਭਾਈਆਂ ਅਤੇ ਗੁਰਬਖਸ਼ ਸਿੰਘ ਸੂਸ ਦੀ ਅਗਵਾਈ ਵਿੱਚ ਨਾਇਬ ਤਹਿਸੀਲਦਾਰ ਆਰ.ਸੀ. ਬੰਗੜ ਹੁਸ਼ਿਆਰਪੁਰ ਰਾਹੀਂ ਦੇਸ਼ ਦੀ ਰਾਸ਼ਟਰਪਤੀ ਨੂੰ ਤ੍ਰਿਪੁਰ ਅੰਦਰ ਨਿਰਪੱਖ ਚੋਣਾਂ ਕਰਵਾਉਣ ਸਬੰਧੀ ਮੰਗ ਪੱਤਰ ਭੇਜਿਆ। ਸੰਵਿਧਾਨਿਕ ਮੁੱਖੀ ਹੋਣ ਦੇ ਨਾਤੇ ਉਨਾਂ ਪਾਸੋਂ ਮੰਗ ਕੀਤੀ ਗਈ ਕਿ ਤ੍ਰਿਪੁਰਾ ਵਿੱਚ ਬੀ.ਜੇ.ਪੀ. ਦੀ ਸਰਕਾਰ ਅਤੇ ਉਸ ਦੇ ਲੱਠਮਾਰਾਂ ਵਲੋਂ ਲਗਾਤਾਰ ਸੂਬੇ ਅੰਦਰ ਆਤੰਕ ਮਚਾ ਰੱਖਿਆ ਹੈ। ਚੋਣਾਂ ਦੇ ਐਲਾਨ ਤੋਂ ਬਾਅਦ ਪਾਰਟੀ ਦੇ ਦਫਤਰਾਂ 'ਤੇ ਕਬਜ਼ਾ ਅਤੇ ਘਰਾਂ ਦੀ ਸਾੜਫੂਕ ਕੀਤੀ ਜਾ ਰਹੀ ਹੈ। ਹੁਣ ਤਾਂ ਵਿਰੋਧੀ ਧਿਰ ਦੇ ਆਗੂਆਂ ਅਤੇ ਵਰਕਰਾਂ ਉਪਰ ਹਮਲੇ ਤੇਜ਼ ਕਰਕੇ ਦਹਿਸ਼ਤ ਪੈਦਾ ਕੀਤੀ ਜਾ ਰਹੀ ਹੈ। ਇਸ ਮਾਹੌਲ ਵਿੱਚ ਨਿਰਪੱਖ ਚੋਣਾਂ ਸੰਭਵ ਨਹੀਂ। ਇਹ ਆਤੰਕ ਤੁਰੰਤ ਬੰਦ ਕਰਵਾਇਆ ਜਾਵੇ। ਚੋਣ ਕਮਿਸ਼ਨ ਨੂੰ ਸਖਤ ਹਦਾਇਤ ਕੀਤੀ ਜਾਵੇ ਕਿ ਉਹ ਨਿਰਪੱਖ ਚੋਣਾਂ ਕਰਵਾਉਣ ਲਈ ਆਪਣੇ ਸਾਰੇ ਵਸੀਲਿਆਂ ਦੀ ਵਰਤੋ ਕਰੇ। ਇਹ ਵੀ ਮੰਗ ਕੀਤੀ ਗਈ ਹੈ ਕਿ ਕੇਂਦਰ ਸਰਕਾਰ ਜੋ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ ਉਸ ਨੂੰ ਤੁਰੰਤ ਨਕੇਲ ਪਾਈ ਜਾਵੇ। ਸਾਥੀਆਂ ਨੇ ਜਮਹੂਰੀ ਅਤੇ ਧਰਮ ਨਿਰਪੱਖ ਸੋਚ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਦੇਸ਼ ਦੇ ਸੰਵਿਧਾਨ ਦੀ ਰਾਖੀ ਅਤੇ ਜਮਹੂਰੀ ਅਧਿਕਾਰ ਉਪਰ ਬੀ.ਜੇ.ਪੀ. ਦੀ ਸਰਕਾਰ ਵਲੋਂ ਕੀਤੇ ਜਾ ਰਹੇ ਹਮਲਿਆਂ ਵਿਰੁੱਧ ਇਕਜੁੱਟ ਆਵਾਜ਼ ਬੁਲੰਦ ਕੀਤੀ ਜਾਵੇ। ਇਸ ਮੌਕੇ ਸਰਵ ਸਾਥੀ ਸੰਤੋਖ ਸਿੰਘ, ਮਹਿੰਦਰ ਸਿੰਘ, ਸੁੱਚਾ ਸਿੰਘ ਭੀਲੋਵਾਲ, ਪਰਸਨ ਸਿੰਘ, ਮਨਜੀਤ ਸਿੰਘ, ਬਲਰਾਜ ਸਿੰਘ ਬੈਂਸ ਲਹਿਲੀ ਕਲਾਂ, ਰਾਮ ਲਾਲ, ਬਲਵਿੰਦਰ ਸਿੰਘ, ਗੁਰਮੇਲ ਸਿੰਘ, ਪਲਵਿੰਦਰ ਸਿੰਘ ਵਿਰਦੀ, ਗੁਰਨਾਮ ਸਿੰਘ, ਧਰਮਪਾਲ, ਨਰਿੰਦਰ ਸਿੰਘ ਰਾਜਪੁਰ ਭਾਈਆ ਆਦਿ ਸ਼ਾਮਲ ਹੋਏ।

ਇਨੋਸੈਂਟ ਹਾਰਟਸ ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ

ਜਲੰਧਰ (ਸ਼ੈਲੀ ਐਲਬਰਟ)

ਨੈਸ਼ਨਲ ਟੈਸਟਿੰਗ ਏਜੰਸੀ ਦੁਆਰਾ ਜਨਵਰੀ-2023 ਵਿੱਚ ਕਰਵਾਈ ਗਈ ਜੇ.ਈ.ਈ. ਮੇਨਜ਼ ਵਿੱਚ ਇੰਨੋਸੈਂਟ ਹਾਰਟਸ ਗ੍ਰੀਨ ਮਾਡਲ ਟਾਊਨ ਦੇ ਵਿਦਿਆਰਥੀਆਂ ਦਾ ਪ੍ਰਤੀਸ਼ਤ ਅੰਕ ਸ਼ਾਨਦਾਰ ਰਿਹਾ। ਆਸਨਾ ਸ਼ਰਮਾ ਨੇ ਇਸ ਪ੍ਰੀਖਿਆ ਵਿੱਚ 99.29 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ। ਜਯੇਸ ਪੰਡਿਤ ਨੇ 98.1 ਪ੍ਰਤੀਸ਼ਤ, ਆਯੂਸ ਕਾਲੀਆ ਨੇ 97.6 , ਹਾਰਦਿਕ ਚੱਢਾ ਨੇ 97.5 ਅਤੇ ਮਿਸੀਕਾ ਨੇ 96 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਹਰਸ਼ਿਤਾ ਓਬਰਾਏ ਨੇ 95.9 ਪ੍ਰਤੀਸ਼ਤ, ਅੰਸ਼ ਨੇ 95.4, ਮੌਰਿਆ ਚੰਦਰ ਜੈਨ ਨੇ 94.6 ਅਤੇ ਸਿਧਾਰਥ ਚੁੱਘ ਨੇ 91 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ। ਇਸ ਮੌਕੇ ਇੰਨੋਸੈਂਟ ਹਾਰਟਸ ਦੇ ਚੇਅਰਮੈਨ ਡਾ: ਅਨੂਪ ਬੌਰੀ ਨੇ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਸਫਲਤਾ 'ਤੇ ਵਧਾਈ ਦਿੱਤੀ। ਪ੍ਰਿੰਸੀਪਲ ਰਾਜੀਵ ਪਾਲੀਵਾਲ ਨੇ ਵਿਦਿਆਰਥੀਆਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

ਮਨਰੇਗਾ ਦੇ ਵਫਦ ਨੇ ਵਿਕਾਸ ਤੇ ਪੰਚਾਇਤ ਅਫਸਰ ਨੂੰ ਦੱਸੀਆਂ ਮੁਸ਼ਕਲਾਂ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਲਗਾਤਾਰ ਭ੍ਰਿਸ਼ਟਾਚਾਰ ਅਤੇ ਮਨਰੇਗਾ ਦੇ ਕੰਮਾਂ ਵਿਚ ਮਜਬੂਤ ਹੋ ਰਹੀਆਂ ਬੇਨਿਯਮੀਆ ਦੀਆਂ ਜੜ੍ਹਾਂ ਨੂੰ ਲੈ ਕੇ ਮਿੰਨੀ ਸੈਕਟ੍ਰੀਏਟ ਵਿਖੇ ਮਨਰੇਗਾ ਦਾ ਇਕ ਵਫਦ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਨੂੰ, ਬਲਰਾਜ ਕੁਮਾਰ,ਪ੍ਰਵੀਨ ਕੁਮਾਰੀ ਪ੍ਰਧਾਨ ਬਲਾਕ 1, ਸੋਨੂ ਮਹਿਤਪੁਰ, ਜਸਵਿੰਦਰ ਕੁਮਾਰ ਅਤੇ ਕਮਲਜੀਤ ਕੌਰ ਦੀ ਅਗਵਾਈ 'ਚ ਮਿਲਿਆ ਅਤੇ ਦਸਿਆ ਕਿ ਬਲਾਕ ਵਿਕਾਸ ਪੰਚਾਇਤ ਅਫਸਰ ਬਲਾਕ-1 ਵਲੋਂ ਜਾਣਬੁੱਝ ਕੇ ਇਨਸਾਫ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਦਸਿਆ ਕਿ ਬੀ.ਡੀ.ਪੀ. ਓ. ਨੂੰ ਕੈਟਲ ਸ਼ੈਡਾਂ, ਅੰਮ੍ਰਿਤ ਸਰੋਵਰਾਂ ਵਿੱਚ ਹੋਏ ਭ੍ਰਿਸ਼ਟਾਚਾਰ ਅਤੇ ਮੇਟਾਂ ਨਾਲ ਸਰਪੰਚਾਂ ਵਲੋਂ ਕੀਤੀਆਂ ਜਿਆਦਤੀਆਂ ਆਦਿ ਸਭ ਬਾਰੇ ਪੂਰੀ ਜਾਣਕਾਰੀ ਹੈ ਪਰ ਫਿਰ ਵੀ ਸਾਰੇ ਕੇਸਾਂ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ। ਸਰਕਾਰਾਂ ਦੀ ਕਹਿਣੀ ਅਤੇ ਕਥਨੀ ਵਿਚ ਫੈਲੇ ਭ੍ਰਿਸ਼ਟਾਚਾਰ ਕਾਰਨ ਪੰਚਾਇਤੀ ਰਾਜ ਸੰਸਥਾਵਾਂ ਵਿਚ ਹੇਠਲੇ ਪਧੱਰ 'ਤੇ ਫੈਲੇ ਭ੍ਰਿਸ਼ਟਾਚਾਰ ਨੇ ਅਪਣੇ ਪੈਰਾਂ ਨੂੰ ਐਨਾ ਮਜਬੂਤ ਕਰ ਲਿਆ ਕਿ ਕੈਟਲ ਸ਼ੈਡਾਂ, ਅੰਮ੍ਰਿਤ ਸਰੋਵਰਾਂ, ਮਨਰੇਗਾ ਦੇ ਕੰਮਾਂ ਵਿਚ ਫੈਲੇ ਭ੍ਰਿਸ਼ਟਾਚਾਰ ਦੇ ਸਬੂਤਾਂ ਦੇ ਬਾਵਜੂਦ ਬਲਾਕ-1 ਦੇ ਬੀ.ਡੀ.ਪੀ.ਓ. ਬਲਾਕ-1 ਅਧਿਕਾਰੀ ਕਾਰਵਾਈ ਕਰਨ ਦੀ ਥਾਂ ਬਚਾਓ ਕਰਨ ਦੀਆਂ ਗੁੜ੍ਹਤੀਆਂ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਅਸਮਾਨ ਤੋਂ ਨਹੀਂ ਡਿੱਗਦਾ ਅਸਲ ਵਿਚ ਇਹ ਰਾਜਨੀਤੀਵਾਨਾਂ ਦੇ ਅਸ਼ੀਰਵਾਦ ਨਾਲ ਵੱਧਦਾ ਹੈ, ਜਿਨ੍ਹਾਂ ਚਿਰ ਰਾਜਨੀਤੀਵਾਨ ਭ੍ਰਿਸ਼ਟ ਹਨ ਉਨ੍ਹਾਂ ਚਿਰ ਭ੍ਰਿਸ਼ਟਾਚਾਰ ਫੈਲਦਾ ਰਹੇਗਾ। ਗਰੀਬ ਦਲਿਤ ਮਨਰੇਗਾ ਵਰਕਰਾਂ ਨਾਲ ਧੱਕਾ ਹੋ ਰਿਹਾ ਹੈ, ਜਿਨ੍ਹਾਂ ਨੂੰ ਸਿਰਫ 282 ਰੁ: ਦੀ ਸਰਕਾਰ ਦਿਹਾੜੀ ਦੇ ਕੇ ਇਮਾਨਦਾਰੀ ਤੋਂ ਪੱਲਾ ਝਾੜ ਰਹੀ ਹੈ। ਕਟੜ ਇਮਾਨਦਾਰ ਸਰਕਾਰ ਦੇ ਰਾਜ ਪ੍ਰਬੰਧ ਹੇਠ ਮਨਰੇਗਾ ਵਰਕਰਾਂ ਨੂੰ 381 ਰੁ: 06 ਪੈਸੇ ਦਿਹਾੜੀ ਦੀ ਥਾਂ ਪੰਜਾਬ ਸਰਕਾਰ ਸਿਰਫ 282 ਰੁ: ਦਿਹਾੜੀ ਦੇ ਰਹੀ ਹੈ। ਮਨਰੇਗਾ ਐਕਟ 2005 ਗਰੀਬਾਂ ਨੂੰ ਗਰੀਬੀ ਵਿਚੋਂ ਬਾਹਰ ਕਢਣ ਅਤੇ ਵਰਕਰਾਂ ਨੂੰ ਆਰਥਿਕ ਤੌਰ 'ਤੇ ਆਤਮ ਨਿਰਭਰ ਅਤੇ ਅਮੀਰੀ ਗਰੀਬੀ ਵਿਚ ਪਾੜ੍ਹਾ ਘਟਾਉਣ ਦਾ ਇਕ ਮਜਬੂਤ ਕੇਂਦਰ ਬਿੰਦੂ ਹੈ। ਸਭ ਤੋਂ ਵੱਡਾ ਦੁੱਖ ਇਸ ਗੱਲ ਦਾ ਹੈ ਕਿ ਸਰਕਾਰੀ ਤੌਰ 'ਤੇ ਗਰੀਬਾਂ ਨਾਲ ਹੋ ਰਹੀ ਬੇਇਨਸਾਫੀ ਦਾ ਖਮਿਆਜਾ ਮਨਰੇਗਾ ਵਰਕਰਾਂ ਦੇ ਬੱਚਿਆਂ ਨੂੰ ਵੀ ਭੁਗਤਣਾ ਪੈਂਦਾ ਹੈ।

ਸ੍ਰੀ ਗੁਰੂ ਰਵਿਦਾਸ ਜੀ ਦਾ ਗੁਰਪੁਰਬ ਸ਼ਰਧਾ ਨਾਲ ਮਨਾਇਆ

ਅਲਾਵਲਪੁਰ (ਮਦਨ ਬੰਗੜ)

ਜਗਤ ਗੁਰੂ ਸ੍ਰੀ ਗੁਰੂ ਰਵਿਦਾਸ ਜੀ ਦਾ 646ਵਾਂ ਪ੍ਰਕਾਸ਼ ਪੁਰਬ ਇਲਾਕੇ ਭਰ ਵਿੱਚ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਕਸਬਾ ਅਲਾਵਲਪੁਰ ਵਿਖੇ ਵੱਖ ਵੱਖ ਮੁਹੱਲਿਆਂ ਵਿਚ ਸ੍ਰੀ ਗੁਰੂ ਰਵਿਦਾਸ ਜੀ ਦਾ ਪ੍ਰਕਾਸ਼ ਪੁਰਬ ਧੂਮਧਾਮ ਨਾਲ ਮਨਾਇਆ ਗਿਆ ਅਤੇ ਬਾਅਦ ਦੁਪਹਿਰ ਕਸਬਾ ਅਲਾਵਲਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਮੰਦਰ ਨੇੜੇ ਪੁਰਾਣਾ ਕਮੇਟੀ ਘਰ ਵਲੋਂ ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਅਤੇ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਹੇਠ ਵਿਸ਼ਾਲ ਸ਼ੋਭਾ ਯਾਤਰਾ ਅੰਮ੍ਰਿਤਵਾਨੀ ਜੀ ਦੀ ਛਤਰ- ਛਾਇਆ ਹੇਠ ਕੱਢੀ ਗਈ। ਸ੍ਰੀ ਗੁਰੂ ਰਵਿਦਾਸ ਮੰਦਿਰ ਤੋਂ ਸ਼ੁਰੂ ਹੋਈ ਇਸ ਸ਼ੋਭਾ ਯਾਤਰਾ ਨੂੰ ਮੁੱਖ ਮਹਿਮਾਨ ਮਹਿੰਦਰ ਸਿੰਘ ਅਤੇ ਮਹੰਤ ਦੀਪਿਕਾ ਨੇ ਨੇੜਲੇ ਪੁਰਾਣੇ ਕਮੇਟੀ ਘਰ ਤੋਂ ਰੀਵਨ ਕੱਟ ਕੇ ਰਵਾਨਾ ਕੀਤਾ। ਸ਼ਹਿਰ ਵਾਸੀਆਂ ਨੇ ਵੱਖ- ਵੱਖ ਥਾਵਾਂ 'ਤੇ ਫੁੱਲਾਂ ਦੀ ਵਰਖਾ ਕਰਕੇ ਸ਼ੋਭਾ ਯਾਤਰਾ ਦਾ ਸਵਾਗਤ ਕੀਤਾ। ਇਸ ਮੌਕੇ ਆਦਮਪੁਰ ਦੇ ਵਿਧਾਇਕ ਵਲੋਂ ਵੀ ਸ਼ਮੂਲੀਅਤ ਕੀਤੀ ਗਈ ਸਮੂਹ ਕੌਂਸਲਰਾਂ ਸਮੇਤ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਸ਼ੋਭਾ ਯਾਤਰਾ ਵਿਚ ਸ਼ਮੂਲੀਅਤ ਕੀਤੀ। ਇਸ ਮੌਕੇ ਸ਼ਹਿਰ ਵਾਸੀਆਂ ਵੱਲੋਂ ਵੱਖ- ਵੱਖ ਪੜਾਵਾਂ 'ਤੇ ਫਲਾਂ ਦੇ ਲੰਗਰ ਲਗਾਏ ਗਏ ਸਨ।

ਗਰੀਬੀ ਰੇਖਾ ਤੋਂ ਹੇਠਾਂ ਰਹਿ ਰਹੇ ਲੋਕਾਂ ਜੀਵਨ ਪੱਧਰ ਉੱਚਾ ਚੁੱਕਣਾ ਹੀ ਮੁੱਖ ਉਦੇਸ਼ : ਪ੍ਰੋਫੈਸਰ ਸੁਨੇਤ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਹੁਸ਼ਿਆਰਪੁਰ ਦੇ ਪਿੰਡ ਅੱਜੋਵਾਲ ਵਿਖੇ ਸਥਿਤ ਪ੍ਰੀਤ ਨਗਰ ਵਿਖੇ ਗਰੀਬੀ ਰੇਖਾ ਤੋਂ ਹੇਠਾਂ ਝੁੱਗੀਆਂ ਝੌਂਪੜੀਆਂ ਵਿੱਚ ਰਹਿ ਰਹੇ ਲੋਕਾਂ ਦੇ ਜੀਵਨ ਪੱਧਰ ਉੱਚਾ ਚੁੱਕਣ ਲਈ ਸੇਵਾਵਾਂ ਨਿਭਾ ਰਹੀ ਉਘੀ ਸਮਾਜ ਸੇਵੀ ਸੰਸਥਾ ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨਲ ਟਰਸਟ ਵੱਲੋਂ ਇਥੇ ਰਹਿ ਰਹੇ ਪਰਵਾਰਾਂ ਦੇ ਬੱਚਿਆਂ ਵਿਦਿਆ ਪ੍ਰਾਪਤ ਕਰਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਕਿ ਇਹ ਲੋਕ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਵਿਦਿਆ ਹਾਸਲ ਕਰਵਾ ਕੇ ਅੱਗੇ ਵਧ ਸਕਣ। ਇਸੇ ਸਬੰਧ ਵਿੱਚ ਪੰਜਵੀਂ ਜਮਾਤ ਦੇ ਬੱਚਿਆਂ ਨੂੰ ਨਵੋਦਿਆ ਵਿਦਿਆਲਿਆ ਵਿੱਚ ਦਾਖਲਾ ਲੈਣ ਲਈ ਹੋਣ ਵਾਲੇ ਇਮਤਿਹਾਨ ਸਬੰਧੀ ਜਾਣਕਾਰੀ ਦੇਣ ਲਈ ਵਿਸ਼ੇਸ਼ ਤੌਰ ਤੇ ਬੱਚਿਆਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਨਾਲ ਉਤਸ਼ਾਹ ਕਰਨ ਲਈ ਸਰਕਾਰੀ ਐਲੀਮੈਂਟਰੀ ਸਮਾਰਟ ਸਕੂਲ ਪ੍ਰੀਤ ਨਗਰ ਪਿੰਡ ਅੱਜੋਵਾਲ ਵਿਖੇ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਡਾਕਟਰ ਜਸਵੰਤ ਰਾਏ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਨੇ ਦੱਸਿਆ ਕਿ ਸਰਕਾਰ ਵੱਲੋਂ ਨਵੋਦਿਆ ਵਿਦਿਆਲਿਆ ਵਿੱਚ ਦਾਖਲ ਹੋਣ ਵਾਲੇ ਵਿਦਿਆਰਥੀਆਂ ਨੂੰ ਬਾਹਰਵੀਂ ਜਮਾਤ ਤੱਕ ਮੁਫ਼ਤ ਸਿੱਖਿਆ ਦਿੱਤੀ ਜਾਂਦੀ ਹੈ ਅਤੇ ਖਾਣ ਪੀਣ ਅਤੇ ਰਹਿਣ ਲਈ ਵਿਸ਼ੇਸ਼ ਹੋਸਟਲ ਅਤੇ ਖੇਡਾਂ ਦਾ ਲਈ ਸਹੂਲਤਾਂ ਮੁਫ਼ਤ ਉਪਲਬਧ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਭਰੋਸਾ ਦੁਆਇਆ ਕਿ ਉਨ੍ਹਾਂ ਵੱਲੋਂ ਵੀ ਇਨ੍ਹਾਂ ਬੱਚਿਆਂ ਦੀ ਪੜ੍ਹਾਈ ਲਈ ਵਿਸ਼ੇਸ਼ ਸਹਿਯੋਗ ਦਿੱਤਾ ਜਾਵੇਗਾ। ਟੱਰਸਟ ਦੇ ਪ੍ਰਧਾਨ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਵੱਲੋਂ ਸੰਬੋਧਨ ਕਰਦਿਆਂ ਕਿਹਾ ਇਥੇ ਰਹਿ ਰਹੇ ਪਰਿਵਾਰਾਂ ਦੇ ਬੱਚਿਆਂ ਨੂੰ ਵਿਦਿਆ ਪ੍ਰਾਪਤ ਕਰਵਾਉਣਾ ਅਤੇ ਪੜ੍ਹਾਈ ਛੱਡ ਚੁੱਕੇ ਬੱਚਿਆਂ ਨੂੰ ਕਿੱਤਾ ਮੁੱਖੀ ਸਕਿੱਲ ਡਿਵੈਲਪਮੈਂਟ ਪ੍ਰੋਗਰਾਮਾਂ ਲਈ ਵੱਧ ਤੋਂ ਵੱਧ ਪ੍ਰੇਰਿਤ ਕਰਨਾ ਹੀ ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨਲ ਟੱਰਸਟ ਦਾ ਮੁੱਖ ਉਦੇਸ਼ ਹੈ ਤਾਂ ਕਿ ਇਨ੍ਹਾਂ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਨਵੋਦਿਆ ਵਿਦਿਆਲਿਆ ਦੇ ਇਮਤਿਹਾਨ ਦੀ ਤਿਆਰੀ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਅਵਨਿੰਦਰ ਕੌਰ, ਕਲਾਸ ਇੰਚਾਰਜ ਸ੍ਰੀਮਤੀ ਸ਼ਸ਼ੀ ਬਾਲਾ ਨੇ ਆਏ ਮਹਿਮਾਨਾਂ, ਟੱਰਸਟ ਦੇ ਆਹੁਦੇਦਾਰਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ। ਟੱਰਸਟ ਦੇ ਚੇਅਰਮੈਨ ਇੰਗਲੈਂਡ ਨਿਵਾਸੀ ਸਰਦਾਰ ਰਣਜੀਤ ਸਿੰਘ, ਜੇ ਐਸ ਆਹਲੂਵਾਲੀਆ, ਗੁਰਪ੍ਰੀਤ ਸਿੰਘ, ਜਤਿੰਦਰ ਕੌਰ, ਪ੍ਰੀਤਮ ਸਿੰਘ ਅਤੇ ਐਡਵੋਕੇਟ ਜਸਪਾਲ ਸਿੰਘ ਵੱਲੋਂ ਨਵੋਦਿਆ ਵਿਦਿਆਲਿਆ ਦੇ ਇਮਤਿਹਾਨ ਲਈ ਨਾਂਅ ਦਰਜ ਕਰਵਾਉਣ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਚੰਗੇ ਭਵਿੱਖ ਲਈ ਕਾਮਨਾ ਕੀਤੀ ਗਈ।

ਸੰਗਤ ਦੀ ਸੇਵਾ ਸਭ ਤੋਂ ਉੱਤਮ : ਭਾਈ ਮੋਮੀ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 646ਵੇਂ ਪ੍ਰਕਾਸ਼ ਦਿਹਾੜੇ ਦੇ ਮੌਕੇ 'ਤੇ ਪਿੰਡ ਮੂਨਕ ਖੁਰਦ ਵਿਖੇ ਨਗਰ ਕੀਰਤਨ 'ਚ ਸ਼ਾਮਲ ਸੰਗਤ ਦੇ ਖਾਣ ਪੀਣ ਲਈ ਨੌਜਵਾਨ ਸਭਾ ਮੂਨਕ ਖੁਰਦ ਵੱਲੋਂ ਫਲਾਂ ਆਦਿ ਦਾ ਲੰਗਰ ਲਗਾਇਆ ਗਿਆ। ਭਾਈ ਸਰਬਜੀਤ ਸਿੰਘ ਮੋਮੀ ਨੇ ਕਿਹਾ ਕਿ ਸਾਡੀ ਸਭਾ ਹਰ ਧਰਮ ਦਾ ਆਦਰ ਸਤਿਕਾਰ ਕਰਦੀ ਹੈ ਅਤੇ ਉਨ੍ਹਾਂ ਦੇ ਧਾਰਮਿਕ ਪ੍ਰੋਗਰਾਮਾਂ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੀ ਹੈ। ਉਨ੍ਹਾਂ ਕਿਹਾ ਕਿ ਸੰਗਤ ਦੀ ਸੇਵਾ ਕਰਨਾ ਸਭ ਤੋਂ ਉੱਤਮ ਅਤੇ ਗੁਰੂ ਘਰ ਦੀ ਸੇਵਾ ਬਰਾਬਰ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਧਾਰਮਿਕ ਸੰਸਥਾਵਾਂ ਵੱਲੋਂ ਕੱਢੇ ਜਾ ਰਹੇ ਨਗਰ ਕੀਰਤਨ, ਸ਼ੋਭਾ ਯਾਤਰਾ ਵਿੱਚ ਸ਼ਾਮਲ ਸੰਗਤ ਦਾ ਸਵਾਗਤ ਕਰਨਾ ਅਤੇ ਉਨ੍ਹਾਂ ਦੇ ਖਾਣ-ਪੀਣ ਲਈ ਲੰਗਰ ਆਦਿ ਲਗਾਉਣਾ ਸਾਡੀ ਸੱਭਿਅਤਾ ਸਿਖਾਉਂਦੀ ਹੈ ਤੇ ਅਜਿਹਾ ਕਰਨ ਨਾਲ ਜਿੱਥੇ ਇਨਸਾਨ ਅੰਦਰੋਂ ਹੰਕਾਰ ਦਾ ਖਾਤਮਾ ਹੁੰਦਾ ਹੈ। ਇਸ ਮੌਕੇ 'ਤੇ ਸਭਾ ਦੇ ਪ੍ਰਧਾਨ ਗੁਰਦੀਪ ਸਿੰਘ ਦੀਪਾ, ਗੁਰਦੇਵ ਸਿੰਘ ਲਾਡੀ, ਮਾਸਟਰ ਨੀਰਜ ਕੁਮਾਰ, ਸਤਵਿੰਦਰ ਸਿੰਘ ਮੋਮੀ, ਕੁਲਜੀਤ ਸਿੰਘ ਲੱਕੀ, ਆਕਾਸ਼ ਮੋਮੀ, ਮਨੂੰ ਮੁਨਕਾਂ, ਅਮਰਜੀਤ ਸਿੰਘ, ਹਰਕੀਰਤ ਸਿੰਘ ਮੋਮੀ, ਗੌਤਮ ਮੋਮੀ, ਤਨੂੰ ਮੋਮੀ ਅਤੇ ਹੋਰ ਹਾਜਰ ਸਨ।

ਭਾਸ਼ਾ ਵਿਭਾਗ ਵੱਲੋਂ ਕਰਵਾਏ ਜ਼ਿਲ੍ਹਾ ਪੱਧਰੀ 'ਹਿੰਦੀ ਸਾਹਿਤ ਸਿਰਜਣ' ਮੁਕਾਬਲੇ ਸ਼ਾਨਦਾਰ ਹੋ ਨਿਬੜੇ

ਹੁਸ਼ਿਆਰਪੁਰ, (ਓ ਪੀ ਰਾਣਾ)- ਉਚੇਰੀ ਸਿੱਖਿਆ ਤੇ ਭਾਸ਼ਾਵਾਂ, ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਦੀਆਂ ਹਿਦਾਇਤਾਂ ਅਤੇ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਵਲੋਂ ਡਾ. ਜਸਵੰਤ ਰਾਏ ਖੋਜ ਅਫ਼ਸਰ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਖ਼ੁਆਸਪੁਰ ਹੀਰਾਂ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਹਿੰਦੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ ਸ਼ਾਨਦਾਰ ਹੋ ਨਿਬੜੇ। ਜ਼ਿਲ੍ਹੇ ਦੇ ਦੂਰ ਦੁਰਾਡੇ ਸਕੂਲਾਂ ਤੋਂ ਆਏ ਹੋਏ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਾਹਿਤਕ ਮੁਕਾਬਲਿਆਂ ਦੀ ਮਹੱਤਤਾ ਅਤੇ ਸਵਾਗਤ ਵਜੋਂ ਜੀ ਆਇਆਂ ਸ਼ਬਦ ਪ੍ਰਿੰਸੀਪਲ ਰਮਨਦੀਪ ਕੌਰ ਹੁਰਾਂ ਨੇ ਆਖੇ। ਡਾ. ਜਸਵੰਤ ਰਾਏ ਨੇ ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਸਾਂਝੀਆਂ ਕਰਦਿਆਂ ਕਿਹਾ ਕਿ ਵਿਭਾਗ ਪੰਜਾਬੀ ਭਾਸ਼ਾ ਦੇ ਨਾਲ-ਨਾਲ ਦੂਜੀਆਂ ਭਾਸ਼ਾਵਾਂ ਵਿੱਚ ਵੀ ਵਿਦਿਆਰਥੀਆਂ ਦੀਆਂ ਸਿਰਜਣ ਪ੍ਰਕਿਰਿਆਵਾਂ ਨੂੰ ਵਿਕਸਤ ਕਰਨ ਹਿੱਤ ਲਗਾਤਾਰ ਉਪਰਾਲੇ ਕਰ ਰਿਹਾ ਹੈ ਜਿਨ੍ਹਾਂ ਵਿੱਚੋਂ ਅੱਜ ਦੇ ਕਰਵਾਏ ਜਾ ਰਹੇ ਵਿਦਿਅਕ ਮੁਕਾਬਲਿਆਂ ਦੀ ਆਪਣੀ ਲਿਵੱਖਣ ਥਾਂ ਹੈ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੂੰ ਕਵਿਤਾ, ਕਹਾਣੀ ਅਤੇ ਲੇਖ ਲਿਖਣ ਲਈ ਮੌਕੇ 'ਤੇ ਹੀ ਵਿਸ਼ੇ ਦਿੱਤੇ ਗਏ। ਨੰਨੀਆਂ ਕਲਮਾਂ ਨੇ ਆਪਣੀਆਂ ਰਚਨਾਵਾਂ ਨਾਲ ਪ੍ਰੌੜ ਲੇਖਕਾਂ ਜਿਹਾ ਮਾਹੌਲ ਸਿਰਜ ਦਿੱਤਾ। ਸਭ ਤੋਂ ਤਿੱਖਾ ਮੁਕਾਬਲਾ ਕਵਿਤਾ ਗਾਇਨ ਵਿੱਚ ਦੇਖਣ ਨੂੰ ਮਿਲਿਆ। ਕਵਿਤਾ ਗਾਇਨ ਵਿੱਚ ਪਹਿਲਾ ਸਥਾਨ ਕ੍ਰਮਵਾਰ ਡੇਜ਼ੀ, ਜਸਮਨਪ੍ਰੀਤ ਕੌਰ ਤੇ ਵਿਪੁਲ ਕੁਮਾਰ, ਕਵਿਤਾ ਸਿਰਜਣ ਵਿੱਚ ਕ੍ਰਤਿਕ ਸ਼ਰਮਾ, ਨਿਰਜਲਾ ਤੇ ਖ਼ੁਸ਼ੀ, ਕਹਾਣੀ ਸਿਰਜਣ ਵਿੱਚ ਅੰਸ਼ਿਕਾ, ਮੰਨਤ ਤੇ ਦੀਕਸ਼ਾ, ਲੇਖ ਸਿਰਜਣ ਵਿੱਚ ਦਾਮਿਨੀ, ਸਾਰਾਹ ਸ਼ਰਮਾ ਤੇ ਗਰਲੀਨ ਕੌਰ ਨੇ ਪ੍ਰਾਪਤ ਕੀਤਾ। ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਜੇਤੂਆਂ ਨੂੰ ਭਾਸ਼ਾ ਵਿਭਾਗ ਦੇ ਪ੍ਰਮਾਣ ਪੱਤਰਾਂ ਦੇ ਨਾਲ 1000/-, 750/- ਅਤੇ 500/- ਨਕਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਮੁਕਾਬਲੇ ਵਿੱਚ ਸਰਕਾਰੀ ਸਕੂਲ ਪ੍ਰਾਈਵੇਟ ਸਕੂਲਾਂ ਨੂੰ ਟੱਕਰ ਦੇਣ ਵਿੱਚ ਕਾਮਯਾਬ ਰਹੇ। ਜੱਜ ਦੀ ਭੂਮਿਕਾ ਪ੍ਰੋ. ਹਰਜਿੰਦਰ ਅਮਨ ਸਰਕਾਰੀ ਕਾਲਜ ਹੁਸ਼ਿਆਰਪੁਰ, ਸਰਜੂ ਸੂਰੀ ਹਾਈ ਸਕੂਲ ਫੁਗਲਾਣਾ ਅਤੇ ਮੈਡਮ ਅੰਜੂ ਵੀ ਰੱਤੀ ਸਮਾਰਟ ਸਕੂਲ ਪੁਰ ਹੀਰਾਂ ਨੇ ਨਿਭਾਈ। ਪ੍ਰੋ. ਹਰਜਿੰਦਰ ਅਮਨ ਵਲੋਂ ਸੰਗੀਤ ਦੀਆਂ ਬਰੀਕੀਆਂ ਬਿਆਨ ਕਰਦਿਆਂ ਸੁਰੀਲੀ ਅਵਾਜ਼ ਵਿੱਚ ਸੁਣਾਈ ਗ਼ਜ਼ਲ ਨੇ ਮਾਹੌਲ ਨੂੰ ਹੋਰ ਸੰਗੀਤਕ ਬਣਾ ਦਿੱਤਾ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਚਲਾਈ ਇਸ ਮੌਕੇ ਲੈਕ. ਕਮਲਜੀਤ ਕੌਰ, ਜੁਗਲ ਕਿਸ਼ੋਰ, ਪਵਨ ਕੁਮਾਰ, ਸੁਰਿੰਦਰ ਕੁਮਾਰ, ਵਨੀਤਾ ਠਾਕੁਰ, ਕਰੁਣ ਗੁਪਤਾ, ਵਨੀਤਾ ਰਾਣੀ, ਮੰਜੂ ਅਰੋੜਾ, ਨਵਜੋਤ ਕੌਰ, ਅਮਨਦੀਪ ਸਿੰਘ, ਮਮਤਾ ਪਾਵਾ, ਹਰਪੀਤ ਕੌਰ, ਪੂਜਾ ਰਾਣੀ ਬੋੜਾ, ਹੁਸ਼ਿਆਰਪੁਰ ਦੇ ਸਕੂਲਾਂ ਦੇ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।

8-FEB-PAGE-10.qxd 2/7/2023 10:09 PM Page 1

ਪ੍ਰਾਇਮਰੀ ਸਕੂਲ 'ਚ ਮਿਡ ਡੇ ਮੀਲ ਦੀ ਕੀਤੀ ਚੈਕਿੰਗ

ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਨੇੜਲੇ ਪਿੰਡ ਰੱਤੀ ਰੋੜੀ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਮਿਡ-ਡੇ-ਮੀਲ ਸਕੀਮ ਤਹਿਤ ਵਿਦਿਆਰਥੀਆਂ ਨੂੰ ਦਿੱਤੇ ਜਾ ਰਹੇ ਖਾਣੇ ਦੀ ਚੈਕਿੰਗ ਕੀਤੀ ਅਤੇ ਛੋਟੇ ਬੱਚਿਆਂ ਨਾਲ ਬੈਠ ਕੇ ਦੁਪਹਿਰ ਬਾਅਦ ਹਲਕਾ ਕੋਟਕਪੂਰਾ ਦੇ ਪਿੰਡ ਰੱਤੀ ਰੋੜੀ ਸਥਿਤ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਖਾਣਾ ਖਾਧਾ। ਸੰਧਵਾਂ ਨੇ ਭੋਜਨ ਦੀ ਗੁਣਵੱਤਾ 'ਤੇ ਤਸੱਲੀ ਪ੍ਰਗਟਾਉਂਦੇ ਕਿਹਾ ਕਿ ਪੰਜਾਬ ਸਰਕਾਰ ਬੱਚਿਆਂ ਨੂੰ ਮਿਆਰੀ ਸਿੱਖਿਆ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਇਸੇ ਲੜੀ ਤਹਿਤ ਸਕੂਲਾਂ ਵਿੱਚ ਮਿਲਣ ਵਾਲੇ ਖਾਣੇ ਦੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡਾ ਮੁੱਖ ਉਦੇਸ਼ ਸਰਕਾਰੀ ਸਕੂਲਾਂ ਨੂੰ ਆਤਮ ਨਿਰਭਰ ਬਣਾ ਕੇ ਉਨ੍ਹਾਂ ਨੂੰ ਹੁਸ਼ਿਆਰ ਬਣਾਉਣਾ ਹੈ। ਜ਼ਿਲ੍ਹਾ ਫ਼ਰੀਦਕੋਟ ਦੇ ਸਰਕਾਰੀ ਸਕੂਲਾਂ ਦੇ ਦੌਰੇ ਦੌਰਾਨ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਚਾਰ ਵੱਖ-ਵੱਖ ਸਰਕਾਰੀ ਸਕੂਲਾਂ ਨੂੰ 8 ਲੱਖ ਰੁਪਏ ਦੀ ਰਾਸ਼ੀ ਦੇ ਚੈੱਕ ਵੀ ਸੌਂਪੇ। ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਦੁਆਰੇਆਣਾ, ਸਰਕਾਰੀ ਹਾਈ ਸਕੂਲ ਵਾੜਾ ਦਰਾਕਾ, ਸਰਕਾਰੀ ਪ੍ਰਾਇਮਰੀ ਸਕੂਲ ਡੱਗੋ ਰੋਮਾਣਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਰੱਤੀ ਰੋੜੀ ਨੂੰ 2-2 ਲੱਖ ਰੁਪਏ ਦੇ ਚੈੱਕ ਦਿੱਤੇ। ਇਸ ਤੋਂ ਇਲਾਵਾ ਸ਼ਹੀਦ ਭਗਤ ਸਿੰਘ ਵੈਲਫੇਅਰ ਕਲੱਬ ਨੂੰ ਸਮਾਨ ਖਰੀਦਣ ਲਈ 1 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ। ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਵੱਡੇ ਪੱਧਰ 'ਤੇ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੇ ਪੇਸ਼ੇਵਰ ਹੁਨਰ ਨੂੰ ਹੋਰ ਨਿਖਾਰਨ ਲਈ ਸਰਕਾਰ ਨੇ 36 ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਸਿੰਘਾਪੁਰ ਸਥਿਤ ਅੰਤਰਰਾਸ਼ਟਰੀ ਅਧਿਆਪਕ ਸਿਖਲਾਈ ਕੇਂਦਰ ਵਿਖੇ ਸਿਖਲਾਈ ਲਈ ਭੇਜਿਆ ਹੈ, ਜੋ ਅਧਿਆਪਕਾਂ ਨੂੰ ਸਿਖਲਾਈ ਪ੍ਰਦਾਨ ਕਰਦਾ ਹੈ। ਇਸ ਨੂੰ ਲੈਣ ਤੋਂ ਬਾਅਦ ਬੱਚਿਆਂ ਨੂੰ ਵਿਸ਼ਵ ਪੱਧਰੀ ਆਧੁਨਿਕ ਤਰੀਕਿਆਂ ਨਾਲ ਸਿੱਖਿਆ ਪ੍ਰਦਾਨ ਕੀਤੀ ਜਾ ਸਕੇਗੀ।

ਮੋਬਾਇਲ ਵਾਪਸ ਕਰਕੇ ਇਮਾਨਦਾਰੀ ਦੀ ਮਿਸਾਲ ਕਾਇਮ ਕੀਤੀ

ਮੱਖੂ (ਰਛਪਾਲ ਸਿੰਘ ਸੰਧੂ)

ਸੜਕ ਕਿਨਾਰੇ ਡਿੱਗਿਆ ਹੋਇਆ ਮੋਬਾਇਲ ਉਸ ਦੇ ਮਾਲਕ ਨੂੰ ਵਾਪਸ ਕਰਕੇ ਅਮਰੀਕ ਸਿੰਘ ਸੱਧਰਵਾਲਾ ਨੇ ਦੱਸ ਦਿੱਤਾ ਕਿ ਇਮਾਨਦਾਰੀ ਲੋਕਾਂ ਦੇ ਦਿਲਾਂ ਵਿੱਚ ਜ਼ਿੰਦਾ ਹੈ। ਅਮਰੀਕ ਸਿੰਘ ਸੱਧਰਵਾਲਾ ਦੱਸਿਆ ਕਿ ਉਹ ਪਿੰਡ ਸੱਧਰਵਾਲਾ ਤੋਂ ਮੱਖੂ ਸ਼ਹਿਰ ਨੂੰ ਜਾ ਰਿਹਾ ਸੀ ਤਾਂ ਜਦ ਉਹ ਬੀ ਸੀ ਇੰਟਰਨੈਸ਼ਨਲ ਸਕੂਲ ਦੇ ਨਜ਼ਦੀਕ ਪਹੁੰਚਿਆ ਤਾਂ ਦੇਖਿਆ ਕਿ ਕਿਸੇ ਵਿਅਕਤੀ ਦਾ ਮੋਬਾਇਲ ਸੜਕ ਦੇ ਕਿਨਾਰੇ ਡਿੱਗਿਆ ਪਿਆ ਸੀ। ਉਸ ਵੱਲੋਂ ਮੋਬਾਇਲ ਆਪਣੇ ਕੋਲ ਰੱਖ ਲਿਆ ਕੁਝ ਸਮੇਂ ਬਾਅਦ ਉਸ ਮੋਬਾਇਲ 'ਤੇ ਮੋਬਾਇਲ ਦੇ ਮਾਲਕ ਦਾ ਫੋਨ ਆਇਆ ਤਾਂ ਉਸ ਨੇ ਆਪਣਾ ਨਾਂਅ ਕਰਨ ਦੱਸਿਆ ਅਤੇ ਕਿਹਾ ਕਿ ਉਹ ਪੀ ਓ ਪੀ ਦਾ ਕੰਮ ਕਰਦੇ ਹਨ। ਕੰਮ ਵਾਸਤੇ ਜਾਂਦੇ ਵਕਤ ਰਸਤੇ ਵਿੱਚ ਮੇਰਾ ਮੋਬਾਇਲ ਡਿਗ ਪਿਆ ਹੈ। ਅਮਰੀਕ ਸਿੰਘ ਨੇ ਕਰਨ ਨੂੰ ਦੱਸਿਆ ਕਿ ਮੋਬਾਇਲ ਉਸ ਦੇ ਪਾਸ ਹੈ, ਮੋਬਾਇਲ ਦੀ ਨਿਸ਼ਾਨੀ ਦੱਸ ਕੇ ਮੋਬਾਇਲ ਲੈ ਸਕਦੇ ਹੋ। ਜਦ ਮੋਬਾਇਲ ਦਾ ਮਾਲਕ ਆਪਣਾ ਗੁੰਮ ਹੋਇਆ ਮੋਬਾਇਲ ਲੈਣ ਵਾਸਤੇ ਆਇਆ ਤਾਂ ਉਸ ਕੋਲੋਂ ਮੋਬਾਇਲ ਦੀ ਨਿਸ਼ਾਨੀ ਲੈਣ ਤੋਂ ਬਾਅਦ ਅਮਰੀਕ ਸਿੰਘ ਨੇ ਮੋਬਾਇਲ ਦੇ ਮਾਲਕ ਕਰਨ ਵਾਸੀ ਜੱਲ੍ਹਾ ਚੌਕੀ ਮੱਖੂ ਨੂੰ ਵਾਪਸ ਕੀਤਾ ਗਿਆ। ਕਰਨ ਨੇ ਆਪਣਾ ਗੁੰਮ ਹੋਇਆ ਮੋਬਾਇਲ ਵਾਪਸ ਲੈਣ ਕੇ ਅਮਰੀਕ ਸਿੰਘ ਦਾ ਧੰਨਵਾਦ ਕੀਤਾ।

ਸਿਹਤ ਮੰਤਰੀ ਨੇ ਸਿਵਲ ਹਸਪਤਾਲ ਦਾ ਕੀਤਾ ਦੌਰਾ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)

ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਵੱਲੋਂ ਅੱਜ ਸਥਾਨਕ ਸਿਵਲ ਹਸਪਤਾਲ ਦੇ ਕੀਤੇ ਗਏ ਆਪਣੇ ਦੌਰੇ ਦੌਰਾਨ ਹਸਪਤਾਲ ਅੰਦਰ ਵੱਖ ਵੱਖ ਥਾਵਾਂ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਵੀ ਉਨ੍ਹਾਂ ਨਾਲ ਸਨ। ਇਸ ਮੌਕੇ ਡਾ. ਬਲਵੀਰ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਨੇ ਆਪਣੇ 10/11 ਮਹੀਨਿਆਂ ਦੇ ਕਾਰਜਕਾਲ ਦੌਰਾਨ ਸਿਹਤ ਸੇਵਾਵਾਂ ਵਿੱਚ ਸੁਧਾਰ ਲਿਆਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਹੈ ਅਤੇ ਸਿਹਤ ਸੇਵਾਵਾਂ ਵਿੱਚ ਸੁਧਾਰ ਲਈ ਅਜੇ ਹੋਰ ਬਹੁਤ ਕੁਝ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਹਸਪਤਾਲ ਵਿੱਚ ਡਾਕਟਰੀ ਸਟਾਫ਼ ਦੀ ਘਾਟ, ਇਮਾਰਤ ਦੀ ਮੁਰੰਮਤ ਅਤੇ ਡਾਕਟਰੀ ਸਾਜ਼ੋ ਸਮਾਨ ਦੀ ਘਾਟ ਉਨ੍ਹਾ ਦੇ ਧਿਆਨ ਵਿੱਚ ਆਈ ਹੈ ਅਤੇ ਜਲਦੀ ਹੀ ਇਹ ਸਾਰੀਆਂ ਘਾਟਾਂ ਪੂਰੀਆਂ ਕੀਤੀਆਂ ਜਾਣਗੀਆਂ। ਉਨ੍ਹਾ ਕਿਹਾ ਕਿ ਪੰਜਾਬ ਦੇ ਹਸਪਤਾਲਾਂ ਵਿੱਚ ਡਾਕਟਰੀ ਅਮਲੇ ਦੀ ਘਾਟ ਨੂੰ ਪੂਰਾ ਕਰਨ ਲਈ ਡਾਕਟਰਾਂ ਸਮੇਤ ਹੋਰ ਅਮਲੇ ਦੀ ਭਰਤੀ ਕੀਤੀ ਜਾ ਰਹੀ ਹੈ ਅਤੇ ਸੁਧਾਰ ਲਗਾਤਾਰ ਜਾਰੀ ਰਹਿਣਗੇ। ਉਨ੍ਹਾ ਕਿਹਾ ਕਿ ਅਗਲੇ ਪੰਜ ਸਾਲਾਂ ਦੌਰਾਨ ਸਮੁੱਚੇ ਪੰਜਾਬ ਦੇ ਹਸਪਤਾਲਾਂ ਵਿੱਚ ਮਿਆਰੀ ਸਿਹਤ ਸਹੂਲਤਾਂ ਦਾ ਅਜਿਹਾ ਪ੍ਰਬੰਧ ਹੋਵੇਗਾ ਕਿ ਮੁੱਖ ਮੰਤਰੀ ਅਤੇ ਮੰਤਰੀ ਵੀ ਆਮ ਮਰੀਜ਼ਾਂ ਵਾਲੇ ਵਾਰਡ ਵਿੱਚ ਇਲਾਜ ਕਰਵਾਉਣਗੇ। ਸਿਹਤ ਸੇਵਾਵਾਂ ਵਿੱਚ ਸੁਧਾਰ ਦੇ ਮਾਮਲੇ ਵਿੱਚ ਪ੍ਰਾਇਮਰੀ ਕੇਅਰ ਦੌਰਾਨ ਸਮੁੱਚੇ ਪੰਜਾਬ ਵਿੱਚ ਹੁਣ ਤੱਕ 500 ਆਮ ਆਦਮੀ ਕਲੀਨਿਕ ਖੋਲ੍ਹੇ ਗਏ ਹਨ, ਜਿੱਥੇ ਆਮ ਲੋਕਾਂ ਨੂੰ ਆਪਣੇ ਘਰ ਨੇੜੇ ਸਿਹਤ ਸੇਵਾਵਾਂ ਉਪਲਬਧ ਹੋਈਆਂ ਹਨ, ਉਥੇ ਸੈਕੰਡਰੀ ਕੇਅਰ ਦੌਰਾਨ ਉਪ ਮੰਡਲ ਪੱਧਰ ਅਤੇ ਜ਼ਿਲ੍ਹਾ ਪੱਧਰ ਦੇ ਹਸਪਤਾਲਾਂ ਨੂੰ ਮਿਆਰੀ ਸਿਹਤ ਸੇਵਾਵਾਂ ਲਈ ਅਪਗਰੇਡ ਕੀਤਾ ਜਾਵੇਗਾ। ਇਸ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਮੁੱਖ ਮੰਤਰੀ ਦੇ ਓ ਐਸ ਡੀ ਪ੍ਰੋਫੈਸਰ ਉਂਕਾਰ ਸਿੰਘ ਸਿੱਧੂ, ਸਿਵਲ ਸਰਜਨ ਡਾ. ਪਰਮਿੰਦਰ ਕੌਰ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਮਾਰਕਿਟ ਕਮੇਟੀ ਧੂਰੀ ਦੇ ਨਵ ਨਿਯੁਕਤ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਆਪ ਆਗੂਆਂ ਵਿੱਚ ਡਾ. ਅਨਵਰ ਭਸੌੜ, ਸਤਿੰਦਰ ਸਿੰਘ ਚੱਠਾ, ਅਮਰਦੀਪ ਸਿੰਘ ਧਾਂਦਰਾ, ਅਨਿਲ ਮਿੱਤਲ, ਨਰੇਸ਼ ਸਿੰਗਲਾ ਅਤੇ ਬਲਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਿਹਤ ਮੰਤਰੀ ਡਾ. ਬਲਵੀਰ ਸਿੰਘ।

ਕਾਤਰਾਂ

ਹਰਚੰਦ ਸਿੰਘ ਬਰਸਟ ਨੂੰ ਪੰਜਾਬ ਮੰਡੀਕਰਨ ਬੋਰਡ ਦਾ ਚੇਅਰਮੈਨ ਬਣਨ 'ਤੇ ਦਿੱਤੀ ਵਧਾਈ

ਨਾਭਾ (ਵਰਿੰਦਰ ਵਰਮਾ)-ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਆਮ ਆਦਮੀ ਪਾਰਟੀ ਦੇ ਸੂਬਾਈ ਜਨਰਲ ਸਕੱਤਰ ਵਜੋਂ ਆਪਣੀਆ ਸੇਵਾਵਾਂ ਨਿਭਾਅ ਰਹੇ ਸੀਨੀਅਰ ਆਗੂ ਹਰਚੰਦ ਸਿੰਘ ਬਰਸਟ ਨੂੰ ਪੰਜਾਬ ਮੰਡੀਕਰਨ ਬੋਰਡ ਦਾ ਚੇਅਰਮੈਨ ਲਾਏ ਜਾਣ 'ਤੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਾ ਕੇ ਮੁਬਾਰਕਬਾਦ ਦਿੱਤੀ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਪਹਿਲੀ ਅਜਿਹੀ ਪਾਰਟੀ ਹੈ, ਜਿਸ ਵਲੋਂ ਆਮ ਘਰਾਂ ਦੇ ਇਮਾਨਦਾਰ ਤੇ ਮਿਹਨਤੀ ਧੀਆਂ ਪੁੱਤਰਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦੇ ਕੇ ਸੂਬੇ ਨੂੰ ਤਰੱਕੀ ਅਤੇ ਖੁਸ਼ਹਾਲ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਮਾਨ ਦੀ ਰੰਗਲਾ ਪੰਜਾਬ ਟੀਮ ਵਿੱਚ ਸ਼ਾਮਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰਚੰਦ ਸਿੰਘ ਬਰਸਟ ਇਕ ਇਮਾਨਦਾਰ ਅਤੇ ਮਿਲਣਸਾਰ ਇਨਸਾਨ ਹਨ, ਜਿਨ੍ਹਾਂ ਨੇ ਲੰਮੇ ਸਮੇਂ ਤੋਂ ਪਾਰਟੀ ਲਈ ਦਿਨ ਰਾਤ ਮਿਹਨਤ ਕੀਤੀ ਹੈ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਦੇ ਸਿੰਡੀਕੇਟ ਮੈਂਬਰ ਮੇਜਰ ਆਰ ਪੀ ਮਲਹੋਤਰਾ, 'ਆਪ' ਆਗੂ ਸੁਖਵਿੰਦਰ ਸਿੰਘ ਬਾਬਾ, ਹਰਿੰਦਰ ਸਿੰਘ ਧਬਲਾਨ, ਹਰਪ੍ਰੀਤ ਸਿੰਘ ਭੁੱਲਰ ਤੇ ਕਰਨਦੀਪ ਸਿੰਘ ਆਦਿ ਮੌਜੂਦ ਸਨ।

ਡਾਕਘਰਾਂ 'ਚ ਲਾਏ ਜਾਣਗੇ ਵਿਸ਼ੇਸ਼ ਸੁਕੰਨਯਾ ਸਮਰਿਧੀ ਕੈਂਪ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)-'ਆਜ਼ਾਦੀ ਦੇ ਅੰਮ੍ਰਿਤ ਮਹਾਂਉਤਸਵ' ਅਧੀਨ ਡਾਕ ਵਿਭਾਗ ਵੱਲੋਂ 9 ਤੇ 10 ਫਰਵਰੀ ਨੂੰ ਫਿਰੋਜ਼ਪੁਰ ਮੰਡਲ ਦੇ ਹਰ ਡਾਕ ਘਰ ਵਿੱਚ ਵਿਸ਼ੇਸ਼ ਤੌਰ 'ਤੇ ਸੁਕੰਨਯਾ ਸਮਰਿਧੀ ਯੋਜਨਾ ਕੈਂਪ ਲਾਏ ਜਾ ਰਹੇ ਹਨ। ਇਸ ਯੋਜਨਾ ਦੇ ਅਧੀਨ ਦਸ ਸਾਲ ਤੋਂ ਘੱਟ ਉਮਰ ਦੀਆਂ ਬੱਚੀਆਂ ਦੇ ਖਾਤੇ ਖੋਲ੍ਹੇ ਜਾ ਰਹੇ ਹਨ। ਸੰਜੀਵ ਕੁਮਾਰ ਢੁੱਚ ਸੁਪਰਡੈਂਟ ਡਾਕਘਰ ਫਿਰੋਜ਼ਪੁਰ ਮੰਡਲ ਨੇ ਖਾਤੇ ਦੀਆਂ ਮੁੱਖ ਵਿਸ਼ੇਸ਼ਤਾਵਾਂ ਵੀ ਦੱਸੀਆਂ, ਜਿਵੇਂ ਇਹ ਖਾਤਾ ਘੱਟ ਤੋਂ ਘੱਟ 250 ਰੁਪਏ ਜਮ੍ਹਾ ਕਰਾ ਕੇ ਖੋਲ੍ਹਿਆ ਜਾ ਸਕਦਾ ਹੈ ਤੇ ਇਸ ਖਾਤੇ ਉਪਰ ਵਿਆਜ ਦੀ ਦਰ 7.6 ਪ੍ਰਤੀਸ਼ਤ ਹੈ। ਇਸ ਖਾਤੇ ਵਿਚ ਰਾਸ਼ੀ ਜਮ੍ਹਾਂ ਕਰਾ ਕੇ 80 ਸੀ ਐਕਟ ਅਧੀਨ ਛੋਟ ਵੀ ਲਈ ਜਾ ਸਕਦੀ ਹੈ। ਸੁਪਰਡੈਂਟ ਡਾਕਘਰ ਫਿਰੋਜ਼ਪੁਰ ਮੰਡਲ ਵੱਲੋਂ ਇਹ ਵੀ ਦੱਸਿਆ ਗਿਆ ਕਿ ਸੁਕੰਨਯਾ ਸਮਰਿਧੀ ਯੋਜਨਾ ਛੋਟੀ ਬੱਚੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਸ਼ੁਰੂ ਕੀਤੀ ਗਈ ਹੈ ਅਤੇ ਸਾਰੇ ਮਾਪਿਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੀ ਬੱਚੀ ਦਾ ਖਾਤਾ ਖੁਲਵਾ ਕੇ ਉਸ ਦੇ ਭਵਿੱਖ ਨੂੰ ਸੁਨਹਿਰੀ ਕਰਨ।

ਡੇਅਰੀ ਫ਼ਾਰਮਿੰਗ ਸੰਬੰਧੀ ਸਿਖਲਾਈ ਪ੍ਰੋਗਰਾਮ ਆਯੋਜਤ

ਬਠਿੰਡਾ (ਪਰਵਿੰਦਰ ਜੀਤ ਸਿੰਘ) ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.) ਵੱਲੋਂ ਸਹਾਇਕ ਕਿੱਤਿਆਂ ਨੂੰ ਉਤਸ਼ਾਹਤ ਕਰਨ ਲਈ ਵੱਖ-ਵੱਖ ਕਿੱਤਾ ਮੁਖੀ ਕੋਰਸ ਕਰਾਏ ਜਾਂਦੇ ਹਨ। ਇਸੇ ਤਹਿਤ ਕਰਾਏ ਗਏ 13 ਰੋਜ਼ਾ ਡੇਅਰੀ ਫ਼ਾਰਮਿੰਗ ਸਬੰਧੀ ਕਿੱਤਾ ਮੁਖੀ ਕੋਰਸ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਆਯੋਜਤ ਕੀਤਾ ਗਿਆ। ਇਸ ਸਿਖਲਾਈ ਕੋਰਸ ਵਿੱਚ 78 ਕਿਸਾਨਾਂ ਤੇ ਕਿਸਾਨ ਬੀਬੀਆਂ ਨੇ ਭਾਗ ਲਿਆ। ਸਿਖਲਾਈ ਪ੍ਰੋਗਰਾਮ ਦੇ ਸ਼ੁਰੂ ਵਿੱਚ ਕੇ.ਵੀ.ਕੇ. ਦੇ ਡਿਪਟੀ ਡਾਇਰੈਕਟਰ ਡਾ. ਗੁਰਦੀਪ ਸਿੰਘ ਸਿੱਧੂ ਵੱਲੋਂ ਕਿਸਾਨੀ ਪ੍ਰਤੀ ਕ੍ਰਿਸ਼ੀ ਵਿਗਿਆਨ ਕੇਂਦਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਿਸਾਨਾਂ ਨੂੰ ਕੇਂਦਰ ਵੱਲੋਂ ਦਿੱਤੀਆਂ ਜਾਣ ਵਾਲੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਤ ਵੀ ਕੀਤਾ। ਇਸ ਉਪਰੰਤ ਡਾ. ਅਜੀਤਪਾਲ ਸਿੰਘ ਧਾਲੀਵਾਲ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਸ਼ੁਰੂ ਕੀਤੇ ਗਏ ਇਸ ਸਿਖਲਾਈ ਕੋਰਸ ਦੌਰਾਨ ਪਸ਼ੂ ਪਾਲਣ ਨਾਲ ਸੰਬੰਧਿਤ ਵੱਖ-ਵੱਖ ਵਿਸ਼ਿਆਂ 'ਤੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਗਈ, ਜਿਸ ਵਿੱਚ ਮੱਝਾਂ ਅਤੇ ਗਾਵਾਂ ਦੀਆਂ ਨਸਲਾਂ, ਸ਼ੈੱਡਾਂ ਦੀ ਬਣਤਰ, ਖੁਰਾਕ ਤੇ ਚਾਰੇ ਦਾ ਪ੍ਰਬੰਧ, ਸਾਫ਼-ਸੁਥਰਾ ਦੁੱਧ ਉਤਪਾਦਨ ਸਹਿਤ ਪਸ਼ੂਆਂ ਦੀਆਂ ਬਿਮਾਰੀਆਂ ਤੇ ਟੀਕਾਕਰਨ ਸ਼ਾਮਲ ਸਨ। ਇਸ ਮੌਕੇ ਡਾ. ਸਰਵਪ੍ਰਿਆ ਸਿੰਘ ਦੁਆਰਾ ਵੱਖ-ਵੱਖ ਸਹਾਇਕ ਕਿੱਤਿਆਂ ਦੀ ਆਰਥਿਕਤਾ ਬਾਰੇ ਦੱਸਿਆ ਗਿਆ ਅਤੇ ਨਾਲ ਹੀ ਬੈਂਕ ਅਧਿਕਾਰੀਆਂ ਦੇ ਲੈਕਚਰ ਜ਼ਰੀਏ ਬੈਂਕਾਂ ਦੀਆਂ ਸੁਵਿਧਾਵਾਂ ਬਾਰੇ ਵੀ ਜਾਣਕਾਰੀ ਦਿੱਤੀ।ਸਿਖਲਾਈ ਕੋਰਸ ਦੌਰਾਨ ਸਿਖਿਆਰਥੀਆਂ ਨੂੰ ਬਠਿੰਡਾ ਜ਼ਿਲ੍ਹੇ ਦੇ ਕੁਝ ਸਫ਼ਲ ਡੇਅਰੀ ਫ਼ਾਰਮਾਂ ਦਾ ਦੌਰਾ ਵੀ ਕਰਾਇਆ ਗਿਆ। ਇਸ ਮੌਕੇ ਸਹਿਯੋਗੀ ਪ੍ਰੋਫੈਸਰ (ਹੋਮ ਸਾਇੰਸ) ਡਾ. ਜਸਵਿੰਦਰ ਕੌਰ ਬਰਾੜ ਦੁਆਰਾ ਕਿੱਤਾ ਮੁਖੀ ਸਿਖਲਾਈ ਕੋਰਸਾਂ ਨੂੰ ਸਮੇਂ ਦੀ ਲੋੜ ਦੱਸਦੇ ਹੋਏ ਸਿਖਿਆਰਥੀਆਂ ਨੂੰ ਕਿੱਤੇ ਦੇ ਤੌਰ 'ਤੇ ਅਪਣਾਉਣ ਲਈ ਪ੍ਰੇਰਤ ਕੀਤਾ ਤਾਂ ਜੁ ਉਹ ਆਪਣੇ ਪੈਰਾਂ ਸਿਰ ਹੋ ਕੇ ਘਰ ਦੀ ਆਰਥਿਕ ਹਾਲਤ ਬਿਹਤਰ ਬਨਾਉਣ ਵਿੱਚ ਬਣਦਾ ਯੋਗਦਾਨ ਪਾ ਸਕਣ।

ਪਾਵਰਕਾਮ, ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਯੂਨਿਟ ਮੋਗਾ ਵੱਲੋਂ ਸਰਕਲ ਫਰੀਦਕੋਟ ਦੀ ਕਨਵੈਨਸ਼ਨ

ਮੋਗਾ (ਅਮਰਜੀਤ ਬੱਬਰੀ)

ਪਾਵਰਕੌਮ ਟਰਾਂਸਕੋ ਪੈਨਸ਼ਨਰਜ਼ ਯੂਨੀਅਨ, ਯੂਨਿਟ ਮੋਗਾ ਵੱਲੋਂ ਸਰਕਲ ਕਨਵੀਨਰ ਗੁਰਮੇਲ ਸਿੰਘ ਨਾਹਰ ਅਤੇ ਸਵਰਨਜੀਤ ਸਿੰਘ, ਅਸ਼ੋਕ ਸੇਠੀ ਦੀ ਪ੍ਰਧਾਨਗੀ ਅਤੇ ਸੂਬਾ ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾ, ਐਸ ਪੀ ਸਿੰਘ, ਅਮਰਜੀਤ ਸਿੰਘ ਮਾੜੀਮੇਘਾ, ਹਰਪਾਲ ਸਿੰਘ ਮਚਾਕੀ, ਦਿਆਲ ਸਿੰਘ ਦੀ ਸਾਂਝੀ ਸਰਪ੍ਰਸਤੀ ਹੇਠ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਭਵਨ ਵਿਖੇ ਲੂੰਬਾ ਭਵਨ ਵਿਖੇ ਸਰਕਲ ਪੱਧਰ ਦੀ ਕਨਵੈਨਸ਼ਨ ਕੀਤੀ ਗਈ। ਇਸ ਕਨਵੈਨਸ਼ਨ ਵਿੱਚ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਆਗੂ ਅਮਰੀਕ ਸਿੰਘ ਮਸੀਤਾਂ, ਐਸ ਪੀ ਸਿੰਘ, ਅਮਰਜੀਤ ਸਿੰਘ ਮਾੜੀਮੇਘਾ, ਗੁਰਮੇਲ ਸਿੰਘ ਨਾਹਰ, ਪ੍ਰਿਆਵਰਤ ਗੁਪਤਾ, ਹਰਪਾਲ ਸਿੰਘ ਮਚਾਕੀ, ਦਿਆਲ ਸਿੰਘ, ਸਵਰਨਜੀਤ ਸਿੰਘ ਪੈਨਸ਼ਨਰਜ਼ ਯੂਨੀਅਨ ਦੇ ਆਗੂਆਂ ਨੇ ਪਾਵਰਕੌਮ, ਟਰਾਂਸਕੋ ਦੀ ਮੈਨੇਜਮੈਂਟ ਵੱਲੋਂ ਹੱਕੀ ਮੰਗਾਂ ਨੂੰ ਨਾ ਮੰਨਣ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ। ਮੁੱਖ ਮੰਗਾਂ ਵਿਚ ਰਿਟਾਇਰ ਕਰਮਚਾਰੀਆਂ ਨੂੰ ਵੀ ਕਰਮਚਾਰੀਆਂ ਵਾਂਗ 2.59 ਦੇ ਫੈਕਟਰ ਨਾਲ ਪੈਨਸ਼ਨ ਰਿਵਾਇਜ਼ ਕੀਤੀ ਜਾਵੇ ਕਿਉਂਕਿ ਤਨਖਾਹ ਕਮਿਸ਼ਨ ਵੱਲੋਂ ਇਸ ਦੀ ਸਿਫਾਰਸ਼ ਅਤੇ ਪੰਜਾਬ ਸਰਕਾਰ ਦੀ ਕੈਬਨਿਟ ਮੀਟਿੰਗ ਵਿੱਚ ਇਸ ਸਿਫਾਰਸ਼ ਨੂੰ ਮਨਜ਼ੂਰ ਕੀਤਾ ਗਿਆ ਸੀ। ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਤੇ ਉਸ ਦਾ ਬਕਾਇਆ ਇੱਕਮੁਸ਼ਤ ਜਾਰੀ ਕੀਤਾ ਜਾਵੇ, ਕੈਸ਼ਲੈਸ ਮੈਡੀਕਲ ਸਕੀਮ ਲਾਗੂ ਕੀਤੀ ਜਾਵੇ, 23 ਸਾਲਾ ਅਗੇਤ ਪ੍ਰੋਸਨਲ ਤਰੱਕੀ ਬਿਨਾਂ ਸ਼ਰਤ ਬਹਾਲ ਕੀਤੀ ਜਾਵੇ। ਪੈਨਸ਼ਨਰ ਯੂਨੀਅਨ ਦੇ ਸੂਬਾ ਆਗੂਆਂ ਨੇ ਜਾਣਕਾਰੀ ਦਿੱਤੀ ਕਿ ਐਕਟ ਮੁਤਾਬਕ ਡਿਵੈਲਪਮੈਂਟ ਟੈਕਸ ਪੈਨਸ਼ਨਰਜ਼ ਦਾ ਕੱਟਣਾ ਨਹੀਂ ਬਣਦਾ, ਮੈਨੇਜਮੈਂਟ ਦੀ ਤਸੱਲੀ ਕਰਾਉਣ ਉਪਰੰਤ ਮੈਨੇਜਮੈਂਟ ਨੂੰ ਆਪਣੇ ਅਧੀਨ ਦਫਤਰਾਂ ਨੂੰ ਡਿਵੈਲਪਮੈਂਟ ਟੈਕਸ ਨੂੰ ਤੁਰੰਤ ਬੰਦ ਕਰਨ ਦੇ ਹੁਕਮ ਜਾਰੀ ਕਰਨ ਲਈ ਮਜਬੂਰ ਹੋਣਾ ਪਿਆ, ਇਹ ਪੈਨਸ਼ਨਰਜ਼ ਯੂਨੀਅਨ ਦੀ ਬਹੁਤ ਵੱਡੀ ਪ੍ਰਾਪਤੀ ਹੈ, ਇਸ ਤੋਂ ਇਲਾਵਾ ਹੋਰ ਹੱਕੀ ਮੰਗਾਂ ਨੂੰ ਬਿਨਾਂ ਕਿਸੇ ਦੇਰੀ ਦੇ ਮੰਨ ਕੇ ਲਾਗੂ ਕੀਤਾ ਜਾਵੇ। ਸਟੇਜ ਸਕੱਤਰ ਦੀ ਜ਼ਿਮੇਵਾਰੀ ਗੁਰਮੇਲ ਸਿੰਘ ਨਾਹਰ ਵੱਲੋਂ ਨਿਭਾਈ ਗਈ। ਇਸ ਮੌਕੇ ਦਰਬਾਰਾ ਸਿੰਘ, ਗੁਰਦੇਵ ਸਿੰਘ, ਰਾਮ ਪ੍ਰਕਾਸ਼, ਬਲਕਾਰ ਸਿੰਘ, ਪਾਲ ਸਿੰਘ, ਕਰਮ ਸਿੰਘ, ਮਹਿੰਦਰ ਸਿੰਘ, ਅਸ਼ੋਕ ਕੁਮਾਰ, ਜਸਵੰਤ ਸਿੰਘ, ਇੰਦਰਜੀਤ ਸਿੰਘ ਹਰਮੇਲ ਸਿੰਘ, ਬਲਕਾਰ ਸਿੰਘ, ਪਿਆਰਾ ਸਿੰਘ, ਮੰਗਲ ਸਿੰਘ, ਪ੍ਰਸ਼ੋਤਮ ਲਾਲ, ਗੁਰਨਾਮ ਸਿੰਘ ਤੋਂ ਇਲਾਵਾ ਹੋਰ ਬਹੁਤ ਸਾਰੇ ਪੈਨਸ਼ਨਰਜ਼ ਹਾਜ਼ਰ ਸਨ।

ਧਾਲੀਵਾਲ ਦੀ ਰਿਹਾਇਸ਼ ਅੱਗੇ ਧਰਨਾ ਅੱਜ

ਜਲਾਲਾਬਾਦ (ਜੀਤ ਕੁਮਾਰ)

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਉਲੀਕੇ ਹੋਏ ਸੰਘਰਸ਼ ਪ੍ਰੋਗਰਾਮ ਤਹਿਤ 8 ਫਰਵਰੀ ਨੂੰ ਹਲਕੇ ਅਜਨਾਲਾ ਵਿਖੇ ਸਰਕਾਰ ਦੀ ਗਠਿਤ ਸਬ-ਕਮੇਟੀ ਮੈਂਬਰ ਅਤੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਰਿਹਾਇਸ਼ ਅੱਗੇ ਦਿੱਤੇ ਜਾ ਰਹੇ ਸੂਬਾ ਪੱਧਰੀ ਧਰਨੇ ਦੀ ਤਿਆਰੀ ਲਈ ਸਾਰੇ ਪੰਜਾਬ ਵਿੱਚ ਜ਼ਿਲ੍ਹਾ ਪੱਧਰੀ ਮੀਟਿੰਗਾਂ ਕਰਨ ਉਪਰੰਤ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ, ਜਿਸ 'ਚ ਜਲ ਸਪਲਾਈ ਕਾਮੇ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਬਸੰਤੀ ਰੰਗ 'ਚ ਸੱਜ ਕੇ ਵੱਖ-ਵੱਖ ਜ਼ਿਲ੍ਹਿਆਂ ਤੋਂ ਹਿੱਸਾ ਲੈਣਗੇ। ਜਥੇਬੰਦੀ ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਬਤੌਰ ਇਨਲਿਸਟਮੈਂਟ ਵਰਕਰ ਜੋ ਪਿਛਲੇ 10-15 ਸਾਲਾਂ ਤੋਂ ਫੀਲਡ ਅਤੇ ਦਫਤਰਾਂ ਵਿਚ ਵੱਖ-ਵੱਖ ਪੋਸਟਾਂ 'ਤੇ ਇਕ ਵਰਕਰ ਦੇ ਰੂਪ 'ਚ ਸੇਵਾਵਾਂ ਨਿਰਵਿਘਨ ਦੇ ਰਹੇ ਹਨ, ਦੀ ਭਰਤੀ ਪਹਿਲਾਂ ਵਿਭਾਗੀ ਅਧਿਕਾਰੀਆਂ ਵਲੋਂ ਪੇਂਡੂ ਜਲ ਸਪਲਾਈ ਸਕੀਮਾਂ ਤੇ ਪੀਣ ਵਾਲੇ ਪਾਣੀ ਦੀ ਸਹੂਲਤ ਘਰ-ਘਰ ਪਹੁੰਚਾਉਣ ਲਈ ਆਊਟਸੋਰਸ ਅਧੀਨ ਕੀਤੀ ਗਈ ਸੀ, ਪਰ ਸਾਜ਼ਿਸ਼ ਤਹਿਤ ਬਿਨਾਂ ਸਰਕਾਰ ਦੀ ਮੰਜ਼ੂਰੀ ਲਏ ਵਿਭਾਗੀ ਅਧਿਕਾਰੀਆਂ ਵਲੋਂ 2008 ਤੋਂ ਬਾਅਦ ਧੱਕੇ ਨਾਲ ਇਨਲਿਸਟਮੈਂਟ ਠੇਕੇਦਾਰ ਬਣਾ ਦਿੱਤਾ ਗਿਆ ਜਦਕਿ ਇਨ੍ਹਾਂ ਕਾਮਿਆਂ ਵੱਲੋਂ ਵਰਕਰ ਦੇ ਰੂਪ 'ਚ ਹੀ ਰੈਗੂਲਰ ਮੁਲਾਜ਼ਮਾਂ ਦੀ ਤਰ੍ਹਾਂ ਉਕਤ ਵਿਭਾਗ 'ਚ ਵੱਖ-ਵੱਖ ਪੋਸਟਾਂ 'ਤੇ ਆਪਣੀਆਂ ਸੇਵਾਵਾਂ ਨੂੰ ਜਾਰੀ ਰੱਖਿਆ ਹੋਇਆ ਹੈ। ਇਨ੍ਹਾਂ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਸਬੰਧਤ ਵਿਭਾਗ 'ਚ ਮਰਜ਼ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਲਈ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਚੱਲ ਰਿਹਾ ਹੈ, ਜਿਸ 'ਤੇ ਸਰਕਾਰੀ ਵਿਉਤਬੰਦੀ ਦੇ ਅਨੁਸਾਰ ਵਿਭਾਗੀ ਅਧਿਕਾਰੀਆਂ ਵਲੋਂ ਇਨਲਿਸਟਮੈਂਟ ਤੇ ਆਊਟਸੋਰਸ ਵਰਕਰ ਨੂੰ ਸਬੰਧਤ ਵਿਭਾਗ ਵਿਚ ਲੈਣ ਲਈ ਪ੍ਰੋਪੋਜਲ (ਕੇਸ) ਤਿਆਰ ਕੀਤੀ ਗਈ ਸੀ, ਜਿਸ ਤਹਿਤ ਵੀ ਇਨਲਿਸਟਮੈਂਟ ਕਾਮਿਆਂ ਦਾ ਪੱਕਾ ਰੁਜ਼ਗਾਰ ਹੋ ਸਕਦਾ ਹੈ।

ਉਨ੍ਹਾਂ ਕਿਹਾ ਕਿ ਸਾਲਾਂਬੱਧੀ ਅਰਸੇ ਤੋਂ ਬਤੌਰ ਇਨਲਿਸਟਮੈਂਟ ਤੇ ਆਊਟਸੋਰਸ ਅਧੀਨ ਸੇਵਾਵਾਂ ਦੇ ਰਹੇ ਵਰਕਰਾਂ ਨੂੰ ਤਜਰਬੇ ਦੇ ਅਧਾਰ 'ਤੇ ਵਿਭਾਗ 'ਚ ਸ਼ਾਮਲ ਕਰਕੇ ਪੱਕਾ ਰੁਜ਼ਗਾਰ ਕਰਾਉਣ ਸਮੇਤ ਜਥੇਬੰਦੀ ਦੇ ਮੰਗ ਪੱਤਰ 'ਚ ਦਰਜ ਤਮਾਮ ਮੰਗਾਂ ਦਾ ਹੱਲ ਕਰਾਉਣ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ ਯੂਨੀਅਨ ਪੰਜਾਬ (ਰਜਿ.31) ਵੱਲੋਂ ਸ਼ੁਰੂ ਕੀਤੇ ਸੰਘਰਸ਼ ਤਹਿਤ 8 ਫਰਵਰੀ ਨੂੰ ਹਲਕਾ ਅਜਨਾਲਾ 'ਚ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੀ ਰਿਹਾਇਸ਼ ਅੱਗੇ ਦਿੱਤੇ ਜਾਣ ਵਾਲੇ ਸੂਬਾ ਪੱਧਰੀ ਧਰਨੇ ਵਿੱਚ ਜਲ ਸਪਲਾਈ ਵਰਕਰਾਂ ਵਿਚ ਆਪਣੇ ਪਰਿਵਾਰਾਂ ਤੇ ਬੱਚਿਆਂ ਸਮੇਤ ਹਿੱਸਾ ਲੈਣ ਲਈ ਉਤਸ਼ਾਹ ਪਾਇਆ ਜਾ ਰਿਹਾ ਹੈ।

ਸਰਕਾਰੀ ਬੇਰੁਖੀ 'ਚੋਂ ਗੁਜ਼ਰ ਰਿਹਾ ਕਾਲਾਂਵਾਲੀ ਉਪ ਮੰਡਲ : ਐਡਵੋਕੇਟ ਭਾਗਵੰਤੀ

ਸਿਰਸਾ (ਸੁਰਿੰਦਰ ਪਾਲ ਸਿੰਘ)

ਉਪ ਮੰਡਲ ਕਾਲਾਂਵਾਲੀ ਦੇ ਨਗਰ ਕੌਂਸਲ ਪ੍ਰਧਾਨ ਦੇ ਅਹੁਦੇ ਲਈ ਉਮੀਦਵਾਰਾਂ ਦੀ ਦੌੜ ਵਿੱਚ ਐਡਵੋਕੇਟ ਭਾਗਵੰਤੀ ਦੇਵੀ ਪਤਨੀ ਲੈਕਚਰਾਰ ਫੂਲ ਸਿੰਘ ਲੁਹਾਨੀ ਨੇ ਆਪਣਾ ਦਾਅਵਾ ਪੇਸ਼ ਕਰਦਿਆਂ ਕਿਹਾ ਕਿ ਨਗਰ ਕੌਂਸਲ ਕਾਲਾਂਵਾਲੀ ਪ੍ਰਧਾਨ ਦੇ ਅਹੁਦੇ ਲਈ ਉਸ ਉਮੀਦਵਾਰ ਨੂੰ ਚੁਣਿਆ ਜਾਵੇ ਜੋ ਇਮਾਨਦਾਰ ਅਕਸ ਵਾਲਾ ਅਤੇ ਪੜ੍ਹਿਆ-ਲਿਖਿਆ ਅਤੇ ਸਮਾਜਕ ਅਤੇ ਰਾਜਨੀਤਕ ਸੂਝ ਰੱਖਣ ਵਾਲਾ ਹੋਏ। ਐਡਵੋਕੇਟ ਭਾਗਵੰਤੀ ਦੇਵੀ ਦਾ ਕਹਿਣਾ ਸੀ ਕਿ ਲੰਮੇ ਸਮੇਂ ਤੋਂ ਮੰਡੀ ਕਾਲਾਂਵਾਲੀ ਦੇ ਵਿਕਾਸ ਕਾਰਜ, ਜਿਵੇਂ ਸੜਕਾਂ, ਸੀਵਰੇਜ, ਬਿਜਲੀ ਅਤੇ ਬਾਹਰਲੀਆਂ ਬਸਤੀਆਂ ਦਾ ਵਿਕਾਸ ਆਦਿ ਕਾਰਜਾਂ ਵੱਲ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾ ਕਿਹਾ ਕਿ ਸਰਕਾਰੀ ਦਫਤਰਾਂ ਵਿੱਚ ਲਾਲ ਫੀਤਾਸ਼ਾਹੀ ਦਾ ਬੋਲਬਾਲਾ ਹੈ। ਉਨ੍ਹਾ ਕਿਹਾ ਕਿ ਗਰੀਬ ਜਨਤਾ ਦੇ ਰਾਸ਼ਨ ਕਾਰਡ ਕੱਟਣ ਤੋਂ ਇਹ ਵਰਗ ਸਰਕਾਰ ਨੂੰ ਰਹਿ ਰਹਿ ਕੇ ਕੋਸ ਰਿਹਾ ਹੈ। ਇਸ ਮੌਕੇ ਵੱਖ-ਵੱਖ ਵਾਰਡਾਂ ਦੀਆਂ ਉੱਘੀਆਂ ਔਰਤਾਂ ਸਮੇਤ ਸਮਾਜ ਸੇਵਕ ਪੂਨਮ ਵਰਮਾ, ਰੇਖਾ ਰਾਣੀ, ਸੰਤੋਸ਼ ਰਾਣੀ, ਸੁਮਨ ਰਾਣੀ, ਚਮਕੌਰ ਸਿੰਘ, ਭਟੇਰੀ ਦੇਵੀ, ਬਾਬੂ ਰਾਮ, ਅਮਨ, ਨੰਦਰਾਮ, ਜਨਕ ਰਾਜ, ਸੰਦੀਪ ਕੌਰ, ਲਕਸ਼ਮੀ ਡੂਮਰਾ, ਪ੍ਰਵੀਨ ਜੈਨ, ਸਾਧੂਰਾਮ, ਗਿਆਰਾਸੀ ਦੇਵੀ ਅਤੇ ਵੱਖ-ਵੱਖ ਵਾਰਡਾਂ ਦੀਆਂ ਹੋਰ ਔਰਤਾਂ ਅਤੇ ਸਮਾਜ ਸੇਵੀਆਂ ਨੇ ਮੈਡਮ ਭਾਗਵੰਤੀ ਦੇਵੀ ਨੂੰ ਨਗਰ ਪ੍ਰਧਾਨ ਦੀ ਚੋਣ ਲੜਾਉਣ ਲਈ ਗੰਭੀਰ ਵਿਚਾਰ ਵਟਾਂਦਰਾ ਕੀਤਾ।

ਅਮਨਦੀਪ ਸਿੰਘ ਸੀਨੀਅਰ ਐਕਸੀਅਨ ਬਣਨ 'ਤੇ ਸਨਮਾਨਿਤ

ਸੰਗਰੂਰ (ਪ੍ਰਵੀਨ ਸਿੰਘ)-ਸਥਾਨਕ ਮਿਲਨ ਹੋਟਲ ਧੂਰੀ ਗੇਟ ਵਿਖੇ ਸਟੇਟ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਸੂਬਾਈ ਪੈਨਸ਼ਨਰ ਆਗੂ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿੱਚ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪੰਜਾਬ ਰਾਜ ਬਿਜਲੀ ਬੋਰਡ ਦੇ ਐਸ.ਡੀ.ਓ. ਅਮਨਦੀਪ ਸਿੰਘ ਨੂੰ ਐਸ ਡੀ ਓ ਤੋਂ ਸੀਨੀਅਰ ਐਕਸ਼ੀਅਨ ਪੱਦ ਉੱਨਤ ਹੋਣ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਐਸੋਸੀਏਸ਼ਨ ਦੇ ਸਰਪ੍ਰਸਤ ਅਤੇ ਸਾਬਕਾ ਅਡੀਸ਼ਨਲ ਸੁਪਰਡੈਂਟ ਇੰਜ: ਪ੍ਰਵੀਨ ਬਾਂਸਲ ਜੋ ਕਿ ਕੰਜ਼ੂਮਰ ਕਮਿਸ਼ਨ ਦੇ ਵੀ ਮੈਂਬਰ ਰਹੇ ਹਨ ਨੇ ਅਮਨਦੀਪ ਸਿੰਘ ਨੂੰ ਸੀਨੀਅਰ ਐਕਸ਼ੀਅਨ ਦੀ ਤਰੱਕੀ ਹੋਣ 'ਤੇ ਸ਼ੁੱਭ ਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਅਧਿਕਾਰੀ ਇੱਕ ਨੇਕ, ਇਮਾਨਦਾਰ ਅਤੇ ਮਿਹਨਤੀ ਅਧਿਕਾਰੀ ਹੈ ਹਰ ਇੱਕ ਦਾ ਕੰਮ ਪਹਿਲ ਦੇ ਤੌਰ 'ਤੇ ਕੀਤਾ ਜਾਂਦਾ ਹੈ। ਵਿਭਾਗ ਵਿੱਚ ਮਿੱਠ ਬੋਲੜੇ ਅਤੇ ਨਰਮ ਸੁਭਾਅ ਨਾਲ ਜਾਣੇ ਜਾਂਦੇ ਹਨ। ਮੁਲਾਜ਼ਮਾਂ ਅਤੇ ਪਬਲਿਕ ਨਾਲ ਇਨ੍ਹਾਂ ਦਾ ਸਲਾਘਾਯੋਗ ਵਤੀਰਾ ਹੈ। ਇਸ ਮੌਕੇ ਤੇ ਸੀਨੀਅਰ ਐਕਸ਼ੀਅਨ ਕਰਨ ਬਾਂਸਲ, ਅਭੇਦੀਪ ਸਿੰਘ ਐਸ ਡੀ ਓ, ਕੁਨਾਲ ਗਰਗ ਐਸ.ਡੀ ਓ, ਕ੍ਰਿਸ਼ਨ ਸ਼ਰਮਾ ਐਸ.ਡੀ.ਓ., ਗਗਨ ਸਿੰਗਲਾ ਐਸ.ਡੀ.ਓ., ਦਵਿੰਦਰ ਸਿੰਘ, ਅਭਿਸ਼ੇਕ ਭਾਰਗਵ, ਜਗਜੀਤ ਸਿੰਘ ਅਤੇ ਹੋਰ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ। ਇਸ ਮੌਕੇ ਤੇ ਸ੍ਰੀ ਅਮਨਦੀਪ ਸਿੰਘ ਨੇ ਕਿਹਾ ਕਿ ਉਹ ਆਪਣੀ ਡਿਊਟੀ ਤਨਦੇਹੀ ਨਾਲ ਅਤੇ ਸਮਾਜ ਸੇਵਾ ਲੋਕ ਭਲਾਈ ਦੇ ਕੰਮਾਂ ਲਈ ਲਗਾਉਣਗੇ।

ਪੇਂਡੂ ਡਾਕਟਰਾਂ ਵੱਲੋਂ ਸਰਕਾਰ ਨੂੰ ਚਿਤਾਵਨੀ

ਤਲਵੰਡੀ ਸਾਬੋ (ਜਗਦੀਪ ਗਿੱਲ)

ਸਬ ਡਵੀਜ਼ਨ ਤਲਵੰਡੀ ਸਾਬੋ ਦੇ ਤਮਾਮ ਪੇਂਡੂ ਡਾਕਟਰਾਂ ਵੱਲੋਂ ਇਥੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਮੀਟਿੰਗ ਹਾਲ ਵਿਖੇ ਵਿਸ਼ਾਲ ਮੀਟਿੰਗ ਕੀਤੀ ਗਈ। ਡਾ. ਗੁਰਮੇਲ ਸਿੰਘ ਘਈ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਪਹਿਲਾਂ ਅਕਾਲੀ ਸਰਕਾਰ ਫਿਰ ਕਾਂਗਰਸ ਦੀ ਕੈਪਟਨ ਸਰਕਾਰ ਅਤੇ ਹੁਣ ਆਪ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਮੰਨਣ ਲਈ ਹੁੰਗਾਰੇ ਭਰਨ ਦੇ ਬਾਵਜੂਦ ਕਿਸੇ ਨੇ ਵੀ ਅਮਲੀ ਜਾਮਾ ਨਹੀਂ ਪਹਿਨਾਇਆ। ਬੁਲਾਰਿਆਂ ਕਿਹਾ ਕਿ ਸਾਡੇ ਦੇਸ਼ ਦੀਆਂ ਕੁਝ ਸੂਬਾਈ ਸਰਕਾਰਾਂ ਆਪਣੇ ਸੂਬੇ ਦੇ ਪੇਂਡੂ ਡਾਕਟਰਾਂ ਨੂੰ ਛੋਟੇ-ਛੋਟੇ ਕੋਰਸ ਕਰਵਾ ਕੇ ਅਧਿਕਾਰਤ ਤੌਰ 'ਤੇ ਆਪਣੇ ਡਾਕਟਰੀ ਕਿੱਤੇ ਵਿੱਚ ਕੰਮ ਕਰਨ ਲਈ ਅਧਿਕਾਰਤ ਕਰ ਵੀ ਚੁੱਕੀਆਂ ਹਨ ਪ੍ਰੰਤੂ ਪੰਜਾਬ ਦੇ ਪੇਂਡੂ ਡਾਕਟਰਾਂ ਦਾ ਮਾਮਲਾ ਹਾਲੇ ਤੱਕ ਵੀ ਅਣਗੌਲਿਆ ਚੱਲਿਆ ਆ ਰਿਹਾ ਹੈ। ਬੁਲਾਰਿਆਂ ਕਿਹਾ ਕਿ ਜੇਕਰ ਹਾਲੇ ਵੀ ਪੰਜਾਬ ਦੀ ਸਰਕਾਰ ਸਾਡੀਆਂ ਮੰਗਾਂ ਵੱਲ ਧਿਆਨ ਨਹੀਂ ਦੇ ਰਹੀ ਤਾਂ ਆਉਣ ਵਾਲੇ ਦਿਨਾਂ ਵਿਚ ਸਾਡੇ ਪੇਂਡੂ ਡਾਕਟਰੀ ਭਾਈਚਾਰੇ ਕੋਲ ਸਿਵਾਏ ਸੰਘਰਸ਼ ਤੋਂ ਹੋਰ ਕੋਈ ਚਾਰਾ ਬਾਕੀ ਨਹੀਂ ਹੈ।

ਕੌਮੀ ਇਨਸਾਫ ਮੋਰਚੇ 'ਚ ਬੀ ਕੇ ਯੂ ਏਕਤਾ ਸਿੱਧੂਪੁਰ ਵੱਲੋਂ 10 ਹਜ਼ਾਰ ਦੇ ਜਥੇ ਨਾਲ ਕੀਤੀ ਸ਼ਮੂਲੀਅਤ

ਸਮਰਾਲਾ (ਸੁਰਜੀਤ ਸਿੰਘ)

ਜਗਜੀਤ ਸਿੰਘ ਡੱਲੇਵਾਲ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਅਗਵਾਈ ਵਿੱਚ ਹਜ਼ਾਰਾਂ ਨੌਜਵਾਨਾਂ, ਬਜ਼ੁਰਗਾਂ, ਮਾਵਾਂ, ਭੈਣਾਂ ਦੇ ਜੱਥੇ ਵੱਲੋਂ ਵਾਹਿਗੁਰੂ ਜੀ ਦਾ ਜਾਪ ਕਰਦਿਆਂ ਕੌਮੀ ਇਨਸਾਫ ਮੋਰਚੇ ਵਿੱਚ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਸਰਕਾਰਾਂ ਦੀ ਮੋਰਚੇ ਪ੍ਰਤੀ ਚੁੱਪ ਤੋੜਨ ਲਈ ਇਸ ਵੱਡੇ ਜਥੇ ਵੱਲੋਂ ਮੋਰਚੇ ਵਿੱਚ ਹਾਜ਼ਰੀ ਲਗਵਾਈ ਗਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਜੇਕਰ ਸਰਕਾਰ ਕੌਮੀ ਇਨਸਾਫ ਮੋਰਚੇ ਦੀਆਂ ਇਹਨਾਂ ਜਾਇਜ਼ ਮੰਗਾਂ ਵੱਲ ਧਿਆਨ ਨਹੀ ਦਿੰਦੀ ਹੈ ਤਾਂ ਮੋਰਚਾ ਜੋ ਵੀ ਪ੍ਰੋਗਰਾਮ ਦੇਵੇਗਾ ਬੀ ਕੇ ਯੂ ਸਿੱਧੂਪੁਰ ਉਸ ਪ੍ਰੋਗਰਾਮ ਨੂੰ ਸਖਤੀ ਨਾਲ ਲਾਗੂ ਕਰੇਗੀ। ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਬੰਦੀ ਸਿੰਘਾਂ ਅਤੇ ਸਜ਼ਾ ਭੁਗਤ ਚੁੱਕੇ ਹੋਰਾਂ ਦੀ ਰਿਹਾਈ ਸਮੇਤ ਚਾਰ ਮੰਗਾਂ ਨੂੰ ਲੈ ਕੇ ਕੌਮੀ ਇਨਸਾਫ ਮੋਰਚੇ ਨੂੰ ਲੱਗਿਆ ਐਨੇ ਦਿਨ ਬੀਤ ਚੁੱਕੇ ਹਨ ਪਰ ਇਹਨਾਂ ਜਾਇਜ਼ ਮੰਗਾਂ ਉੱਪਰ ਅੱਜ ਤੱਕ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਨਾ ਤਾਂ ਕੋਈ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ ਅਤੇ ਨਾ ਹੀ ਇਹਨਾਂ ਨੂੰ ਹੱਲ ਕਰਨ ਲਈ ਕੋਈ ਕਦਮ ਪੁੱਟਿਆ ਗਿਆ ਹੈ। ਜਿਸ ਕਰਕੇ ਆਉਣ ਵਾਲੇ ਸਮੇਂ ਵਿੱਚ ਚਾਰ ਮੰਗਾਂ ਨੂੰ ਲੈ ਕੇ ਕੌਮੀ ਇਨਸਾਫ ਮੋਰਚੇ ਵਿੱਚ ਸੰਗਤਾਂ ਦਾ ਹੋਰ ਵੀ ਹੜ੍ਹ ਆਵੇਗਾ ਅਤੇ ਇਹ ਮੋਰਚਾ ਹੋਰ ਵੀ ਵਿਸ਼ਾਲ ਰੂਪ ਅਖਤਿਆਰ ਕਰੇਗਾ।

ਜਗਜੀਤ ਸਿੰਘ ਡੱਲੇਵਾਲ ਨੇ ਅੱਗੇ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਜੇਕਰ ਇਹਨਾਂ ਚਾਰ ਮੰਗਾਂ ਦਾ ਹੱਲ ਨਹੀਂ ਕਰਦੀ ਤਾਂ ਆਉਣ ਵਾਲੇ ਸਮੇਂ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਹਜ਼ਾਰਾਂ ਦੀ ਗਿਣਤੀ ਵਿੱਚ ਟ੍ਰੈਕਟਰ ਟਰਾਲੀਆਂ ਨਾਲ ਮੋਰਚੇ ਵਿੱਚ ਪੱਕੇ ਤੌਰ 'ਤੇ ਡੇਰੇ ਲਗਾਏਗੀ। ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਅਤੇ ਚਾਰ ਮੰਗਾਂ ਲਈ ਚੱਲ ਰਹੇ ਕੌਮੀ ਇਨਸਾਫ ਮੋਰਚੇ ਨੂੰ ਹਰ ਇੱਕ ਧਰਮ ਅਤੇ ਹਰ ਇੱਕ ਪੰਜਾਬ ਵਾਸੀ ਨੂੰ ਹਮਾਇਤ ਦੇਣ ਅਤੇ ਹਾਅ ਦਾ ਨਾਅਰਾ ਮਾਰਨ ਦੀ ਜਰੂਰਤ ਹੈ ਕਿਉਂਕ ਅਦਾਲਤਾਂ ਵੱਲੋਂ ਕਾਗਜ਼ਾਂ ਵਿੱਚ ਦਿੱਤੀ ਸਜ਼ਾ ਭਗਤ ਕੇ ਵੀ ਉਹ ਜੇਲ੍ਹਾਂ ਵਿੱਚ ਬੰਦ ਹਨ ਅਤੇ ਜੇਲ੍ਹਾਂ ਵਿੱਚ ਇਸ ਤਰ੍ਹਾਂ ਦੇ ਵੀ ਬੰਦੀ ਸਿੰਘ ਅਤੇ ਹੋਰ ਅੰਦਰ ਹਨ ਜੋ ਨਿੱਕੀ ਉਮਰੇ ਜੇਲ੍ਹ ਵਿੱਚ ਬੰਦ ਕਰ ਦਿੱਤੇ ਗਏ ਤੇ ਉਹ ਆਪਣੀ ਸਜ਼ਾ ਪੂਰੀ ਭੁਗਤ ਕੇ ਵੀ ਅੰਦਰ ਬੰਦ ਹਨ ਅਤੇ ਪਿੱਛਓਂ ਉਨ੍ਹਾਂ ਦੇ ਮਾਂ-ਬਾਪ ਵੀ ਇਸ ਦੁਨੀਆ ਤੋਂ ਚੱਲ ਵਸੇ ਪ੍ਰੰਤੂ ਸਰਕਾਰਾਂ ਦੀ ਨਲਾਇਕੀ ਕਾਰਨ ਅਤੇ ਬੰਦੀ ਸਿੰਘਾਂ ਅਤੇ ਹੋਰ ਸਜ਼ਾਵਾਂ ਪੂਰੀਆਂ ਕਰ ਚੁੱਕੇ ਲੋਕਾਂ ਨਾਲ ਸਰਕਾਰ ਵੱਲੋਂ ਕੀਤੇ ਜਾ ਰਹੇ ਪੱਖਪਾਤ ਕਾਰਨ ਉਹ ਅੱਜ ਵੀ ਆਪਣੀ ਰਿਹਾਈ ਦੀ ਉਡੀਕ ਕਰ ਰਹੇ ਹਨ।

ਸਾਨੂੰ ਵਾਤਾਵਰਨ ਸ਼ੁੱਧਤਾ ਲਈ ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਉਣੇ ਚਾਹੀਦੇ : ਸਹਿਗਲ, ਡਾ. ਗੋਇਲ

ਨਾਭਾ (ਵਰਿੰਦਰ ਵਰਮਾ)-ਲਾਇਨਜ਼ ਕਲੱਬ ਨਾਭਾ ਪ੍ਰਧਾਨ ਸੁਭਾਸ਼ ਸਹਿਗਲ ਦੀ ਅਗਵਾਈ ਹੇਠ ਸਮੂਹ ਮੈਂਬਰਾਂ ਵੱਲੋਂ ਸਿਵਲ ਹਸਪਤਾਲ ਨਾਭਾ ਵਿਖੇ ਪੌਦੇ ਲਗਾਏ ਗਏ। ਇਹ ਪ੍ਰੋਜੈਕਟ ਸਿਵਲ ਹਸਪਤਾਲ ਨਾਭਾ ਦੇ ਐਸ ਐਮ ਓ ਡਾਕਟਰ ਸੰਜੇ ਗੋਇਲ ਦੀ ਨਿਗਰਾਨੀ ਤਹਿਤ ਕੀਤਾ ਗਿਆ। ਲਾਇਨਜ਼ ਕਲੱਬ ਨਾਭਾ ਦੇ ਪ੍ਰਧਾਨ ਸੁਭਾਸ਼ ਸਹਿਗਲ ਨੇ ਦੱਸਿਆ ਕਿ ਲਾਇਨਜ਼ ਕਲੱਬ ਨਾਭਾ ਆਉਣ ਵਾਲੇ ਦਿਨਾਂ ਵਿੱਚ ਸਿਵਲ ਹਸਪਤਾਲ ਵਿੱਚ ਹੋਰ ਵੀ ਪ੍ਰੋਜੈਕਟ ਕਰੇਗਾ ਜਿਹੜੇ ਕਿ ਲੋਕ ਭਲਾਈ ਲਈ ਹੋਣਗੇ। ਇਸ ਮੌਕੇ ਪ੍ਰਧਾਨ ਸੁਭਾਸ਼ ਸਹਿਗਲ ਅਤੇ ਸੰਜੇ ਗੋਇਲ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਵੱਖ ਵੱਖ ਤਰ੍ਹਾਂ ਦੇ ਪੌਦੇ ਲਗਾਉਣੇ ਚਾਹੀਦੇ ਹਨ। ਜਿਸ ਨਾਲ ਮੌਸਮ ਵਿੱਚ ਬਦਲਾਅ ਆਉਂਦਾ ਹੈ। ਉਹਨਾਂ ਦੱਸਿਆ ਕਿ ਵੱਧ ਤੋਂ ਵੱਧ ਪੌਦੇ ਲਗਾਉਣ ਨਾਲ ਕੁਦਰਤ ਦੀ ਰੱਖਿਆ ਕੀਤੀ ਜਾ ਸਕਦੀ ਹੈ, ਸਾਨੂੰ ਵਣ ਮਹਾਉਤਸਵ ਹਰ ਸਾਲ ਪੂਰੇ ਉਤਸ਼ਾਹ ਨਾਲ ਮਨਾਉਣਾ ਚਾਹੀਦਾ ਹੈ ਅਤੇ ਵਾਤਾਵਰਣ ਦੀ ਸੰਭਾਲ ਲਈ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ , ਤਾਂ ਜੋ ਸਾਡਾ ਵਾਤਾਵਰਨ ਸਾਫ ਸੁਥਰਾ ਰਹਿ ਸਕੇ। ਉਨ੍ਹਾਂ ਕਿਹਾ ਕਿ ਲੋਕ ਜੰਗਲਾਂ ਦੀ ਕਟਾਈ ਜ਼ਿਆਦਾ ਕਰ ਰਹੇ ਹਨ, ਪਰ ਪੌਦੇ ਘੱਟ ਹੀ ਲਗਾ ਰਹੇ ਹਨ। ਇਹ ਪੌਦੇ ਸਾਨੂੰ ਆਕਸੀਜਨ ਦਿੰਦੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਵਾਤਾਵਰਣ ਸ਼ੁੱਧਤਾ ਲਈ ਜ਼ਿਆਦਾ ਤੋਂ ਜ਼ਿਆਦਾ ਪੌਦੇ ਲਗਾਉਣੇ ਚਾਹੀਦੇ ਹਨ। ਉਨ੍ਹਾਂ ਹਲਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਵਾਤਾਵਰ ਦੀ ਸ਼ੁੱਧਤਾ ਲਈ ਹਰ ਵਿਅਕਤੀ ਨੂੰ ਆਪਣੇ ਜਨਮ ਦਿਨ 'ਤੇ ਘੱਟੋ ਘੱਟ ਪੰਜ ਪੌਦੇ ਜ਼ਰੂਰ ਲਗਾਉਣੇ ਚਾਹੀਦੇ ਹਨ। ਇਸ ਮੌਕੇ ਪ੍ਰਧਾਨ ਸੁਭਾਸ਼ ਸਹਿਗਲ, ਐਸ ਐਮ ਓ ਡਾਕਟਰ ਸੰਜੇ ਗੋਇਲ, ਸੁਰਿੰਦਰ ਬੀਰ ਸਿੰਘ ਸੇਠੀ, ਰਾਕੇਸ਼ ਸਿੰਗਲਾ ਨੀਟੂ, ਰਾਜੇਸ਼ ਬਾਂਸਲ ਬੱਬੂ, ਰਾਜ ਕੁਮਾਰ ਰਾਜੂ, ਸੋਮਨਾਥ ਢੱਲ ਅਤੇ ਸੰਨੀ ਸਿੰਗਲਾ ਆਦਿ ਮੈਂਬਰ ਹਾਜ਼ਰ ਸਨ।

ਇਸ਼ਮੀਤ ਅਕੈਡਮੀ 'ਚ ਅੰਗਹੀਣ ਵਿਦਿਆਰਥੀਆਂ ਨੂੰ ਵਿਖਾਈ ਕ੍ਰਿਕਟ ਫ਼ਿਲਮ '83

ਲੁਧਿਆਣਾ (ਐਮ ਐਸ ਭਾਟੀਆ/ਰੈਕਟਰ ਕਥੂਰੀਆ)

ਨੇਤਰਹੀਣਾਂ ਲਈ ਸਰਕਾਰੀ ਸੰਸਥਾ, ਜਮਾਲਪੁਰ, ਲੁਧਿਆਣਾ ਤੇ ਵੋਕੇਸ਼ਨਲ ਰੀਹੇਬਲੀਟੇਸ਼ਨ ਸੈਂਟਰ ਫਾਰ ਬਲਾਈਂਡ, ਹੇਬੋਵਾਲ, ਲੁਧਿਆਣਾ ਦੇ ਨੇਤਰਹੀਣ ਅਤੇ ਅੰਗਹੀਣ ਵਿਦਿਆਰਥੀਆਂ ਨੂੰ ਹਰ ਪ੍ਰਸਿਥਿਤੀ ਵਿੱਚ ਆਪਣੇ ਮਨੋਬਲ ਨੂੰ ਪ੍ਰਬਲ ਰੱਖਣ ਲਈ ਉਤਸ਼ਾਹਤ ਕਰਨ ਦੇ ਉਪਰਾਲੇ ਵਜੋਂ ਇਸ਼ਮੀਤ ਅਕਾਦਮੀ, ਲੁਧਿਆਣਾ ਵਿਖੇ ਸਾਬਕਾ ਕ੍ਰਿਕਟਰ ਸ੍ਰੀ ਕਪਿਲ ਦੇਵ ਅਤੇ ਵਰਲਡ ਕੱਪ 1983 'ਤੇ ਅਧਾਰਤ ਫ਼ਿਲਮ 83 ਦਿਖਾਈ ਗਈ।

ਨੇਤਰਹੀਣ ਵਿਦਿਆਰਥੀਆਂ ਦੀ ਨੇਤਰਹੀਣਤਾ ਨੂੰ ਮੁੱਖ ਰੱਖਦੇ ਹੋਏ ਇਨ੍ਹਾਂ ਲਈ ਇਸ ਫ਼ਿਲਮ ਨੂੰ ਵਿਸ਼ੇਸ ਤੌਰ 'ਤੇ ਆਡਿਓ ਡਿਸਕ੍ਰਿਪਟ ਕਰਕੇ ਦਿਖਾਇਆ ਗਿਆ ਤਾਂ ਜੁ ਕੋਈ ਵੀ ਨੇਤਰਹੀਣ ਵਿਦਿਆਰਥੀ ਫ਼ਿਲਮ ਨੂੰ ਸਮਝਣ ਤੋਂ ਵਾਂਝਾ ਨਾ ਰਹਿ ਸਕੇ। ਉਕਤ ਮੌਕੇ ਦੌਰਾਨ ਵਿਦਿਆਰਥੀਆਂ ਵਲੋਂ ਫ਼ਿਲਮ ਪ੍ਰਤੀ ਉਤਸ਼ਾਹ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਗਿਆ ਕਿ ਇਹ ਫ਼ਿਲਮ ਉਨ੍ਹਾਂ ਦੇ ਜੀਵਨ ਲਈ ਪ੍ਰੇਰਨਾ ਤੇ ਸਿੱਖਿਆਦਾਇਕ ਫਿਲਮ ਹੈ, ਜਿਸ ਤੋਂ ਦ੍ਰਿੜ ਨਿਸਚੇ ਅਤੇ ਵਿਸ਼ਵਾਸ ਦਾ ਜਜ਼ਬਾ ਮਿਲਦਾ ਹੈ, ਜਿਸ ਨੂੰ ਉਹ ਆਪਣੇ ਜੀਵਨ ਵਿੱਚ ਪੂਰਨ ਤੌਰ 'ਤੇ ਅਪਨਾਉਣਗੇ।

ਇਸ ਮੌਕੇ ਨੇਤਰਹੀਣਾਂ ਲਈ ਸਰਕਾਰੀ ਸਕੂਲ, ਜਮਾਲਪੁਰ, ਲੁਧਿਆਣਾ ਤੋਂ ਮੈਡਮ ਪਰਮਜੀਤ ਕੌਰ, ਪ੍ਰਿੰਸੀਪਲ, ਸ਼੍ਰੀਮਤੀ ਸੰਗੀਤਾ ਕਪੂਰ, ਮਿਸਟ੍ਰੈਸ, ਸ੍ਰੀ ਬਲਵੀਰ ਸਿੰਘ, ਕਲਰਕ, ਮਿਸ ਦਵਿੰਦਰ ਕੌਰ, ਵੋਲੰਟੀਅਰ ਟੀਚਰ ਤੇ ਲੜਕੇ ਲੜਕੀਆਂ ਦੇ ਅਟੈਂਡੈਂਟ ਆਦਿ, ਟੀ.ਸੀ.ਟੀ.ਵੀ.ਐਚ., ਜਮਾਲਪੁਰ, ਲੁਧਿਆਣਾ ਤੋਂ ਸ਼੍ਰੀਮਤੀ ਕਵਿਤਾ ਨੇਗੀ, ਲੈਕਚਰਾਰ ਤੇ ਸ਼੍ਰੀਮਤੀ ਏਬਨ, ਲੇਕਚਰਾਰ ਅਤੇ ਟੀਚਰ ਟ੍ਰੇਨਿੰਗ ਦੀਆ 12 ਵਿਦਿਆਰਥਣਾਂ, ਨੈਸ਼ਨਲ ਐਸੋਸੀਏਸ਼ਨ ਫਾਰ ਬਲਾਈਂਡ ਤੋਂ ਸ਼੍ਰੀ ਵਿਕਰਮ, ਕੰਪਿਊਟਰ ਇੰਸਟਰਕਟਰ ਅਤੇ ਵੀ.ਆਰ.ਟੀ.ਸੀ., ਹੈਬੋਵਾਲ, ਲੁਧਿਆਣਾ ਤੋਂ ਉਨ੍ਹਾਂ ਦੇ ਮੋਬੀਲਿਟੀ ਇੰਸਟਰਕਟਰ ਸ਼੍ਰੀ ਅਜੇ, ਸ਼੍ਰੀਮਤੀ ਮੀਨਾਕਸ਼ੀ, ਟੀਚਰ, ਸ਼੍ਰੀਮਤੀ ਅੰਕੀਤਾ, ਟੀਚਰ, ਸ਼੍ਰੀਮਤੀ ਲੀਨਾ ਤੇ ਹੋਰ ਮੌਜੂਦ ਰਹੇ।

ਸਾਂਝਾ ਅਧਿਆਪਕ ਮੋਰਚਾ ਨੇ ਦਿੱਤਾ ਡੀ ਸੀ ਨੂੰ ਮੰਗ ਪੱਤਰ

ਮਾਨਸਾ (ਆਤਮਾ ਸਿੰਘ ਪਮਾਰ)

ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਦਿੱਤੇ ਗਏ ਪ੍ਰੋਗਰਾਮ ਤਹਿਤ ਜ਼ਿਲ੍ਹਾ ਇਕਾਈ ਮਾਨਸਾ ਵੱਲੋਂ ਅਧਿਆਪਕਾਂ ਦੇ ਕੱਟੇ ਗਏ ਮੋਬਾਇਲ ਭੱਤੇ ਤੇ ਪ੍ਰਾਇਮਰੀ ਕੇਡਰ ਦੇ ਅਧਿਆਪਕਾਂ ਦਾ ਬਜਟ ਜਾਰੀ ਨਾ ਕਰਨ ਸਬੰਧੀ ਰੋਸ ਪੱਤਰ ਡਿਪਟੀ ਕਮਿਸ਼ਨਰ ਨੂੰ ਦਿੱਤਾ ਗਿਆ।

ਆਗੂਆਂ ਨੇ ਕਿਹਾ ਕਿ ਅਧਿਆਪਕਾਂ ਦਾ ਨਿਯਮਾਂ ਤੋਂ ਬਾਹਰ ਜਾ ਕੇ ਮੋਬਾਈਲ ਭੱਤਾ ਕੱਟਣਾ ਨਿੰਦਣਯੋਗ ਹੈ। ਇਸ ਸਬੰਧੀ ਸਹਾਇਕ ਕਮਿਸ਼ਨਰ ਜਨਰਲ ਮਾਨਸਾ ਰਾਹੀਂ ਇਕ ਰੋਸ/ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜਿਆ ਗਿਆ। ਆਗੂਆਂ ਨੇ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਸਮੇਂ ਸਿਰ ਬੱਜਟ ਜਾਰੀ ਨਾ ਕਰਨ ਕਾਰਨ ਜਨਵਰੀ ਮਹੀਨੇ ਦੀ ਤਨਖਾਹ ਲਟਕ ਗਈ ਹੈ ਅਤੇ ਅਧਿਆਪਕ ਫਾਕੇ ਕੱਟਣ ਲਈ ਮਜਬੂਰ ਹਨ, ਜਿਸ ਕਰਕੇ ਬੈਂਕਾਂ ਤੇ ਹੋਰ ਕਈ ਕਿਸਮ ਦੇ ਕਰਜ਼ੇ ਤੇ ਬੇਲੋੜੇ ਜੁਰਮਾਨੇ ਦੇਣੇ ਪੈ ਰਹੇ ਹਨ ਅਤੇ ਜ਼ਰੂਰੀ ਕੰਮਕਾਜ ਪਛੜ ਰਹੇ ਹਨ। ਇਸ ਮੌਕੇ ਨਰਿੰਦਰ ਸਿੰਘ ਮਾਖਾ, ਦਰਸ਼ਨ ਸਿੰਘ ਅਲੀਸ਼ੇਰ, ਵਿਜੇ ਬੁਢਲਾਡਾ, ਕਰਮਜੀਤ ਸਿੰਘ ਤਾਮਕੋਟ, ਲਖਵਿੰਦਰ ਮਾਨ, ਜੁਗਰਾਜ ਸਿੰਘ, ਗੁਰਜੰਟ ਨੰਗਲ, ਸਮਰਜੀਤ ਅਤਲਾ, ਸਤੀਸ਼ ਕੁਮਾਰ, ਗੁਰਜੀਤ ਔਲਖ, ਅੰਮ੍ਰਿਤਪਾਲ ਸਿੰਘ, ਮੱਖਣ ਸਿੰਘ, ਗੁਰਪ੍ਰੀਤ ਭੀਖੀ ਤੇ ਇੰਦਰਜੀਤ ਸਿੰਘ ਆਦਿ ਅਧਿਆਪਕ ਆਗੂ ਵੀ ਹਾਜ਼ਰ ਸਨ।

ਲੱਖੋ ਕੇ ਬਹਿਰਾਮ ਵਿਖੇ ਦੋ ਰੋਜ਼ਾ ਮਹਾਨ ਸਾਲਾਨਾ ਸਮਾਗਮ ਸੰਪੰਨ

ਮਮਦੋਟ (ਜਸਬੀਰ ਸਿੰਘ ਕੰਬੋਜ)-ਹਰ ਸਾਲ ਦੀ ਤਰ੍ਹਾਂ ਮਾਤਾ ਗੁਜਰ ਕੋਰ ਚਾਰ ਸਾਹਿਬਜ਼ਾਦੇ ਬਾਬਾ ਜੀਵਨ ਸਿੰਘ ਜੀ ਤੇ ਸਮੂਹ ਸਹੀਦਾਂ ਦੀ ਯਾਦ ਨੂੰ ਸਮਰਪਤ ਦਾਣਾ ਮੰਡੀ ਲੱਖੋ ਕੇ ਬਹਿਰਾਮ ਵਿਖੇ ਮਹਾਨ ਸਾਲਾਨਾ ਸਮਾਗਮ ਬੜੀ ਸਰਧਾ ਭਾਵਨਾ ਨਾਲ ਕਰਾਇਆ ਗਿਆ। ਜਰਨੈਲ ਸਿੰਘ ਸਰਪੰਚ ਪਿੰਡ ਭੂਰੇ ਕਲਾ ਤੇ ਕੁਲਦੀਪ ਸਿੰਘ ਸਰਪੰਚ ਬਾਬਾ ਜੀਵਨ ਸਿੰਘ ਨਗਰ(ਲੱਖੋ ਕੇ ਬਹਿਰਾਮ) ਨੇ ਦੱਸਿਆ ਕਿ 4 ਫਰਵਰੀ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਸੁਰੂ ਕਰਾਏ ਗਏ ਸਨ, ਜਿਸ ਦੌਰਾਨ 4 ਤੇ 5 ਫਰਵਰੀ ਨੂੰ ਰਾਤ ਦੇ ਦੀਵਾਨ ਸਜਾਏ ਗਏ, ਜਿਸ ਵਿੱਚ ਰਾਗੀ ਸਿੰਘਾਂ ਵੱਲੋਂ ਕੀਰਤਨ ਤੋਂ ਇਲਾਵਾ ਢਾਡੀ ਜਥਿਆਂ ਵੱਲੋਂ ਬੀਰ ਰਸ ਦੀਆਂ ਗਾਥਾਵਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। 6 ਫਰਵਰੀ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿੱਚ ਢਾਡੀ ਅਤੇ ਕਵੀਸ਼ਰੀ ਜਥਿਆਂ ਵੱਲੋਂ ਸ਼ਹੀਦ ਸਿੰਘਾਂ ਤੇ ਜੇਲ੍ਹਾਂ ਵਿਚ ਬੰਦ ਬੰਦੀ ਸਿੰਘਾਂ ਦੀਆਂ ਬੀਰ ਗਾਥਾਵਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਭਾਈ ਦੀਪ ਸਿੱਧੂ ਦੇ ਭਰਾਤਾ ਭਾਈ ਮਨਦੀਪ ਸਿੰਘ ਸਿੱਧੂ ਦਾ ਪ੍ਰਬੰਧਕਾਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਸਾਲਾਨਾ ਸਮਾਗਮ ਸਮੇ ਭਾਈ ਮਨਦੀਪ ਸਿੰਘ ਸਿੱਧੂ ਨੂੰ ਸਨਮਾਨਤ ਕੀਤੇ ਜਾਣ ਦਾ ਦ੍ਰਿਸ਼।

ਇਸ ਮੌਕੇ ਬਲਬੀਰ ਸਿੰਘ ਸਰਪੰਚ ਸ਼ਰੀਹ ਵਾਲਾ, ਗੁਰਪ੍ਰੀਤ ਸਿੰਘ ਪ੍ਰਧਾਨ ਪ੍ਰੈਸ ਕਲੱਬ ਮਮਦੋਟ, ਜੋਗਿੰਦਰ ਸਿੰਘ ਭੋਲਾ ਸੀਨੀਅਰ ਉਪ ਪ੍ਰਧਾਨ, ਗੁਰਚਰਨ ਸਿੰਘ ਸਰਪੰਚ ਪਿੰਡ ਕੋਟ ਗੰਡਾ ਸਿੰਘ ਵਾਲਾ, ਬੋਹੜ ਸਿੰਘ ਸਰਪੰਚ ਨਾਨਕਪੁਰਾ, ਸਰਮੇਲ ਸਿੰਘ ਸਰਪੰਚ ਲੱਖੋ ਕੇ ਬਹਿਰਾਮ, ਅੰਗੂਰ ਸਿੰਘ ਸਰਪੰਚ ਦਿਲਾ ਰਾਮ, ਦਲਜੀਤ ਸਿੰਘ ਸਰਪੰਚ ਸੋਢੀ ਵਾਲਾ, ਰਾਜ ਸਿੰਘ ਸੰਧੂ ਸਰਪੰਚ ਪਿੰਡ ਜੰਗ ਕਾਲਾ ਸਿੰਘ ਸਰਪੰਚ ਕੋਹਰ ਸਿੰਘ ਵਾਲਾ, ਬੋਹੜ ਸਿੰਘ ਸਰਪੰਚ ਰਾਓ ਕੇ, ਸੁਖਵਿੰਦਰ ਸਿੰਘ ਮੋਹਰੇ ਵਾਲਾ ਲਖਵਿੰਦਰ ਸਿੰਘ ਸਰਪੰਚ ਪਿੰਡ ਖੰਭਾ, ਗੁਰਚਰਨ ਸਿੰਘ ਸਰਪੰਚ ਤਾਰਾ ਸਿੰਘ ਵਾਲਾ, ਗੁਰਦਿਆਲ ਸਿੰਘ ਸਰਪੰਚ ਸੈਦੇ ਕੇ ਨੋਲ ਤੇ ਨਿਰਮਲ ਸਿੰਘ ਸਰਪੰਚ ਮਾਛੀਵਾੜਾ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

CMYK

ਪਤੀ ਨੇ ਪਤਨੀ ਨੂੰ ਗਲ ਘੁੱਟ ਕੇ ਮੌਤ ਦੇ ਘਾਟ ਉਤਾਰਿਆ, ਮਾਮਲਾ ਦਰਜ

ਭਿੱਖੀਵਿੰਡ, ਖਾਲੜਾ (ਲਖਵਿੰਦਰ ਸਿੰਘ ਗੋਲਣ, ਰਣਬੀਰ ਸਿੰਘ ਗੋਲਣ) ਭਿੱਖੀਵਿੰਡ ਪਿੰਡ ਦੀ 15 ਸਾਲਾ ਲੜਕੀ ਜਿਸ ਦੀ ਕੁਝ ਦਿਨ ਪਹਿਲਾਂ ਹੀ ਲਵ ਮੈਰਿਜ ਹੋਈ ਸੀ, ਨੂੰ ਉਸਦੇ ਪਤੀ ਵੱਲੋਂ ਬੀਤੀ ਰਾਤ ਗਲ ਘੁੱਟ ਕੇ ਮਾਰ ਦੇਣ ਦਾ ਖੌਫਨਾਕ ਮਾਮਲਾ ਸਾਹਮਣੇ ਆਇਆ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮ੍ਰਿਤਕ ਲੜਕੀ ਦੀ ਪਛਾਣ ਸਿਮਰਨਜੀਤ ਕੌਰ ਪਤਨੀ ਪਵਨਦੀਪ ਸਿੰਘ ਵਾਸੀ ਭਿੱਖੀਵਿੰਡ ਪਿੰਡ ਵਜੋਂ ਹੋਈ ਹੈ। ਦੱਸ ਦਈਏ ਕਿ ਥਾਣਾ ਭਿੱਖੀਵਿੰਡ ਦੀ ਪੁਲਸ ਨੇ ਮੌਕੇ 'ਤੇ ਪਹੁੰਚ ਕੇ ਮ੍ਰਿਤਕ ਲੜਕੀ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਸੰਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮ੍ਰਿਤਕ ਲੜਕੀ ਸਿਮਰਨਜੀਤ ਕੌਰ ਦੇ ਪਿਤਾ ਗੁਰਲਾਲ ਸਿੰਘ ਪੁੱਤਰ ਦੇਸਾ ਸਿੰਘ ਵਾਸੀ ਭਿੱਖੀਵਿੰਡ ਪਿੰਡ ਨੇ ਦੱਸਿਆ ਕਿ ਉਹ ਭਿੱਖੀਵਿੰਡ ਵਿਖੇ ਕਲਸੀ ਸੀਮੈਂਟ ਸਟੋਰ 'ਤੇ ਕੰਮ ਕਰਦਾ ਹੈ ਅਤੇ ਮਜ਼੍ਹਬੀ ਸਿੱਖ ਜਾਤੀ ਨਾਲ ਸੰਬੰਧ ਰੱਖਦਾ ਹੈ। ਮ੍ਰਿਤਕ ਲੜਕੀ ਦੇ ਪਿਤਾ ਗੁਰਲਾਲ ਸਿੰਘ ਨੇ ਦੱਸਿਆ ਕਿ ਉਸਦੀਆਂ ਦੋ ਲੜਕੀਆਂ ਅਤੇ ਇੱਕ ਲੜਕਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਲੜਕੀ ਸਿਮਰਨਜੀਤ ਕੌਰ (15 ਸਾਲਾ) ਨੇ ਪਿੰਡ ਦੇ ਹੀ ਨੌਜਵਾਨ ਪਵਨਦੀਪ ਸਿੰਘ ਨਾਲ ਲਵ ਮੈਰਿਜ

ਕੁਝ ਦਿਨ ਪਹਿਲਾਂ ਹੀ ਕਰਵਾਈ ਸੀ ਲਵ ਮੈਰਿਜ

ਕਰਵਾਈ ਸੀ। ਉਨ੍ਹਾਂ ਕਿਹਾ ਕਿ ਬੀਤੀ 21 ਜਨਵਰੀ ਨੂੰ ਉਨ੍ਹਾਂ ਨੇ ਆਪਣੀ ਧੀ ਦਾ ਵਿਆਹ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਪਿੰਡ ਭਿੱਖੀਵਿੰਡ ਵਿਖੇ ਪੂਰੇ ਸਿੱਖ ਰਹੁ-ਰੀਤਾਂ ਅਨੁਸਾਰ ਕੀਤਾ ਸੀ। ਮ੍ਰਿਤਕ ਲੜਕੀ ਦੇ ਪਿਤਾ ਨੇ ਦੱਸਿਆ ਕਿ ਅੱਜ ਸਵੇਰੇ ਸਮਾਂ ਕਰੀਬ 11:46 'ਤੇ ਉਨ੍ਹਾਂ ਨੂੰ ਭਿੱਖੀਵਿੰਡ ਪਿੰਡ ਦੇ ਸਰਪੰਚ ਮਨਦੀਪ ਸਿੰਘ ਦਾ ਫੋਨ ਆਇਆ ਕਿ ਉਨ੍ਹਾਂ ਦੀ ਲੜਕੀ ਦੀ ਹਾਰਟ ਅਟੈਕ ਨਾਲ ਮੌਤ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਜਦੋਂ ਉਹ ਆਪਣੀ ਲੜਕੀ ਦੇ ਸਹੁਰੇ ਘਰ ਪੁੱਜੇ ਤਾਂ ਉਨ੍ਹਾਂ ਦੇਖਿਆ ਕਿ ਲੜਕੀ ਦੇ ਗਲ 'ਤੇ ਨਿਸ਼ਾਨ ਸਨ। ਲੜਕੀ ਦੇ ਪਿਤਾ ਨੇ ਕਿਹਾ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਸਿਮਰਨਜੀਤ ਕੌਰ ਦੇ ਪਤੀ ਨੇ ਉਸ ਨੂੰ ਗਲ ਘੁੱਟ ਕੇ ਮੌਤ ਦੇ ਘਾਟ ਉਤਾਰਿਆ ਹੈ। ਮ੍ਰਿਤਕ ਲੜਕੀ ਦੇ ਪਿਤਾ ਗੁਰਲਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਮਾਮਲੇ ਦੀ ਜਾਣਕਾਰੀ ਥਾਣਾ ਭਿੱਖੀਵਿੰਡ ਦੀ ਪੁਲਸ ਨੂੰ ਦਿੱਤੀ ਗਈ ਹੈ, ਜਿਸ ਤੋਂ ਬਾਅਦ ਥਾਣਾ ਭਿੱਖੀਵਿੰਡ ਦੀ ਪੁਲਸ ਨੇ ਮੌਕੇ ਤੇ ਪਹੁੰਚ ਕੇ ਮ੍ਰਿਤਕ ਲੜਕੀ ਦੀ ਲਾਸ਼ ਨੂੰ ਕਬਜੇ 'ਚ ਲੈ ਕੇ ਅਗਲੀ ਕਾਰਵਾਈ ਆਰੰਭ ਕਰ ਦਿੱਤੀ ਹੈ। ਇਸ ਮੌਕੇ ਮ੍ਰਿਤਕ ਲੜਕੀ ਦੇ ਪਿਤਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਜ਼ਿਲ੍ਹਾ ਤਰਨਤਾਰਨ ਦੇ ਐਸ.ਐਸ.ਪੀ. ਪਾਸੋਂ ਮੰਗ ਕੀਤੀ ਕਿ ਉਨ੍ਹਾਂ ਦੀ ਲੜਕੀ ਦਾ ਕਤਲ ਕਰਨ ਵਾਲਿਆਂ ਖਿਲਾਫ ਕਾਰਵਾਈ ਕੀਤੀ ਜਾਵੇ। ਉੱਧਰ ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਭਿੱਖੀਵਿੰਡ ਦੇ ਐਸ.ਐਚ.ਓ ਬਲਜਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਟੀਮ ਵੱਲੋਂ ਕੀਤੀ ਗਈ ਇਨਵੈਸਟੀਗੇਸ਼ਨ 'ਚ ਇਹ ਗੱਲ ਸਾਹਮਣੇ ਆਈ ਹੈ ਕਿ ਬੀਤੀ ਰਾਤ ਸਿਮਰਨਜੀਤ ਕੌਰ ਦਾ ਆਪਣੇ ਪਤੀ ਨਾਲ ਝਗੜਾ ਹੋਇਆ ਸੀ, ਜਿਸ ਤੋਂ ਬਾਅਦ ਉਸ ਦੇ ਪਤੀ ਨੇ ਗੁੱਸੇ 'ਚ ਆ ਉਸ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਥਾਣਾ ਮੁਖੀ ਨੇ ਦੱਸਿਆ ਕਿ ਮ੍ਰਿਤਕ ਲੜਕੀ ਦੇ ਪਿਤਾ ਦੇ ਬਿਆਨਾਂ ਦੇ ਅਧਾਰ 'ਤੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

ਤੁਰਕੀ ਤੇ ਸੀਰੀਆ 'ਚ ਭੁਚਾਲ ਪ੍ਰਭਾਵਿਤਾਂ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਹਾਇਤਾ ਦੀ ਪੇਸ਼ਕਸ਼

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਤੁਰਕੀ ਅਤੇ ਸੀਰੀਆ 'ਚ ਭੂਚਾਲ ਆਉਣ ਕਾਰਨ ਹੋਏ ਜਾਨੀ ਤੇ ਮਾਲੀ ਨੁਕਸਾਨ 'ਤੇ ਦੁੱਖ ਪ੍ਰਗਟ ਕਰਦਿਆਂ ਸ਼੍ਰੋਮਣੀ ਕਮੇਟੀ ਵੱਲੋਂ ਸਹਾਇਤਾ ਦੀ ਪੇਸ਼ਕਸ਼ ਕੀਤੀ ਹੈ। ਐਡਵੋਕੇਟ ਧਾਮੀ ਨੇ ਭਾਰਤ ਵਿਚ ਤੁਰਕੀ ਦੇ ਅੰਬੈਸਡਰ ਫਿਰਾਤ ਸੁਨੇਲ, ਤੁਰਕੀ ਵਿਚ ਭਾਰਤ ਦੇ ਅੰਬੈਸਡਰ ਡਾ. ਵਰਿੰਦਰਪਾਲ, ਸੀਰੀਆ ਵਿਚ ਭਾਰਤ ਦੀ ਅੰਬੈਸੀ ਦੇ ਇੰਚਾਰਜ ਸੁਰਿੰਦਰ ਕੁਮਾਰ ਯਾਦਵ ਅਤੇ ਭਾਰਤ ਵਿਚ ਸੀਰੀਆ ਦੇ ਐਂਬੈਂਸਡਰ ਡਾ. ਬੱਸਮ ਸਿਫੇਦੀਨ ਅਲਖਾਤਿਬ ਨੂੰ ਪੱਤਰ ਲਿਖ ਕੇ ਹਮਦਰਦੀ ਪ੍ਰਗਟਾਈ ਹੈ। ਉਨ੍ਹਾਂ ਕਿਹਾ ਕਿ ਸਿੱਖ ਧਰਮ ਵਿਚ 'ਵੰਡ ਛਕਣਾ' ਅਤੇ 'ਸਰਬੱਤ ਦਾ ਭਲਾ' ਗੁਰੂ ਸਾਹਿਬਾਨ ਵੱਲੋਂ ਬਖ਼ਸ਼ਿਸ਼ ਕੀਤੇ ਮਹੱਤਵਪੂਰਨ ਸਿਧਾਂਤ ਹਨ ਅਤੇ ਇਸੇ ਦੀ ਰੌਸ਼ਨੀ ਵਿਚ ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਕਮੇਟੀ ਲੋੜਵੰਦਾਂ ਦੀ ਸਹਾਇਤਾ ਲਈ ਕਾਰਜ ਕਰਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਕੁਦਰਤੀ ਆਫ਼ਤਾਂ ਸਮੇਂ ਮਨੁੱਖਤਾ ਦੀ ਸੇਵਾ ਵਿਚ ਹਮੇਸ਼ਾ ਹੀ ਤਤਪਰ ਰਹੀ ਹੈ ਅਤੇ ਲੋੜ ਅਨੁਸਾਰ ਲੋੜਵੰਦਾਂ ਲਈ ਸਹਾਇਤਾ ਦੇ ਤੌਰ 'ਤੇ ਕੱਪੜੇ, ਰਾਸ਼ਣ ਤੇ ਹੋਰ ਲੋੜੀਂਦਾ ਸਮਾਨ ਮੁਹੱਈਆ ਕਰਵਾਉਂਦੀ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਤੁਰਕੀ ਅਤੇ ਸੀਰੀਆ ਵਿਚ ਆਏ ਭੂਚਾਲ ਨਾਲ ਵੱਡਾ ਜਾਨੀ ਅਤੇ ਮਾਲੀ ਨੁਕਸਾਨ ਹੋਣ ਕਰਕੇ ਉਥੇ ਵੱਸਦੇ ਨਾਗਰਿਕਾਂ ਨਾਲ ਦਿਲੀ ਹਮਦਰਦੀ ਹੈ। ਉਨ੍ਹਾਂ ਕਿਹਾ ਕਿ ਉਹ ਅਜਿਹੇ ਸਮੇਂ ਲੋਕਾਂ ਦੇ ਦੁੱਖ ਵਿਚ ਸ਼ਰੀਕ ਹਨ ਅਤੇ ਉਥੋਂ ਦੀਆਂ ਸਰਕਾਰਾਂ ਨੂੰ ਸਿੱਖ ਸੰਸਥਾ ਵੱਲੋਂ ਸਹਾਇਤਾ ਦੀ ਪੇਸ਼ਕਸ਼ ਕਰਦਿਆਂ ਸ਼੍ਰੋਮਣੀ ਕਮੇਟੀ ਨਾਲ ਤਾਲਮੇਲ ਦੀ ਅਪੀਲ ਕਰਦੇ ਹਨ।

ਮੱਲ੍ਹੀਆਂ 'ਚ ਕਾਨੂੰਨਗੋ 'ਤੇ ਲੱਗੇ ਜ਼ਮੀਨ ਦੀ ਇੱਕਤਰਫਾ ਤਕਸੀਮ ਕਰਨ ਦੇ ਦੋਸ਼

ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)-ਜ਼ਿਲ੍ਹਾ ਤਰਨਤਾਰਨ ਦੇ ਅਧੀਨ ਪੈਂਦੇ ਪਿੰਡ ਮੱਲ੍ਹੀਆਂ ਦੇ ਵਸਨੀਕ ਦਿਲਬਾਗ ਸਿੰਘ ਪੁੱਤਰ ਮੰਗਲ ਸਿੰਘ, ਰਣਜੀਤ ਸਿੰਘ ਪੁੱਤਰ ਦਿਲਬਾਗ ਸਿੰਘ ਨੇ ਸੁਖਵੰਤ ਸਿੰਘ ਪੱਤਰ ਗੁਰਨਾਮ ਸਿੰਘ ਵਾਸੀ ਮੱਲ੍ਹੀਆ ਉੱਪਰ ਕਾਨੂੰਨਗੋ ਸੁਰਜੀਤ ਸਿੰਘ ਅਤੇ ਹੋਰ ਅਧਿਕਾਰੀਆਂ ਨਾਲ ਗਲਤ ਤਰੀਕੇ ਨਾਲ ਜਾਅਲੀ ਫਰਦ ਬਰਦ ਬਣਾ ਕੇ ਇੱਕਤਰਫਾ ਤਕਸੀਮ ਕਰਵਾਉਂਣ ਤੇ ਸ਼ਰੇਆਮ ਧੱਕੇਸ਼ਾਹੀ ਕਰਨ ਦੇ ਕਥਿਤ ਤੌਰ 'ਤੇ ਦੋਸ਼ ਲਗਾਏ ਜਾਣ ਸਬੰਧੀ ਮਾਮਲਾ ਸਾਹਮਣੇ ਆਇਆ ਹੈ ਜਦਕਿ ਸੁਰਜੀਤ ਸਿੰਘ ਵੱਲੋਂ ਸਾਰੇ ਹੀ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਹ ਅਦਾਲਤ ਦੇ ਹੁਕਮਾਂ ਦੀ ਪਾਲਣਾ ਕਰ ਰਹੇ ਹਨ। ਮਾਨਯੋਗ ਅਦਾਲਤ ਜੋ ਵੀ ਹੁਕਮ ਕਰੇਗੀ ਉਸਦੀ ਉਹ ਇੰਨ-ਬਿੰਨ ਪਾਲਣਾ ਕਰਨਗੇ।

ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਰਣਜੀਤ ਸਿੰਘ ਨੇ ਦੱਸਿਆ ਕਿ ਸਾਡਾ ਮਾਨਯੋਗ ਸੀਜੇਐਮ ਬੱਗੀਚਾ ਸਿੰਘ ਦੀ ਅਦਾਲਤ ਵਿੱਚ ਸੁਖਵੰਤ ਸਿੰਘ ਵਗੈਰਾ ਨਾਲ ਕੇਸ ਚੱਲ ਰਿਹਾ ਹੈ ਅਤੇ ਅਦਾਲਤ ਨੇ ਸਾਨੂੰ ਸਟੇਅ ਵੀ ਦਿੱਤਾ ਹੋਇਆ ਹੈ ਇਹ ਕਿ ਉਨ੍ਹਾਂ ਦੇ ਪਿੰਡ ਦਾ ਕਾਨੂੰਨਗੋ ਉਨਾਂ ਦੀ ਜ਼ਮੀਨ ਦੀ ਇੱਕਤਰਫਾ ਤਕਸੀਮ ਗਲਤ ਤਰੀਕੇ ਨਾਲ ਕਰਕੇ ਉਨ੍ਹਾਂ ਨਾਲ ਸ਼ਰੇਆਮ ਧੱਕਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਉਨ੍ਹਾਂ ਤਰਨਤਾਰਨ ਦੇ ਡਿਪਟੀ ਕਮਿਸ਼ਨਰ ਨੂੰ ਸੁਰਜੀਤ ਸਿੰਘ ਦੇ ਖਿਲਾਫ ਦਰਖਾਸਤ ਵੀ ਦਿੱਤੀ ਹੋਈ ਹੈ ਪਰ ਪ੍ਰਸ਼ਾਸਨ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਦੋਸ਼ ਲਗਾਉਂਦਿਆਂ ਕਿਹਾ ਕਿ ਉਹ ਪਿਛਲੇ 60 ਸਾਲ ਤੋਂ ਜ਼ਮੀਨ 'ਤੇ ਕਾਬਜ ਹਨ ਅਤੇ ਜ਼ਮੀਨ ਤੇ ਖੇਤੀ ਕਰ ਰਹੇ ਹਨ ਪਰ ਹੁਣ ਉਕਤ ਵਿਅਕਤੀ ਤੇ ਕਾਨੂੰਨਗੋ ਸੁਰਜੀਤ ਸਿੰਘ ਵੱਲੋਂ ਉਨ੍ਹਾਂ ਦੀ ਜ਼ਮੀਨ ਤੇ ਜਬਰੀ ਗਲਤ ਤਕਸੀਮ ਦੀ ਵੰਡ ਕਰਕੇ ਉਨ੍ਹਾਂ ਨਾਲ ਧੱਕੇਸ਼ਾਹੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਉਕਤ ਕਾਨੂੰਨਗੋ ਤੇ ਸਿੰਘ ਸੁਖਵੰਤ ਸਿੰਘ ਵਗੈਰਾ ਨਾਲ ਮਿਲ ਕੇ ਪਿੰਡ ਦੇ ਨੰਬਰਦਾਰ ਅਤੇ ਚੌਕੀਦਾਰ ਨੂੰ ਆਪਣੇ ਦਫਤਰ ਬੁਲਾ ਕੇ ਉਨ੍ਹਾਂ ਪਾਸੋਂ ਖਾਲੀ ਕਾਗਜ਼ਾਂ 'ਤੇ ਗੁੰਮਰਾਹ ਕਰਕੇ ਦਸਤਖਤ ਵੀ ਕਰਵਾ ਲਏ ਤੇ ਉਨ੍ਹਾਂ ਦੀ ਜ਼ਮੀਨ ਦੀ ਰਿਪੋਰਟ ਵੀ ਗਲਤ ਬਣਾ ਦਿੱਤੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਤੇ ਉੱਚ ਅਧਿਕਾਰੀਆਂ ਪਾਸੋਂ ਮੰਗ ਕੀਤੀ ਹੈ ਕਿ ਉਕਤ ਵਿਅਕਤੀ ਤੇ ਸਬੰਧਤ ਕਾਨੂੰਨਗੋ ਦੇ ਖਿਲਾਫ ਬਣਦੀ ਕਨੂੰਨੀ ਕਾਰਵਾਈ ਕਰਕੇ ਉਨ੍ਹਾਂ ਨੂੰ ਇਨਸਾਫ ਦਿਵਾਇਆ ਜਾਵੇ। ਜਦਕਿ ਸੁਰਜੀਤ ਸਿੰਘ ਨੇ ਸਾਰੇ ਹੀ ਦੋਸ਼ਾਂ ਨੂੰ ਨਕਾਰਦਿਆਂ ਕਿਹਾ ਕਿ ਉਨ੍ਹਾਂ 'ਤੇ ਲੱਗੇ ਸਾਰੇ ਹੀ ਦੋਸ਼ ਝੂਠੇ ਅਤੇ ਬੇਬੁਨਿਆਦ ਹਨ। ਉਹ ਮਾਨਯੋਗ ਅਦਾਲਤ ਦੇ ਹੁਕਮਾਂ ਦੀ ਪਾਲਣਾ ਕਰ ਰਹੇ ਹਨ ਅਤੇ ਅਦਾਲਤ ਦੇ ਹੁਕਮਾਂ 'ਤੇ ਹੀ ਉਹ ਜ਼ਮੀਨ ਦੀ ਤਕਸੀਮ ਕਰਵਾਉਂਣ ਲਈ ਮੌਕੇ 'ਤੇ ਪਹੁੰਚੇ ਹਨ। ਉਨ੍ਹਾਂ ਵੱਲੋਂ ਕੋਈ ਵੀ ਧੱਕੇਸ਼ਾਹੀ ਨਹੀਂ ਕੀਤੀ ਜਾ ਰਹੀ।

ਅਧਿਆਪਕਾਂ ਦੀ ਵੱਖ-ਵੱਖ ਵਿਸ਼ਿਆਂ 'ਤੇ ਦੋ ਰੋਜ਼ਾ ਵਰਕਸ਼ਾਪ ਸ਼ੁਰੂ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਜ਼ਿਲ੍ਹਾ ਸਿੱਖਿਆ ਅਫਸਰ ਸੈਕੰ: ਅਮਰਜੀਤ ਸਿੰਘ ਭਾਟੀਆ ਦੀ ਯੋਗ ਅਗਵਾਈ ਵਿੱਚ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸੈਕੰ: ਲਖਵਿੰਦਰ ਸਿੰਘ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਸਰਕਾਰੀ ਹਾਈ ਤੇ ਸੈਕੰਡਰੀ ਅਧਿਆਪਕਾਂ ਦੇ ਸਾਇੰਸ, ਗਣਿਤ, ਸਮਾਜਿਕ ਸਿੱਖਿਆ ਅਤੇ ਅੰਗਰੇਜ਼ੀ ਵਿਸ਼ੇ ਦੀ 2 ਰੋਜ਼ਾ ਵਰਕਸ਼ਾਪ ਸ਼ੁਰੂ ਹੋ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ. ਈ. ਓ. ਅਮਰਜੀਤ ਸਿੰਘ ਭਾਟੀਆ ਨੇ ਦੱਸਿਆ ਕਿ ਰਾਜ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਵੱਲੋਂ ਇਹ ਸੈਮੀਨਾਰ ਲਗਾਏ ਜਾ ਰਹੇ ਹਨ ,ਜਿਸ ਵਿੱਚ ਵੱਖ-ਵੱਖ ਕਾਲਜਾਂ/ਸੰਸਥਾਵਾਂ ਦੇ ਪ੍ਰੋਫੈਸਰਾਂ ਵੱਲੋਂ ਅਧਿਆਪਕਾਂ ਨਾਲ ਤਨਾਅ ਪ੍ਰਬੰਧਨ ਅਤੇ ਰਾਸ਼ਟਰੀ ਸਿੱਖਿਆ ਪਾਲਿਸੀ 2020 ਬਾਰੇ ਵਿਸਥਾਰ ਸਹਿਤ ਚਰਚਾ ਕੀਤੀ ਜਾ ਰਹੀ ਹੈ। ਉਨ੍ਹਾ ਜਾਣਕਾਰੀ ਦਿੱਤੀ ਕਿ 07 ਅਤੇ 08 ਫਰਵਰੀ ਨੂੰ ਗਣਿਤ ਤੇ ਵਿਗਿਆਨ ਅਤੇ 09 ਅਤੇ 10 ਫਰਵਰੀ ਨੂੰ ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਵਿਸ਼ੇ ਨਾਲ ਸੰਬੰਧਤ ਹਾਈ ਤੇ ਸੈਕੰਡਰੀ ਅਧਿਆਪਕਾਂ ਦੀ 2 ਰੋਜ਼ਾ ਵਰਕਸ਼ਾਪ ਲਗਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਟ੍ਰੇਨਿੰਗ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਅਧਿਆਪਕ ਦੀ ਸਹੂਲਤ ਨੂੰ ਮੁੱਖ ਰੱਖਦੇ ਸਰਕਾਰੀ ਮਾਡਲ ਸੀਨੀ ਸੈਕੰ: ਸਕੂਲ ਲੜਕੇ ਗੁਰਦਾਸਪੁਰ, ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ ਗੁਰਦਾਸਪੁਰ, ਸਰਕਾਰੀ ਕੰਨਿਆ ਸੀਨੀ: ਸੈਕੰ: ਸਕੂਲ ਧਰਮਪੁਰਾ ਬਟਾਲਾ ਅਤੇ ਸਰਕਾਰੀ ਸੀਨੀ: ਸੈਕੰ: ਸਕੂਲ ਧੁੱਪਸੜੀ ਕੁੱਲ ਚਾਰ ਸਥਾਨਾਂ ਤੇ ਅਧਿਆਪਕਾਂ ਦੀ ਵਰਕਸ਼ਾਪ ਲਗਾਈ ਜਾ ਰਹੀ ਹੈ ਅਤੇ ਅੱਜ ਅਧਿਆਪਕਾਂ ਨੂੰ ਸਾਇੰਸ ਅਤੇ ਗਣਿਤ ਵਿਸ਼ੇ ਨਾਲ ਸੰਬੰਧਤ ਜਾਣਕਾਰੀ ਸਾਂਝੀ ਕੀਤੀ ਗਈ। ਇਸ ਦੌਰਾਨ ਪਹਿਲੇ ਦਿਨ ਜ਼ਿਲ੍ਹਾ ਸਿੱਖਿਆ ਅਫਸਰ ਸੈਕੰ: ਸਿੱਖਿਆ ਅਮਰਜੀਤ ਸਿੰਘ ਭਾਟੀਆ ਵੱਲੋਂ ਗੁਰਦਾਸਪੁਰ ਦੇ ਟ੍ਰੇਨਿੰਗ ਵਾਲੇ ਸਥਾਨ ਵਿਜ਼ਟ ਕਰਕੇ ਅਧਿਆਪਕਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਦੌਰਾਨ ਪ੍ਰਿੰਸੀਪਲ ਰਾਕੇਸ਼ ਠਾਕੁਰ, ਪ੍ਰਿੰ. ਡਾਇਟ ਚਰਨਬੀਰ ਸਿੰਘ, ਪ੍ਰਿੰ. ਪਰਮਜੀਤ ਕੌਰ, ਮੀਡੀਆ ਕੋਆਰਡੀਨੇਟਰ ਗਗਨਦੀਪ ਸਿੰਘ, ਡੀ. ਐੱਮ. ਗੁਰਨਾਮ ਸਿੰਘ, ਡੀ. ਐੱਮ. ਕੰਪਿਊਟਰ ਸੁਖਦੀਪ ਸਿੰਘ ਤੇਜਾ, ਅਮਰਜੀਤ ਸਿੰਘ ਪੁਰੇਵਾਲ, ਜ਼ਿਲ੍ਹਾ ਐੱਮ. ਆਈ. ਐੱਸ. ਮੁਨੀਸ਼ ਕੁਮਾਰ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਸਿੱਖ ਕੈਦੀਆਂ ਦੀ ਰਿਹਾਈ ਲਈ ਧਰਨੇ ਦੇ ਨਾਲ ਜੇਲ੍ਹ ਭਰੋ ਅੰਦੋਲਨ ਵੀ ਸ਼ੁਰੂ ਕੀਤਾ ਜਾਵੇ: ਬਲਦੇਵ ਸਿੰਘ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸਮੂਹ ਸਿੱਖ ਧਰਮੀ ਫੌਜੀ ਜੂਨ 1984 ਪਰਿਵਾਰ ਵੈੱਲਫੇਅਰ ਐਸੋਸੀਏਸ਼ਨ ਦੇ ਕੌਮੀ ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਧਾਰੀਵਾਲ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਬੰਦੀ ਸਿੱਖ ਕੈਦੀਆਂ ਦੀ ਰਿਹਾਈ ਸਬੰਧੀ ਆਪਣੇ ਨਿੱਜੀ ਵਿਚਾਰ ਪ੍ਰਗਟ ਕਰਦਿਆਂ ਸਿੱਖ ਜੱਥੇਬੰਦੀਆਂ ਨੂੰ ਸੁਝਾਓ ਦਿੱਤਾ ਕਿ ਜਿਥੇ ਪਿੱਛਲੇ 38 ਸਾਲਾਂ ਤੋਂ ਧਰਮ ਤੇ ਕੌਮ ਦੀ ਲੜਾਈ ਲੜੀ ਜਾ ਰਹੀ ਹੈ, ਉਥੇ ਹੁਣ ਸਾਨੂੰ ਆਪਣੇ ਬੱਚਿਆਂ ਨੂੰ ਬਚਾਉਣ ਲਈ ਸੰਘਰਸ਼ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜੂਨ 1984 ਦੌਰਾਨ ਸਿੱਖ ਕੌਮ ਤੇ ਧਰਮ ਦੀ ਹੋਂਦ ਕਾਇਮ ਰੱਖਣ ਲਈ ਅਤੇ ਸ੍ਰੀ ਅਕਾਲ ਤੱਖਤ ਸਾਹਿਬ ਨੂੰ ਫੌਜ ਤੋਂ ਮੁਕਤ ਕਰਵਾਉਣ ਲਈ ਧਰਮੀ ਫੌਜੀਆਂ ਨੇ ਬੈਰਕਾਂ ਛੱਡ ਕੇ ਸ੍ਰੀ ਅੰਮ੍ਰਿਤਸਰ ਵੱਲ ਕੂਚ ਕੀਤਾ। ਪ੍ਰਧਾਨ ਬਲਦੇਵ ਸਿੰਘ ਗੁਰਦਾਸਪੁਰ ਨੇ ਕਿਹਾ ਕਿ ਸਿੱਖ ਕੈਦੀਆਂ ਦੀ ਰਿਹਾਈ ਦੀ ਮੰਗ ਤੇ ਸਰਕਾਰਾਂ ਸਿੱਖ ਕੌਮ ਨੂੰ ਅੱਤਵਾਦੀ ਅਤੇ ਵੱਖਵਾਦੀ ਆਖ ਕੇ ਦੋਸ਼ੀ ਸਮਝਦੀਆਂ ਆ ਰਹੀਆਂ ਹਨ। ਇਸ ਸਾਕੇ ਦੇ ਵਿਰੋਧ ਵਿੱਚ ਵੱਖ ਵੱਖ ਤਰ੍ਹਾਂ ਨਾਲ ਰੋਸ ਪ੍ਰਗਟ ਕਰਨ ਵਾਲੇ ਸਜ਼ਾ ਭੁਗਤ ਚੁੱਕੇ ਸਿੱਖ ਕੈਦੀਆਂ ਦੀ ਰਿਹਾਈ ਲਈ ਧਰਨੇ ਲਗਾਉਣ ਦੇ ਨਾਲ ਸਿੱਖ ਜਥੇਬੰਦੀਆਂ ਇਕੱਠੀਆਂ ਹੋ ਕੇ ਜ਼ੇਲ੍ਹ ਭਰੋ ਅੰਦੋਲਨ ਚਲਾਉਣ। ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਸਿੱਖ ਕੈਦੀਆਂ ਦੀ ਰਿਹਾਈ ਸਬੰਧੀ ਜਾਗਰੂਕ ਕਰਕੇ ਜੇਲ੍ਹ ਭਰੋ ਅੰਦੋਲਨ ਦਾ ਸੁਨੇਹਾ ਘਰ-ਘਰ ਪਹੁੰਚਾ ਕੇ ਅੰਦੋਲਨ ਦਾ ਸਮਾਂ ਅਤੇ ਤਾਰੀਕ ਨਿਸ਼ਚਿਤ ਕੀਤੀ ਜਾਵੇ। ਇਸ ਅੰਦੋਲਨ ਦੌਰਾਨ ਸਭ ਤੋਂ ਪਹਿਲਾਂ ਉਹ (ਬਲਦੇਵ ਸਿੰਘ ਗੁਰਦਾਸਪੁਰ) ਜ਼ੇਲ੍ਹ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਜੇਲ੍ਹ ਭਰੋ ਅੰਦੋਲਨ ਦੌਰਾਨ ਜੇਲ੍ਹ ਜਾਣ ਵਾਲਿਆਂ ਨੂੰ ਖਾਣਾ ਸਰਕਾਰ ਮੁਹੱਈਆ ਕਰਵਾਉਂਦੀ ਹੈ, ਸੜਕਾਂ ਤੇ ਅੰਦੋਲਨ ਕਰਨ ਵਾਲਿਆਂ ਲਈ ਖਾਣੇ ਦਾ ਪ੍ਰਬੰਧ ਵੀ ਸਰਕਾਰ ਕਰੇ।

ਫਤਿਹਗੜ੍ਹ ਚੂੜੀਆਂ ਹਲਕੇ ਦੇ ਚਹੁੰਪੱਖੀ ਵਿਕਾਸ 'ਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ: ਪਨੂੰ

ਬਟਾਲਾ /ਫਤਿਹਗੜ੍ਹ ਚੂੜੀਆਂ (ਤਰਲੋਕ ਬੱਗਾ)- ਬਲਬੀਰ ਸਿੰਘ ਪਨੂੰ, ਚੇਅਰਮੈਨ ਪਨਸਪ ਪੰਜਾਬ ਤੇ ਇੰਚਾਰਜ ਆਪ ਪਾਰਟੀ ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ ਵਲੋਂ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਅਤੇ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜਦਾ ਕੀਤੇ ਜਾਣ ਤੋਂ ਹਲਕਾ ਵਾਸੀ ਖੁਸ਼ ਹਨ ਜਿਸ ਤੋਂ ਪ੍ਰਭਾਵਿਤ ਹੋ ਕੇ ਪਿੰਡ ਕਾਦੀਆਂ ਰਾਜਪੂਤਾਂ ਦੇ 80 ਪਰਿਵਾਰ ਅਤੇ ਪਿੰਡ ਜੌੜਾਸਿੰਘਾ ਤੋਂ ਮੈਂਬਰ ਪੰਚਾਇਤ ਸੁਲੱਖਣ ਸਿੰਘ, ਪੰਚ ਰਣਧੀਰ ਸਿੰਘ, ਪੰਚ ਜਸਵੰਤ ਸਿੰਘ ਸਮੇਤ 35 ਪਰਿਵਾਰ ਰਵਾਇਤੀ ਪਾਰਟੀਆਂ ਨੂੰ ਛੱਡ ਆਪ ਪਾਰਟੀ ਵਿੱਚ ਸ਼ਾਮਲ ਹੋਏ ਹਨ।

ਇਸ ਮੌਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਚੇਅਰਮੈਨ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਆਪ ਪਾਰਟੀ ਆਮ ਲੋਕਾਂ ਦੀ ਪਾਰਟੀ ਹੈ ਅਤੇ ਜ਼ਮੀਨੀ ਪੱਧਰ ਤੇ ਲੋਕਾਂ ਨਲ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਆਪ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ. ਚੇਅਰਮੈਨ ਪਨੂੰ ਨੇ ਅੱਗੇ ਕਿਹਾ ਕਿ ਆਪ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਮਹਿਜ 10 ਮਹੀਨਿਆਂ ਦੇ ਕਾਰਜਕਾਲ ਦੌਰਾਨ ਹਰ ਖੇਤਰ ਵਿੱਚ ਇਤਿਹਾਸਕ ਫੈਸਲੇ ਲਏ ਗਏ ਹਨ, ਲੋਕਾਂ ਨੂੰ ਦਿੱਤੀਆ ਗਾਰੰਟੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਹਰੇਕ ਗਰੰਟੀ ਪੂਰੀ ਕੀਤੀ ਜਾਵੇਗੀ। ਹਲਕੇ ਦੇ ਵਿਕਾਸ ਦੀ ਗੱਲ ਕਰਦਿਆਂ ਚੇਅਰਮੈਨ ਪਨੂੰ ਨੇ ਕਿਹਾ ਕਿ ਹਲਕੇ ਦਾ ਸਰਬਪੱਖੀ ਵਿਕਾਸ ਉਨਾਂ ਦੀ ਪਹਿਲੀ ਤਰਜੀਹ ਹੈ ਅਤੇ ਵਿਕਾਸ ਕਾਰਜਾਂ ਵਿਚ ਕੋਈ ਢਿੱਲਮਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਪਿੰਡ ਕਾਦੀਆਂ ਰਾਜਪੂਤਾਂ ਤੋਂ ਯਾਦਵਿੰਦਰ ਸਿੰਘ, ਬਿਕਰਮਜੀਤ ਸਿੰਘ, ਅਜੀਤ ਸਿੰਘ, ਜਗਤਾਰ ਸਿੰਘ, ਸੁਖਵਿੰਦਰ ਸਿੰਘ, ਬਲਵਿੰਦਰ ਸਿੰਘ, ਹਰਪਾਲ ਸਿੰਘ, ਜਗਦੀਪ ਸਿੰਘ, ਸਤਿੰਦਰ ਸਿੰਘ, ਬਲਵੰਤ ਸਿੰਘ, ਕੰਵਲਜੀਤ ਸਿੰਘ, ਸੁਖਪਾਲ ਸਿੰਘ, ਕੁਲਵੰਤ ਸਿੰਘ, ਬੈਲੀ ਮਸੀਹ, ਵਾਰਿਸ ਮਸੀਹ, ਬਿੱਟੂ ਮਸੀਹ, ਪ੍ਰਗਟ ਮਸੀਹ, ਪੱਪੂ ਮਸੀਹ, ਬੱਬਲ ਮਸੀਹ, ਕਾਬਲ ਮਸੀਹ, ਗਗਨ ਮਸੀਹ, ਮੰਗਾ ਮਸੀਹ, ਸੈਮੂਅਲ ਮਸੀਹ, ਬੂਟਾ ਮਸੀਹ, ਬੌਬੀ ਮਸੀਹ, ਸਰਦੂਲ ਮਸੀਹ, ਪਰਕਾਸ ਮਸੀਹ, ਕੁਲਦੀਪ ਮਸੀਹ, ਮੰਗਤਾ ਮਸੀਹ, ਖੰਨਾ ਮਸੀਹ, ਪਰਭ ਮਸੀਹ, ਮੁਖਤਿਆਰ ਮਸੀਹ, ਕਰਨ ਮਸੀਹ, ਗੁਰਮੇਜ ਮਸੀਹ, ਲਾਡੀ ਮਸੀਹ, ਹੈਪੀ ਮਸੀਹ, ਰਾਹੁਲ ਮਸੀਹ, ਗੋਲਡੀ ਮਸੀਹ, ਬਿਕਰਮਜੀਤ ਮਸੀਹ, ਮੁਖਤਿਆਰ ਮਸੀਹ, ਰਣਜੀਤ ਮਸੀਹ ਤੇ ਮਲੂਕ ਮਸੀਹ ਆਦਿ ਆਪ ਪਾਰਟੀ ਵਿੱਚ ਸ਼ਾਮਲ ਹੋਏ।

ਇਸੇ ਤਰ੍ਹਾਂ ਪਿੰਡ ਜੌੜਾਸਿੰਘਾ ਤੋਂ ਮੈਂਬਰ ਪੰਚਾਇਤ ਸੁਲੱਖਣ ਸਿੰਘ, ਪੰਚ ਰਣਧੀਰ ਸਿੰਘ, ਪੰਚ ਜਸਵੰਤ ਸਿੰਘ, ਸਮਸ਼ੇਰ ਸਿੰਘ, ਗੁਰਦੀਪ ਸਿੰਘ, ਮਨਦੀਪ ਸਿੰਘ, ਗੁਰਵੰਤ ਸਿੰਘ, ਦਿਲਾਵਰ ਸਿੰਘ, ਜਸਵੰਤ ਸਿੰਘ, ਜੱਸਾ ਸਿੰਘ, ਗੁਰਪਾਲ ਸਿੰਘ, ਸੁਲੱਖਣ ਸਿੰਘ, ਡਾ ਹੈਪੀ, ਹਰਦੇਵ ਸਿੰਘ, ਅਮਰੀਕ ਸਿੰਘ, ਬਲਿਹਾਰ ਫੌਜੀ, ਹਰਪਿੰਦਰ ਸਿੰਘ ਤੇ ਸਰਬਜੀਤ ਸਿੰਘ ਆਦਿ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।

ਕੌਮ ਦੇ ਪ੍ਰਚਾਰਕ ਆਪਸੀ ਵਾਦ-ਵਿਵਾਦ ਛੱਡ ਕੇ ਕੌਮ ਨੂੰ ਸਿੱਖੀ ਵੱਲ ਪ੍ਰੇਰਿਤ ਕਰਨ : ਭਾਈ ਹਰਜਿੰਦਰ ਸਿੰਘ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਮਾਝੇ ਦੇ ਪ੍ਰਚਾਰਕਾਂ ਦੀ ਹੰਗਾਮੀ ਮੀਟਿੰਗ ਭਾਈ ਸੰਤੋਖ ਸਿੰਘ ਪੱਟੀ ਦੇ ਗ੍ਰਹਿ ਵਿਖੇ ਹੋਈ। ਮੀਟਿੰਗ 'ਚ ਪੰਥ ਪ੍ਰਸਿੱਧ ਵਿਦਵਾਨ ਅਤੇ ਸਿੱਖ ਚਿੰਤਕ ਭਾਈ ਹਰਜਿੰਦਰ ਸਿੰਘ ਸਭਰਾ ਨੇ ਉਚੇਚੇ ਤੌਰ 'ਤੇ ਪਹੁੰਚੇ। ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਆਏ ਹੋਏ ਪ੍ਰਚਾਰਕਾਂ ਨੂੰ ਜੀ ਆਇਆਂ ਕਿਹਾ। ਕੌਮ ਦੀ ਮਾਇਨਾਜ਼ ਹਸਤੀ ਭਾਈ ਹਰਜਿੰਦਰ ਸਿੰਘ ਸਭਰਾ ਨੇ ਆਪਣੀ ਜ਼ਿੰਦਗੀ ਦੀ ਸ਼ੁਰੂਆਤ ਤੇ ਪ੍ਰਚਾਰਕ ਸ਼੍ਰੇਣੀ ਵਿੱਚ ਆਏ ਨਿਘਾਰ ਬਾਰੇ ਖੁੱਲ੍ਹ ਕੇ ਵਿਚਾਰਾਂ ਰੱਖੀਆਂ। ਉਨ੍ਹਾਂ ਕਿਹਾ ਕਿ ਜਦੋਂ ਕਿਸੇ ਵੀ ਮਨੁੱਖ ਅੰਦਰ ਦੂਸਰੇ ਤੋਂ ਅੱਗੇ ਵਧਣ ਦੀ ਲਾਲਸਾ ਪੈਦਾ ਹੁੰਦੀ ਹੈ ਤਾਂ ਉਹ ਧਰਮ ਪ੍ਰਤੀ ਵਿਚਾਰਾਂ ਨੂੰ ਇਸ ਤਰੀਕੇ ਨਾਲ ਪੇਸ਼ ਕਰਦਾ ਹੈ ਜਿਸ ਨਾਲ ਧਰਮ ਦੁਨੀਆਂ ਦੇ ਲੋਕਾਂ ਦੀ ਨਜ਼ਰ ਵਿੱਚ ਇੱਕ ਮਖੌਲ ਦਾ ਪਾਤਰ ਬਣ ਜਾਂਦਾ ਹੈ। ਉਸ ਵਿਅਕਤੀ ਦੀ ਪਬਲੀਸਿਟੀ ਵੱਧ ਜਾਂਦੀ ਹੈ ਜਦਕਿ ਚਾਹੀਦਾ ਇਹ ਸੀ ਕਿ ਅਸੀਂ ਇਹੋ ਜਿਹੇ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਦੇ ਜਿਸ ਨਾਲ ਧਾਰਮਿਕ ਜਗਤ ਨਾਲ ਵੱਧ ਤੋਂ ਵੱਧ ਲੋਕ ਜੁੜਦੇ ਪਰ ਹੋਇਆ ਇਸਦੇ ਬਿਲਕੁਲ ਉਲਟ ਕਿ ਲੋਕ ਨਾਸਤਕਪੁਣੇ ਵੱਲ ਜ਼ਿਆਦਾ ਵੱਧ ਗਏ। ਉਨ੍ਹਾਂ ਇਹ ਵੀ ਕਿਹਾ ਕਿ ਹਰੇਕ ਪ੍ਰਚਾਰਕ ਨੂੰ ਆਪਣੇ ਸ਼ਬਦ ਭੰਡਾਰ ਵਿੱਚ ਵਾਧਾ ਕਰਨ ਦੀ ਵਧੇਰੇ ਲੋੜ ਹੈ ਤੇ ਇਹ ਵਾਧਾ ਹਰੇਕ ਵਿਸ਼ੇ ਤੇ ਅਲੱਗ-ਅਲੱਗ ਲੇਖਕਾਂ ਦੀਆਂ ਕਿਤਾਬਾਂ ਵਿਚਲੇ ਉਸਦੇ ਵਰਤੋਂ ਵਿੱਚ ਲਿਆਂਦੇ ਸ਼ਬਦਾਂ ਤੋਂ ਪ੍ਰਾਪਤ ਹੁੰਦਾ ਹੈ। ਕਿਤਾਬ ਕੋਈ ਵੀ ਕਚਰਾ ਨਹੀਂ ਹੁੰਦੀ, ਸਗੋਂ ਕਚਰੇ ਵਿੱਚੋਂ ਵੀ ਸਾਨੂੰ ਸ਼ਬਦਾਂ ਦਾ ਬਹੁਤ ਵੱਡਾ ਭੰਡਾਰ ਪ੍ਰਾਪਤ ਹੁੰਦਾ ਹੈ। ਅਖੀਰ ਤੇ ਉਨਾਂ ਕੌਮ ਦੇ ਪ੍ਰਚਾਰਕਾਂ ਨੂੰ ਇੱਕ ਅਪੀਲ ਕੀਤੀ ਕਿ ਉਹ ਆਪਣੀ ਵਾਦ-ਵਿਵਾਦ ਛੱਡ ਕੇ ਲੁਕਾਈ ਨੂੰ ਸਿੱਖੀ ਵੱਲ ਵੱਧਣ ਲਈ ਪ੍ਰੇਰਿਤ ਕਰਨ। ਭਾਈ ਤਾਰੂ ਸਿੰਘ ਤੇ ਗੁਰਮਤਿ ਪ੍ਰਚਾਰ ਸੁਸਾਇਟੀ ਦੇ ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ ਨੇ ਭਾਈ ਸਾਹਿਬ ਅਤੇ ਕੌਮ ਦੇ ਪ੍ਰਚਾਰਕਾਂ ਦਾ ਆਪਣੇ ਗ੍ਰਹਿ ਵਿਖੇ ਪਹੁੰਚਣ 'ਤੇ ਬਹੁਤ ਬਹੁਤ ਧੰਨਵਾਦ ਕੀਤਾ ਅਤੇ ਨਾਲ ਗੁਰੂ ਦੀ ਬਖਸ਼ਿਸ਼ ਸਿਰੋਪਾਓ ਤੇ ਸਨਮਾਨ ਨਿਸ਼ਾਨੀ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਭਾਈ ਦਿਲਬਾਗ ਸਿੰਘ ਧਾਰੀਵਾਲ, ਭਾਈ ਦਵਿੰਦਰ ਸਿੰਘ ਸਭਰਾ, ਭਾਈ ਰਣਜੋਧ ਸਿੰਘ ਸਮਰਾ, ਗਿਆਨੀ ਕਰਮ ਸਿੰਘ ਅਹਿਮਦਪੁਰ, ਭਾਈ ਦਵਿੰਦਰ ਸਿੰਘ ਕੈਰੋਂ, ਭਾਈ ਗੁਰਪ੍ਰੀਤ ਸਿੰਘ ਜੋਤੀਸ਼ਾਹ, ਭਾਈ ਮਨਪ੍ਰੀਤ ਸਿੰਘ ਸੰਗਵਾਂ, ਭਾਈ ਗੁਰਮੀਤ ਸਿੰਘ ਮਾਲੂਵਾਲ, ਭਾਈ ਗੁਰਪ੍ਰੀਤ ਸਿੰਘ ਨੱਥੂ ਚੱਕ, ਭਾਈਚਾਰੇ ਗੁਰਵਿੰਦਰ ਸਿੰਘ ਧੁੰਨ ਅਤੇ ਭਾਈ ਅਮਰਜੀਤ ਸਿੰਘ ਸੁਰਸਿੰਘ ਆਦਿ ਹਾਜ਼ਰ ਸਨ।

ਪੈਟਰੋਲ, ਡੀਜ਼ਲ ਦੇ ਭਾਅ 'ਚ ਵਾਧਾ ਲੋਕਾਂ ਨਾਲ ਵਾਅਦਾ-ਖਿਲਾਫੀ : ਸੇਵਕ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਪੰਜਾਬ ਵਿੱਚ ਬਦਲਾਅ ਲਿਆਉਣ ਦੇ ਸਬਜ਼ਬਾਗ ਵਿਖਾ ਕੇ ਸੱਤਾ 'ਚ ਆਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੈਟਰੋਲ, ਡੀਜ਼ਲ ਦੇ ਭਾਅ ਵਧਾ ਕੇ ਪੰਜਾਬ ਦੇ ਲੋਕਾਂ ਨਾਲ ਵਾਅਦਾ-ਖਿਲਾਫੀ ਕੀਤੀ ਹੈ, ਜਦਕਿ ਦੂਜੇ ਰਾਜਾਂ ਦੇ ਮੁਕਾਬਲੇ ਪੰਜਾਬ ਵਿੱਚ ਪਹਿਲਾਂ ਹੀ ਰੇਟ ਵੱਧ ਹਨ ਜਦੋਂਕਿ ਸੂਬੇ ਦੇ ਲੋਕ ਇਸ ਸਰਕਾਰ ਤੋਂ ਰੇਤੇ ਦਾ ਰੇਟ ਘੱਟ ਕਰਨ ਦੀ ਆਸ ਲਗਾਈ ਬੈਠੇ ਸਨ। ਇਹ ਪ੍ਰਗਟਾਵਾ ਯੂਥ ਅਕਾਲੀ ਆਗੂ ਪਰਦੀਪ ਸਿੰਘ ਸੇਵਕ ਚਿੱਟੀ ਨੇ ਕੀਤਾ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਅੰਦਰ ਪੈਟਰੋਲ, ਡੀਜ਼ਲ ਤੇ 90 ਪੈਸੇ ਵੈਟ ਵਧਾਉਣ ਨਾਲ ਹਰ ਵਰਗ ਨੂੰ ਧੱਕਾ ਲਗਾ। ਪੰਜਾਬ ਦੇ ਲੋਕ ਪਹਿਲਾਂ ਹੀ ਮਹਿੰਗਾਈ ਦੀ ਮਾਰ ਚੱਲ ਰਹੇ ਹਨ। ਹੁਣ ਪੈਟਰੋਲ, ਡੀਜ਼ਲ ਤੇ 90 ਪੈਸੇ ਵੈਟ ਵਧਾਉਣ ਨਾਲ ਜਿੱਥੇ ਮਹਿੰਗਾਈ ਵਧੇਗੀ ਓਥੇ ਆਵਾਜਾਈ ਤੇ ਟਰਾਂਸਪੋਰਟ ਵੀ ਮਹਿੰਗੀ ਹੋਵੇਗੀ। ਉਨ੍ਹਾਂ ਨੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਉੱਕਤ ਫੈਸਲਾ ਵਾਪਸ ਲਿਆ ਜਾਵੇ।

ਲੋਕ ਇਨਸਾਫ ਪ੍ਰੈੱਸ ਕਲੱਬ ਪੰਜਾਬ ਦੀ ਮਹੀਨਾਵਾਰ ਮੀਟਿੰਗ

ਗਹਿਰੀ ਮੰਡੀ (ਮਨਜੀਤ ਸਿੰਘ ਮਿੰਟੂ)-ਲੋਕ ਇਨਸਾਫ ਪ੍ਰੈੱਸ ਕਲੱਬ ਪੰਜਾਬ ਦੀ ਮਹੀਨੇ ਦੇ ਪਹਿਲੇ ਹਫਤੇ ਤਹਿ ਕੀਤੀ ਗਈ ਮੀਟਿੰਗ ਰੇਲਵੇ ਸਟੇਸ਼ਨ ਅੰਮ੍ਰਿਤਸਰ ਯੂਨੀਅਨ ਦਫਤਰ ਵਿਚ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਪੰਜਾਬ ਸਕੱਤਰ ਜਸਬੀਰ ਸਿੰਘ ਦੀ ਰਹਿਨੁਮਾਈ ਹੇਠ ਹੋਈ। ਮੀਟਿੰਗ ਵਿਚ ਜਸਬੀਰ ਸਿੰਘ ਨੇ ਪ੍ਰੈੱਸ ਕਲੱਬ ਦੇ ਰੂਲ ਤੇ ਹਦਾਇਤਾਂ ਦੀ ਜਾਣਕਾਰੀ ਦਿੱਤੀ। ਕਲੱਬ ਦੇ ਪ੍ਰਧਾਨ ਜੀਵਨ ਸ਼ਰਮਾ ਨੇ ਕਿਹਾ ਕਿ ਇਹ ਕਲੱਬ ਇੱਕ ਪਰਿਵਾਰ ਦੀ ਤਰ੍ਹਾਂ ਹੈ ਤੇ ਹਰੇਕ ਪੱਤਰਕਾਰ ਦੇ ਦੁੱਖ-ਸੁੱਖ ਵਿਚ ਖੜਾ ਹੈ। ਪੰਜਾਬ ਦੇ ਜਨਰਲ ਸਕੱਤਰ ਮਨਜੀਤ ਸਿੰਘ ਮਿੰਟੂ ਨੇ ਕਿਹਾ ਕਿ ਲੋਕ ਇਨਸਾਫ ਪ੍ਰੈੱਸ ਕਲੱਬ ਦਾ ਨਾਮ ਇਸ ਲਈ ਚੁਣ ਕੇ ਰੱਖਿਆ ਗਿਆ ਕਿ ਇਹ ਲੋਕਹਿਤ ਲਈ ਕੰਮ ਕਰੇਗਾ। ਕਲੱਬ ਦੀ ਟੀਮ ਨੇ ਪ੍ਰਣ ਲਿਆ ਕਿ ਕਲੱਬ ਦੇ ਰੂਲਾਂ ਮੁਤਾਬਕ ਪੱਤਰਕਾਰ ਇੱਕ ਦੂਸਰੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰੇਗਾ ਤੇ ਕਿਸੇ ਨੂੰ ਵੀ ਕਿਸੇ ਕਿਸਮ ਦੀ ਸ਼ਿਕਾਇਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਸਮਾਜਿਕ ਮੁੱਦੇ ਅਤੇ ਪੱਤਰਕਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਲਈ ਕਲੱਬ ਦੀ ਟੀਮ ਪੂਰੇ ਪੰਜਾਬ ਦੀਆਂ ਯੂਨੀਅਨਾਂ ਨੂੰ ਅਪੀਲ ਵੀ ਕਰਦੀ ਹੈ ਕਿ ਆਪ ਵੀ ਮਿਲ ਕੇ ਮਸਲਿਆ ਦੇ ਹੱਲ ਲਈ ਅਗਾਂਹਵਧੂ ਕਦਮ ਪੁੱਟੋ। ਮੀਟਿੰਗ ਵਿਚ ਯੈਲੋ ਕਾਰਡ ਦੀਆਂ ਆ ਰਹੀਆਂ ਮੁਸ਼ਕਲਾਂ 'ਤੇ ਵੀ ਵਿਚਾਰ ਚਰਚਾ ਹੋਈ। ਬਹੁਤ ਜਲਦ ਪ੍ਰਸ਼ਾਸਨ ਨੂੰ ਮਿਲ ਕੇ ਮੁੱਖ ਮੰਤਰੀ ਪੰਜਾਬ ਨੂੰ ਇੱਕ ਲੈਟਰ ਭੇਜੀ ਜਾਵੇਗੀ। ਇਸ ਮੌਕੇ ਪੱਤਰਕਾਰ ਦਲਬੀਰ ਸਿੰਘ ਗੁਮਾਨਪੁਰਾ, ਚਾਂਦ ਸਟਾਰ, ਭਵਜੋਤ ਕੌਰ, ਸਿਮਰਨ ਅਠਵਾਲ, ਸੋਨੂੰ ਵਾਈਸ ਪ੍ਰਧਾਨ, ਰਾਜਬੀਰ ਸਿੰਘ, ਅਮਨ ਸ਼ਰਮਾ, ਸੁਖਵਿੰਦਰ ਸਿੰਘ, ਪਰਵੀਨ ਕੁਮਾਰ, ਦੀਪਕ, ਬਲਰਾਜ ਸਿੰਘ ਪੰਜਾਬ ਕੈਸ਼ੀਅਰ, ਨਿਰਮਲ ਸਿੰਘ ਮੱਲ੍ਹੀ, ਗਗਨਦੀਪ, ਹਰਭਿੰਦਰਜੋਤ ਕੌਰ ਅਤੇ ਸੁਖਬੀਰ ਸਿੰਘ ਬਿੱਲਾ ਆਦਿ ਹਾਜ਼ਰ ਸਨ।

ਮਨਰੇਗਾ ਬਜਟ ਨੂੰ ਘਟਾਉਣਾ ਗਰੀਬ ਲੋਕਾਂ ਨਾਲ ਧੋਖਾ: ਬਖਤਪੁਰਾ

ਬਟਾਲਾ (ਤਰਲੋਕ ਬੱਗਾ)-ਮਜ਼ਦੂਰ ਮੁਕਤੀ ਮੋਰਚਾ ਅਤੇ ਲਿਬਰੇਸ਼ਨ ਵਲੋਂ ਜੀ ਟੀ ਰੋਡ ਬਟਾਲਾ ਵਿਖੇ ਮਨਰੇਗਾ ਵਰਕਰਾਂ ਦੀ ਰੈਲੀ ਕਰਕੇ ਮੋਦੀ ਸਰਕਾਰ ਵਲੋਂ ਆਪਣੇ ਆਖਰੀ ਬਜਟ ਵਿੱਚ ਮਨਰੇਗਾ ਬਜਟ ਪਿਛਲੇ ਸਾਲ ਦੇ 89400 ਕਰੋੜ ਰੁਪਏ ਦੇ ਮੁਕਬਲੇ 60000 ਕਰੋੜ ਰੁਪਏ ਕਰਕੇ 25.2 ਫੀਸਦੀ ਘਟਾਉਣ ਦੀ ਕਾਰਵਾਈ ਨੂੰ ਦੇਸ਼ ਦੇ ਕਰੋੜਾਂ ਬੇਰੁਜ਼ਗਾਰ ਆਮ ਲੋਕਾਂ ਨਾਲ ਵਡਾ ਧੋਖਾ ਕਰਾਰ ਦਿੱਤਾ ਹੈ। ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬੱਖਤਪੁਰਾ ਅਤੇ ਮਨਰੇਗਾ ਆਗੂ ਸੁਖਜਿੰਦਰ ਕੌਰ ਨੇ ਕਿਹਾ ਕਿ ਪਹਿਲਾਂ ਹੀ ਕਰੀਬ ਦੱਸ ਫੀਸਦ ਗਰੀਬਾਂ ਨੂੰ ਪੰਜਾਬ ਵਿੱਚ ਰੋਜ਼ਗਾਰ ਮਿਲਦਾ ਸੀ ਅਤੇ ਮਨਰੇਗਾ ਦੀ ਜ਼ਿਆਦਾਤਰ ਰਕਮ ਭ੍ਰਿਸ਼ਟਾਚਾਰ ਦੀ ਭੇਟ ਚੜ੍ਹ ਜਾਂਦੀ ਸੀ, ਲੋੜ ਇਸ ਗੱਲ ਦੀ ਸੀ ਕਿ ਮੋਦੀ ਸਰਕਾਰ ਮਨਰੇਗਾ ਚੋਂ ਭ੍ਰਿਸ਼ਟਾਚਾਰ ਨੂੰ ਖਤਮ ਕਰਕੇ ਦੇਸ ਦੇ 82 ਕਰੋੜ ਲੋਕਾ ਨੂੰ ਜੋ ਸਰਕਾਰੀ ਅਨਾਜ ਉਪਰ ਨਿਰਭਰ ਹਨ, ਨੂੰ ਰੋਜ਼ਗਾਰ ਮੁਹੱਈਆ ਕਰਵਾਉਂਦੀ ਪਰ ਮਨਰੇਗਾ ਬਜਟ ਨੂੰ ਘਟਾ ਕੇ ਮੋਦੀ ਸਰਕਾਰ ਨੇ ਗਰੀਬਾਂ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ। ਬੱਖਤਪੁਰਾ ਨੇ ਭਗਵੰਤ ਮਾਨ ਸਰਕਾਰ ਨੂੰ ਆਪਣੇ ਨਿਸ਼ਾਨੇ ਉਪਰ ਲੈਂਦਿਆਂ ਕਿਹਾ ਕਿ ਸਾਰੇ ਸਾਲ ਵਿੱਚ ਸਰਕਾਰ ਬਹੁਤ ਸੀਮਤ ਪਰਿਵਾਰਾਂ ਨੂੰ ਰੋਜ਼ਗਾਰ ਦਿਵਾ ਸਕੀ ਹੈ, ਇਹ ਰੋਜ਼ਗਾਰ ਜੋ ਕੇਂਦਰੀ ਸਰਕਾਰ ਦੇ ਪੈਸੇ ਨਾਲ ਚਲਦਾ ਹੈ, ਨੂੰ ਆਮ ਲੋਕਾਂ ਤੱਕ ਲਿਜਾਣ ਲਈ ਮਾਨ ਸਰਕਾਰ ਨੇ ਕੋਈ ਨੀਤੀ ਤਿਆਰ ਹੀ ਨਹੀਂ ਕੀਤੀ। ਇਹ ਹੀ ਵਜ੍ਹਾ ਹੈ ਕਿ ਸਰਕਾਰ ਨੇ ਮਨਰੇਗਾ ਮਜ਼ਦੂਰਾਂ ਦੀ 282 ਰੁਪਏ ਤੋਂ ਅੱਗੇ ਦਿਹਾੜੀ ਵਧਾਉਣੀ ਵੀ ਮੁਨਾਸਿਬ ਨਹੀਂ ਸਮਝੀ, ਜਦੋਂਕਿ ਸਾਡੇ ਗੁਆਂਢੀ ਰਾਜਾਂ ਵਿਚ ਮਨਰੇਗਾ ਮਜ਼ਦੂਰੀ ਪੰਜਾਬ ਤੋਂ ਕਿਧਰੇ ਵਧੇਰੇ ਹੈ। ਉਨ੍ਹਾਂ ਕਿਹਾ ਮੋਦੀ ਸਰਕਾਰ ਨੂੰ ਮਨਰੇਗਾ ਬੱਜਟ ਦਾ ਰੀਵਿਊ ਕਰਕੇ ਇਸ ਵਿਚ ਵਾਧਾ ਕਰਨਾ ਚਾਹੀਦਾ ਹੈ ਅਤੇ ਮਾਨ ਸਰਕਾਰ ਨੂੰ ਮਨਰੇਗਾ ਦੇ ਕੰਮਾਂ ਦਾ ਵਿਸਥਾਰ ਕਰਨਾ ਚਾਹੀਦਾ ਹੈ ਤਾਂ ਜੋ ਮਜ਼ਦੂਰਾਂ ਨੂੰ ਪਿੰਡਾਂ ਦੇ ਨੇੜੇ ਰੋਜ਼ਗਾਰ ਦਿੱਤਾ ਜਾ ਸਕੇ।

ਪਿੰਡ 'ਚ ਧੜੇਬੰਦੀ ਕਾਰਨ ਪਹੁੰਚ ਰਿਹਾ ਹੈ ਸਭਾ ਨੂੰ ਨੁਕਸਾਨ : ਮੁਖਤਾਰ ਸਿੰਘ

ਤਰਨਤਾਰਨ (ਸਾਗਰਦੀਪ ਸਿੰਘ ਅਰੋੜਾ)-ਪਿੰਡ ਸੁਰਸਿੰਘ ਦੀ ਸਹਿਕਾਰਤਾ ਐਗਰੀਕਲਚਰ ਬਹੁਮੰਤਵੀ ਸਭਾ ਦੇ ਸੈਕਟਰੀ ਸਤਬੀਰ ਸਿੰਘ ਉੱਤੇ ਸਭਾ ਦੇ ਹੀ ਮੈਂਬਰ ਵੱਲੋਂ ਧੋਖਾਧੜੀ ਕਰਨ ਦੇ ਦੋਸ਼ ਲਗਾਏ ਗਏ ਹਨ ਜਦਕਿ ਸਭਾ ਦੀ ਕਮੇਟੀ ਦੇ ਮੈਂਬਰਾਂ ਅਤੇ ਅਹੁਦੇਦਾਰਾਂ ਵੱਲੋਂ ਸੈਕਟਰੀ ਦੇ ਹੱਕ ਵਿੱਚ ਬੋਲਦਿਆਂ ਕਿਹਾ ਕਿ ਪਿੰਡ ਵਿੱਚ ਧੜੇਬੰਦੀ ਹੋਣ ਕਾਰਨ ਪਿੰਡ ਦੇ ਹੀ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਸਭਾ ਨੂੰ ਬੰਦ ਕਰਵਾਉਣ ਲਈ ਭੱਦੀਆਂ ਹਰਕਤਾਂ ਕੀਤੀਆਂ ਜਾ ਰਹੀਆਂ ਹਨ ਅਤੇ ਸਭਾ ਦੇ ਸੈਕਟਰੀ 'ਤੇ ਵੀ ਝੂਠਾ ਮੁੱਕਦਮਾ ਦਰਜ ਕਰਵਾਇਆ ਗਿਆ ਹੈ।

ਇਸ ਸਬੰਧ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਰਸਿੰਘ ਸਹਿਕਾਰਤਾ ਸਭਾ ਦੇ ਪ੍ਰਧਾਨ ਮੁਖਤਾਰ ਸਿੰਘ ਨੇ ਦੱਸਿਆਂ ਕਿ ਸਭਾ ਵਿੱਚ ਤਕਰੀਬਨ 800 ਦੇ ਕਰੀਬ ਮੈਂਬਰ ਹਨ ਜਿਨ੍ਹਾਂ ਨਾਲ ਲੱਖਾਂ ਦਾ ਲੈਣ ਦੇਣ ਹੁੰਦਾ ਹੈ ਅਤੇ ਹਰ ਸਾਲ ਸਭਾ ਤਕਰੀਬਨ 9 ਲੱਖ ਰੁਪਏ ਦੇ ਮੁਨਾਫੇ ਵਿੱਚ ਜਾਂਦੀ ਹੈ ਪਰ ਪਿੰਡ ਵਿੱਚ ਧੜੇਬੰਦੀ ਹੋਂਣ ਕਾਰਨ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਸਭਾ ਨੂੰ ਬੰਦ ਕਰਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਜਿਸ ਕਾਰਨ ਹੀ 800 ਮੈਂਬਰਾਂ ਵਿੱਚੋਂ ਸਿਰਫ ਇੱਕ ਹੀ ਸ਼ਿਕਾਇਤ ਕਰਤਾ ਹਰਭਜਨ ਸਿੰਘ ਪੁੱਤਰ ਬਾਜ ਨੂੰ ਮੋਹਰਾ ਬਣਾ ਕੇ ਸੈਕਟਰੀ ਸਤਬੀਰ ਸਿੰਘ ਤੇ ਹੋਰ ਮੁਲਾਜ਼ਮਾਂ ਦੇ ਖਿਲ਼ਾਫ ਸ਼ਿਕਾਇਤ ਕਰਵਾ ਕੇ ਝੂਠਾ ਮੁੱਕਦਮਾ ਦਰਜ ਕਰਵਾ ਦਿੱਤਾ ਜਿਸ ਕਾਰਨ ਇਸ ਸਾਲ ਸਭਾ ਨੂੰ ਕਾਫੀ ਨੁਕਸਾਨ ਦਾ ਸਾਹਮਣਾ ਕਰਨਾ ਪਿਆ। ਸੈਕਟਰੀ ਸਤਬੀਰ ਸਿੰਘ, ਕੈਸ਼ੀਅਰ ਮਨਕੀਰਤ ਸਿੰਘ ਨੇ ਕਿਹਾ ਕਿ ਹਰਭਜਨ ਸਿੰਘ ਸਿੰਘ ਵੱਲੋਂ ਉਨ੍ਹਾਂ 'ਤੇ ਲਗਾਏ ਗਏ ਇਲਜ਼ਾਮ ਬਿਲਕੁਲ ਝੂਠੇ ਅਤੇ ਬੇਬੁਨਿਆਦ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਉੱਚ ਅਧਿਕਾਰੀਆਂ ਵੱਲੋਂ ਇਨਕੁਆਰੀਆਂ ਵੀ ਕੀਤੀਆਂ ਗਈਆਂ ਹਨ ਜੋ ਕਿ ਉਸਦੇ ਹੱਕ ਵਿੱਚ ਹੋਈਆਂ ਹਨ ਤੇ ਹਰਭਜਨ ਸਿੰਘ ਤੇ ਪਿੰਡ ਦੇ ਕੁਝ ਵਿਅਕਤੀਆਂ ਵੱਲੋਂ ਉਨ੍ਹਾਂ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਇਸ ਮੌਕੇ ਮੀਤ ਪ੍ਰਧਾਨ ਤਰਸੇਮ ਸਿੰਘ, ਮੈਂਬਰ ਨਿਰਵੈਲ ਸਿੰਘ, ਜਸਵਿੰਦਰ ਸਿੰਘ ਕਮੇਟੀ ਮੈਂਬਰ, ਦਲਬੀਰ ਸਿੰਘ ਕਮੇਟੀ ਮੈਂਬਰ, ਪ੍ਰੇਮ ਸਿੰਘ ਕਮੇਟੀ ਮੈਂਬਰ, ਗੁਰਬੀਰ ਸਿੰਘ ਸੇਲਮੈਨ, ਮੇਜਰ ਸਿੰਘ ਕਮੇਟੀ ਮੈਂਬਰ, ਮੁਖਤਾਰ ਸਿੰਘ ਕਮੇਟੀ ਮੈਂਬਰ ਆਦਿ ਹਾਜਰ ਸਨ।

ਡਾਵਾਂਡੋਲ ਟਰੱਕ ਦੁਕਾਨਾਂ ਦੇ ਬਾਹਰ ਬਣੇ ਥੜ੍ਹੇ ਨਾਲ ਟਕਰਾਇਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਅੱਜ ਸਵੇਰੇ ਤੜਕੇ 6 ਵਜੇ ਇਕ ਟਰੱਕ ਬਜਰਾ ਲੱਦ ਕੇ ਪਠਾਨਕੋਟ ਤੋਂ ਅੰਮ੍ਰਿਤਸਰ ਨੂੰ ਜਾ ਰਿਹਾ ਸੀ। ਦੀਨਾਨਗਰ ਦੇ ਮਹਾਰਾਜਾ ਰਣਜੀਤ ਸਿੰਘ ਪਾਰਕ ਦੇ ਕੋਲ ਟਰੱਕ ਦਾ ਸੰਤੁਲਨ ਵਿਗੜ ਗਿਆ ਅਤੇ ਦੁਕਾਨਾਂ ਦੇ ਬਾਹਰ ਬਣੇ ਥੜ੍ਹੇ ਨਾਲ ਜਾ ਟਕਰਾਇਆ। ਜਾਣਕਾਰੀ ਦਿੰਦੇ ਹੋਏ ਟਰੱਕ ਡਰਾਈਵਰ ਗੁਰਜੀਤ ਨੇ ਦੱਸਿਆ ਕਿ ਉਹ ਸਵੇਰੇ ਪਠਾਨਕੋਟ ਤੋਂ ਬੱਜਰਾ ਲੱਦ ਕੇ ਅੰਮ੍ਰਿਤਸਰ ਨੂੰ ਜਾ ਰਿਹਾ ਸੀ। ਜਦੋਂ ਦੀਨਾਨਗਰ ਸ਼ਹਿਰ ਵਿੱਚ ਦਾਖ਼ਲ ਹੋਇਆ ਤਾਂ ਟਰੱਕ ਦੀ ਸੱਜੇ ਪਾਸੇ ਦੀ ਕਮਾਨੀ ਟੁੱਟ ਗਈ। ਟਰੱਕ ਦਾ ਸੰਤੁਲਨ ਵਿਗੜਨ ਕਾਰਨ ਇਹ ਦੁਕਾਨ ਨਾਲ ਜਾ ਟਕਰਾਇਆ ਜਿਸ ਨਾਲ ਕੋਈ ਵੀ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਦੁਕਾਨਾਂ ਦਾ ਵੀ ਬਚਾਅ ਹੋ ਗਿਆ। ਜੇ ਇਹ ਹਾਦਸਾ ਸਕੂਲ ਟਾਈਮ ਹੁੰਦਾ ਤਾਂ ਕੋਈ ਵੱਡਾ ਹਾਦਸਾ ਹੋ ਸਕਦਾ ਸੀ।

ਬੀਬੀ ਦਵਿੰਦਰਜੀਤ ਕੌਰ ਪੰਨੂ ਨੂੰ ਕਿਸਾਨ-ਮਜ਼ਦੂਰ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਕਿਸਾਨ ਮਜ਼ਦੂਰ ਸ਼ੰਘਰਸ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸਤਨਾਮ ਸਿੰਘ ਪੰਨੂ ਦੇ ਧਰਮ ਪਤਨੀ ਬੀਬੀ ਦਵਿੰਦਰਜੀਤ ਕੌਰ ਪੰਨੂ (66) ਜੋ ਪਿਛਲੇ ਦਿਨੀਂ 29 ਜਨਵਰੀ ਨੂੰ ਸਦੀਵੀ ਵਿਛੋੜਾ ਦੇ ਗਏ ਸਨ, ਦੇ ਨਮਿਤ ਸ਼ਰਧਾਂਜਲੀ ਸਮਾਗਮ ਅੱਜ ਗੁਰਦੁਆਰਾ ਬਾਬਾ ਕਾਹਨ ਸਿੰਘ ਜੀ ਪਿੰਡ ਪਿੱਦੀ ਵਿਖੇ ਹੋਇਆ ਜਿਸ ਵਿੱਚ ਵੱਖ-ਵੱਖ ਜ਼ਿਲਿਆਂ ਵਿਚੋਂ ਕਿਸਾਨ-ਮਜ਼ਦੂਰ ਜਥੇਬੰਦੀਆਂ ਦੇ ਆਗੂ, ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ, ਮਜ਼ਦੂਰ, ਬੀਬੀਆਂ ਦੇ ਨਾਲ ਪਰਿਵਾਰਿਕ ਰਿਸ਼ਤੇਦਾਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ। ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸੂਬਾ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ, ਸਵਿੰਦਰ ਸਿੰਘ ਚੁਤਾਲਾ, ਸੁਖਵਿੰਦਰ ਸਿੰਘ ਸਭਰਾ, ਜਸਬੀਰ ਸਿੰਘ ਪਿੱਦੀ ਅਤੇ ਕੌਮੀ ਇਨਸਾਫ ਮੋਰਚੇ ਦੇ ਆਗੂ ਪਾਲ ਸਿੰਘ ਪਰਾਸ ਨੇ ਉਨਾਂ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਬੀਬੀ ਦਵਿੰਦਰਜੀਤ ਕੌਰ ਬਹੁਤ ਹੀ ਦਿਰੜ, ਨੇਕ, ਦੂਰਅੰਦੇਸ਼ੀ ਸੋਚ, ਤਰਕਸ਼ੀਲ ਬੁੱਧੀ ਦੇ ਮਾਲਕ ਸਨ। ਉਨ੍ਹਾਂ ਨੇ ਆਪਣੇ ਸਹੁਰੇ ਘਰ ਆ ਕੇ ਘਰ ਦੀ ਸਾਰੀ ਜ਼ੁੰਮੇਵਾਰੀ ਚੁੱਕ ਲਈ ਤੇ ਸਤਨਾਮ ਸਿੰਘ ਪੰਨੂੰ ਦੇ ਛੋਟੇ ਭੈਣ-ਭਰਾਵਾਂ ਨੂੰ ਮਾਂ ਦਾ ਪਿਆਰ ਦਿੱਤਾ । ਉਨ੍ਹਾਂ ਦੇ ਦੋ ਪੁੱਤਰ ਅੰਮ੍ਰਿਤਪਾਲ ਸਿੰਘ ਅਤੇ ਸੁਮੀਤਪਾਲ ਸਿੰਘ ਪੈਦਾ ਹੋਏ। ਉਨਾਂ ਪਹਿਲਾਂ ਹਰਕਿਸ਼ਨ ਪਬਲਿਕ ਸਕੂਲ ਬਰਾਂਚ ਪਿੱਦੀ ਵਿਖੇ ਸੇਵਾ ਕੀਤੀ ਤੇ ਸਕੂਲ ਦੇ ਪ੍ਰਿੰਸੀਪਲ ਰਹੇ। ਸ਼ਰਧਾਂਜਲੀ ਸਮਾਗਮ ਵਿੱਚ ਆਈਆਂ ਸਾਰੀਆਂ ਸੰਗਤਾਂ ਦਾ ਸਤਨਾਮ ਸਿੰਘ ਪੰਨੂ ਵੱਲੋਂ ਧੰਨਵਾਦ ਕੀਤਾ ਗਿਆ।

ਇਸ ਮੌਕੇ ਗੁਰਲਾਲ ਸਿੰਘ ਪੰਡੋਰੀ, ਹਰਪ੍ਰੀਤ ਸਿੰਘ ਪੰਡੋਰੀ ਸਿੱਧਵਾਂ, ਗੁਰਬਚਨ ਸਿੰਘ ਚੱਬਾ, ਸਤਨਾਮ ਸਿੰਘ ਮਾਣੋਚਾਹਲ, ਰਣਬੀਰ ਸਿੰਘ, ਇੰਦਰਜੀਤ ਸਿੰਘ ਫਿਰੋਜ਼ਪੁਰ, ਰਣਜੀਤ ਸਿੰਘ ਅੰਮ੍ਰਿਤਸਰ, ਲਖਵਿੰਦਰ ਸਿੰਘ ਵਰਿਆਮ, ਸਲਵਿੰਦਰ ਸਿੰਘ ਜਲੰਧਰ, ਜਗਦੀਸ਼ ਸਿੰਘ ਫਾਜਿਲਕਾ,ਸਰਵਣ ਸਿੰਘ ਕਪੂਰਥਲਾ, ਕੁਲਦੀਪ ਸਿੰਘ ਹੁਸ਼ਿਆਰਪੁਰ, ਹਰਦੀਪ ਸਿੰਘ ਗੁਰਦਾਸਪੁਰ, ਗੁਰਦੇਵ ਸਿੰਘ ਮੋਗਾ ਆਦਿ ਵੱਖ ਵੱਖ ਜਿਲਿਆਂ ਤੋਂ ਜਥੇਬੰਦੀ ਦੇ ਆਗੂ ਤੇ ਵਰਕਰ ਹਾਜ਼ਰ ਸਨ ।

ਜੀ ਐੱਨ ਡੀ ਯੂ ਨੂੰ ਇੰਟੈਗਰੇਟਿਡ ਟੀਚਰ ਐਜੂਕੇਸ਼ਨ ਪ੍ਰੋਗਰਾਮ ਲਈ ਮਿਲੀ ਪ੍ਰਵਾਨਗੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇਸ਼ ਦੀ ਪਹਿਲੀ ਯੂਨੀਵਰਸਿਟੀ ਹੈ ਜੋ ਕਿ ਇੰਟੈਗਰੇਟਿਡ ਟੀਚਰ ਐਜੂਕੇਸ਼ਨ ਪ੍ਰੋਗਰਾਮ ਸ਼ੁਰੂ ਕਰਨ ਜਾ ਰਹੀ ਹੈ ਜਿਸ ਵਿਚ ਬੀ.ਏ.-ਬੀ.ਐਡ., ਬੀ.ਐਸ.ਸੀ.-ਬੀ.ਐਡ., ਬੀ.ਕਾਮ. ਬੀ.ਐਡ. ਤਿੰਨ ਮਹੱਤਵਪੂਰਨ ਕੋਰਸ ਸ਼ਾਮਿਲ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਿੱਖਿਆ ਵਿਭਾਗ 'ਚ ਸੈਸ਼ਨ 2023-24 ਵੱਲੋਂ ਕਰਵਾਏ ਜਾ ਰਹੇ ਇਨ੍ਹਾਂ ਕੋਰਸਾਂ ਦੀ ਪ੍ਰਵਾਨਗੀ ਨਾਰਦਨ ਰਿਜਨਲ ਕਮੇਟੀ, ਨੈਸ਼ਨਲ ਕੌਂਸਲ ਫਾਰ ਟੀਚਰ ਐਜੂਕੇਸ਼ਨ, ਨਵੀਂ ਦਿੱਲੀ ਨੇ ਯੂਨੀਵਰਸਿਟੀ ਨੂੰ ਦੇ ਦਿੱਤੀ ਹੈ। ਵਾਈਸ ਚਾਂਸਲਰ ਪ੍ਰੋ.(ਡਾ.) ਜਸਪਾਲ ਸਿੰਘ ਸੰਧੂ ਨੇ ਯੂਨੀਵਰਸਿਟੀ ਵਿੱਚ ਇਨ੍ਹਾਂ ਕੋਰਸਾਂ ਦੀ ਸ਼ੁਰੂਆਤ 'ਤੇ ਤਸੱਲੀ ਅਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਦੀ ਇਕ ਹੋਰ ਉਪਲਬਧੀ ਹੈ ਅਤੇ ਕੋਰਸਾਂ ਲਈ ਸਬੰਧਤ ਵਿਭਾਗ ਸਰਗਰਮੀ ਨਾਲ ਯੋਗਦਾਨ ਪਾਉਣਗੇ।

ਸਿੱਖਿਆ ਵਿਭਾਗ ਦੇ ਮੁਖੀ ਪ੍ਰੋਫੈਸਰ (ਡਾ.) ਅਮਿਤ ਕੌਟਸ ਨੇ ਕਿਹਾ ਕਿ ਇਹ ਕੋਰਸ ਰਾਸ਼ਟਰੀ ਸਿੱਖਿਆ ਨੀਤੀ ਤਹਿਤ ਸਕੂਲ ਪ੍ਰਣਾਲੀ ਲਈ ਅਧਿਆਪਕਾਂ ਨੂੰ ਤਿਆਰ ਕਰਨ ਲਈ ਲਾਗੂ ਕੀਤੇ ਗਏ ਹਨ। ਇਹ ਕੋਰਸ ਉਹ ਡਿਗਰੀ ਪ੍ਰਦਾਨ ਕਰੇਗੀ ਜਿਸ ਨਾਲ ਵਿਦਿਆਰਥੀ ਸਕੂਲ ਪ੍ਰਣਾਲੀ ਵਿੱਚ ਪੜ੍ਹਾਉਣ ਦੇ ਯੋਗ ਬਣਨਗੇ। ਇਸ ਦਾ ਉਦੇਸ਼ ਉਪਲਬਧ ਲੋੜੀਂਦੀਆਂ ਬੁਨਿਆਦੀ, ਢਾਂਚਾਗਤ ਸਹੂਲਤਾਂ ਵਾਲੇ ਅਤੇ ਨਿਰਫ ਅਤੇ ਨੈਕ ਰੈਂਕਿੰਗ ਦੇ ਆਧਾਰ 'ਤੇ ਦੇਸ ਦੀਆਂ 50 ਕੇਂਦਰੀ ਅਤੇ ਰਾਜ ਯੂਨੀਵਰਸਿਟੀਆਂ ਅਤੇ ਬਹੁ-ਅਨੁਸ਼ਾਸਨੀ ਸੰਸਥਾਵਾਂ (ਯੂਨੀਵਰਸਿਟੀਆਂ ਅਤੇ ਸਰਕਾਰੀ ਡਿਗਰੀ ਕਾਲਜਾਂ) ਵਿੱਚ ਇਸ ਕੋਰਸ ਨੂੰ ਸ਼ੁਰੂ ਕਰਨਾ ਹੈ। ਉਨ੍ਹਾਂ ਦੱਸਿਆ ਕਿ ਰਾਸ਼ਟਰੀ ਸਿੱਖਿਆ ਨੀਤੀ-2020 ਨੂੰ ਦੇਸ਼ ਵਿੱਚ ਸਿੱਖਿਆ ਪ੍ਰਣਾਲੀ ਦੇ ਪੁਨਰਗਠਨ ਲਈ ਤਿਆਰ ਕੀਤਾ ਗਿਆ ਹੈ। ਇਸ ਵਿਚ ਇੰਟੈਗਰੇਟਿਡ ਟੀਚਰ ਐਜੂਕੇਸਨ ਪ੍ਰੋਗਰਾਮ 2030 ਤੱਕ ਸਕੂਲੀ ਅਧਿਆਪਨ ਲਈ ਯੋਗ ਬਣਨ ਲਈ ਘੱਟੋ-ਘੱਟ ਡਿਗਰੀ ਯੋਗਤਾ ਬਣ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਇਹ ਕੋਰਸ ਉੱਚ ਸਿੱਖਿਆ ਦੇ ਵਿਦਿਆਰਥੀਆਂ ਵਿੱਚ ਬਹੁ-ਅਨੁਸ਼ਾਸਨੀ ਵਾਤਾਵਰਣ ਅਤੇ ਸੰਪੂਰਨ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਵਿੱਚ ਯਕੀਨੀ ਤੌਰ 'ਤੇ ਮਦਦ ਕਰਨਗੇ।

ਕੈਬਨਿਟ ਮੰਤਰੀ ਭੁੱਲਰ ਨੇ ਸ਼ਹੀਦਾਂ ਦੇ ਨਾਂਅ ਗੇਟ ਬਣਾਉਣ ਲਈ ਗ੍ਰਾਂਟਾਂ ਦੇ ਚੈੱਕ ਵੰਡੇ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪੱਟੀ ਤੋਂ ਵਿਧਾਇਕ ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਸ਼ਹੀਦਾਂ ਦੇ ਸਨਮਾਨ 'ਚ ਹਲਕੇ ਦੇ ਵੱਖ-ਵੱਖ ਪਿੰਡਾਂ 'ਚ 64 ਲੱਖ ਦੀ ਲਾਗਤ ਨਾਲ ਯਾਦਗਾਰੀ ਗੇਟ ਬਣਾਉਣ ਲਈ ਚੈੱਕ ਤਕਸੀਮ ਕੀਤੇ ਗਏ। ਹਲਕੇ ਦੇ ਪਿੰਡਾਂ ਦੇ ਮੋਹਤਬਰਾਂ ਨੂੰ ਪੰਚਾਇਤ ਵਿਭਾਗ ਦੇ ਪੰਚਾਇਤ ਸਕੱਤਰ ਹਰਦਿਆਲ ਸਿੰਘ ਵੱਲੋਂ ਕੈਬਨਿਟ ਮੰਤਰੀ ਭੁੱਲਰ ਦੀ ਪਤਨੀ ਬੀਬਾ ਸੁਰਿੰਦਰਪਾਲ ਕੌਰ ਭੁੱਲਰ ਦੀ ਹਾਜ਼ਰੀ ਵਿਚ ਵਿੱਚ ਵਿਕਾਸ ਫੰਡ ਦੇ ਚੈੱਕ ਵੰਡੇ ਗਏ। ਬੀਬਾ ਭੁੱਲਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲਾਲਜੀਤ ਸਿੰਘ ਭੁੱਲਰ ਵੱਲੋਂ ਦੇਸ਼ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਨੌਜਵਾਨਾਂ ਦੇ ਸਨਮਾਨ ਨੂੰ ਵਧਾਉਂਦੇ ਹੋਏ ਹਲਕੇ ਦੇ ਪਿੰਡਾਂ 'ਚ ਸ਼ਹੀਦਾਂ ਨੂੰ ਸਮਰਪਿਤ ਯਾਦਗਾਰੀ ਗੇਟ ਬਣਾਏ ਜਾ ਰਹੇ ਹਨ।

ਬੀਬਾ ਭੁੱਲਰ ਨੇ ਕਿਹਾ ਕਿ ਟਰਾਂਸਪੋਰਟ ਮੰਤਰੀ ਪੰਜਾਬ ਦੀ ਸੋਚ ਹੈ ਕਿ ਪੱਟੀ ਹਲਕੇ ਦੇ ਸ਼ਹੀਦ ਜਵਾਨ ਜੋ ਦੇਸ਼ ਦੀ ਖਾਤਰ ਆਪਣੀ ਜਾਨ ਗੁਆ ਚੁੱਕੇ ਉਨ੍ਹਾਂ ਤੋਂ ਆਉਣ ਵਾਲੀ ਪੀੜ੍ਹੀ ਪ੍ਰੇਰਨਾ ਲਵੇ ਅਤੇ ਦੇਸ ਤੇ ਸਮਾਜ ਦੀ ਤਰੱਕੀ ਲਈ ਆਪਣਾ ਅਹਿਮ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਤਤਕਾਲੀ ਸਰਕਾਰਾਂ ਨੇ ਦੇਸ਼ ਦੀ ਖਾਤਰ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਾਂ ਨੂੰ ਅਣਗੌਲਿਆ ਸੀ ਪਰ ਆਮ ਆਦਮੀ ਪਾਰਟੀ ਸ਼ਹੀਦ ਹੋਏ ਜਵਾਨਾਂ ਦੇ ਪਰਿਵਾਰਾਂ ਨੂੰ ਬਣਦਾ ਮਾਣ ਸਤਿਕਾਰ ਦੇਣ ਲਈ ਦ੍ਰਿੜ ਇਰਾਦੇ ਨਾਲ ਕੰਮ ਕਰ ਰਹੀ ਹੈ। ਯਾਦਗਾਰੀ ਗੇਟ ਬਣਾਉਣ ਦੀ ਜ਼ਿੰਮੇਵਾਰੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ਵਨੀ ਕੁਮਾਰ ਨੂੰ ਦਿੱਤੀ ਗਈ ਹੈ। ਅਸ਼ਵਨੀ ਕੁਮਾਰ ਦੇਵਗਨ ਪ੍ਰਧਾਨ ਨੇ ਲਾਲਜੀਤ ਸਿੰਘ ਭੁੱਲਰ ਟਰਾਂਸਪੋਰਟ ਮੰਤਰੀ ਦਾ ਪਿੰਡ ਤੂਤ ਵਿਖੇ ਸ਼ਹੀਦ ਸੁਖਦੇਵ ਸਿੰਘ ਦਾ ਯਾਦਗਾਰੀ ਗੇਟ ਬਣਾਉਣ 'ਤੇ ਧੰਨਵਾਦ ਕੀਤਾ।

ਲਾਲਜੀਤ ਸਿੰਘ ਭੁੱਲਰ ਵੱਲੋਂ ਪਿੰਡ ਤੂਤ, ਰਾਮ ਸਿੰਘ ਵਾਲਾ, ਚੂਸਲੇਵੜ੍ਹ, ਨੱਥੂਪੁਰ ਟੋਡਾ, ਬੱਠੇ ਭੈਣੀ, ਭੰਗਾਲਾ, ਲੌਹੁਕਾ, ਬੁਰਜ ਪੂਹਲਾ ਆਦਿ ਪਿੰਡ 'ਚ ਯਾਦਗਾਰੀ ਗੇਟ ਬਣਾਉਣ ਲਈ ਗ੍ਰਾਂਟ ਦਿੱਤੀ ਗਈ। ਇਸ ਮੌਕੇ ਦਿਲਬਾਗ ਸਿੰਘ ਪੀ. ਏ, ਮੀਡੀਆ ਇੰਚਾਰਜ ਅਵਤਾਰ ਸਿੰਘ ਢਿੱਲੋਂ, ਰਜਿੰਦਰ ਸਿੰਘ ਜਨਰਲ ਸਕੱਤਰ, ਹਰਜੋਤ ਕੌਰ ਉਪਲ, ਜਗਜੀਤ ਸਿੰਘ, ਪੰਚਾਇਤ ਸੈਕਟਰੀ, ਹਰਦਿਆਲ ਸਿੰਘ, ਗੁਰਬਿੰਦਰ ਸਿੰਘ, ਰਘਬੀਰ ਚੰਦ, ਰਮੇਸ਼ ਕੁਮਾਰ, ਬਾਬਾ ਜ਼ੋਗਾ ਸਿੰਘ, ਰਾਮਦੀਪ, ਹਰਭਿੰਦਰ ਸਿੰਘ, ਤਰਸੇਮ ਸਿੰਘ, ਜੋਬਨਜੀਤ, ਪਵਨਜੀਤ, ਅਮਰਤਪਾਲ, ਮੁਖਤਿਆਰ ਸਿੰਘ, ਕੁਲਜੀਤ ਸਿੰਘ, ਪਵਨ ਸੂਦ, ਸੰਦੀਪ ਸਿੰਘ, ਤਿਲਕ ਰਾਜ ਆਦਿ ਹਾਜ਼ਰ ਸਨ।

8-Feb-PAGE-12.qxd 2/7/2023 10:32 PM Page 1

ਪੰਜਾਬ 'ਚ ਸਨਅਤਕਾਰਾਂ ਦੀ ਬਾਂਹ ਮਰੋੜਨ ਵਾਲਾ ਦੌਰ ਖ਼ਤਮ : ਭਗਵੰਤ ਮਾਨ

ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਹੁਣ ਸਨਅਤਕਾਰਾਂ ਨੂੰ ਪ੍ਰੇਸ਼ਾਨ ਕਰਨ ਦਾ ਦੌਰ ਖ਼ਤਮ ਹੋ ਚੁੱਕਾ ਹੈ ਅਤੇ ਸੂਬਾ ਸਰਕਾਰ ਹੁਣ ਸਨਅਤੀ ਖੇਤਰ ਦੇ ਸਹਿਯੋਗੀ ਵਜੋਂ ਕੰਮ ਕਰੇਗੀ। ਇੱਥੇ ਸੋਮਵਾਰ ਨੂੰ ਉੱਘੇ ਕਾਰੋਬਾਰੀਆਂ ਨਾਲ ਵਿਚਾਰ-ਵਟਾਂਦਰਾ ਸੈਸ਼ਨ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬੀਤੇ ਸਮੇਂ ਵਾਂਗ ਹੁਣ ਕੋਈ ਵੀ ਸਨਅਤਕਾਰਾਂ ਨੂੰ ਤੰਗ-ਪ੍ਰੇਸ਼ਾਨ ਨਹੀਂ ਕਰੇਗਾ, ਸਗੋਂ ਸੂਬਾ ਸਰਕਾਰ ਸਨਅਤ ਦੀ ਤਰੱਕੀ ਤੇ ਵਿਕਾਸ ਲਈ ਹਰੇਕ ਸੰਭਵ ਕੋਸ਼ਿਸ਼ ਕਰੇਗੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸਨਅਤਾਂ ਦੀ ਸਹੂਲਤ ਲਈ ਪਹਿਲਾਂ ਹੀ ਸਿੰਗਲ ਵਿੰਡੋ ਪ੍ਰਣਾਲੀ ਸ਼ੁਰੂ ਕਰ ਕੇ ਆਪਣੇ ਵੱਲੋਂ ਸਹਿਯੋਗ ਦੀਆਂ ਕੋਸ਼ਿਸ਼ਾਂ ਸ਼ੁਰੂ ਕਰ ਦਿੱਤੀਆਂ ਹਨ। ਸਨਅਤਕਾਰਾਂ ਨੇ ਦੁਨੀਆ ਭਰ ਵਿੱਚ ਆਪਣੇ ਲਈ ਵੱਖਰਾ ਸਥਾਨ ਬਣਾਇਆ ਹੈ ਅਤੇ ਸੂਬਾ ਸਰਕਾਰ ਉਨ੍ਹਾਂ ਦੇ ਹਿੱਤਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਹਰੇਕ ਕੋਸ਼ਿਸ਼ ਕਰੇਗੀ। ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸਨਅਤੀ ਇਕਾਈਆਂ ਨੂੰ ਕੌਮੀ ਤੇ ਕੌਮਾਂਤਰੀ ਪੱਧਰ ਉਤੇ ਹੋਰ ਸਨਅਤਾਂ ਦਾ ਮੁਕਾਬਲਾ ਕਰਨ ਦੇ ਯੋਗ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਸੂਬੇ ਭਰ ਵਿੱਚ ਅਜਿਹੇ ਵਿਚਾਰ-ਵਟਾਂਦਰਾ ਸੈਸ਼ਨ ਕਰਵਾਉਣ ਦਾ ਮੁੱਖ ਮਕਸਦ ਮੁਹਾਲੀ ਵਿਖੇ 23 ਤੇ 24 ਫਰਵਰੀ ਨੂੰ ਹੋ ਰਹੇ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਵਿੱਚ ਸਥਾਨਕ ਸਨਅਤ ਦੀ ਵੱਧ ਤੋਂ ਵੱਧ ਸ਼ਮੂਲੀਅਤ

ਯਕੀਨੀ ਬਣਾਉਣਾ ਹੈ। ਇਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਬੂਹੇ ਖੁੱਲ੍ਹਣ ਦੇ ਨਾਲ-ਨਾਲ ਸਨਅਤੀ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ। ਸੂਬੇ ਵਿੱਚ ਸਨਅਤੀ ਵਿਕਾਸ ਨੂੰ ਤੇਜ਼ ਗਤੀ ਦੇਣ ਲਈ ਹਰੇਕ ਕੋਸ਼ਿਸ਼ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਸੂਬੇ ਭਰ ਵਿੱਚ 20 ਸਮਰਪਿਤ ਪੇਂਡੂ ਸਨਅਤੀ ਹੱਬ ਸਥਾਪਤ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰ ਸਮਾਜ ਦੇ ਹਰੇਕ ਵਰਗ ਦੀ ਭਲਾਈ ਲਈ ਅਣਥੱਕ ਮਿਹਨਤ ਕਰ ਰਹੀ ਹੈ ਅਤੇ ਇਸ ਕੰਮ ਲਈ ਕੋਈ ਵੀ ਢਿੱਲ ਨਹੀਂ ਛੱਡੀ ਜਾਵੇਗੀ। ਉਹ ਹਾਲ ਹੀ ਵਿੱਚ ਚੇਨਈ, ਹੈਦਰਾਬਾਦ ਤੇ ਮੁੰਬਈ ਦਾ ਦੌਰਾ ਕਰ ਕੇ ਆਏ ਹਨ ਅਤੇ ਉੱਥੋਂ ਦੇ ਸਨਅਤਕਾਰਾਂ ਨੂੰ ਇਸ ਸੰਮੇਲਨ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਸੂਬਾ ਸਰਕਾਰ ਦੇ ਯਤਨਾਂ ਸਦਕਾ ਇਹ ਕਾਰੋਬਾਰੀ ਹੁਣ ਪੰਜਾਬ ਵਿੱਚ ਨਿਵੇਸ਼ ਲਈ ਤਿਆਰ ਹਨ। ਮੁੱਖ ਮੰਤਰੀ ਨੇ ਕਿਹਾ ਕਿ ਸਨਅਤ ਤੇ ਵਣਜ ਨੂੰ ਹੋਰ ਗਤੀ ਦੇਣ ਲਈ ਸੂਬਾ ਸਰਕਾਰ ਨੇ ਪੰਜਾਬ ਲਈ ਨਵੀਂ ਸਨਅਤੀ ਨੀਤੀ ਬਣਾਈ ਹੈ। ਉਨ੍ਹਾਂ ਕਿਹਾ ਕਿ ਇਹ ਨੀਤੀ ਸਨਅਤਕਾਰਾਂ ਤੇ ਹੋਰ ਸਾਰੇ ਭਾਈਵਾਲਾਂ ਨਾਲ ਵਿਚਾਰ-ਵਟਾਂਦਰੇ ਤੋਂ ਬਾਅਦ ਬਣਾਈ ਗਈ ਹੈ। ਇਸ ਮੌਕੇ ਕੈਬਨਿਟ ਮੰਤਰੀ ਅਨਮੋਲ ਗਗਨ ਮਾਨ ਨੇ ਵੀ ਸਨਅਤਕਾਰਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਉਨ੍ਹਾਂ ਨੂੰ ਸੂਬਾ ਸਰਕਾਰ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਵਿਚਾਰ-ਵਟਾਂਦਰਾ ਸੈਸ਼ਨ ਦੌਰਾਨ ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ, ਵਿਧਾਇਕ ਰਮਨ ਅਰੋੜਾ, ਸ਼ੀਤਲ ਅੰਗੁਰਾਲ, ਬਲਕਾਰ ਸਿੰਘ ਅਤੇ ਇੰਦਰਜੀਤ ਕੌਰ ਮਾਨ, ਪ੍ਰਮੁੱਖ ਸਕੱਤਰ ਸਨਅਤਾਂ ਦਿਲੀਪ ਕੁਮਾਰ, ਸੀ.ਈ.ਓ. ਇਨਵੈਸਟ ਪੰਜਾਬ ਕੇ.ਕੇ. ਯਾਦਵ, ਮੁੱਖ ਮੰਤਰੀ ਦੇ ਵਿਸ਼ੇਸ਼ ਪ੍ਰਮੁੱਖ ਸਕੱਤਰ ਰਵੀ ਭਗਤ, ਵਧੀਕ ਸੀ.ਈ.ਓ. ਇਨਵੈਸਟ ਪੰਜਾਬ ਸੰਦੀਪ ਹਾਂਸ, ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਪੁਲਸ ਕਮਿਸ਼ਨਰ ਕੁਲਦੀਪ ਚਾਹਲ ਤੇ ਹੋਰ ਹਾਜ਼ਰ ਸਨ।

ਐਲ ਪੀ ਯੂ ਨੇ ਓਵਰਆਲ ਫਰਸਟ ਰਨਰਜ਼ ਅੱਪ ਟਰਾਫੀ ਜਿੱਤੀ

ਜਲੰਧਰ (ਸ਼ੈਲੀ ਐਲਬਰਟ)

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਐਸੋਸੀਏਸ਼ਨ ਆਫ ਇੰਡੀਅਨ ਯੂਨੀਵਰਸਿਟੀਜ਼ ਨੌਰਥ ਜੋਨ ਇੰਟਰ-ਯੂਨੀਵਰਸਿਟੀ ਯੂਥ ਫੈਸਟ-2023 ਲਈ ਓਵਰਆਲ ਫਰਸਟ ਰਨਰ-ਅੱਪ ਟਰਾਫੀ ਜਿੱਤ ਲਈ ਹੈ। ਯੁਵਾ ਮਾਮਲਿਆਂ ਅਤੇ ਖੇਡਾਂ ਦੇ ਕੇਂਦਰੀ ਕੈਬਨਿਟ ਮੰਤਰੀ ਅਨੁਰਾਗ ਠਾਕੁਰ ਨੇ ਐਲਪੀਯੂ ਦੀਆਂ ਸੱਭਿਆਚਾਰਕ ਗਤੀਵਿਧੀਆਂ ਦੇ ਵਿਦਿਆਰਥੀਆਂ ਨੂੰ ਟਰਾਫੀ ਅਤੇ ਪ੍ਰਸ਼ੰਸਾ ਪੱਤਰਾਂ ਨਾਲ ਸਨਮਾਨਿਤ ਕੀਤਾ। ਇਹ ਮੌਕਾ ਸੀ ਜੰਮੂ ਯੂਨੀਵਰਸਿਟੀ ਵਿਖੇ ਆਯੋਜਿਤ ਪੰਜ ਰੋਜ਼ਾ 36ਵੇਂ ਅੰਤਰ-ਯੂਨੀਵਰਸਿਟੀ ਫੈਸਟ "ਅੰਤਰਨਾਦ" ਦਾ। ਐਲ.ਪੀ.ਯੂ ਨੂੰ ਸਾਹਿਤਕ ਸਮਾਗਮਾਂ ਵਿੱਚ ਓਵਰਆਲ ਚੈਂਪੀਅਨ ਵੀ ਘੋਸ਼ਿਤ ਕੀਤਾ ਗਿਆ ਹੈ; ਅਤੇ, ਸੰਗੀਤ, ਸੱਭਿਆਚਾਰਕ ਪ੍ਰੋਸੇਸਨ , ਥੀਏਟਰ, ਡਾਂਸ ਅਤੇ ਫਾਈਨ ਆਰਟਸ ਪ੍ਰਤੀਯੋਗਤਾਵਾਂ ਦੇ ਈਵੈਂਟਸ ਵਿੱਚ ਪਹਿਲੇ ਉਪ ਜੇਤੂ। ਇਸ ਵਾਸਤੇ ਉੱਤਰਾਖੰਡ, ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਜੋਨ ਦੀਆਂ 18 ਯੂਨੀਵਰਸਿਟੀਆਂ ਦੇ ਸੈਂਕੜੇ ਵਿਦਿਆਰਥੀਆਂ ਨੇ 28 ਵਰਗਾਂ ਵਿੱਚ ਭਾਗ ਲਿਆ। ਐਲ.ਪੀ.ਯੂ ਦੇ ਵਿਦਿਆਰਥੀਆਂ ਨੇ ਰਾਸਟਰੀ ਪੱਧਰ 'ਤੇ ਹੋਰ

ਭਾਗੀਦਾਰੀ ਅਤੇ ਜਿੱਤਾਂ ਲਈ ਫੈਸਟ ਦੀਆਂ ਕੁੱਲ 28 ਪ੍ਰਤੀਯੋਗੀ ਸ਼੍ਰੇਣੀਆਂ ਵਿੱਚੋਂ 25 ਵਿੱਚ ਚੋਟੀ ਦੀਆਂ ਪੁਜੀਸ਼ਨਾਂ ਜਿੱਤੀਆਂ। ਇਹ ਮੈਗਾ ਈਵੈਂਟ ਭਾਰਤ ਸਰਕਾਰ ਦੇ ਯੁਵਕ ਭਲਾਈ ਅਤੇ ਖੇਡ ਮੰਤਰਾਲੇ ਦੁਆਰਾ ਸਪਾਂਸਰ ਕੀਤਾ ਗਿਆ ਸੀ। ਆਪਣੀ ਜੇਤੂ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਵੱਖ-ਵੱਖ ਪੇਸੇਵਰ ਪ੍ਰੋਗਰਾਮਾਂ ਦੇ ਐਲਪੀਯੂ ਦੇ ਵਿਦਿਆਰਥੀਆਂ ਨੇ ਲਾਈਟ ਵੋਕਲ, ਡਿਬੇਟ, ਮਾਈਮ, ਕੋਲਾਜ ਮੇਕਿੰਗ, ਕਲੇ ਮਾਡਲਿੰਗ, ਰੰਗੋਲੀ, ਅਤੇ ਇੰਸਟਾਲੇਸਨ ਮੁਕਾਬਲਿਆਂ ਵਿੱਚ 7 ਸੋਨ ਮੈਡਲ ਜਿੱਤੇ; ਪੱਛਮੀ ਸੋਲੋ, ਭਾਰਤੀ ਸਮੂਹ ਗੀਤ, ਲੋਕ ਆਰਕੈਸਟਰਾ, ਪੱਛਮੀ ਸਾਜ, ਲੋਕ ਨਾਚ, ਵਨ-ਐਕਟ ਪਲੇ, ਸਕਿੱਟ, ਮੌਕੇ 'ਤੇ ਪੇਂਟਿੰਗ, ਪੋਸਟਰ ਮੇਕਿੰਗ, ਕਾਰਟੂਨਿੰਗ, ਫੋਟੋਗ੍ਰਾਫੀ, ਮਹਿੰਦੀ ਅਤੇ ਸੱਭਿਆਚਾਰਕ ਯਾਤਰਾ ਵਿੱਚ 13 ਚਾਂਦੀ ਦੇ ਮੈਡਲ ; ਅਤੇ, ਕਵਿਜ, ਕਲਾਸੀਕਲ ਵੋਕਲ, ਕਲਾਸੀਕਲ ਇੰਸਟਰੂਮੈਂਟਲ (ਪਰਕਸਨ), ਕਲਾਸੀਕਲ ਡਾਂਸ, ਅਤੇ ਭਾਸ਼ਣ ਦੀਆਂ ਸ਼੍ਰੇਣੀਆਂ ਵਿੱਚ 5 ਕਾਂਸੀ ਦੇ ਮੈਡਲ ਜਿੱਤੇ।

ਜਨਮ ਦਿਨ ਮੁਬਾਰਕ

ਰਿਆਨ ਮਾਹੀ, ਪਿੰਡ ਬਿੰਜੋ

ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦੇ ਸਾਕਾਰਾਤਮਕ ਨਤੀਜੇ ਸਾਹਮਣੇ ਆਉਣੇ ਸ਼ੁਰੂ

ਚੰਡੀਗੜ੍ਹ, (ਗੁਰਜੀਤ ਬਿੱਲਾ)

ਪੰਜਾਬ ਪੁਲਿਸ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦੇ ਸਾਕਾਰਾਤਮਕ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ ਕਿਉਂਕਿ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਸੂਬੇ ਦੇ ਲੋਕਾਂ ਵੱਲੋਂ ਪੰਜਾਬ ਪੁਲਸ ਨੂੰ ਭਰਪੂਰ ਸਹਿਯੋਗ ਦਿੱਤਾ ਜਾ ਰਿਹਾ ਹੈ। ਪੰਜਾਬ ਪੁਲਸ ਵੱਲੋਂ ਸਮੇਂ-ਸਮੇਂ 'ਤੇ ਸੂਬੇ ਵਿੱਚ ਨਸ਼ਿਆਂ ਸਬੰਧੀ ਸੰਵੇਦਨਸ਼ੀਲ ਥਾਵਾਂ 'ਤੇ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮਾਂ (ਸੀ.ਏ.ਐਸ.ਓਜ਼.) ਚਲਾਈਆਂ ਜਾ ਰਹੀਆਂ ਹਨ। ਸਮਾਜ ਦੇ ਸਾਰੇ ਵਰਗਾਂ ਦੇ ਲੋਕ ਪੁਲਸ ਬਲ ਦੀ ਕਾਰਵਾਈ ਅਤੇ ਪੁਲਸ ਟੀਮਾਂ ਦੇ ਸਹਿਯੋਗ

ਤੋਂ ਬਹੁਤ ਖੁਸ਼ ਹਨ। ਪੰਚਾਇਤ ਨੇ ਨਸ਼ਾ ਮੁਕਤ ਐਲਾਨੇ ਪਿੰਡ ਖਰੌੜੀ (ਫਤਹਿਗੜ੍ਹ ਸਾਹਿਬ) ਦੇ ਸਰਪੰਚ ਹਰਪਿੰਦਰ ਸਿੰਘ ਨੇ ਨਸ਼ਿਆਂ ਖਿਲਾਫ ਵਿੱਢੀ ਮੁਹਿੰਮ ਲਈ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਪੁਲਸ ਦਾ ਧੰਨਵਾਦ ਕੀਤਾ। ਉਨ੍ਹਾਂ ਪੰਚਾਇਤ ਦੀ ਤਰਫੋਂ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੀ ਇਸ ਜੰਗ ਵਿੱਚ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਸੀਨੀਅਰ ਪੁਲਸ ਕਪਤਾਨ (ਐਸਐਸਪੀ) ਦੀ ਅਗਵਾਈ ਹੇਠ ਪੁਲਿਸ ਟੀਮਾਂ ਨੇ ਸੋਮਵਾਰ ਨੂੰ ਫ਼ਤਹਿਗੜ੍ਹ ਸਾਹਿਬ, ਤਰਨਤਾਰਨ, ਪਠਾਨਕੋਟ, ਹੁਸ਼ਿਆਰਪੁਰ ਅਤੇ ਅੰਮ੍ਰਿਤਸਰ ਦਿਹਾਤੀ ਸਮੇਤ ਪੰਜ ਜ਼ਿਲ੍ਹਿਆਂ ਵਿੱਚ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮਾਂ ਚਲਾਈਆਂ ਅਤੇ ਨਾਕਾਬੰਦੀਆਂ ਕੀਤੀਆਂ। ਪੁਲਸ ਦੇ ਡਾਇਰੈਕਟਰ ਜਨਰਲ (ਡੀ.ਜੀ.ਪੀ.) ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੁਲਸ ਟੀਮਾਂ ਨੇ ਮੁੜ ਵਸੇਬਾ ਕੇਂਦਰਾਂ ਦਾ ਦੌਰਾ ਵੀ ਕੀਤਾ ਤਾਂ ਜੋ ਇਲਾਜ ਅਧੀਨ ਨੇ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਮੁੜ ਨਵੀਂ ਜ਼ਿੰਦਗੀ ਸ਼ੁਰੂ ਕਰਨ ਲਈ ਮੁੱਖ ਧਾਰਾ ਵਿੱਚ ਵਾਪਸ ਆਉਣ ਲਈ ਪ੍ਰੇਰਿਤ ਕੀਤਾ ਜਾ ਸਕੇ। ਡੀਜੀਪੀ ਨੇ ਕਿਹਾ ਕਿ ਪੰਜ ਜ਼ਿਲ੍ਹਿਆਂ ਵਿੱਚ ਚਲਾਏ ਗਏ ਇਸ ਵਿਸ਼ੇਸ਼ ਆਪ੍ਰੇਸ਼ਨ ਦੌਰਾਨ ਪੁਲਸ ਟੀਮਾਂ ਨੂੰ ਲੋਕਾਂ ਦਾ ਭਰਵਾਂ ਹੁੰਗਾਰਾ ਅਤੇ ਵੱਡਾ ਸਮਰਥਨ ਮਿਲਿਆ। ਉਨ੍ਹਾਂ ਲੋਕਾਂ ਨੂੰ ਅਪੀਲ ਵੀ ਕੀਤੀ ਕਿ ਜੇਕਰ ਉਹਨਾਂ ਨੂੰ ਕਿਸੇ ਵੀ ਵਿਅਕਤੀ ਦੇ ਨਸ਼ਾ ਵੇਚਣ/ਨਸ਼ੀਲੇ ਪਦਾਰਥਾਂ ਦੀ ਵਰਤੋਂ ਕਰਨ ਬਾਰੇ ਪਤਾ ਲੱਗਦਾ ਹੈ ਤਾਂ ਇਸ ਸਬੰਧੀ ਉਹ ਪੁਲਸ ਨਾਲ ਜਾਣਕਾਰੀ ਸਾਂਝੀ ਕਰਨ। ਹੁਸ਼ਿਆਰਪੁਰ ਪੁਲਸ ਨੇ ਪਿੰਡ ਭੁੰਗਰਨੀ ਵਿਖੇ ਘੇਰਾਬੰਦੀ ਕਰਕੇ ਤਲਾਸ਼ੀ ਮੁਹਿੰਮਾਂ ਚਲਾਉਣ ਸਬੰਧੀ ਕਾਰਵਾਈ ਕਰਦਿਆਂ ਐਨ.ਡੀ.ਪੀ.ਐਸ. ਐਕਟ ਤਹਿਤ ਦੋ ਐਫ.ਆਈ.ਆਰਜ਼. ਦਰਜ ਕੀਤੀਆਂ। ਪੁਲਿਸ ਟੀਮਾਂ ਨੇ ਨਸ਼ੇ ਦੇ ਆਦੀ 9 ਨੌਜਵਾਨਾਂ ਨੂੰ ਪ੍ਰੇਰਿਤ ਵੀ ਕੀਤਾ ਅਤੇ ਉਨ੍ਹਾਂ ਨੂੰ ਹੁਸ਼ਿਆਰਪੁਰ ਦੇ ਨਸ਼ਾ ਛੁਡਾਊ ਕੇਂਦਰ ਵਿੱਚ ਇਲਾਜ ਲਈ ਦਾਖਲ ਕਰਵਾਇਆ।

ਹਰਬਖਸ਼ ਸਿੰਘ ਸਰੋਆ ਕੈਲਗਰੀ ਦਾ ਦੇਸ਼ ਭਗਤ ਯਾਦਗਾਰ ਹਾਲ ਵੱਲੋਂ ਸਨਮਾਨ

ਜਲੰਧਰ (ਕੇਸਰ)

ਕਨੇਡਾ ਦੇ ਸ਼ਹਿਰ ਕੈਲਗਰੀ 'ਚ ਵਸਦੇ ਹਰਬਖਸ਼ ਸਿੰਘ ਸਰੋਆ ਅਤੇ ਉਹਨਾਂ ਦੇ ਪਿਆਰੇ ਪੋਤਰੇ ਸੂਰੀਆ ਪ੍ਰਤਾਪ ਸਿੰਘ ਨਿੱਝਰ ਦਾ ਦੇਸ਼ ਭਗਤ ਯਾਦਗਾਰ ਕਮੇਟੀ ਨੇ ਇਥੇ ਪੁੱਜਣ 'ਤੇ ਪੁਸਤਕਾਂ ਦਾ ਸੈੱਟ ਭੇਟ ਕਰਦਿਆਂ ਸਨਮਾਨ ਕੀਤਾ। ਹਰਬਖਸ਼ ਸਿੰਘ ਕੈਲਗਰੀ (ਕਨੇਡਾ) ਵਿਖੇ ਤਰਕਸੀਲ, ਲੋਕ ਪੱਖੀ ਸਾਹਿਤ ਸਭਿਆਚਾਰਕ ਸਰਗਰਮੀਆਂ, ਸਮਾਜ ਸੇਵੀ ਸੰਸਥਾਵਾਂ ਨਾਲ ਨੇੜਿਓਂ ਜੁੜੇ ਹੋਏ ਹਨ। ਉਹਨਾਂ ਨੇ ਗੁਰਸ਼ਰਨ ਕਲਾ ਭਵਨ ਮੁਲਾਂਪੁਰ ਦੀ ਉਸਾਰੀ ਮੌਕੇ ਵੀ ਵਿਸ਼ੇਸ਼ ਸਹਾਇਤਾ ਕੀਤੀ ਸੀ। ਉਹ ਪਹਿਲਾਂ ਮੁੱਲਾਂਪੁਰ ਵੀ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਨਾਲ ਮਿਲਣੀ ਕਰਕੇ ਆਏ। ਸੂਰੀਆ ਪ੍ਰਤਾਪ ਸਿੰਘ ਨਿੱਝਰ ਵੇਟ ਲਿਫਟਿੰਗ ਵਿਚ ਪੰਜਾਬ ਵਿੱਚੋਂ ਅਵੱਲ ਦਰਜਾ ਹਾਸਲ ਕਰਕੇ ਗੋਲਡ ਮੈਡਲ ਹਾਸਲ ਕਰ ਚੁੱਕਾ ਹੈ। ਸਰੋਆ ਨਾਲ ਹੋਈਆਂ ਵਿਚਾਰਾਂ ਮੌਕੇ ਉਨ੍ਹਾਂ ਕਿਹਾ ਕਿ ਗਦਰ ਪਾਰਟੀ ਦੀਆਂ ਕੁਰਬਾਨੀਆਂ ਅਤੇ ਉਹਨਾਂ ਦੇ ਰਹਿੰਦੇ ਕਾਰਜ ਨੇਪਰੇ ਚਾੜ੍ਹਨ ਲਈ ਜਿਵੇਂ ਹਰੇਕ ਇਨਸਾਨ ਦਾ ਫਰਜ ਬਣਦਾ ਹੈ ਉਸ ਮੁਤਾਬਿਕ ਮੈਂ ਵੀ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਲਈ ਸੇਵਾਵਾਂ ਪ੍ਰਦਾਨ ਕਰਨ ਦੀ ਖੁਸ਼ੀ ਲਵਾਂਗਾ। ਇਸ ਮਿਲਣੀ ਮੌਕੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਦੇ

ਪ੍ਰਧਾਨ ਅਜਮੇਰ ਸਿੰਘ, ਸਹਾਇਕ ਸਕੱਤਰ ਚਿਰੰਜੀ ਲਾਲ ਕੰਗਣੀਵਾਲ, ਸੀਨੀਅਰ ਕਮੇਟੀ ਮੈਂਬਰ ਸੁਰਿੰਦਰ ਕੁਮਾਰੀ ਕੋਛੜ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਹਾਜਰ ਸਨ।

ਪੈਨਸ਼ਨਰਜ਼ ਐਸੋਸੀਏਸ਼ਨ ਕੈਂਟ ਮੰਡਲ ਵੱਲੋਂ ਅਰਥੀ ਫੂਕ ਮੁਜ਼ਾਹਰਾ

ਜਲੰਧਰ (ਨਵਾਂ ਜ਼ਮਾਨਾ ਸਰਵਿਸ)-

ਪੰਜਾਬ ਸਟੇਟ ਪਾਵਰ/ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਿਟਿਡ ਦੀ ਪੈਨਸ਼ਨਰਜ ਐਸੋਸੀਏਸ਼ਨ ਕੈਂਟ ਮੰਡਲ ਜਲੰਧਰ ਵੱਲੋਂ ਪ੍ਰਧਾਨ ਚਰਨਜੀਤ ਸਿੰਘ ਦੀ ਅਗਵਾਈ 'ਚ ਕੈਂਟ ਮੰਡਲ ਮੂਹਰੇ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਸਾਥੀ ਪ੍ਰਧਾਨ ਨੇ ਵਿਚਾਰ ਪੇਸ਼ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਬਿਜਲੀ ਬੋਰਡ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਮੰਨੀਆਂ ਨਹੀਂ ਜਾ ਰਹੀਆਂ। ਉਨ੍ਹਾਂ ਕਿਹਾ ਕਿ ਡੀ ਏ ਦੀਆਂ ਕਿਸ਼ਤਾਂ ਅਤੇ ਬਕਾਇਆ ਦਿੱਤਾ ਜਾਵੇ ਅਤੇ ਕੈਸ਼ਲੈੱਸ ਸਕੀਮ ਮੁੜ ਸ਼ੁਰੂ ਕੀਤੀ ਜਾਵੇ, ਪੈਨਸ਼ਨਰਾਂ ਨੂੰ ਬਿਜਲੀ ਦੀਆਂ ਯੂਨਿਟਾਂ 'ਚ ਰਿਆਇਤ ਦਿੱਤੀ ਜਾਵੇ। ਹੋਰ ਰਹਿੰਦੀਆਂ ਮੰਗਾਂ ਲਈ ਸਰਕਾਰ ਜਥੇਬੰਦੀ ਦੀ ਬਿਜਲੀ ਬੋਰਡ ਨਾਲ ਮੀਟਿੰਗ ਦਾ ਪ੍ਰਬੰਧ ਕਰੇ। ਇਸ ਮੌਕੇ ਸਕੱਤਰ ਸੁਰਿੰਦਰ ਸਿੰਘ, ਜਥੇਬੰਦਕ ਸਕੱਤਰ ਅਵਤਾਰ ਸਿੰਘ, ਸਰਕਲ ਸਕੱਤਰ ਥੋੜੂ ਰਾਮ, ਸਾਥੀ ਪ੍ਰੇਮ ਲਾਲ, ਪ੍ਰਮਜੀਤ ਸਿੰਘ, ਭਗਵਾਨ ਦਾਸ, ਜਗਨ ਨਾਥ ਨੇ ਸੰਬੋਧਨ ਕਰਦਿਆਂ ਸਰਕਾਰ ਨੂੰ ਤਾੜਨਾ ਕੀਤੀ ਕਿ ਮੰਗਾਂ ਤੁਰੰਤ ਮੰਨੀਆਂ ਜਾਣ ਨਹੀਂ ਤਾਂ ਸੰਘਰਸ਼ ਹੋਰ ਤਿੱਖਾ ਕਰ ਦਿੱਤਾ ਜਾਵੇਗਾ।

ਏ ਪੀ ਜੇ ਕਾਲਜ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ

ਜਲੰਧਰ (ਸੌਰਭ ਖੰਨਾ)

ਏ ਪੀ ਜੇ ਕਾਲਜ ਫਾਈਨ ਆਰਟਸ ਦੇ ਵਿਦਿਆਰਥੀਆਂ ਨੇ ਜੰਮੂ ਯੂਨੀਵਰਸਿਟੀ ਵੱਲੋਂ ਕਰਵਾਏ ਅੰਤਰਨਾਦ ਨਾਰਥ ਜੋਨ ਯੁਵਕ ਮੇਲੇ ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੀ ਸਰਦਾਰੀ ਕਾਇਮ ਕੀਤੀ। ਕਲਾਸੀਕਲ ਇੰਸਟਰੂਮੈਂਟਲ ਨਾਨ ਪ੍ਰਕਸ਼ਨ ਵਿੱਚ ਸਹਿਜਦੀਪ ਸਿੰਘ ਨੇ ਪਹਿਲਾ ਸਥਾਨ, ਕਲਾਸੀਕਲ ਇੰਸਟਰੂਮੈਂਟਲ ਪ੍ਰਕਸ਼ਨ ਵਿੱਚ ਮਨਮੀਤ ਸਿੰਘ ਨੇ ਵੈਸਟਰਨ ਗਰੁੱਪ ਗੀਤ ਦਾ ਸ਼ਾਨਦਾਰ ਪ੍ਰਦਰਸ਼ਨ ਅਤੇ ਹਰਸਿਫਤ, ਕ੍ਰਿਤਿਕਾ ਸ਼ਰਮਾ, ਦੀਪਾਲੀ ਪਮੇਂਹ, ਜਸਲੀਨ ਕੌਰ ਭੋਗਲ, ਭਾਵਨੀ ਰਾਮਪਾਲ ਅਤੇ ਨਰਗਿਸ ਨੇ ਦੀ ਸੁਰੀਲੀ ਪੇਸ਼ਕਾਰੀ ਲਈ ਦੂਜਾ ਸਥਾਨ ਪ੍ਰਾਪਤ ਕੀਤਾ। ਵੈਸਟਰਨ ਵੋਕਲ ਸੋਲੋ ਵਿੱਚ ਕ੍ਰਿਤਿਕਾ, ਪੋਸਟਰ ਮੇਕਿੰਗ ਵਿੱਚ ਬਲਜੀਤ ਸਿੰਘ ਅਤੇ ਸਕਿੱਟ ਵਿੱਚ ਗੁਰਅਸੀਸ ਸਿੰਘ, ਤੁਸ਼ਾਰ, ਇਕਰਾ ਸ਼ਰਮਾ, ਨਿਰਵੈਰ ਸਿੰਘ ਅਤੇ ਅੰਕੁਸ਼ ਨੇ ਆਪਣੀ ਪ੍ਰਤਿਭਾ ਦਾ ਸਬੂਤ ਦਿੰਦਿਆਂ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰਸੀਪਲ ਡਾ: ਨੀਰਜਾ ਢੀਂਗਰਾ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਭਵਿੱਖ ਵਿਚ ਵੀ ਰਾਸ਼ਟਰੀ ਯੁਵਕ ਮੇਲੇ ਵਿਚ ਭਾਗ ਲੈਣ ਲਈ ਉਤਸ਼ਾਹਿਤ ਅਤੇ ਪ੍ਰੇਰਿਤ ਕੀਤਾ। ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਨ ਲਈ ਉਨ੍ਹਾਂ ਕਾਲਜ ਦੇ ਕਲਚਰਲ ਕੋਆਰਡੀਨੇਟਰ ਡਾ: ਅਰੁਣ ਮਿਸ਼ਰਾ ਅਤੇ ਯੁਵਕ ਭਲਾਈ ਦੇ ਡੀਨ ਡਾ.ਅਮਿਤਾ ਮਿਸ਼ਰਾ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।

ਮੇਹਰ ਚੰਦ ਪੌਲੀਟੈਕਨਿਕ ਕਾਲਜ ਵਿਖੇ ਸਕੂਲੀ ਵਿਦਿਆਰਥੀਆਂ ਦਾ ਦੌਰਾ

ਜਲੰਧਰ (ਸ਼ੈਲੀ ਐਲਬਰਟ)

ਰਾਜ ਵਿਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਵਲੋਂ ਸਮੂਹ ਜ਼ਿਲ੍ਹਾ ਸਿੱਖਿਆ ਸੀਨੀਅਰ ਸੈਕੰਡਰੀ ਪੰਜਾਬ ਨੂੰ ਰਾਜ ਵਿੱਚ ਉੱਚ ਸੰਸਥਾ ਲਈ

ਅਧਿਐਨ ਯਾਤਰਾ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਇਸ ਅਧੀਨ ਸੈਪਰ ਸ਼ਹੀਦ ਦਲਜੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਵਲੋਂ ਆਪਣੇ ਵਿਦਿਆਰਥੀਆਂ ਨੂੰ ਕਾਲਜ ਦਾ ਦੌਰਾ ਕਰਵਾਉਣ ਸਬੰਧੀ ਪ੍ਰਤੀ ਬੇਨਤੀ ਭੇਜੀ ਗਈ ਸੀ। ਸੀ.ਡੀ.ਟੀ.ਪੀ ਵਿੰਗ ਵਲੋਂ ਸਿਵਿਲ ਵਿਭਾਗ ਦੀ ਦੇਖ-ਰੇਖ ਵਿੱਚ ਲੱਗਭੱਗ 25 ਵਿੱਦਿਆਰਥੀਆਂ ਨੂੰ ਉੱਚ ਸਿੱਖਿਆ ਨਾਲ ਜੋੜਨ ਲਈ ਕਾਲਜ ਦਾ ਦੌਰਾ ਕਰਵਾਇਆ ਗਿਆ। ਸਿਵਿਲ ਵਿਭਾਗ ਦੇ ਰਾਜੇਸ਼ ਅਤੇ ਜਸਪਾਲ ਨੇ ਪੀ.ਪੀ.ਟੀ ਰਾਹੀਂ ਕਾਲਜ ਵਿੱਚ ਚੱਲ ਰਹੇ ਕੋਰਸਾਂ ਸਬੰਧੀ ਭਰਪੂਰ ਜਾਣਕਾਰੀ ਦਿੱਤੀ। ਮੈਡਮ ਨੇਹਾ ਅਤੇ ਰਾਜੇਸ਼ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਸਮਾਰਟ ਕਲਾਸਰੂਮ, ਡਿਜੀਟਲ ਲਾਇਬਰੇਰੀ , ਆਡੀਟੋਰੀਅਮ, ਸੈਮੀਨਾਰ ਹਾਲ, ਆਧੁਨਿਕ ਲੈਬੋਟਰੀਆਂ ਅਤੇ ਵਰਕਸ਼ਾਪਾਂ ਦਾ ਦੌਰਾ ਕਰਵਾਇਆ। ਉਨਤ ਭਾਰਤ ਅਭਿਆਨ ਅਧੀਨ ਪੇਂਡੂ ਖੇਤਰ ਦੇ ਵਿੱਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਸੀ.ਡੀ.ਟੀ.ਪੀ ਸਕੀਮ ਅਧੀਨ ਬਣੇ ਪ੍ਰਾਜੈਕਟਾਂ ਬਾਰੇ ਜਾਣੂ ਕਰਵਾਇਆ ਗਿਆ। ਕਾਲਜ ਕੈਂਪਸ ਵਿੱਚ ਬਣੇ ਵੱਖ- ਵੱਖ ਤਰ੍ਹਾਂ ਦੇ ਸਿੱਖਿਆ ਨਾਲ ਜੁੜੇ ਬੁੱਤਾਂ ਨੂੰ ਦੇਖ ਕੇ ਬੱਚੇ ਬਹੁਤ ਪ੍ਰਭਾਵਿਤ ਹੋਏ । ਦੀਵਾਰਾਂ 'ਤੇ ਵੱਖ-ਵੱਖ ਲੱਗੇ ਫਲੈਕਸ ਬੈਨਰਾਂ ਤੋਂ ਵਿੱਦਿਆਰਥੀਆਂ ਨੇ ਭਰਪੂਰ ਜਾਣਕਾਰੀ ਹਾਸਿਲ ਕੀਤੀ। ਜਿੱਥੇ ਸਕੂਲ ਦੀ ਤਰਫੋਂ ਮੈਡਮ ਮਿਨੀ ਸ਼ਰਮਾ, ਮੈਡਮ ਨੀਨਾ ਅਤੇ ਸਚਿਨ ਗੋਇਲ ਮੌਜੂਦ ਸਨ ਉੱਥੇ ਕਾਲਜ ਦੀ ਤਰਫੋਂ ਡਾ. ਰਾਜੀਵ ਭਾਟੀਆ ਅਤੇ ਕਸ਼ਮੀਰ ਕੁਮਾਰ (ਇੰਟ੍ਰਨਲ ਕੋਆਡੀਨੇਟਰ) ਮੌਜੂਦ ਸਨ।

ਵਿਆਹ ਦੀ ਵਰ੍ਹੇਗੰਢ ਗਰੀਬਾਂ ਨੂੰ ਰਾਸ਼ਨ ਵੰਡ ਕੇ ਮਨਾਈ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)—ਖੁਸ਼ੀ ਦੇ ਪਲ ਕੁਝ ਇਸ ਤਰ੍ਹਾਂ ਵੀ ਮਨਾਏ ਜਾ ਸਕਦੇ ਹਨ ਜਿਵੇਂ ਕਿ ਭੀਮ ਸਵੀਟ ਕਾਰਨਰ, ਪ੍ਰਭਾਤ ਚੌਕ ਦੇ ਡਾਇਰੈਕਟਰ ਪ੍ਰੇਮ ਸ਼ਰਮਾ ਨੇ ਆਪਣੇ ਵਿਆਹ ਦੀ ਵਰ੍ਹੇਗੰਢ ਗਰੀਬਾਂ ਨੂੰ ਰਾਸ਼ਨ ਵੰਡ ਕੇ ਮਨਾਈ। ਉਨ੍ਹਾਂ ਨੇ ਆਪਣੀ ਪਤਨੀ ਪੂਨਮ ਸ਼ਰਮਾ ਨਾਲ ਮਿਲ ਕੇ ਗਰੀਬਾਂ ਨੂੰ ਰਾਹਤ ਵੰਡੀ। ਸਿੱਧ ਸ੍ਰੀ ਨੀਲ ਕੰਠ ਮਹਾਦੇਵ ਮੰਦਰ ਦੇ ਮੁਖੀ ਕਰਮਵੀਰ ਬਾਲੀ ਨੇ ਪ੍ਰੇਮ ਸ਼ਰਮਾ ਅਤੇ ਉਨ੍ਹਾਂ ਦੀ ਪਤਨੀ ਪੂਨਮ ਸ਼ਰਮਾ ਨੂੰ ਅਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਪਰਮਾਤਮਾ ਨੂੰ ਉਨ੍ਹਾਂ ਦੀ ਉਮਰ ਲੰਬੀ ਕਰੇ ਅਤੇ ਗਰੀਬਾਂ ਨੂੰ ਉਨ੍ਹਾਂ ਦੇ ਹੱਥੋਂ ਪਿਆਰ ਅਤੇ ਮਦਦ ਮਿਲਦੀ ਰਹੇ। ਕਰਮਵੀਰ ਬਾਲੀ ਨੇ ਕਿਹਾ ਕੀ ਦਾਨ ਇੱਕ ਗੇਂਦ ਦੀ ਤਰ੍ਹਾਂ ਹੁੰਦਾ ਹੈ, ਜਿੰਨੀ ਤੇਜ਼ੀ ਨਾਲ ਤੁਸੀਂ ਗੇਂਦ ਨੂੰ ਕੰਧ 'ਤੇ ਮਾਰਦੇ ਹੋ, ਓਨੀ ਹੀ ਤੇਜ਼ੀ ਨਾਲ ਗੇਂਦ ਵਾਪਸ ਆ ਜਾਂਦੀ ਹੈ। ਇਸੇ ਤਰ੍ਹਾਂ ਪਰਮਾਤਮਾ ਦਾਨ ਵਾਪਸ ਕਰ ਦਿੰਦਾ ਹੈ ਤੇ ਮਨੁੱਖ ਨੂੰ ਪਤਾ ਵੀ ਨਹੀਂ ਚੱਲਦਾ। ਇਸ ਮੌਕੇ ਪੰਡਤ ਨੀਰਜ ਸ਼ਰਮਾ, ਅਸ਼ੋਕ ਕੁਮਾਰ, ਬਲਵੀਰ ਕੌਰ, ਪਰਵੀਨ ਬਾਲੀ, ਰਾਣੋਂ, ਪੂਜਾ ਆਦਿ ਹਾਜ਼ਰ ਸਨ।

ਵਾਈ ਐਫ ਸੀ ਵਿਖੇ ਖੇਲੋ ਇੰਡੀਆ ਅੰਡਰ-17 ਵੂਮੈਨ ਲੀਗ ਦਾ ਹੋਇਆ ਸ਼ਾਨਦਾਰ ਸਮਾਪਤੀ ਸਮਾਰੋਹ

ਗੁਰਾਇਆ (ਬਿੰਦਰ ਸੁਮਨ)

ਭਾਰਤ ਸਰਕਾਰ ਦੇ ਅਦਾਰੇ ਮਨਿਸਟਰੀ ਆਫ ਯੂਥ ਅਫੇਅਰ ਐਂਡ ਸਪੋਰਟਸ ਵੱਲੋਂ ਖੇਲੋ ਇੰਡੀਆ ਪ੍ਰੋਗਰਾਮ ਤਹਿਤ ਪਿਛਲੇ ਸਾਲਾਂ ਤੋਂ ਭਾਰਤ ਵਿੱਚ ਹਰੇਕ ਖੇਡ ਨੂੰ ਪ੍ਰਫੁੱਲਤ ਕਰਨ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਇਸ ਸਾਲ ਵੀ ਆਜ਼ਾਦੀ ਦਾ ਅੰਮ੍ਰਿਤ ਮਹਾਂ ਉਤਸਵ ਤਹਿਤ ਆਲ ਇੰਡੀਆ ਫੁੱਟਬਾਲ ਫੈਡਰੇਸ਼ਨ, ਸਾਈ ਅਤੇ ਪੰਜਾਬ ਫੁੱਟਬਾਲ ਐਸੋਸੀਏਸ਼ਨ ਦੇ ਸਹਿਯੋਗ ਨਾਲ ਉਮਰ ਵਰਗ 17 ਸਾਲ ਲੜਕੀਆਂ ਦੀ ਫੁੱਟਬਾਲ ਲੀਗ ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਵਿਖੇ ਕਰਵਾਈ ਗਈ। ਇਸ ਲੀਗ ਵਿੱਚ ਵਾਈ ਐਫ ਸੀ ਰੁੜਕਾ ਕਲਾਂ, ਸ਼ਹੀਦ ਊਧਮ ਸਿੰਘ ਕਲੱਬ ਬੀੜ ਬੰਸੀਆ,ਫੁੱਟਬਾਲ ਅਕੈਡਮੀ ਬੰਡਾਲਾ,ਪਿਪਸ ਸਕੂਲ ਰੁੜਕਾ ਕਲਾਂ,ਬਾਬਾ ਦੀਪ ਸਿੰਘ ਸਪੋਰਟਸ ਕਲੱਬ ਜਮਸ਼ੇਰ,ਗੁਰੂ ਨਾਨਕ ਸਪੋਰਟਸ ਕਲੱਬ ਬਿਲਗਾ ਦੀਆਂ ਟੀਮਾਂ ਨੇ ਭਾਗ ਲਿਆ। ਇਹ ਲੀਗ 2 ਜਨਵਰੀ 2023 ਨੂੰ ਵਾਈ ਐਫ ਸੀ ਰੁੜਕਾ ਕਲਾਂ ਦੇ ਖੇਡ ਸਟੇਡੀਅਮ ਵਿੱਚ ਸ਼ੁਰੂ ਕੀਤੀ ਸੀ, ਜਿਸ ਦਾ ਸਮਾਪਤੀ ਸਮਾਰੋਹ ਕੀਤਾ ਗਿਆ। ਆਖਰੀ ਮੈਚ ਵਾਈ ਐਫ ਸੀ ਰੁੜਕਾ ਕਲਾ ਅਤੇ ਫੁੱਟਬਾਲ ਅਕੈਡਮੀ ਬੁੰਡਾਲਾ ਦੀਆਂ ਲੜਕੀਆਂ ਵਿਚਕਾਰ ਹੋਇਆ। ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਦੀ ਟੀਮ ਨੇ ਇਸ ਲੀਗ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਫੁੱਟਬਾਲ

ਅਕੈਡਮੀ ਬੰਡਾਲਾ ਨੇ ਦੂਸਰਾ ਅਤੇ ਪਿਪਸ ਸਕੂਲ ਰੁੜਕਾ ਕਲਾਂ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਸਾਰੀਆਂ ਟੀਮਾਂ ਨੂੰ ਟਰਾਫੀ,ਮੈਡਲ ਅਤੇ ਪਾਰਟੀਸੀਪੇਸ਼ਨ ਸਰਟੀਫੀਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਲੀਗ ਵਿੱਚ ਲੀਗ ਅਧਾਰਤ ਕੁੱਲ 30 ਮੈਚ ਖੇਡੇ ਗਏ। ਇਸ ਸਮਾਪਤੀ ਸਮਾਰੋਹ ਵਿੱਚ ਅਰਜਨ ਐਵਾਰਡੀ ਗੁਰਦੇਵ ਸਿੰਘ ਗਿੱਲ (ਵਾਈਸ ਪ੍ਰੈਜ਼ੀਡੈਂਟ ਪੀ ਐਫ ਏ),ਪੰਜਾਬ ਫੁੱਟਬਾਲ ਐਸੋਸੀਏਸ਼ਨ ਤੋਂ ਸੈਕਟਰੀ ਹਰਜਿੰਦਰ ਸਿੰਘ ਤੇ ਦੀਕਸ਼ਾ ਅਤੇ ਹਰਜੀਤ ਸਿੰਘ ਗਿੱਲ ਪੈਜ਼ੀਡੈਂਟ ਆਫ ਡੀ.ਐਫ.ਏ. ਫਿਰੋਜ਼ਪੁਰ ਹਾਜ਼ਰ ਸਨ। ਇਸ ਮੌਕੇ 'ਤੇ ਗ੍ਰਾਮ ਪੰਚਾਇਤ ਮੈਂਬਰ,ਰੋਟਰੀ ਮੈਂਬਰ,ਬੱਚਿਆਂ ਦੇ ਮਾਂ-ਬਾਪ ਅਤੇ ਵਾਈ ਐਫ ਸੀ ਰੁੜਕਾ ਕਲਾਂ ਦਾ ਸਮੁੱਚਾ ਸਟਾਫ ਹਾਜ਼ਰ ਸੀ। ਪ੍ਰੋਗਰਾਮ ਦੇ ਅੰਤ ਵਿੱਚ ਗੁਰਦੇਵ ਸਿੰਘ ਜੀ ਵੱਲੋਂ ਇਸ ਲੀਗ ਦੀ ਗੱਲ ਕਰਦੇ ਹੋਏ ਕਿਹਾ ਕਿ ਇਸ ਉਪਰਾਲੇ ਨਾਲ ਵੱਡੀ ਗਿਣਤੀ ਵਿੱਚ ਲੜਕੀਆਂ ਨੂੰ ਖੇਲਣ ਦਾ ਮੌਕਾ ਮਿਲਿਆ ਹੈ। ਪੀ ਐਫ ਏ ਵੱਲੋਂ ਪੰਜਾਬ ਦੇ ਫੁੱਟਬਾਲ ਨੂੰ ਉੱਚਾ ਚੁੱਕਣ ਲਈ ਸੁਹਿਰਦ ਯਤਨ ਕੀਤੇ ਜਾ ਰਹੇ ਹਨ।ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਸੋਨੀ ਅਤੇ ਸੀਨੀਅਰ ਮੈਂਬਰਾਂ ਨੇ ਆਏ ਹੋਏ ਮੁੱਖ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਕਲੱਬ ਵੱਲੋਂ ਪਿਛਲੇ 22 ਸਾਲਾਂ ਤੋਂ ਲਗਾਤਾਰ ਲੜਕੇ ਅਤੇ ਲੜਕੀਆਂ ਦੇ ਖੇਡਾਂ ਰਾਹੀਂ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕਰ ਰਹੀ ਹੈ ਅੰਤ ਵਿੱਚ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ।

ਈਸਰਵੀਰ ਸਾਈਕਲਿੰਗ 'ਚ ਆਪਣੇ ਪੜਦਾਦਾ, ਦਾਦਾ ਤੇ ਪਿਤਾ ਦੀ ਵਿਰਾਸਤ ਦਾ ਵਾਰਸ ਬਣਨ ਵੱਲ ...

ਸਾਡੇ ਸਮਾਜ ਦੀ ਇਹ ਧਾਰਨਾ ਹੈ ਕਿ ਮੁਕਾਬਲੇ ਦੀ ਦੁਨੀਆ ਵਿੱਚ ਇਕ ਬਾਪ ਹੀ ਐਸਾ ਵਿਅਕਤੀ ਹੈ, ਜੋ ਆਪਣੇ ਪੁੱਤਰ ਨੂੰ ਆਪਣੇ ਤੋਂ ਅੱਗੇ ਤੇ ਹੋਰ ਅੱਗੇ ਜਾਂਦਾ ਤੱਕਣਾ ਲੋਚਦਾ ਹੈ। ਬਹੁਤੀ ਵਾਰ ਇੰਜ ਨਹੀਂ ਹੁੰਦਾ। ਗੁਰੂ ਕੀ ਨਗਰੀ ਅੰਮ੍ਰਿਤਸਰ ਵਿੱਚ ਇੱਕ ਸਾਈਕਲਿੰਗ ਦਾ ਸ਼ਾਹਸਵਾਰ ਪਰਵਾਰ ਵਸਦਾ ਹੈ, ਜਿਸ ਦੀਆਂ ਤਿੰਨ ਪੀੜ੍ਹੀਆਂ 'ਤੇ ਉਕਤ ਧਾਰਨਾ ਪੂਰੀ ਤਰਾਂ ਢੁਕਦੀ ਹੈ ਤੇ ਚੌਥੀ ਪੀੜ੍ਹੀ ਵਾਸਤੇ ਅਗਲੇਰੀ ਛਲਾਂਗ ਲਈ ਪਤੂੰਲ ਤਿਆਰ ਹੋ ਰਿਹਾ ਹੈ।

ਸਾਈਕਲਿੰਗ ਦੇ ਖੇਤਰ ਵਿੱਚ ਇਸ ਪਰਵਾਰ ਵੱਲੋਂ ਸਰ ਕੀਤੀਆਂ ਬੁਲੰਦੀਆਂ 'ਤੇ ਪੰਛੀ ਝਾਤ ਪਵਾਈ ਜਾ ਰਹੀ ਹੈ ਤਾਂ ਕਿ ਕੋਈ ਹੋਰ ਪ੍ਰੇਰਨਾ ਲੈ ਕੇ ਅਜਿਹਾ ਮੁਕਾਮ ਹਾਸਲ ਕਰ ਸਕੇ। ਇਹ ਦੱਸ ਦੇਈਏ ਕਿ ਮਾਣਮੱਤੇ ਇਸ ਪਰਵਾਰ ਦਾ ਛੋਟਾ ਬਸਰ 'ਹੋਣਹਾਰ ਬਿਰਵਾਨ ਕੇ ਚਿਕਨੇ ਚਿਕਨੇ ਪਾਤ' ਵਾਲੀ ਕਹਾਵਤ ਨੂੰ ਅਸਲੀ ਜਾਮਾ ਪਹਿਨਾਉਣ ਦੀ ਕੋਸ਼ਿਸ਼ ਦੀ ਲਿਸ਼ਕੋਰ ਮਾਰਦਾ ਨਜ਼ਰ ਆਉਂਦਾ ਹੈ।

ਸਾਈਕਲਿੰਗ ਖੇਤਰ ਦੇ ਭਵਿੱਖ ਦੀ ਆਸ ਛੋਟੇ ਜਿਹੇ ਈਸਰਵੀਰ ਸਿੰਘ ਦੇ ਪੜਦਾਦਾ ਰਣਜੀਤ ਸਿੰਘ 1938 ਵਿੱਚ ਲਾਹੌਰ ਵਿੱਚ ਪੈਦਾ ਹੋਏ। ਦੇਸ਼ ਦੀ ਵੰਡ ਵੇਲੇ ਉਹ ਲਖਨਊ ਆ ਗਏ। ਭੋਪਾਲ ਸਿੱਖਿਆ ਬੋਰਡ ਤੋਂ ਉਨ੍ਹਾ ਆਪਣੀ ਪੜ੍ਹਾਈ ਪੂਰੀ ਕੀਤੀ। 1958 ਵਿੱਚ ਉਹ ਰੇਲਵੇ ਵਿੱਚ ਟਿਕਟ ਇੰਸਪੈਕਟਰ ਦੇ ਤੌਰ 'ਤੇ ਭਰਤੀ ਹੋ ਗਏ। ਉਨ੍ਹਾ ਸਾਈਕਲਿੰਗ ਖੇਤਰ ਵਿੱਚ 1957 ਵਿੱਚ ਹੀ ਉੱਤਰ ਪ੍ਰਦੇਸ਼ ਲਈ ਖੇਡਣਾ ਸ਼ੁਰੂ ਕਰ ਦਿੱਤਾ ਸੀ। 1961 ਵਿੱਚ ਉਹ ਸਟੇਟ ਚੈਂਪੀਅਨ ਬਣੇ। 1963 ਵਿੱਚ ਨੈਸ਼ਨਲ ਚੈਂਪੀਅਨ ਬਣਨ ਤੋਂ ਬਾਅਦ ਉਨ੍ਹਾ ਪਿੱਛੇ ਮੁੜ ਕੇ ਨਹੀਂ ਵੇਖਿਆ। ਪੂਰੇ ਸੰਸਾਰ ਦਾ ਸਾਈਕਲ ਟੂਰ ਲਾਉਣ ਵਾਲੇ ਰਣਜੀਤ ਸਿੰਘ 17 ਵਾਰ ਸਟੇਟ ਚੈਂਪੀਅਨ, 15 ਵਾਰ ਨੈਸ਼ਨਲ ਚੈਂਪੀਅਨ, 10 ਵਾਰ



ਈਸਰਵੀਰ

ਕੇਰਲ ਵਿਖੇ ਕੌਮੀ ਗੋਲਡ ਮੈਡਲ ਪ੍ਰਾਪਤ ਕਰਦੇ ਹੋਏ ਕਰਨਵੀਰ ਸਿੰਘ ਹੋਰ ਸਾਈਕਲਿਸਟਾਂ ਨਾਲ।

ਓਪਨ ਰੇਸ ਜੇਤੂ ਅਤੇ 25 ਵਾਰ ਇੰਟਰ ਰੇਲਵੇਜ਼ ਜੇਤੂ ਰਹੇ।

ਅਗਲੀ ਪੀੜ੍ਹੀ ਦੇ ਤਰਲੋਚਨ ਸਿੰਘ ਦਾ ਜਨਮ 15 ਜੁਲਾਈ 1968 ਨੂੰ ਦਿੱਲੀ ਵਿੱਚ ਹੋਇਆ। ਇਥੇ ਹੀ ਉਨ੍ਹਾ ਆਪਣੀ ਪੜ੍ਹਾਈ ਪੂਰੀ ਕੀਤੀ। 1988 ਵਿੱਚ ਉਹ ਰੇਲਵੇ ਵਿੱਚ ਬਤੌਰ ਟਿਕਟ ਕੁਲੈਕਟਰ ਨਿਯੁਕਤ ਹੋ ਗਏ। 1982 ਵਿੱਚ ਉਨ੍ਹਾ 14 ਸਾਲ ਦੀ ਉਮਰ ਵਿੱਚ ਸਾਈਕਲਿੰਗ ਸ਼ੁਰੂ ਕਰ ਦਿੱਤੀ ਸੀ। ਆਪਣੇ ਪਿਤਾ ਦੀ ਵਿਰਾਸਤ ਨੂੰ ਅੱਗੇ ਵਧਾਉਂਦਿਆਂ ਉਨ੍ਹਾ 70 ਸਟੇਟ ਮੈਡਲ, 60 ਨੈਸ਼ਨਲ ਟਾਈਟਲ ਆਪਣੀ ਝੋਲੀ ਪਵਾਏ। ਉਨ੍ਹਾ ਦੋ ਨੈਸ਼ਨਲ ਰਿਕਾਰਡ ਪੈਦਾ ਕੀਤੇ। ਅੰਤਰ-ਰਾਸ਼ਟਰੀ ਦੌੜ ਵਿੱਚ ਉਨ੍ਹਾ ਦੋ ਸੋਨ ਅਤੇ ਦੋ ਸਿਲਵਰ ਮੈਡਲ ਹਾਸਲ ਕੀਤੇ। 1994 ਵਿੱਚ ਅੰਤਰ-ਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਵਾਲੇ ਸਭ ਤੋਂ ਛੋਟੀ ਉਮਰ ਦੇ ਸਾਈਕਲਿਸਟ ਹੋਣ ਵਜੋਂ ਉਨ੍ਹਾ ਦਾ ਨਾਂਅ ਲਿਮਕਾ ਬੁਕ ਵਿੱਚ ਦਰਜ ਹੋਇਆ। ਉਨ੍ਹਾ ਦੀਆਂ ਹੋਰ ਅਨੇਕਾਂ ਪ੍ਰਾਪਤੀਆਂ ਦੇ ਨਾਲ-ਨਾਲ ਉਨ੍ਹਾ ਦੇ ਸਿਖਿਆਰਥੀਆਂ ਨੇ ਅੰਤਰ-ਰਾਸ਼ਟਰੀ ਪੱਧਰ 'ਤੇ ਆਪਣਾ ਨਾਂਅ ਚਮਕਾਇਆ।

ਸਾਈਕਲਿੰਗ ਦੇ ਖੇਤਰ ਵਿੱਚ ਨਾਮਣਾ ਖੱਟਣ ਵਾਲੇ ਇਸ ਪਰਵਾਰ ਦੀ ਤੀਸਰੀ ਪੀੜ੍ਹੀ ਵਜੋਂ ਕਰਨਵੀਰ ਸਿੰਘ ਨੇ ਪ੍ਰਾਪਤੀਆਂ ਦੀ ਲਗਾਤਾਰਤਾ ਕਾਇਮ ਰੱਖੀ ਹੋਈ ਹੈ। ਤਰਲੋਚਨ ਸਿੰਘ ਦੇ ਘਰ ਪੈਦਾ ਹੋਣ ਵਾਲੇ ਕਰਨਵੀਰ ਸਿੰਘ ਅੱਜਕੱਲ੍ਹ ਰੇਲਵੇ ਵਿੱਚ ਡਿਪਟੀ ਚੀਫ ਇੰਸਪੈਕਟਰ (ਟਿਕਟ) ਹਨ। ਉਨ੍ਹਾ ਦਿੱਲੀ ਤੋਂ ਆਪਣੀ ਸਕੂਲੀ ਪੜ੍ਹਾਈ ਪੂਰੀ ਕਰਨ ਉਪਰੰਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦਾਖਲਾ ਲੈ ਲਿਆ। ਇੱਥੋਂ ਪੜ੍ਹਾਈ ਪੂਰੀ ਕਰਨ ਉਪਰੰਤ ਉਹ 2015 ਵਿੱਚ ਰੇਲਵੇ ਵਿੱਚ ਟਿਕਟ ਕੁਲੈਕਟਰ ਵਜੋਂ ਨਿਯੁਕਤ ਹੋ ਗਏ। ਉਨ੍ਹਾ 13 ਸਾਲ ਦੀ ਉਮਰ ਵਿੱਚ ਸਾਈਕਲਿੰਗ ਸ਼ੁਰੂ ਕਰ ਦਿੱਤੀ ਸੀ। ਹੁਣ ਤੱਕ ਉਹ ਚਾਰ ਵਾਰ ਏਸ਼ੀਆ ਕੱਪ ਵਿੱਚ ਸਥਾਨ ਹਾਸਲ ਕਰਨ ਤੋਂ ਇਲਾਵਾ 20 ਵਾਰ ਰਾਜ ਅਤੇ 24 ਵਾਰ ਕੌਮੀ ਟਾਈਟਲ ਹਾਸਲ ਕਰ ਚੁੱਕੇ ਹਨ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਪੰਜਾਬੀ ਯੂਨੀਵਰਸਿਟੀ ਤੋਂ ਉਹ ਬੈੱਸਟ ਸਾਈਕਲਿਸਟ ਐਵਾਰਡ ਲੈ ਚੁੱਕੇ ਹਨ, ਅੱਗੇ ਸਫਰ ਜਾਰੀ ਹੈ। ਅੱਜਕੱਲ੍ਹ ਉਹ ਆਪਣੇ ਨਕਸ਼ ਆਪਣੇ ਨਿੱਕੇ ਜਿਹੇ ਪੁੱਤਰ ਈਸਰਵੀਰ ਸਿੰਘ ਵਿੱਚੋਂ ਨਿਹਾਰ ਰਹੇ ਹਨ। ਈਸਰਵੀਰ ਜਦੋਂ ਸਾਈਕਲ ਨਾਲ ਅਠਖੇਲੀਆਂ ਕਰਦਾ ਹੈ ਤਾਂ ਉਹ ਆਪਣੇ ਪੜਦਾਦਾ, ਦਾਦਾ ਤੇ ਪਿਤਾ ਦੀ ਵਿਰਾਸਤ ਦਾ ਵਾਰਸ ਮਹਿਸੂਸ ਹੁੰਦਾ ਹੈ।

— ਗਿਆਨ ਸੈਦਪੁਰੀ, 98725-40447

ਸਾਲ ਬੀਤਣ 'ਤੇ ਵੀ ਆਸ਼ਾ ਵਰਕਰਾਂ ਨੂੰ ਅਜੇ ਤੱਕ ਮਿਹਨਤਾਨਾ ਨਹੀਂ ਹੋਇਆ ਨਸੀਬ : ਹਰਨਿੰਦਰ ਕੌਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਆਸ਼ਾ ਵਰਕਰ ਅਤੇ ਫੈਸੀਲੀਟੇਟਰਜ਼ ਯੂਨੀਅਨ ਦਾ ਵਫਦ ਜ਼ਿਲ੍ਹਾ ਪ੍ਰਧਾਨ ਹਰਨਿੰਦਰ ਕੌਰ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿਤਲ ਨੂੰ ਮਿਲਿਆ। ਵਫਦ ਵਲੋਂ ਡਿਪਟੀ ਕਮਿਸ਼ਨਰ ਨੂੰ ਦਸਿਆ ਗਿਆ ਕਿ ਫਰਵਰੀ 2022 ਵਿੱਚ ਆਸ਼ਾ ਵਰਕਰਾਂ ਵਲੋਂ ਦਿੱਤੀ ਡਿਊਟੀ ਦਾ ਮੇਹਨਤਾਨਾ ਜੋ ਸਿਰਫ 250 ਰੁਪਏ ਹੀ ਮਿਲਣੇ ਸਨ, ਉਹ ਵੀ ਇੱਕ ਸਾਲ ਬੀਤ ਜਾਣ ਦੇ ਬਾਵਜੂਦ ਅੱਜ ਤੱਕ ਨਸੀਬ ਨਹੀਂ ਹੋਇਆ। ਜੱਥੇਬੰਦੀ ਵਲੋਂ ਪੱਤਰ ਨੰਬਰ 271 ਮਿਤੀ 23.06.2022 ਨੂੰ ਡਿਪਟੀ ਕਮਿਸ਼ਨਰ- ਕਮ-ਜਿਲ੍ਹਾ ਚੋਣ ਅਫਸਰ ਹੁਸ਼ਿਆਰਪੁਰ ਵਲੋਂ ਸਿਵਲ ਸਰਜਨ ਹੁਸ਼ਿਆਰਪੁਰ ਨੂੰ ਜਾਰੀ ਪੱਤਰ ਅਤੇ ਜੱਥੇਬੰਦੀ ਨੂੰ ਪੱਤਰ ਦੇ ਕੀਤੇ ਉਤਾਰੇ ਦੀ ਕਾਪੀ ਸੌਂਪਦਿਆਂ ਦੱਸਿਆ ਕਿ ਇਸ ਪੱਤਰ ਵਿੱਚ ਲਿਖਿਆ ਗਿਆ ਸੀ ਕਿ 1231 ਆਸ਼ਾ ਵਰਕਰਾਂ ਦੇ 250 ਰੁਪਏ ਪ੍ਰਤੀ ਆਸ਼ਾ ਵਰਕਰ ਦੇ ਹਿਸਾਬ ਨਾਲ ਕੁਲ 307750 ਰੁਪਏ ਦੀ ਮਾਨਭੇਟਾ ਦੀ ਅਦਾਇਗੀ ਸਬੰਧੀ ਸਬੰਧਤ ਬੈਂਕ ਨੂੰ ਲਿਖ ਦਿੱਤਾ ਗਿਆ ਹੈ ਜੋ ਜਲਦੀ ਆਸ਼ਾ ਵਰਕਰਾਂ ਦੇ ਖਾਤੇ ਵਿੱਚ ਪਾ ਦਿੱਤੇ ਜਾਣਗੇ। ਡਿਪਟੀ ਕਮਿਸ਼ਨਰ ਵਲੋਂ ਮੌਕੇ ਤੇ ਇਲੈਕਸ਼ਨ ਕਾਨੂੰਗੋ ਨੂੰ ਬੁਲਾਇਆ ਗਿਆ ਤੇ ਇਸ ਮਾਮਲੇ ਦੀ ਤੁਰੰਤ ਪੜਤਾਲ ਕਰਨ ਦੇ ਆਦੇਸ਼ ਜਾਰੀ ਕੀਤੇ। ਇਸ ਉਪਰੰਤ ਕਾਨੂੰਗੋ ਵਲੋਂ ਵਫਦ ਨੂੰ ਦਫ਼ਤਰ ਤਹਿਸੀਲਦਾਰ ਚੋਣਾਂ ਲਿਜਾ ਕੇ ਮਾਮਲੇ ਦੀ ਪੜਤਾਲ ਕੀਤੀ ਤੇ ਵਫਦ ਨੂੰ ਭਰੋਸਾ ਦਿੱਤਾ ਕਿ ਸਬੰਧਤ ਬੈਂਕ ਤੋਂ ਤੁਰੰਤ ਸਟੇਟਮੈਂਟ ਲੈ ਕੇ ਦਫ਼ਤਰ ਸਿਵਲ ਸਰਜਨ ਨਾਲ ਸੰਪਰਕ ਕਰਕੇ ਜਲਦ ਅਦਾਇਗੀ ਕੀਤੀ ਜਾਵੇਗੀ। ਵਫਦ ਵਿੱਚ ਯੂਨੀਅਨ ਦੀ ਸੂਬਾ ਚੇਅਰਪਰਸਨ ਸੁਖਵਿੰਦਰ ਕੌਰ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਜੱਥੇਬੰਦੀ ਦੇ ਸਲਾਹਕਾਰ ਮਨਜੀਤ ਸਿੰਘ ਬਾਜਵਾ, ਜਿਲ੍ਹਾ ਆਗੂਆਂ ਜਸਵੀਰ ਕੌਰ, ਰਾਜ ਰਾਣੀ, ਪਰਮਜੀਤ ਕੌਰ, ਮਨਜੀਤ ਕੌਰ, ਨਸੀਬ ਕੌਰ, ਨਰਿੰਦਰ ਕੌਰ, ਰੂਬੀ ਬਾਲਾ, ਜਸਪ੍ਰੀਤ ਕੌਰ, ਪ੍ਰਵੀਨ ਕੌਰ, ਮਨਦੀਪ ਕੌਰ, ਜਸਵਿੰਦਰ ਕੌਰ ਆਦਿ ਹਾਜ਼ਰ ਸਨ।

ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਯੂਨੀਅਨ ਵੱਲੋਂ 19 ਦੀ ਰੈਲੀ 'ਚ ਵਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਫੈਸਲਾ

ਜਲੰਧਰ (ਰਾਜੇਸ਼ ਥਾਪਾ)- ਪੀ.ਡਬਲਯੂ.ਡੀ.ਫੀਲਡ ਐਂਡ ਵਰਕਸਾਪ ਯੂਨੀਅਨ ਜ਼ਿਲ੍ਹਾ ਜਲੰਧਰ ਦੀ ਹੰਗਾਮੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਜਲੰਧਰ ਵਿਖੇ ਹੋਈ। ਮੀਟਿੰਗ ਦੀ ਕਾਰਵਾਈ ਜਾਰੀ ਕਰਦਿਆਂ ਜਨਰਲ ਸਕੱਤਰ ਅਮਰੀਕ ਸਿੰਘ ਸੇਖੋਂ ਨੇ ਦੱਸਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਮੁਲਾਜ਼ਮ ਸੰਘਰਸ਼ਾਂ ਦੇ ਮੋਢੀ ਆਗੂ ਸਾਥੀ ਤਰਲੋਚਨ ਸਿੰਘ ਰਾਣਾ ਅਤੇ ਪੀ.ਡਬਲਯੂ.ਡੀ.ਫੀਲਡ ਐਂਡ ਵਰਕਸ਼ਾਪ ਯੂਨੀਅਨ ਪੰਜਾਬ ਦੇ ਪ੍ਰਧਾਨ ਮੱਖਣ ਸਿੰਘ ਵਾਹਿਦ ਪੁਰੀ ਦੇ ਮਾਤਾ ਸ੍ਰੀਮਤੀ ਸੰਕਰੀ ਦੇਵੀ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਮਤਾ ਪਾਸ ਕਰਕੇ ਦੋਨੋਂ ਪਰਵਾਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਦੋ ਮਿੰਟ ਦਾ ਮੋਨ ਧਾਰ ਸ਼ਰਧਾਂਜਲੀ ਭੇਟ ਕੀਤੀ ਗਈ। ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੰਜਾਬ -ਯੂ.ਟੀ.ਮੁਲਾਜਮ ਅਤੇ ਪੈਨਸ਼ਨਰ ਸਾਂਝਾ ਫਰੰਟ ਪੰਜਾਬ ਦੇ ਸੱਦੇ ਅਨੁਸਾਰ 15 ਫਰਵਰੀ ਨੂੰ ਸਮੁੱਚੇ ਪੰਜਾਬ ਵਿੱਚ ਦੋ ਜ਼ਿਲ੍ਹਾ ਪੱਧਰੀ ਰੈਲੀਆਂ ਕਰਕੇ ਪੰਜਾਬ ਸਰਕਾਰ ਦੇ ਨਾਂਅ 'ਤੇ ਰੋਸ ਮੰਗ ਪੱਤਰ ਡਿਪਟੀ ਕਮਿਸ਼ਨਰਾਂ ਰਾਹੀਂ ਭੇਜੇ ਜਾ ਰਹੇ ਹਨ ਅਤੇ 19 ਫਰਵਰੀ ਨੂੰ ਚੰਡੀਗੜ੍ਹ ਵਿਖੇ ਸੂਬਾਈ ਰੈਲੀ ਕੀਤੀ ਜਾ ਰਹੀ ਹੈ, ਵਿੱਚ ਜਥੇਬੰਦੀ ਵਲੋਂ ਵੱਧ ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇਗੀ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਧਾਨ ਪੁਸ਼ਪਿੰਦਰ ਕੁਮਾਰ ਵਿਰਦੀ, ਜਨਰਲ ਸਕੱਤਰ ਅਮਰੀਕ ਸਿੰਘ ਸੇਖੋਂ, ਚੇਅਰਮੈਨ ਅਕਲ ਚੰਦ ਸਿੰਘ,ਮਸਤ ਰਾਮ,ਓਮ ਪ੍ਰਕਾਸ਼,ਨਸੀਬ ਚੰਦ, ਤਰਲੋਕ ਸਿੰਘ, ਰਾਜਿੰਦਰ ਮਹਿਤਪੁਰ, ਧਰਮਿੰਦਰ ਕੁਮਾਰ,ਕਰਮਜੀਤ ਸਿੰਘ, ਬਲਵੀਰ ਸਿੰਘ ਗੁਰਾਇਆ, ਸਤਵਿੰਦਰ ਸਿੰਘ, ਬਲਜੀਤ ਸਿੰਘ ਨਕੋਦਰ, ਅੰਗਰੇਜ ਸਿੰਘ , ਅਮਰਜੀਤ ਆਦਮਪੁਰ ਆਦਿ ਸਾਥੀ ਹਾਜਰ ਹੋਏ।